@Qpatrika
@qaumipatrika punjabi
instagram.com/qaumipatrika

Largest Circulated

विश्व भर में सबसे ज्यादा पढ़ा जाने वाला

# ਕੌਮੀ ਪਤ੍ਰਿਕਾ

दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।

Monday, 21 September 2026

Punjabi National Daily

Qaumi Patrika NO.1

VISIT: www.qaumipatrika.org
Email: qpatrika@gmail.com

ਨਵੀਂ ਦਿੱਲੀ: ਸੋਮਵਾਰ 21 ਸਤੰਬਰ 2026, 7 ਅੱਸੂ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81– ਸੰਪਾਦਕ – ਗੁਰਚਰਨ ਸਿੰਘ ਬੱਬਰ – ਸਾਲ – 44, ਅੰਕ 318, qpatrika@gmail.com ਫੋਨ : 9971359517 www.qaumipatrika.org

## ਭਾਜਪਾ ਦੀ 'ਨਸ਼ਾ ਮੁਕਤ ਪੰਜਾਬ ਯਾਤਰਾ' ਦੌਰਾਨ ਮੁੱਖ ਮੰਤਰੀ ਰੇਖਾ ਗੁਪਤਾ ਦਾ ਬਿਆਨ

ਕੌਮੀ ਪਤ੍ਰਿਕਾ
ਸਿਮੀ ਕੌਰ ਬੱਬਰ

ਨਵੀਂ ਦਿੱਲੀ/ਫਤਿਹਗੜ੍ਹ ਸਾਹਿਬ 20 ਸਤੰਬਰ। ਭਾਜਪਾ ਵੱਲੋਂ ਪੰਜਾਬ ਭਰ 'ਚ ਕੱਢੀ ਜਾ ਰਹੀ ਨਸ਼ਾ ਮੁਕਤ ਪੰਜਾਬ ਯਾਤਰਾ ਦੇ ਦੂਜੇ ਦਿਨ ਦੀ ਸ਼ੁਰੂਆਤ ਸ਼ਰੀ ਫ਼ਤਿਹਗੜ੍ਹ ਸਾਹਿਬ ਤੋਂ ਕੀਤੀ ਗਈ। ਇਸ ਮੌਕੇ ਦਿੱਲੀ ਦੀ ਮੁੱਖ ਮੰਤਰੀ ਰੇਖਾ ਗੁਪਤਾ ਨੇ ਸ਼ਿਰਕਤ ਕੀਤੀ। ਰੇਖਾ ਗੁਪਤਾ ਨੇ ਪਹਿਲਾਂ ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਵਿਖੇ ਨਤਮਸਤਕ ਹੋ ਕੇ ਗੁਰੂ ਘਰ ਦਾ ਆਸ਼ੀਰਵਾਦ ਲਿਆ। ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਉਹ ਪਵਿੱਤਰ ਅਸਥਾਨ ਹੈ, ਜਿੱਥੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ, ਸਾਹਿਬਜ਼ਾਦਾ ਬਾਬਾ ਜ਼ੋਰਾਵਰ ਸਿੰਘ ਜੀ ਅਤੇ ਸਾਹਿਬਜ਼ਾਦਾ ਬਾਬਾ ਫਤਿਹ ਸਿੰਘ ਜੀ ਦਾ ਅੰਤਿਮ ਸੰਸਕਾਰ ਕੀਤਾ ਗਿਆ ਸੀ। ਸਿੱਖ ਇਤਿਹਾਸ 'ਚ ਇਸ ਅਸਥਾਨ ਦਾ ਵਿਸ਼ੇਸ਼ ਧਾਰਮਿਕ ਅਤੇ ਇਤਿਹਾਸਕ ਮਹੱਤਵ ਹੈ। ਗੁਰਦੁਆਰਾ ਸਾਹਿਬ ਵਿਖੇ ਮੱਥਾ ਟੇਕਣ ਉਪਰੰਤ ਰੇਖਾ ਗੁਪਤਾ ਭਾਜਪਾ ਵੱਲੋਂ ਕੱਢੀ ਜਾ ਰਹੀ 'ਨਸ਼ਾ ਮੁਕਤ ਪੰਜਾਬ ਯਾਤਰਾ' ਨਾਲ ਸਬੰਧਤ ਰੈਲੀ 'ਚ ਪਹੁੰਚੇ। ਇਸ ਮੌਕੇ ਮੀਡੀਆ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਨੇ ਛੋਟੇ ਸਾਹਿਬਜ਼ਾਦਿਆਂ ਦੀ ਮਹਾਨ ਸ਼ਹਾਦਤ ਨੂੰ ਯਾਦ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਗੁਰੂਆਂ ਅਤੇ ਸ਼ਹੀਦਾਂ ਦੀ ਧਰਤੀ ਹੈ। ਸਾਨੂੰ ਉਨ੍ਹਾਂ ਦੀਆਂ ਕੁਰਬਾਨੀਆਂ ਤੋਂ ਪ੍ਰੇਰਣਾ ਲੈ ਕੇ ਮਿਲ ਕੇ ਪੰਜਾਬ ਨੂੰ ਸੁਰੱਖਿਅਤ ਬਣਾਉਣਾ ਹੈ। ਇਸ ਮੌਕੇ ਰੇਖਾ ਗੁਪਤਾ ਨੇ ਜਨਤਾ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਪੰਜਾਬ ਸਾਡੇ ਗੁਰੂਆਂ ਅਤੇ ਕਿਸਾਨਾਂ ਦੀ ਧਰਤੀ



ਹੈ। ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਦੀ ਸਾਕਸ਼ੀ ਪੰਜਾਬ ਦੀ ਧਰਤੀ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦਾ ਆਸ਼ੀਰਵਾਦ ਹਮੇਸ਼ਾ ਸਾਡੇ ਨਾਲ ਹੈ। ਰੇਖਾ ਗੁਪਤਾ ਨੇ ਇਸ ਮੌਕੇ ਆਮ ਆਦਮੀ ਪਾਰਟੀ 'ਤੇ ਤਿੱਖੇ ਸ਼ਬਦੀ ਹਮਲੇ ਕੀਤੇ। ਨਸ਼ੇ ਦੇ ਮੁੱਦੇ 'ਤੇ ਬੋਲਦੇ ਹੋਏ ਰੇਖਾ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਨੂੰ ਨਸ਼ੇ 'ਚ ਧਕੇਲਿਆ ਗਿਆ ਹੈ। ਪੰਜਾਬ 'ਚ ਗਲੀ-ਗਲੀ ਹਰ ਸ਼ਹਿਰ ਵਿਚ ਨਸ਼ਾ ਵਿੱਕ ਰਿਹਾ ਹੈ। ਗੁਲਜ਼ਾਰ ਸਿੰਘ ਖ਼ੁਦਕੁਸ਼ੀ ਮਾਮਲੇ 'ਤੇ ਬੋਲਦੇ ਰੇਖਾ ਨੇ ਕਿਹਾ ਕਿ ਗੁਲਜ਼ਾਰ ਸਿੰਘ ਦਾ ਕੀ ਕਸੂਰ ਸੀ, ਉਸ ਨੇ ਸਿਰਫ਼ ਇੰਨਾ ਹੀ ਕਿਹਾ ਸੀ ਕਿ ਸਾਡੇ ਸ਼ਹਿਰ 'ਚ ਡਰੱਗ ਮਾਫ਼ੀਆ ਕੰਮ ਕਰ ਰਿਹਾ ਹੈ, ਸ਼ਰੇਆਮ ਡਰੱਗ ਵਿਕ ਰਿਹਾ ਹੈ। ਇਹ ਸਵਾਲ ਵਿੱਤ ਮੰਤਰੀ ਹਰਪਾਲ ਚੀਮਾ ਨੂੰ ਪਸੰਦ ਨਹੀਂ ਆਇਆ ਅਤੇ ਗੁਲਜ਼ਾਰ ਸਿੰਘ ਨੂੰ ਇੰਨਾ ਬਦਨਾਮ ਅਤੇ ਪੀੜਤ ਕਰ ਦਿੱਤਾ ਕਿ ਹੁਣ ਉਹ ਖ਼ੁਦ ਮਰਿਆ ਹੈ ਜਾਂ ਮਾਰਿਆ ਗਿਆ ਹੈ, ਇਸ ਦਾ ਫ਼ੈਸਲਾ ਜਨਤਾ ਨੂੰ ਕਰਨਾ ਹੈ। ਪੰਜਾਬ ਵਿਚ ਗੁਲਜ਼ਾਰ ਸਿੰਘ ਵਰਗੇ ਹਜ਼ਾਰਾਂ ਮਾਤਾ-ਪਿਤਾ ਹਨ, ਜਿਨ੍ਹਾਂ ਦੇ ਪੁੱਤਾਂ ਨੂੰ ਨਸ਼ੇ ਨੇ ਖਾ ਲਿਆ ਹੈ ਪਰ ਉਨ੍ਹਾਂ ਦੀ ਗੱਲ ਸੁਣਨ ਵਾਲਾ ਕੋਈ ਨਹੀਂ ਹੈ। ਉਨ੍ਹਾਂ ਪੰਜਾਬ ਸਰਕਾਰ ਅਤੇ ਡਰੱਗ ਮਾਫ਼ੀਆ ਨਾਲ ਮਿਲੀਭੁਗਤ ਹੋਣ ਦੇ ਇਲਜ਼ਾਮ ਲਾਏ ਹਨ। ਅੱਜ 5 ਸਾਲ ਹੋਣ ਦੇ ਬਾਵਜੂਦ ਵੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਪੰਜਾਬ ਵਿਚੋਂ ਨਸ਼ਾ ਖ਼ਤਮ ਨਹੀਂ ਕੀਤਾ ਗਿਆ ਹੈ। ਪੰਜਾਬ ਅੱਜ ਡਰੱਗ ਮਾਫ਼ੀਆ ਦੇ ਸਾਹਮਣੇ ਝੁਕ ਨਹੀਂ ਸਕਦਾ ਹੈ। ਅੱਜ ਪੰਜਾਬ ਨਸ਼ੇ ਖ਼?ਲਾਫ਼ ਬੁਲੰਦ ਹੋ ਗਿਆ। ਉਨ੍ਹਾਂ ਕਿਹਾ ਕਿ ਪੰਜਾਬ ਨਸ਼ੇ ਦੀ ਜਿਹੜੀ ਜੰਜੀਰ 'ਚ ਜਕੜਾ ਹੋਇਆ ਹੈ, ਉਸ ਨੂੰ ਹੁਣ ਤੋੜਨ ਦੀ ਲੋੜ ਹੈ। ਨਾ ਕੋਈ ਇਨਜੈਕਸ਼ਨ, ਨਾ ਕੋਈ ਗੋਲ?ੀ, ਇਹ ਜੋ ਜੰਜੀਰ, ਜਿਸ 'ਚ ਪੰਜਾਬ ਜਕੜਿਆ ਹੋਇਆ ਹੈ, ਉਸ ਨੂੰ ਤੋੜਨ ਦਾ ਸਮਾਂ ਆ ਗਿਆ ਹੈ। ਉਨ੍ਹਾਂ ਕਿਹਾ ਕਿ ਜਿਹੜੇ ਮੁੱਖ ਮੰਤਰੀ ਦੇ ਖ਼ੁਦ ਦੇ ਨੇਤਾ ਡਰੱਗ ਮਾਫ਼ੀਆ ਵਿਚ ਸ਼ਾਮਲ ਹੋਣ, ਉਹ ਸਰਕਾਰ ਚਲਾ ਰਿਹਾ ਹੈ ਤਾਂ ਇਹ ਪੰਜਾਬ ਲਈ ਬੇਹੱਦ ਹੀ ਬਦਕਿਸਮਤੀ ਵਾਲੀ ਗੱਲ ਹੈ।

## ਸੁਪਰੀਮ ਕੋਰਟ ਨੇ ਪੁਲਸ ਵਧੀਕੀਆਂ ਦੀ ਜਾਂਚ ਲਈ ਕਮੇਟੀ ਦੇ ਪੁਨਰਗਠਨ ਤੋਂ ਕੀਤਾ ਇਨਕਾਰ

ਕੌਮੀ ਪਤ੍ਰਿਕਾ

ਨਵੀਂ ਦਿੱਲੀ 20 ਸਤੰਬਰ। ਸੁਪਰੀਮ ਕੋਰਟ ਨੇ ਦਿੱਲੀ ਵਿੱਚ ਯੂਪੀਆਈ ਵਿਦਿਆਰਥੀ ਪ੍ਰਦਰਸ਼ਨਕਾਰੀਆਂ ਵਿਰੁੱਧ ਕਥਿਤ ਪੁਲਸ ਵਧੀਕੀਆਂ ਦੀ ਜਾਂਚ ਲਈ ਬਣਾਈ ਗਈ ਪੰਜ ਮੈਂਬਰੀ ਉੱਚ-ਸ਼ਕਤੀਸ਼ਾਲੀ ਕਮੇਟੀ ਦਾ ਪੁਨਰਗਠਨ ਕਰਨ ਤੋਂ ਇਨਕਾਰ ਕਰ ਦਿੱਤਾ। ਅਦਾਲਤ ਨੇ ਕਿਹਾ ਕਿ ਕਮੇਟੀ ਦੇ ਖ਼?ਲਾਫ ਲਗਾਏ ਗਏ ਦੋਸ਼ ਸਿਰਫ਼ ਅਲਕਲਾਂ ਅਤੇ ਪਹਿਲਾਂ ਤੋਂ ਬਣੀਆਂ ਧਾਰਣਾਵਾਂ 'ਤੇ ਅਧਾਰਿਤ ਹੈ। ਭਾਰਤ ਦੇ ਚੀਫ ਜਸਟਿਸ ਸੂਰਿਆਕਾਂਤ ਅਤੇ ਜਸਟਿਸ ਜੋਇਮਲਿਆ ਬਾਗਚੀ ਅਤੇ ਵੀ ਮੋਹਨਾ ਦੀ ਬੈਂਚ ਨੇ ਕਿਹਾ ਕਿ ਕਮੇਟੀ ਦਾ ਗਠਨ ਨਿਰਪੱਖਤਾ ਅਤੇ ਪਾਰਦਰਸ਼ਤਾ ਦੇ ਉੱਚਤਮ ਮਾਪਦੰਡਾਂ ਦੇ ਨਾਲ-ਨਾਲ ਨਿਰਪੱਖ ਪਹੁੰਚ ਵਿਚ ਸਹਾਇਤਾ ਲਈ ਕੀਤਾ ਗਿਆ ਹੈ। ਬੈਂਚ ਨੇ 10 ਸਤੰਬਰ ਦੇ ਆਪਣੇ ਹੁਕਮ (ਜਿਸ ਵਿਚ ਮੰਗਲਵਾਰ ਨੂੰ ਆਨਲਾਈਨ ਅਪਲੋਡ ਕੀਤਾ ਗਿਆ) ਵਿੱਚ ਕਿਹਾ ਕਿ ਉੱਚ ਸ਼ਕਤੀ ਪ੍ਰਾਪਤ ਜਾਂਚ ਕਮੇਟੀ ਦਾ ਗਠਨ ਅਦਾਲਤ ਦੇ ਸਾਹਮਣੇ ਇੱਕ ਜਾਂ ਦੂਜੀ ਧਿਰ ਦੇ ਹਿੱਤਾਂ ਦਾ ਸਮਰਥਨ ਕਰਨ ਲਈ ਨਹੀਂ ਕੀਤਾ ਗਿਆ ਸੀ। ਬੈਂਚ ਨੇ ਕਿਹਾ ਅਸੀਂ ਕਮੇਟੀ ਦੀ ਬਣਤਰ ਵਿਚ ਕੋਈ ਬਦਲਾਅ ਕਰਨ ਦੇ ਇੱਛੁਕ ਨਹੀਂ ਹਨ, ਖ਼ਾਸ ਕਰਕੇ ਉਸ ਸਮੇਂ ਜਦੋਂ





ਉਸ ਦੇ ਪੁਨਰਗਠਨ ਦੀ ਬੇਨਤੀ HPEC ਰਾਹੀਂ ਜਾਂਚ ਸ਼ੁਰੂ ਕਰਨ ਤੋਂ ਪਹਿਲਾਂ ਹੀ ਸਿਰਫਡ ਅਟਕਲਾਂ ਅਤੇ ਪਹਿਲਾਂ ਤੋਂ ਹੀ ਬਣਾਈਆਂ ਧਾਰਨਾਵਾਂ ਦੇ ਆਧਾਰ 'ਤੇ ਕੀਤੀ ਗਈ ਸੀ। ਸੁਪਰੀਮ ਕੋਰਟ ਨੇ ਐਚਪੀਈਸੀ ਨੂੰ ਪੈਲੇਟ ਗਨ ਦੀ ਵਰਤੋਂ, ਨਿਸ਼ਾਨਾ ਬਣਾ ਕੇ ਕੀਤੀ ਹਿੰਸਾ ਅਤੇ ਮਹਿਲਾ ਪ੍ਰਦਰਸ਼ਨਕਾਰੀਆਂ ਨੂੰ ਪਰੇਸ਼ਾਨ ਕਰਨ, ਦੋਵਾਂ ਧਿਰਾਂ ਵੱਲੋਂ ਬਹੁਤ ਜ਼ਿਆਦਾ ਹਿੰਸਾ ਅਤੇ ਜਾਇਦਾਦ ਨੂੰ ਨੁਕਸਾਨ ਪਹੁੰਚਾਉਣ ਨਾਲ ਸਬੰਧਤ ਮੁੱਦਿਆਂ ਦੀ ਜਾਂਚ ਕਰਨ ਦਾ ਨਿਰਦੇਸ਼ ਦਿੱਤਾ। ਅਦਾਲਤ ਨੇ ਕਿਹਾ, ਗਵਾਹਾਂ ਅਤੇ ਉਨ੍ਹਾਂ ਲੋਕਾਂ ਨਾਲ ਕੀਤੇ ਗਏ ਵਿਵਹਾਰ ਨੂੰ ਲੈ ਕੇ ਜਤਾਈਆਂ ਚਿੰਤਾਵਾਂ ਦੇ ਸੰਬੰਧ ਵਿੱਚ, ਜੋ HPEC ਦੇ ਸਾਹਮਣੇ ਆ ਕੇ ਆਪਣਾ ਪੱਖ ਰੱਖਣਾ ਅਤੇ ਆਪਣੀਆਂ ਸ਼ਿਕਾਇਤਾਂ ਦਰਜ ਕਰਵਾਉਣਾ ਚਾਹੁੰਦੇ ਹਨ, ਅਸੀਂ ਕਮੇਟੀ ਨੂੰ ਬੇਨਤੀ ਕਰਦੇ ਹਾਂ ਕਿ ਅਜਿਹੇ ਕਮਜ਼ੋਰ ਗਵਾਹਾਂ ਨੂੰ ਢੁਕਵੀਂ ਸੁਰੱਖਿਆ ਪ੍ਰਦਾਨ ਕੀਤੀ ਜਾਵੇ ਅਤੇ ਉਨ੍ਹਾਂ ਦੀ ਪਛਾਣ ਗੁਪਤ ਰੱਖੀ ਜਾਵੇ। ਬੈਂਚ ਨੇ ਕਿਹਾ, ਇਹ ਕਹਿਣ ਦੀ ਲੋੜ ਨਹੀਂ ਕਿ ਅਜਿਹੇ ਸੰਵੇਦਨਸ਼ੀਲ ਗਵਾਹਾਂ ਦੁਆਰਾ HPEC ਨੂੰ ਪੇਸ਼ ਕੀਤੇ ਗਏ ਕਿਸੇ ਵੀ ਬਿਆਨ ਜਾਂ ਸਬੂਤ ਦੇ ਸੰਬੰਧ ਵਿੱਚ ਪੂਰੀ ਗੁਪਤਤਾ ਬਣਾਈ ਰੱਖੀ ਜਾਵੇਗੀ। ਇਸ ਉਦੇਸ਼ ਲਈ, ਅਜਿਹੇ ਗਵਾਹਾਂ ਅਤੇ ਹੋਰ ਸਬੰਧਤ ਧਿਰਾਂ ਨੂੰ ਦਸਤਾਵੇਜ਼ ਅਤੇ ਸਬੂਤ ਜਮ?ਹਾਂ ਕਰਾਉਣ ਵਿੱਚ ਸਹਾਇਤਾ ਕਰਨ ਲਈ ਇੱਕ ਵੱਖਰਾ ਔਨਲਾਈਨ ਪੋਰਟਲ ਬਣਾਇਆ ਜਾ ਸਕਦਾ ਹੈ।

## ਪ੍ਰਧਾਨ ਮੰਤਰੀ ਨੇ ਟਰੰਪ ਨੂੰ ਖ਼ੁਸ਼ ਕਰਨ ਲਈ ਭਾਰਤ ਦੇ ਹਿੱਤਾਂ ਨਾਲ ਕੀਤਾ ਸਮਝੌਤਾ : ਜੈਰਾਮ ਰਮੇਸ਼

ਕੌਮੀ ਪਤ੍ਰਿਕਾ
ਨਵਦੀਪ ਸਿੰਘ ਸਾਹਨੀ

ਨਵੀਂ ਦਿੱਲੀ 20 ਸਤੰਬਰ। ਕਾਂਗਰਸ ਨੇ ਅਮਰੀਕੀ ਸੰਸਦ 'ਚ ਭਾਰਤ ਸਮੇਤ ਹੋਰ ਦੇਸ਼ਾਂ 'ਤੇ ਟੈਰਿਫ ਲਗਾਉਣ ਦੇ ਪ੍ਰਸਤਾਵ ਨਾਲ ਜੁੜੇ ਬਿੱਲ ਨੂੰ ਪੇਸ਼ ਕਰਨ ਅਤੇ ਦੇਸ਼ 'ਚ UPI ਲੈਣ-ਦੇਣ 'ਤੇ ਟੈਰਿਫ ਲਗਾਉਣ ਦੇ ਮੁੱਦੇ ਨੂੰ ਲੈ ਕੇ ਕੇਂਦਰ ਸਰਕਾਰ 'ਤੇ ਨਿਸ਼ਾਨਾ ਵਿੰਨ੍?ਆ ਅਤੇ ਦੋਸ਼ ਲਗਾਇਆ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੂੰ ਖ਼ੁਸ਼ ਕਰਨ ਲਈ ਲਗਾਤਾਰ ਭਾਰਤੀ ਹਿੱਤਾਂ ਨਾਲ ਸਮਝੌਤਾ ਕੀਤਾ ਹੈ। ਕਾਂਗਰਸ ਨੇਤਾ ਜੈਰਾਮ ਰਮੇਸ਼ ਨੇ ਵਿਅੰਗ ਕਰਦੇ ਹੋਏ ਕਿਹਾ ਕਿ ਪ੍ਰਧਾਨ ਮੰਤਰੀ ਨੇ 'NOTA' ਨੂੰ ਨਵਾਂ ਅਰਥ 'ਨਰੇਂਦਰ' ਆਨਗੋਇੰਗ ਟਰੰਪ ਅਪੀਜਮੈਂਟ' (ਨਰਿੰਦਰ ਮੋਦੀ ਦਾ ਲਗਾਤਾਰ ਟਰੰਪ ਨੂੰ ਖ਼ੁਸ਼ ਕਰਨਾ) ਕਰ ਦਿੱਤਾ ਹੈ। ਪਾਰਟੀ ਦੇ ਜਨਰਲ ਸਕੱਤਰ ਜੈਰਾਮ ਰਮੇਸ਼ ਨੇ 'X' 'ਤੇ ਇਕ ਪੋਸਟ 'ਚ ਕਿਹਾ ਕਿ ਇਕ ਅਜਿਹੇ ਸਮੇਂ ਜਦੋਂ ਭਾਰਤ 'ਤੇ 100 ਫੀਸਦੀ ਟੈਰਿਫ ਲਗਾਉਣ ਵਾਲਾ ਬਿੱਲ ਅਮਰੀਕੀ ਪ੍ਰਤੀਨਿਧੀ ਸਭਾ 'ਚ ਵਿਚਾਰ ਲਈ ਆਉਣ ਵਾਲਾ ਹੈ ਅਤੇ ਅਮਰੀਕੀ ਪ੍ਰਸ਼ਾਸਨ ਭਾਰਤੀ ਪ੍ਰਵਾਸੀਆਂ ਅਤੇ 8-12 ਵੀਜ਼ਾ ਧਾਰਕਾਂ ਵਿਰੁੱਧ ਸਖ਼ਤ ਕਦਮ ਚੁੱਕ ਰਿਹਾ ਹੈ, ਕੇਂਦਰ ਸਰਕਾਰ ਨੇ UPI 'ਤੇ ਟੈਰਿਫ ਲਗਾਉਣ ਦਾ ਫੈਸਲਾ ਕੀਤਾ ਹੈ। ਉਨ੍ਹਾਂ ਸਵਾਲ ਕੀਤਾ ਕਿ UPI 'ਤੇ 0.4 ਫੀਸਦੀ 'ਮਰਚੈਂਟ ਡਿਸਕਾਊਂਟ ਰੇਟ' ਕਿਉਂ ਲਗਾਈ ਜਾ ਰਹੀ ਹੈ। ਰਮੇਸ਼ ਨੇ ਪੁੱਛਿਆ ਕਿ ਕੀ ਇਹ ਇਸ ਲਈ ਸੀ ਕਿਉਂਕਿ ਡੈਬਿਟ ਕਾਰਡਾਂ 'ਤੇ ਵੀ 0.4 ਪ੍ਰਤੀਸ਼ਤ MDR ਹੁੰਦਾ ਹੈ ਅਤੇ ਕੀ ਇਹ ਕਦਮ ਅਮਰੀਕੀ ਕਾਰਡ ਕੰਪਨੀਆਂ ਨੂੰ UPI ਨਾਲ ਮੁਕਾਬਲਾ ਕਰਨ 'ਚ ਮਦਦ ਕਰੇਗਾ। ਕਾਂਗਰਸ ਦੇ ਜਨਰਲ ਸਕੱਤਰ ਨੇ



ਸਰਕਾਰ ਦੇ ਇਸ ਤਰਕ 'ਤੇ ਵੀ ਸਵਾਲ ਉਠਾਇਆ ਕਿ ਫੀਸ ਲਗਾਉਣ ਨਾਲ UPI ਸਿਸਟਮ ਵਿੱਤੀ ਤੌਰ 'ਤੇ ਟਿਕਾਊ ਹੋ ਜਾਵੇਗਾ। ਉਨ੍ਹਾਂ ਕਿਹਾ ਕਿ ਪੂਰੇ UPI ਸਿਸਟਮ ਨੂੰ ਚਲਾਉਣ ਦੀ ਅਨੁਮਾਨਤ ਸਾਲਾਨਾ ਲਾਗਤ ਲਗਭਗ 20,000 ਕਰੋੜ ਰੁਪਏ ਹੈ, ਜੋ ਕਿ ਪਿਛਲੇ ਕੁਝ ਸਾਲਾਂ ਵਿੱਚ ਭਾਰਤੀ ਰਿਜ਼ਰਵ ਬੈਂਕ ਦੁਆਰਾ ਕੇਂਦਰ ਸਰਕਾਰ ਨੂੰ ਟ?ਰਾਂਸਫਰ ਕੀਤੇ ਗਏ ਸਰਪਲੱਸ ਨਾਲੋਂ ਕਾਫ਼ੀ ਘੱਟ ਹੈ।

## 'ਡਰਾਮਾ ਕਰਨ 'ਚ ਮਾਹਿਰ, ਪਰ ਫ਼੍ਰੀ ਵੀ..!', ਰਾਜਪਾਲ ਯਾਦਵ ਨੂੰ ਸੁਪਰੀਮ ਕੋਰਟ ਨੇ ਦਿੱਤਾ 'ਆਖ਼ਰੀ ਮੌਕਾ'

ਨਵੀਂ ਦਿੱਲੀ 20 ਸਤੰਬਰ। ਸੁਪਰੀਮ ਕੋਰਟ ਨੇ ਮੰਗਲਵਾਰ ਨੂੰ ਅਦਾਕਾਰ ਰਾਜਪਾਲ ਯਾਦਵ ਨੂੰ ਇਕ ਨਿੱਜੀ ਕੰਪਨੀ ਦਾ ਬਕਾਇਆ ਪੈਸਾ ਮੋੜਨ ਲਈ ਠੋਸ ਪ੍ਰਸਤਾਵ ਨਾਲ ਆਉਣ ਲਈ 2 ਹਫ਼ਤਿਆਂ ਦਾ ਆਖ਼ਰੀ ਮੌਕਾ ਦਿੱਤਾ ਅਤੇ ਉਨ੍ਹਾਂ ਨੂੰ ਅਦਾਲਤ ਦੀ ਰਜਿਸਟਰੀ ਵਿਚ 2 ਕਰੋੜ ਰੁਪਏ ਜਮ?ਹਾ ਕਰਵਾਉਣ ਦਾ ਹੁਕਮ ਦਿੱਤਾ। ਸ਼ਿਕਾਇਤਕਰਤਾ ਦਾ ਦੋਸ਼ ਹੈ ਕਿ 2010 ਵਿਚ ਇਕ ਫ਼?ਲਮ ਲਈ ਦਿੱਤੀ ਗਈ 5 ਕਰੋੜ ਰੁਪਏ ਦੀ ਆਰਥਿਕ ਮਦਦ ਦੇ ਨਿਪਟਾਰੇ ਵਜੋਂ, 2013 ਵਿਚ ਰਾਜਪਾਲ ਨੇ 1.05 ਕਰੋੜ ਰੁਪਏ ਦੇ 7 ਚੈੱਕ ਦਿੱਤੇ ਸਨ। ਕੰਪਨੀ ਦਾ ਦੋਸ਼ ਹੈ ਕਿ ਇਹ ਚੈੱਕ ਬਾਊਂਸ ਹੋ ਗਏ। ਸ਼ਿਕਾਇਤਕਰਤਾ ਅਨੁਸਾਰ, 2012 ਵਿਚ ਦੋਵਾਂ ਧਿਰਾਂ ਵਿਚਾਲੇ ਹੋਏ ਇਕ ਸਮਝੌਤੇ ਤਹਿਤ ਰਾਜਪਾਲ, ਉਨ੍ਹਾਂ ਦੀ ਪਤਨੀ ਅਤੇ ਉਨ੍ਹਾਂ ਦੀ ਕੰਪਨੀ ਵਿਆਜ ਸਮੇਤ ਲੱਗਭਗ 11 ਕਰੋੜ ਰੁਪਏ ਮੋੜਨ ਲਈ ਸਹਿਮਤ ਹੋਏ ਸਨ। ਚੀਫ ਜਸਟਿਸ ਸੂਰਿਆਕਾਂਤ, ਜਸਟਿਸ ਜੋਏਮਾਲਿਆ ਬਾਗਚੀ ਅਤੇ ਜਸਟਿਸ ਵੀ. ਮੋਹਨਾ ਦੀ ਬੈਂਚ ਨੇ ਕਿਹਾ ਕਿ ਉਹ (ਰਾਜਪਾਲ) ਡਰਾਮਾ ਕਰਨ ਵਿਚ ਮਾਹਰ ਹਨ ਪਰ ਇਹ ਅਦਾਲਤ ਹੈ। ਅਦਾਲਤ ਦੇ ਪਹਿਲਾਂ ਦੇ ਹੁਕਮਾਂ ਦੀ ਪਾਲਣਾ ਨਹੀਂ ਕੀਤੀ ਗਈ ਹੈ।

## 8ਵੇਂ ਤਨਖਾਹ ਕਮਿਸ਼ਨ ਦੀਆਂ ਅਹਿਮ ਮੀਟਿੰਗ

ਬਿਜ਼ਨੈੱਸ ਡੈਸਕ 20 ਸਤੰਬਰ। 8ਵੇਂ ਕੇਂਦਰੀ ਤਨਖਾਹ ਕਮਿਸ਼ਨ ਨੇ ਤਨਖਾਹ ਅਤੇ ਪੈਨਸ਼ਨ ਮੁੱਦਿਆਂ 'ਤੇ ਆਪਣੀ ਸਲਾਹ-ਮਸ਼ਵਰਾ ਪ੍ਰਕਿਰਿਆ ਦੇ ਹਿੱਸੇ ਵਜੋਂ ਚੰਡੀਗੜ੍ਹ ਦਾ ਤਿੰਨ ਦਿਨਾਂ ਦੌਰਾ ਸ਼ੁਰੂ ਕੀਤਾ। ਕਮਿਸ਼ਨ ਸ਼ੁੱਕਰਵਾਰ ਤੱਕ ਵੱਖ-ਵੱਖ ਕਰਮਚਾਰੀ ਸੰਗਠਨਾਂ, ਪੈਨਸ਼ਨਰ ਸਮੂਹਾਂ ਅਤੇ ਖੇਤਰੀ ਪ੍ਰਸ਼ਾਸਨ ਦੇ ਪ੍ਰਤੀਨਿਧੀਆਂ ਨਾਲ ਮੀਟਿੰਗਾਂ ਕਰੇਗਾ। ਇਨ੍ਹਾਂ ਮੀਟਿੰਗਾਂ ਵਿੱਚ ਮੁੱਖ ਤੌਰ 'ਤੇ ਤਨਖਾਹ ਢਾਂਚੇ, ਸੇਵਾ ਸ਼ਰਤਾਂ ਅਤੇ ਪੈਨਸ਼ਨ ਪ੍ਰਸਤਾਵਾਂ 'ਤੇ ਚਰਚਾ ਕਰਨ ਦੀ ਉਮੀਦ ਹੈ। 8ਵੇਂ ਕੇਂਦਰੀ ਤਨਖਾਹ ਕਮਿਸ਼ਨ ਦੀ ਪ੍ਰਧਾਨਗੀ ਸੁਪਰੀਮ ਕੋਰਟ ਦੇ ਸਾਬਕਾ ਜੱਜ ਰੰਜਨਾ ਪ੍ਰਕਾਸ਼ ਦੇਸਾਈ ਕਰ ਰਹੇ ਹਨ। ਕਮਿਸ਼ਨ ਵਿੱਚ ਸਾਬਕਾ ਆਈਏਐਸ ਅਧਿਕਾਰੀ ਪੰਕਜ ਜੈਨ ਮੈਂਬਰ ਸਕੱਤਰ ਵਜੋਂ ਅਤੇ ਪੁਲਕ ਘੋਸ਼, ਇੱਕ ਵਿੱਤ ਮਾਹਰ ਅਤੇ ਪ੍ਰਧਾਨ ਮੰਤਰੀ ਦੀ ਆਰਥਿਕ ਸਲਾਹਕਾਰ ਪ੍ਰੀਸ਼ਦ ਦੇ ਮੈਂਬਰ, ਮੈਂਬਰ ਵਜੋਂ ਸ਼ਾਮਲ ਹਨ। ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼ ਅਤੇ ਚੰਡੀਗੜ੍ਹ ਦੇ ਪ੍ਰਤੀਨਿਧੀ ਕਮਿਸ਼ਨ ਨੂੰ ਤਨਖਾਹ ਅਤੇ ਪੈਨਸ਼ਨ ਸੋਧਾਂ ਸੰਬੰਧੀ ਆਪਣੇ ਸੁਝਾਅ ਪੇਸ਼ ਕਰਨਗੇ। ਇਸ ਤੋਂ ਇਲਾਵਾ, ਕਰਮਚਾਰੀ ਯੂਨੀਅਨਾਂ, ਪੈਨਸ਼ਨਰ ਸੰਗਠਨ ਅਤੇ ਰੇਲਵੇ ਅਤੇ ਰੱਖਿਆ ਕਰਮਚਾਰੀਆਂ ਦੀ ਨੁਮਾਇੰਦਗੀ ਕਰਨ ਵਾਲੇ ਵੱਖ-ਵੱਖ ਸਮੂਹ ਵੀ ਕਮਿਸ਼ਨ ਨੂੰ ਆਪਣੀਆਂ ਮੰਗਾਂ ਅਤੇ ਸੁਝਾਅ ਪੇਸ਼ ਕਰਨਗੇ। ਕਮਿਸ਼ਨ ਆਪਣੀਆਂ ਅੰਤਿਮ ਸਿਫ਼ਾਰਸ਼ਾਂ ਤਿਆਰ ਕਰਦੇ ਸਮੇਂ ਇਹਨਾਂ ਸਲਾਹ-ਮਸ਼ਵਰਾ ਮੀਟਿੰਗਾਂ ਤੋਂ ਪ੍ਰਾਪਤ ਸੁਝਾਵਾਂ ਅਤੇ ਫੀਡਬੈਕ 'ਤੇ ਵਿਚਾਰ ਕਰੇਗਾ। ਕਮਿਸ਼ਨ ਦੀਆਂ ਸਿਫ਼ਾਰਸ਼ਾਂ 1 ਕਰੋੜ ਤੋਂ ਵੱਧ ਕਰਮਚਾਰੀਆਂ ਅਤੇ ਪੈਨਸ਼ਨਰਾਂ ਨੂੰ ਪ੍ਰਭਾਵਿਤ ਕਰ ਸਕਦੀਆਂ ਹਨ। ਇਹਨਾਂ ਵਿੱਚ ਲਗਭਗ 50 ਲੱਖ ਕੇਂਦਰੀ ਸਰਕਾਰੀ ਕਰਮਚਾਰੀ ਅਤੇ ਲਗਭਗ 65 ਲੱਖ ਪੈਨਸ਼ਨਰ ਸ਼ਾਮਲ ਹਨ। ਇਸ ਦਾਇਰੇ ਵਿੱਚ ਰੱਖਿਆ ਅਤੇ ਰੇਲਵੇ ਕਰਮਚਾਰੀ ਅਤੇ ਸੇਵਾਮੁਕਤ ਕਰਮਚਾਰੀ ਵੀ ਸ਼ਾਮਲ ਹਨ। ਕਰਮਚਾਰੀ ਸੰਗਠਨ ਮਹਿੰਗਾਈ ਭੱਤਾ (41) ਪ੍ਰਣਾਲੀ ਵਿੱਚ ਵੀ ਬਦਲਾਅ ਚਾਹੁੰਦੇ ਹਨ। ਉਹ ਮੰਗ ਕਰਦੇ ਹਨ ਕਿ 41 ਦੀ ਹੋਰ ਵਾਰ-ਵਾਰ ਸਮੀਖਿਆ ਕੀਤੀ ਜਾਵੇ ਅਤੇ ਜਦੋਂ ਇਹ ਇੱਕ ਨਿਸ਼ਚਿਤ ਸੀਮਾ 'ਤੇ ਪਹੁੰਚ ਜਾਵੇ ਤਾਂ ਇਸਨੂੰ ਮੂਲ ਤਨਖਾਹ ਵਿੱਚ ਸ਼ਾਮਲ ਕੀਤਾ ਜਾਵੇ। ਕਈ ਸੰਗਠਨਾਂ ਨੇ ਘਰ ਦਾ ਕਿਰਾਇਆ ਭੱਤਾ, ਆਵਾਜਾਈ ਭੱਤਾ, ਅਤੇ ਮੁਸ਼ਕਲ ਖੇਤਰਾਂ ਵਿੱਚ ਕੰਮ ਕਰਨ ਵਾਲੇ ਕਰਮਚਾਰੀਆਂ ਲਈ ਵਿਸ਼ੇਸ਼ ਭੱਤਿਆਂ ਦੀ ਸਮੀਖਿਆ ਦੀ ਵੀ ਮੰਗ ਕੀਤੀ ਹੈ। ਉਨ੍ਹਾਂ ਦਾ ਤਰਕ ਹੈ ਕਿ ਵਧਦੀ ਮਹਿੰਗਾਈ ਅਤੇ ਵੱਡੇ ਸ਼ਹਿਰਾਂ ਵਿੱਚ ਰਹਿਣ-ਸਹਿਣ ਦੀ ਲਾਗਤ ਨੂੰ ਦੇਖਦੇ ਹੋਏ ਇਨ੍ਹਾਂ ਭੱਤਿਆਂ ਵਿੱਚ ਵਾਧਾ ਕੀਤਾ ਜਾਣਾ ਚਾਹੀਦਾ ਹੈ। ਪੈਨਸ਼ਨਧਾਰਕ ਸੰਗਠਨਾਂ ਨੇ ਸੇਵਾਮੁਕਤੀ ਤੋਂ ਬਾਅਦ ਦੀ ਆਮਦਨ ਸੁਰੱਖਿਆ ਨੂੰ ਮਜ਼ਬੂਤ ??ਕਰਨ, ਪਰਿਵਾਰਕ ਪੈਨਸ਼ਨਾਂ ਵਿੱਚ ਸੁਧਾਰ ਕਰਨ ਅਤੇ ਬਿਹਤਰ ਸਿਹਤ ਸੰਭਾਲ ਪ੍ਰਦਾਨ ਕਰਨ ਦੀ ਮੰਗ ਕੀਤੀ ਹੈ। ਕਰਮਚਾਰੀ ਸੰਗਠਨਾਂ ਨੇ ਕਮਿਸ਼ਨ ਕੋਲ ਤਰੱਕੀ ਪ੍ਰਣਾਲੀਆਂ, ਸੇਵਾ ਸ਼ਰਤਾਂ ਅਤੇ ਪ੍ਰਤੀਯੋਗੀ ਸਰਕਾਰੀ ਤਨਖਾਹਾਂ ਨੂੰ ਬਣਾਈ ਰੱਖਣ ਸੰਬੰਧੀ ਮੁੱਦੇ ਵੀ ਉਠਾਏ ਹਨ।

## ਸੇਵਾ ਅਤੇ ਸਾਧਨਾ ਸਨਾਤਨ ਦਾ ਮੂਲ, ਇਹ ਧਰਮ ਨਹੀਂ ਚੇਤਨਾ ਦਾ ਅਧਾਰ: ਨਾਇਬ ਸੈਣੀ

ਕੌਮੀ ਪਤ੍ਰਿਕਾ

ਚੰਡੀਗੜ੍ਹ 20 ਸਤੰਬਰ। ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਹੈ ਕਿ ਸੇਵਾ ਅਤੇ ਸਾਧਨਾ ਸਨਾਤਨ ਧਰਮ ਦੇ ਮੂਲ ਆਧਾਰ ਹਨ ਅਤੇ ਸਾਡੇ ਸ਼ਾਸਤਰਾਂ ਨੇ ਸੇਵਾ, ਪ੍ਰਕਿਰਤੀ ਦੀ ਰੱਖਿਆ ਅਤੇ ਸਮਾਜ ਨੂੰ ਜੋੜਨ ਨੂੰ ਵਿਸ਼ੇਸ਼ ਮਹੱਤਤਾ ਦਿੱਤੀ ਹੈ। ਉਨ੍ਹਾਂ ਕਿਹਾ ਕਿ ਸਨਾਤਨ ਧਰਮ ਮਨੁੱਖ ਨੂੰ ਜੀਵਨ ਜਿਊਣ ਦੀ ਕਲਾ ਅਤੇ ਮਨੁੱਖਤਾ ਦੀ ਸੇਵਾ ਦੀ ਪ੍ਰੇਰਣਾ ਦਿੰਦਾ ਹੈ। ਸਾਡੇ ਧਾਰਮਿਕ ਅਸਥਾਨ ਸਿਰਫ਼ ਧਾਰਮਿਕ ਨਹੀਂ ਸਮਾਜਿਕ ਚੇਤਨਾ ਦੇ ਅਧਾਰ ਵੀ ਹਨ। ਸੈਣੀ ਚੰਡੀਗੜ੍ਹ ਵਿੱਚ ਵਿਸ਼ਵ ਸਨਾਤਨ ਧਰਮ ਸਭਾ ਵੱਲੋਂ ਕਰਵਾਏ ਗਏ ਵਿਸ਼ੇਸ਼ ਸਨਮਾਨ ਸਮਾਗਮ ਨੂੰ ਸੰਬੋਧਨ ਕਰ ਰਹੇ ਸਨ। ਇਸ ਮੌਕੇ ਸਨਾਤਨ ਧਰਮ ਨਾਲ ਸਬੰਧਿਤ 77 ਭਾਈਚਾਰਿਆਂ ਦੇ ਸੰਤਾਂ, ਧਾਰਮਿਕ ਆਗੂਆਂ ਅਤੇ ਵੱਖ-ਵੱਖ ਖੇਤਰਾਂ ਵਿੱਚ ਵਡਮੁੱਲਾ ਯੋਗਦਾਨ ਪਾਉਣ ਵਾਲੀਆਂ ਪ੍ਰਮੁੱਖ ਸ਼ਖ਼ਸੀਅਤਾਂ ਦਾ ਸਨਮਾਨ ਕੀਤਾ ਗਿਆ। ਸਮਾਗਮ ਵਿੱਚ ਪੰਜਾਬ ਦੇ 51 ਸ਼ਹਿਰਾਂ ਤੋਂ ਸਨਾਤਨ ਧਰਮ ਨਾਲ ਸਬੰਧਿਤ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਿਰਕਤ ਕੀਤੀ। ਸਮਾਗਮ ਵਿੱਚ ਪੰਜਾਬ ਭਾਜਪਾ ਦੇ ਸੰਗਠਨ ਮੰਤਰੀ ਮੰਥਰੀ ਨਿਵਾਸਲੂ, ਦਿਵਯ ਜਯੋਤੀ ਜਾਗਰਣ ਸੰਸਥਾਨ ਦੇ ਸੰਤ ਗੁਰੂ ਕਿਰਪਾ ਜੀ, ਰਣਜੀਤ ਆਨੰਦ, ਕਾਲੀ ਮਾਤਾ ਮੰਦਰ ਪਟਿਆਲਾ ਦੇ ਮਹੰਤ ਸੰਤ ਰਾਜੇਂਦਰ ਕੌਸ਼ਕ, ਦੁਰਗਿਆਣਾ ਮੰਦਰ ਤੀਰਥ ਦੇ ਰਾਕੇਸ਼ ਸ਼ਰਮਾ, ਦੁਰਗਾ ਮੰਦਰ ਜਲੰਧਰ ਕਮੇਟੀ ਦੇ ਵਰਿੰਦਰ ਮਿੱਤਲ, ਦੇਵੀ ਦਿਆਲ, ਰਾਮ ਗੋਪਾਲ ਸਮੇਤ ਵਿਸ਼ਵ ਸਨਾਤਨ ਧਰਮ ਸਭਾ ਦੇ ਅਹੁਦੇਦਾਰ, ਕਾਰਕੁਨ ਅਤੇ ਹੋਰ ਪ੍ਰਮੁੱਖ



ਸ਼ਖ਼ਸੀਅਤਾਂ ਹਾਜ਼ਰ ਸਨ। ਇਸ ਮੌਕੇ ਸੰਬੋਧਨ ਦੌਰਾਨ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ 20 ਸਤੰਬਰ ਨੂੰ ਜਨਮ ਦਿਨ ਮੌਕੇ ਸਾਨੂੰ ਨਵਾਂ ਸੰਕਲਪ ਲੈਣ ਦਾ ਮੌਕਾ ਮਿਲਦਾ ਹੈ। ਉਨ੍ਹਾਂ ਕਿਹਾ ਕਿ 2047 ਤੱਕ ਵਿਕਸਿਤ ਭਾਰਤ ਦੇ ਸੁਪਨੇ ਨੂੰ ਸਾਕਾਰ ਕਰਨ ਲਈ ਸਮਾਜ ਦੇ ਹਰ ਵਰਗ ਨੂੰ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ। ਉਨ੍ਹਾਂ ਨਸ਼ਿਆਂ ਦੀ ਸਮੱਸਿਆ ਦਾ ਜ਼ਿਕਰ ਕਰਦਿਆਂ ਕਿਹਾ ਕਿ ਅੱਜ ਸਮਾਜ ਨੂੰ ਨਸ਼ਿਆਂ ਤੋਂ ਬਚਾਉਣਾ ਵੱਡੀ ਲੋੜ ਹੈ। ਨਸ਼ਾ-ਗ੍ਰਸਤ ਵਿਅਕਤੀਆਂ ਪ੍ਰਤੀ ਹਮਦਰਦੀ ਵਾਲਾ ਰਵੱਈਆ ਅਪਣਾਉਂਦਿਆਂ ਉਨ੍ਹਾਂ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਬਾਹਰ ਕੱਢਣ ਲਈ ਸਾਂਝੇ ਯਤਨ ਕੀਤੇ ਜਾਣੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਭਾਰਤ ਦੀਆਂ ਅਧਿਆਤਮਿਕ ਅਤੇ ਸੱਭਿਆਚਾਰਕ ਪਰੰਪਰਾਵਾਂ ਦੀ ਵਿਸ਼ਵ ਪੱਧਰ 'ਤੇ ਆਪਣੀ ਮਹੱਤਤਾ ਹੈ। ਉਨ੍ਹਾਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 'ਕਿਰਤ ਕਰੋ, ਨਾਮ ਜਪੋ ਅਤੇ ਵੰਡ ਛਕੋ' ਦੇ ਫਲਸਫੇ ਅਤੇ ਸ੍ਰੀ ਗੁਰੂ ਰਵਿਦਾਸ ਜੀ ਦੇ 'ਬੇਗਮਪੁਰਾ' ਦੇ ਸੰਕਲਪ ਦਾ ਜ਼ਿਕਰ ਕਰਦਿਆਂ ਕਿਹਾ ਕਿ ਸਾਡੇ ਗੁਰੂਆਂ ਅਤੇ ਸੰਤਾਂ ਦੀ ਬਾਣੀ ਦਾ ਮੂਲ ਉਦੇਸ਼ ਮਨੁੱਖ ਨੂੰ ਮਨੁੱਖ ਨਾਲ ਜੋੜਨਾ ਅਤੇ ਸਮਾਜ ਵਿੱਚ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਨਾ ਹੈ। ਉਨ੍ਹਾਂ ਕਿਹਾ ਕਿ ਸ੍ਰੀਮਦ ਭਗਵਦ ਗੀਤਾ ਦਾ ਸੰਦੇਸ਼ ਵੀ ਸਮੁੱਚੀ ਮਾਨਵਤਾ ਲਈ ਪ੍ਰੇਰਨਾ ਦਾ ਸਰੋਤ ਹੈ। ਨਾਇਬ ਸਿੰਘ ਸੈਣੀ ਨੇ ਸ਼ਖ਼ਸੀਅਤਾਂ ਨੂੰ ਸਨਮਾਨਿਤ ਕਰਨ ਉਪਰੰਤ ਸੰਬੋਧਨ ਵਿੱਚ ਕਿਹਾ ਕਿ ਇਨ੍ਹਾਂ ਵਿਅਕਤੀਆਂ ਨੇ ਸਮਾਜ ਸੇਵਾ, ਧਾਰਮਿਕ ਅਤੇ ਹੋਰਨਾਂ ਖੇਤਰਾਂ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਸਨਮਾਨਿਤ ਸ਼ਖ਼ਸੀਅਤਾਂ ਵਿੱਚ ਸ਼ਾਮਲ ਹੋ ਕੇ ਉਨ੍ਹਾਂ ਨੂੰ ਬੇਹੱਦ ਖ਼ੁਸ਼ੀ ਮਹਿਸੂਸ ਹੋਈ ਹੈ। ਉਨ੍ਹਾਂ ਪੰਜਾਬ ਦੇ ਲੋਕਾਂ ਵੱਲੋਂ ਹਮੇਸ਼ਾਂ ਮਿਲਦੇ ਪਿਆਰ ਅਤੇ ਆਸ਼ੀਰਵਾਦ ਲਈ ਵੀ ਧੰਨਵਾਦ ਪ੍ਰਗਟ ਕੀਤਾ। ਇਸ ਮੌਕੇ ਵਿਸ਼ਵ ਸਨਾਤਨ ਧਰਮ ਸਭਾ ਦੇ ਰਾਸ਼ਟਰੀ ਪ੍ਰਧਾਨ ਅਤੇ ਪੰਜਾਬ ਦੇ ਸਾਬਕਾ ਵਿਧਾਇਕ ਅਸ਼ਵਨੀ ਸ਼ੇਖੜੀ ਨੇ ਸਭਾ ਦੀਆਂ ਗਤੀਵਿਧੀਆਂ ਬਾਰੇ ਜਾਣਕਾਰੀ ਦਿੱਤੀ ਅਤੇ ਸਨਮਾਨਿਤ ਕੀਤੀਆਂ ਗਈਆਂ ਸ਼ਖ਼ਸੀਅਤਾਂ ਦੇ ਸਮਾਜਿਕ ਅਤੇ ਧਾਰਮਿਕ ਯੋਗਦਾਨ ਬਾਰੇ ਚਾਨਣਾ ਪਾਇਆ।

## ਪ੍ਰਯਾਗਰਾਜ 'ਚ 40 ਪੁਲਸ ਮੁਲਾਜ਼ਮ ਲਾਈਨ ਹਾਜ਼ਰ

ਪ੍ਰਯਾਗਰਾਜ, 20 ਸਤੰਬਰ। ਉੱਤਰ ਪ੍ਰਦੇਸ਼ ਦੇ ਪ੍ਰਯਾਗਰਾਜ 'ਚ ਡਿਊਟੀ 'ਚ ਲਾਪ੍ਰਵਾਹੀ ਵਰਤਣ ਦੇ ਦੋਸ਼ ਹੇਠ 40 ਪੁਲਸ ਮੁਲਾਜ਼ਮਾਂ ਨੂੰ ਲਾਈਨ ਹਾਜ਼ਰ ਕੀਤਾ ਗਿਆ ਹੈ। ਪੁਲਸ ਕਮਿਸ਼ਨਰ ਨੇ ਬੁੱਧਵਾਰ ਦੇਰ ਰਾਤ ਇਹ ਕਾਰਵਾਈ ਕੀਤੀ। ਪੁਲਸ ਸੂਤਰਾਂ ਅਨੁਸਾਰ 14 ਸਤੰਬਰ ਨੂੰ ਹਾਈ ਕੋਰਟ 'ਚ ਆਯੋਜਿਤ ਪ੍ਰੋਗਰਾਮ 'ਚ ਮੁੱਖ ਮੰਤਰੀ ਯੋਗੀ ਆਦਿੱਤਿਆਨਾਥ ਸਮੇਤ ਕਈ ਮਹਿਮਾਨ ਸ਼ਾਮਲ ਹੋਏ ਸਨ। ਪ੍ਰੋਗਰਾਮ ਦੌਰਾਨ ਆਵਾਜਾਈ ਵਿਵਸਥਾ ਸੁਚਾਰੂ ਰੱਖਣ ਲਈ ਜ਼ਿਲੇ ਦੇ ਵੱਖ-ਵੱਖ ਥਾਣਿਆਂ ਤੋਂ ਪੁਲਸ ਮੁਲਾਜ਼ਮਾਂ ਦੀ ਡਿਊਟੀ ਲਗਾਈ ਗਈ ਸੀ। ਇਨ੍ਹਾਂ 'ਚ 53 ਪੁਲਸ ਮੁਲਾਜ਼ਮਾਂ ਨੂੰ ਵੱਖਰੀ ਟੀਮ 'ਚ ਰੱਖਿਆ ਗਿਆ ਸੀ ਅਤੇ ਉਨ੍ਹਾਂ ਨੂੰ ਸਟੈਂਡਬਾਏ ਮੋਡ 'ਚ ਤਾਇਨਾਤ ਕੀਤਾ ਗਿਆ ਸੀ, ਤਾਂ ਜੋ ਲੋੜ ਪੈਣ 'ਤੇ ਤੁਰੰਤ ਆਵਾਜਾਈ ਵਿਵਸਥਾ ਸੰਭਾਲੀ ਜਾ ਸਕੇ।

## 'ਇੰਜ ਨਹੀਂ ਹੋ ਸਕਦਾ ਕਿ ਹਿੰਦੀ ਨਾ ਪੜ੍ਹਾਈ ਜਾਵੇ', ਤਾਮਿਲਨਾਡੂ ਸਰਕਾਰ ਦੀ ਪਟੀਸ਼ਨ 'ਤੇ ਸੁਪਰੀਮ ਕੋਰਟ ਦੀ ਸਖ਼ਤ ਟਿੱਪਣੀ

ਕੌਮੀ ਪਤ੍ਰਿਕਾ
ਤੇਜਿੰਦਰ ਕੌਰ ਬੱਬਰ

ਨਵੀਂ ਦਿੱਲੀ 20 ਸਤੰਬਰ। ਸੁਪਰੀਮ ਕੋਰਟ ਨੇ ਤਾਮਿਲਨਾਡੂ ਸਰਕਾਰ ਨੂੰ 15 ਦਸੰਬਰ, 2025 ਦੇ ਆਪਣੇ ਹੁਕਮ ਦੀ ਪਾਲਣਾ ਕਰਨ ਦਾ ਨਿਰਦੇਸ਼ ਦਿੱਤਾ, ਜਿਸ ਵਿੱਚ ਜਵਾਹਰ ਨਵੋਦਿਆ ਵਿਦਿਆਲਿਆ ਦੀ ਸਥਾਪਨਾ ਲਈ ਹਰੇਕ ਜ਼ਿਲ੍ਹੇ ਵਿੱਚ ਜ਼ਮੀਨ ਦੀ ਪਛਾਣ ਕਰਨ ਦਾ ਆਦੇਸ਼ ਦਿੱਤਾ ਗਿਆ ਸੀ। ਇਸਨੇ ਰਾਜ ਅਤੇ ਕੇਂਦਰ ਸਰਕਾਰ ਨੂੰ ਇਨ੍ਹਾਂ ਸਕੂਲਾਂ ਬਾਰੇ ਆਪਣੇ ਮਤਭੇਦਾਂ ਨੂੰ ਗੱਲਬਾਤ ਰਾਹੀਂ ਹੱਲ ਕਰਨ ਲਈ ਵੀ ਕਿਹਾ। ਬੈਂਚ ਨੇ ਕਿਹਾ ਕਿ ਰਾਜ ਨੂੰ ਇਨ੍ਹਾਂ ਕੇਂਦਰੀ ਫੰਡ ਪ੍ਰਾਪਤ ਸੰਸਥਾਵਾਂ ਨੂੰ ਆਪਣੀ ਮੌਜੂਦਾ ਸਿੱਖਿਆ ਪ੍ਰਣਾਲੀ ਲਈ ਖ਼ਤਰਾ ਨਹੀਂ ਸਮਝਣਾ ਚਾਹੀਦਾ। ਸੁਣਵਾਈ ਦੌਰਾਨ, ਜਸਟਿਸ ਨਾਗਰਥਨਾ ਨੇ ਕਿਹਾ, ਤੁਹਾਨੂੰ ਆਪਣੀ ਮਾਨਸਿਕਤਾ ਬਦਲਣੀ ਪਵੇਗੀ; ਇਹ ਸੰਭਵ ਨਹੀਂ ਹੈ ਕਿ ਤਾਮਿਲਨਾਡੂ ਵਿੱਚ ਹਿੰਦੀ ਨਾ ਪੜ੍ਹਾਈ ਜਾਵੇ। ਸਹਿਕਾਰੀ ਸੰਘਵਾਦ ਦੀ ਲੋੜ 'ਤੇ ਜ਼ੋਰ ਦਿੰਦੇ ਹੋਏ, ਬੈਂਚ ਨੇ ਇਹ ਵੀ ਕਿਹਾ ਕਿ ਚੇਨਈ ਦੇ ਲੋਕਾਂ ਨੂੰ ਦਿੱਲੀ ਦੇ ਲੋਕਾਂ ਤੋਂ ਦੂਰੀ ਨਹੀਂ ਬਣਾਉਣੀ ਚਾਹੀਦੀ। ਅਦਾਲਤ ਨੇ ਕਿਹਾ, ਅਸੀਂ ਕਹਿ ਰਹੇ ਹਾਂ ਕਿ ਤੁਸੀਂ ਆਪਣੇ ਰਾਜ ਵਿੱਚ ਜੋ ਚੰਗਾ ਕੰਮ ਕਰ ਰਹੇ ਹੋ ਉਸ ਤੋਂ ਇਲਾਵਾ ਕੁਝ ਵੀ ਕਰਨ ਨਾਲ ਤੁਹਾਡੇ ਮਿਆਰ ਘੱਟ ਨਹੀਂ ਹੋਣਗੇ। ਦਿੱਲੀ ਤੋਂ ਆਉਣ ਵਾਲੀ ਕਿਸੇ ਵੀ ਚੀਜ਼ ਨਾਲ ਚੇਨਈ ਦਾ ਮਿਆਰ ਨਹੀਂ ਡਿੱਗੇਗਾ। ਚੇਨਈ ਨੂੰ ਦਿੱਲੀ ਤੋਂ ਦੂਰ ਨਹੀਂ ਹੋਣਾ ਚਾਹੀਦਾ, ਨਾ ਹੀ ਦਿੱਲੀ ਨੂੰ ਚੇਨਈ ਤੋਂ ਦੂਰੀ ਬਣਾਉਣੀ ਚਾਹੀਦੀ ਹੈ। ਅਦਾਲਤ ਨੇ ਤਾਮਿਲਨਾਡੂ ਨੂੰ ਹਰੇਕ ਜ਼ਿਲ੍ਹੇ ਵਿੱਚ ਢੁਕਵੀਂ ਜ਼ਮੀਨ ਦੀ ਪਛਾਣ ਕਰਨ ਲਈ ਤਿੰਨ ਮਹੀਨੇ ਹੋਰ ਦਿੱਤੇ ਅਤੇ ਰਾਜ ਅਤੇ ਕੇਂਦਰ ਸਰਕਾਰਾਂ ਦੇ ਪ੍ਰਤੀਨਿਧੀਆਂ ਨੂੰ ਸਕੂਲ ਮੁੜ ਖੋਲ੍ਹਣ ਦੀ ਨੀਤੀ 'ਤੇ ਹੋਰ ਚਰਚਾ ਕਰਨ ਦਾ ਨਿਰਦੇਸ਼ ਦਿੱਤਾ। ਇਸ ਮਾਮਲੇ ਦੀ ਸੁਣਵਾਈ 14 ਦਸੰਬਰ ਨੂੰ ਹੋਵੇਗੀ। ਤਾਮਿਲਨਾਡੂ ਨੇ ਭਾਸ਼ਾ ਦੀ ਰੁਕਾਵਟ ਬਾਰੇ ਚਿੰਤਾਵਾਂ ਜ਼ਾਹਰ ਕੀਤੀਆਂ ਹਨ। ਇਹ ਮਾਮਲਾ ਮਦਰਾਸ ਹਾਈ ਕੋਰਟ ਦੇ ਹਰ ਜ਼ਿਲ੍ਹੇ ਵਿੱਚ ਨਵੋਦਿਆ ਵਿਦਿਆਲਿਆ ਖੋਲ੍ਹਣ ਦੇ ਨਿਰਦੇਸ਼ ਦੇਣ ਵਾਲੇ ਆਦੇਸ਼ ਨੂੰ ਚੁਣੌਤੀ ਦੇਣ ਨਾਲ ਸਬੰਧਤ ਹੈ। ਨਵੋਦਿਆ ਸਕੂਲ ਕੇਂਦਰੀ ਫੰਡ ਪ੍ਰਾਪਤ ਰਿਹਾਇਸ਼ੀ ਸਕੂਲ ਹਨ ਜੋ ਨਵੋਦਿਆ ਵਿਦਿਆਲਿਆ ਸਮਿਤੀ ਦੁਆਰਾ ਚਲਾਏ ਜਾਂਦੇ ਹਨ, ਜੋ ਕਿ ਕੇਂਦਰ ਸਰਕਾਰ ਦੇ ਸਿੱਖਿਆ ਮੰਤਰਾਲੇ ਦੀ ਇੱਕ ਸਹਾਇਕ ਕੰਪਨੀ ਹੈ। ਤਾਮਿਲਨਾਡੂ ਨੇ ਉਨ੍ਹਾਂ ਦੇ ਖੁੱਲ੍ਹਣ ਦਾ ਵਿਰੋਧ ਕੀਤਾ ਹੈ, ਇੱਕ ਕਾਰਨ ਇਹ ਹੈ ਕਿ ਇਹ ਸਕੂਲ ਤਿੰਨ-ਭਾਸ਼ਾ ਨੀਤੀ ਦੀ ਪਾਲਣਾ ਕਰਦੇ ਹਨ, ਜਿਸ ਵਿੱਚ ਹਿੰਦੀ ਵੀ ਸ਼ਾਮਲ ਹੈ, ਜਦੋਂ ਕਿ ਰਾਜ ਦੀ ਦੋ-ਭਾਸ਼ਾ ਨੀਤੀ ਹੈ। ਤਾਮਿਲਨਾਡੂ ਦੀ ਨੁਮਾਇੰਦਗੀ ਕਰ ਰਹੇ ਸੀਨੀਅਰ ਵਕੀਲ ਜੈਦੀਪ ਗੁਪਤਾ ਨੇ ਅਦਾਲਤ ਨੂੰ ਦੱਸਿਆ ਕਿ ਰਾਜ ਨੂੰ ਸਕੂਲਾਂ ਜਾਂ ਹਿੰਦੀ ਪੜ੍ਹਾਉਣ ਨਾਲ ਕੋਈ ਸਮੱਸਿਆ ਨਹੀਂ ਹੈ, ਸਗੋਂ ਨਵੋਦਿਆ ਯੋਜਨਾ ਨਾਲ ਜੁੜੀ ਭਾਸ਼ਾ ਨੀਤੀ 'ਤੇ ਇਤਰਾਜ਼ ਹੈ। ਇਹ ਰਾਜ ਦੀ ਨੀਤੀ ਦੇ ਵਿਰੁੱਧ ਹੈ। ਇਹ ਤਾਮਿਲ ਨੂੰ ਪਿੱਛੇ ਛੱਡ ਦਿੰਦਾ ਹੈ। ਇਸ ਤਰ੍ਹਾਂ ਦਾ ਏਕੀਕਰਨ ਸੰਵਿਧਾਨ ਦਾ ਉਦੇਸ਼ ਨਹੀਂ ਹੈ। ਇਹ ਕੋਈ ਕੇਂਦਰੀ ਸਰਕਾਰੀ ਸਕੂਲ ਨਹੀਂ ਹੈ। ਇਹ ਇੱਕ ਸਮਾਜ ਦੁਆਰਾ ਚਲਾਇਆ ਜਾਣ ਵਾਲਾ ਸਕੂਲ ਹੈ। ਇਹ ਹਿੰਦੀ ਨੂੰ ਤਰਜੀਹ ਦੇਣ 'ਤੇ ਜ਼ੋਰ ਦਿੰਦਾ ਹੈ। ਜਸਟਿਸ ਨਾਗਰਥਨਾ ਨੇ ਕਿਹਾ ਕਿ ਭਾਸ਼ਾ ਦੇ ਮੁੱਦੇ 'ਤੇ ਕੇਂਦਰ ਅਤੇ ਰਾਜ ਸਰਕਾਰਾਂ ਵਿਚਕਾਰ ਚਰਚਾ ਕੀਤੀ ਜਾ ਸਕਦੀ ਹੈ। ਜੱਜ ਨੇ ਕਿਹਾ, ਜੇ ਤੁਸੀਂ ਤਾਮਿਲ ਨੂੰ ਦੂਜੀ ਭਾਸ਼ਾ ਵਜੋਂ ਚਾਹੁੰਦੇ ਹੋ, ਤਾਂ ਇਸ 'ਤੇ ਵਿਚਾਰ ਕੀਤਾ ਜਾ ਸਕਦਾ ਹੈ। ਉਨ੍ਹਾਂ ਨੇ ਰਾਜ ਸਕੱਤਰ ਨੂੰ ਸਬੰਧਤ ਕੇਂਦਰ ਸਰਕਾਰ ਦੇ ਸਕੱਤਰ ਨਾਲ ਗੱਲ ਕਰਨ ਲਈ ਕਿਹਾ। ਗੁਪਤਾ ਨੇ ਕਿਹਾ ਕਿ ਗੱਲਬਾਤ ਪਹਿਲਾਂ ਹੀ ਹੋ ਚੁੱਕੀ ਹੈ, ਪਰ ਕੇਂਦਰ ਹਿੰਦੀ ਬਾਰੇ ਅਡੋਲ ਰਿਹਾ। ਫਿਰ ਵੀ, ਉਹ ਗੱਲਬਾਤ ਦੇ ਇੱਕ ਹੋਰ ਦੌਰ ਲਈ ਸਹਿਮਤ ਹੋਏ। ਅਦਾਲਤ ਨੇ ਸਹਿਕਾਰੀ ਸੰਘਵਾਦ 'ਤੇ ਜ਼ੋਰ ਦਿੱਤਾ। ਤਾਮਿਲਨਾਡੂ ਨੇ ਇਹ ਵੀ ਕਿਹਾ ਕਿ ਨਿਆਂਪਾਲਿਕਾ ਕਿਸੇ ਰਾਜ ਨੂੰ ਹੁਕਮ ਰਾਹੀਂ ਕੇਂਦਰ



ਸਰਕਾਰ ਦੀ ਵਿਕਲਪਿਕ ਨੀਤੀ ਅਪਣਾਉਣ ਲਈ ਮਜਬੂਰ ਨਹੀਂ ਕਰ ਸਕਦੀ। ਗੁਪਤਾ ਨੇ ਕਿਹਾ ਕਿ ਸਿੱਖਿਆ ਸਮਕਾਲੀ ਸੂਚੀ ਵਿੱਚ ਇੱਕ ਵਿਸ਼ਾ ਹੈ ਅਤੇ ਤਾਮਿਲਨਾਡੂ ਨੂੰ ਆਪਣੀ ਸਿੱਖਿਆ ਨੀਤੀ ਬਣਾਉਣ ਦਾ ਸੰਵਿਧਾਨਕ ਅਧਿਕਾਰ ਹੈ। ਉਨ੍ਹਾਂ ਇਹ ਵੀ ਕਿਹਾ ਕਿ ਨਵੋਦਿਆ ਯੋਜਨਾ ਲਾਜ਼ਮੀ ਨਹੀਂ ਹੈ। ਜਸਟਿਸ ਨਾਗਰਥਨਾ ਨੇ ਪੁੱਛਿਆ, ਸਿੱਖਿਆ ਸਮਕਾਲੀ ਸੂਚੀ ਵਿੱਚ ਹੈ। ਸਹਿਕਾਰੀ ਸੰਘਵਾਦ ਹੋਣਾ ਚਾਹੀਦਾ ਹੈ। ਕੀ ਹੋਵੇਗਾ ਜੇਕਰ ਹਰ ਰਾਜ ਕਹੇ, 'ਮੈਂ ਤੁਹਾਡੀ ਨੀਤੀ ਨਾਲ ਸਹਿਮਤ ਨਹੀਂ ਹਾਂ?' ਬੈਂਚ ਨੇ ਕਿਹਾ ਕਿ ਤਾਮਿਲਨਾਡੂ ਆਪਣੇ ਸੰਸਥਾਨਾਂ ਅਤੇ ਪਾਠਕ੍ਰਮਾਂ ਨੂੰ ਜਾਰੀ ਰੱਖ ਸਕਦਾ ਹੈ, ਜਦੋਂ ਕਿ ਨਵੋਦਿਆ ਸਕੂਲ ਇੱਕ ਵਾਧੂ ਵਿਦਿਅਕ ਵਿਕਲਪ ਪ੍ਰਦਾਨ ਕਰਨਗੇ। ਅਦਾਲਤ ਨੇ ਇਸ ਦਲੀਲ ਨੂੰ ਵੀ ਰੱਦ ਕਰ ਦਿੱਤਾ ਕਿ ਨਵੋਦਿਆ ਸਕੂਲ ਖੁੱਲ੍ਹਣ ਨਾਲ ਤਾਮਿਲਨਾਡੂ ਵਿੱਚ ਸਿੱਖਿਆ ਦਾ ਮਿਆਰ ਹੇਠਾਂ ਆਵੇਗਾ। ਜਸਟਿਸ ਨਾਗਰਥਨਾ ਨੇ ਕਿਹਾ, ਆਖਰਕਾਰ, ਸਾਰਿਆਂ ਨੂੰ ਮਿਲ ਕੇ ਕੰਮ ਕਰਨਾ ਪਵੇਗਾ। ਰਾਜ ਨੇ ਵਿੱਤੀ ਚਿੰਤਾਵਾਂ ਉਠਾਈਆਂ। ਤਾਮਿਲਨਾਡੂ ਨੇ ਵੀ ਵਿੱਤੀ ਚਿੰਤਾਵਾਂ ਉਠਾਉਂਦੇ ਹੋਏ ਕਿਹਾ ਕਿ ਕੇਂਦਰ ਨੇ ਸਿੱਖਿਆ ਲਈ ?5,000 ਕਰੋੜ ਜਾਰੀ ਕਰਨ ਦਾ ਵਾਅਦਾ ਕੀਤਾ ਸੀ ਪਰ ਅਜਿਹਾ ਨਹੀਂ ਕੀਤਾ। ਗੁਪਤਾ ਨੇ ਦਲੀਲ ਦਿੱਤੀ ਕਿ ਜਦੋਂ ਮੌਜੂਦਾ ਸਕੀਮਾਂ ਤਹਿਤ ਫੰਡ ਜਾਰੀ ਨਹੀਂ ਕੀਤੇ ਜਾਂਦੇ, ਤਾਂ ਰਾਜ ਵਾਧੂ ਵਿੱਤੀ ਬੋਝ ਨਹੀਂ ਝੱਲ ਸਕਦਾ।

# 'ਮੋਬਾਇਲ ਫੋਨ' ਬੱਚਿਆਂ ਲਈ ਗਿਆਨ ਦਾ ਸਾਧਨ ਜਾਂ ਸਿਹਤ ਲਈ ਵੱਡੀ ਚੁਣੌਤੀ?

**ਕੌਮੀ ਪਤ੍ਰਿਕਾ**

ਚੇਤਨਪੁਰਾ/ਅਜਨਾਲਾ/ਰਾਜਾ ਸਾਂਸੀ 20 ਸਤੰਬਰ। ਅੱਜ ਦੇ ਆਧੁਨਿਕ ਦੌਰ 'ਚ ਮੋਬਾਇਲ ਫੋਨ ਬੱਚਿਆਂ ਦੀ ਜ਼ਿੰਦਗੀ ਦਾ ਅਹਿਮ ਹਿੱਸਾ ਬਣ ਗਿਆ ਹੈ। ਪੜ੍ਹਾਈ ਤੋਂ ਲੈ ਕੇ ਮਨੋਰੰਜਨ ਅਤੇ ਆਨਲਾਈਨ ਜਾਣਕਾਰੀ ਹਾਸਲ ਕਰਨ ਤੱਕ ਮੋਬਾਇਲ ਦੀ ਵਰਤੋਂ ਵਧ ਰਹੀ ਹੈ। ਪਰ ਇਸ ਦੀ ਲੋੜ ਤੋਂ ਵੱਧ ਅਤੇ ਲਗਾਤਾਰ ਵਰਤੋਂ ਬੱਚਿਆਂ ਦੀ ਸਰੀਰਕ ਅਤੇ ਮਾਨਸਿਕ ਸਿਹਤ ਲਈ ਚਿੰਤਾ ਦਾ ਵਿਸ਼ਾ ਬਣਦੀ ਜਾ ਰਹੀ ਹੈ। ਮੋਬਾਇਲ ਦੀ ਸਕਰੀਨ ਨੂੰ ਲੰਬੇ ਸਮੇਂ ਤੱਕ ਨੇੜਿਓਂ ਦੇਖਣ ਕਾਰਨ ਬੱਚਿਆਂ ਦੀਆਂ ਅੱਖਾਂ 'ਚ ਥਕਾਵਟ, ਜਲਣ, ਪਾਣੀ ਆਉਣਾ, ਸਿਰ ਦਰਦ ਅਤੇ ਧੁੰਦਲਾ ਦਿਖਾਈ ਦੇਣ ਵਰਗੀਆਂ ਸਮੱਸਿਆਵਾਂ ਪੈਦਾ ਹੋ ਸਕਦੀਆਂ ਹਨ। ਖ਼ਾਸ ਕਰ ਕੇ ਹਨੇਰੇ ਕਮਰੇ 'ਚ ਜਾਂ ਲੇਟ ਕੇ ਮੋਬਾਇਲ ਚਲਾਉਣ ਦੀ ਆਦਤ ਅੱਖਾਂ 'ਤੇ ਹੋਰ ਦਬਾਅ ਪਾ ਸਕਦੀ ਹੈ। ਗਰਦਨ ਝੁਕਾ ਕੇ ਮੋਬਾਇਲ ਦੇਖਣਾ ਬਣ ਸਕਦਾ 'ਟੈਕਸਟ ਨੇਕ' ਦਾ ਕਾਰਨ : ਮੋਬਾਇਲ ਚਲਾਉਂਦੇ ਸਮੇਂ ਬੱਚੇ ਲੰਬੇ ਸਮੇਂ ਤੱਕ ਗਰਦਨ ਝੁਕਾ ਕੇ ਬੈਠੇ ਰਹਿੰਦੇ ਹਨ। ਇਸ ਨਾਲ ਗਰਦਨ ਅਤੇ ਮੋਢਿਆਂ ਦੀਆਂ ਮਾਸਪੇਸ਼ੀਆਂ 'ਤੇ ਲਗਾਤਾਰ ਦਬਾਅ ਪੈਂਦਾ ਹੈ। ਨਤੀਜੇ ਵਜੋਂ ਗਰਦਨ ਦਰਦ,



ਮੋਢਿਆਂ 'ਚ ਖਿਚਾਅ, ਪਿੱਠ ਦਰਦ ਅਤੇ ਸਿਰ ਦਰਦ ਦੀ ਸਮੱਸਿਆ ਹੋ ਸਕਦੀ ਹੈ। ਗਲਤ ਪੋਸਚਰ ਲੰਬੇ ਸਮੇਂ ਤੱਕ ਜਾਰੀ ਰਹਿਣ ਨਾਲ ਗਰਦਨ ਦੀਆਂ ਸਮੱਸਿਆਵਾਂ ਹੋਰ ਵਧ ਜਾਂਦੀਆਂ ਹਨ। ਨੀਂਦ ਦਾ ਰੁਟੀਨ ਵਿਗਾੜ ਰਿਹਾ ਦੇਰ ਰਾਤ ਤੱਕ ਮੋਬਾਇਲ : ਕਈ ਬੱਚੇ ਰਾਤ ਨੂੰ ਸੌਣ ਦੀ ਬਜਾਏ ਮੋਬਾਇਲ 'ਤੇ ਵੀਡੀਓ, ਗੇਮਾਂ ਜਾਂ ਸੋਸ਼ਲ ਮੀਡੀਆ 'ਚ ਰੁੱਝੇ ਰਹਿੰਦੇ ਹਨ। ਇਸ ਕਾਰਨ ਸੌਣ ਦਾ ਸਮਾਂ ਪਿੱਛੇ ਹੁੰਦਾ ਜਾਂਦਾ ਹੈ ਅਤੇ ਨੀਂਦ ਪੂਰੀ ਨਾ ਹੋਣ ਕਾਰਨ ਅਗਲੇ ਦਿਨ ਥਕਾਵਟ, ਚਿੜਚਿੜਾਪਣ ਅਤੇ ਪੜ੍ਹਾਈ 'ਚ ਧਿਆਨ ਦੀ ਕਮੀ ਮਹਿਸੂਸ ਹੋ ਸਕਦੀ ਹੈ। ਖੇਡਾਂ ਦੇ ਮੈਦਾਨਾਂ ਤੋਂ ਵਧੀ ਦੂਰੀ : ਮੋਬਾਇਲ ਦੀ ਲਗਾਤਾਰ ਵਰਤੋਂ ਕਾਰਨ ਬੱਚਿਆਂ ਦਾ ਬਾਹਰ ਖੇਡਣ, ਦੌੜਨ ਅਤੇ ਸਰੀਰਕ ਗਤੀਵਿਧੀਆਂ 'ਚ ਹਿੱਸਾ ਲੈਣ ਦਾ ਸਮਾਂ ਘੱਟ ਹੋ ਰਿਹਾ ਹੈ। ਲੰਬੇ ਸਮੇਂ ਤੱਕ ਬੈਠੇ ਰਹਿਣ ਦੀ ਆਦਤ ਸਰੀਰਕ ਸਰਗਰਮੀ ਘਟਾ ਸਕਦੀ ਹੈ ਅਤੇ ਬੱਚਿਆਂ ਦੀ ਫਿਟਨੈੱਸ 'ਤੇ ਮਾੜਾ ਅਸਰ ਪੈ ਸਕਦਾ ਹੈ। ਪੜ੍ਹਾਈ ਦੌਰਾਨ ਵੀ ਧਿਆਨ ਭਟਕਾਉਂਦੈ : ਮੋਬਾਇਲ ਪੜ੍ਹਾਈ ਲਈ ਲਾਭਦਾਇਕ ਸਾਧਨ ਹੋਣ ਦੇ ਬਾਵਜੂਦ ਇਸ ਦੀ ਗੈਰ-ਜ਼ਰੂਰੀ ਵਰਤੋਂ ਬੱਚਿਆਂ ਦਾ ਧਿਆਨ ਪੜ੍ਹਾਈ ਤੋਂ ਹਟਾ ਦਿੰਦੀ ਹੈ। ਨੋਟੀਫਿਕੇਸ਼ਨ, ਗੇਮਾਂ, ਛੋਟੀਆਂ ਵੀਡੀਓਜ਼ ਅਤੇ ਸੋਸ਼ਲ ਮੀਡੀਆ ਕਾਰਨ ਬੱਚੇ ਇਕ ਕੰਮ 'ਤੇ ਲੰਬੇ ਸਮੇਂ ਤੱਕ ਧਿਆਨ ਕੇਂਦਰਿਤ ਕਰਨ 'ਚ ਮੁਸ਼ਕਲ ਮਹਿਸੂਸ ਕਰ ਸਕਦੇ ਹਨ। ਨੁਕਸਾਨਦਾਇਕ ਨਹੀਂ, ਜੇਕਰ ਸਹੀ ਵਰਤੋਂ ਹੋਵੇ : ਮੋਬਾਇਲ ਫੋਨ ਦੀ ਸੰਤੁਲਿਤ ਅਤੇ ਸਹੀ ਵਰਤੋਂ ਬੱਚਿਆਂ ਲਈ ਕਾਫ਼ੀ ਲਾਭਦਾਇਕ ਵੀ ਹੋ ਸਕਦੀ ਹੈ। ਇੰਟਰਨੈੱਟ ਰਾਹੀਂ ਬੱਚੇ ਪੜ੍ਹਾਈ ਨਾਲ ਸਬੰਧਤ ਵੀਡੀਓਜ਼, ਈ-ਬੁੱਕਾਂ, ਡਿਕਸ਼ਨਰੀ, ਵਿਦਿਅਕ ਐਪਸ ਅਤੇ ਆਨਲਾਈਨ ਕੋਰਸਾਂ ਦੀ ਮਦਦ ਨਾਲ ਆਪਣਾ ਗਿਆਨ ਵਧਾ ਸਕਦੇ ਹਨ। ਵਿਦਿਅਕ ਐਪਸ, ਆਨਲਾਈਨ ਲੈਕਚਰ, ਭਾਸ਼ਾਵਾਂ ਸਿੱਖਣ ਵਾਲੀਆਂ ਐਪਸ ਅਤੇ ਜਾਣਕਾਰੀ ਭਰਪੂਰ ਸਮੱਗਰੀ ਬੱਚਿਆਂ ਦੀ ਸਿੱਖਿਆ ਨੂੰ ਹੋਰ ਰੁਚਿਕਰ ਬਣਾ ਸਕਦੀ ਹੈ। ਕਿਸੇ ਵਿਸ਼ੇ ਨੂੰ ਸਮਝਣ 'ਚ ਮੁਸ਼ਕਲ ਹੋਵੇ ਤਾਂ ਬੱਚੇ ਮੋਬਾਇਲ ਰਾਹੀਂ ਵੱਖ-ਵੱਖ ਸਰੋਤਾਂ ਤੋਂ ਜਾਣਕਾਰੀ ਹਾਸਲ ਕਰ ਸਕਦੇ ਹਨ। ਮੋਬਾਇਲ ਰਾਹੀਂ ਬੱਚੇ ਦੇਸ਼-ਵਿਦੇਸ਼ ਦੀਆਂ ਖ਼ਬਰਾਂ, ਵਿਗਿਆਨ, ਟੈਕਨਾਲੋਜੀ, ਇਤਿਹਾਸ, ਖੇਡਾਂ ਅਤੇ ਹੋਰ ਵਿਸ਼ਿਆਂ ਬਾਰੇ ਜਾਣਕਾਰੀ ਪ੍ਰਾਪਤ ਕਰ ਸਕਦੇ ਹਨ। ਇਸ ਨਾਲ ਉਨ੍ਹਾਂ ਦੀ ਆਮ ਜਾਣਕਾਰੀ ਅਤੇ ਨਵੀਆਂ ਚੀਜ਼ਾਂ ਸਿੱਖਣ ਦੀ ਸਮਰੱਥਾ ਵਧ ਸਕਦੀ ਹੈ। ਬੱਚਿਆਂ ਤੋਂ ਮੋਬਾਇਲ ਪੂਰੀ ਤਰ੍ਹਾਂ ਖੋਹਣ ਦੀ ਬਜਾਏ ਉਨ੍ਹਾਂ ਨੂੰ ਸਹੀ ਅਤੇ ਸੀਮਤ ਵਰਤੋਂ ਦੀ ਆਦਤ ਪਾਈ ਜਾਵੇ। ਮਾਪੇ ਇਹ ਧਿਆਨ ਰੱਖਣ ਕਿ ਬੱਚਾ ਮੋਬਾਇਲ ਕਿਸ ਕੰਮ ਲਈ ਵਰਤ ਰਿਹਾ ਹੈ ਅਤੇ ਕਿੰਨਾ ਸਮਾਂ ਸਕਰੀਨ 'ਤੇ ਬਿਤਾ ਰਿਹਾ ਹੈ। ਮੋਬਾਇਲ ਨੂੰ ਪੜ੍ਹਾਈ ਅਤੇ ਗਿਆਨ ਦਾ ਸਾਧਨ ਬਣਾਇਆ ਜਾਵੇ, ਪਰ ਇਸ ਨੂੰ ਬੱਚਿਆਂ ਦੀ ਜ਼ਿੰਦਗੀ ਦਾ ਕੇਂਦਰ ਨਾ ਬਣਨ ਦਿੱਤਾ ਜਾਵੇ। ਬੱਚਿਆਂ ਲਈ ਖੇਡਾਂ, ਕਿਤਾਬਾਂ, ਪਰਿਵਾਰ ਨਾਲ ਸਮਾਂ ਅਤੇ ਬਾਹਰੀ ਸਰਗਰਮੀਆਂ ਵੀ ਉਨੀ ਹੀ ਜ਼ਰੂਰੀ ਹਨ।

# ਵਾਹਨ ਪ੍ਰਚੂਨ ਵਿਕਰੀ 17.51 ਫੀਸਦੀ ਵਧ ਕੇ ਰਿਕਾਰਡ ਪੱਧਰ 'ਤੇ

**ਕੌਮੀ ਪਤ੍ਰਿਕਾ**

ਬਿਜ਼ਨੈੱਸ ਡੈਸਕ 20 ਸਤੰਬਰ। ਦੇਸ਼ 'ਚ ਵਾਹਨਾਂ ਦੀ ਪ੍ਰਚੂਨ ਵਿਕਰੀ ਅਗਸਤ 'ਚ ਸਾਲਾਨਾ ਆਧਾਰ 'ਤੇ 17.51 ਫੀਸਦੀ ਵਧ ਕੇ 24,23,201 ਇਕਾਈ ਦੇ



ਰਿਕਾਰਡ ਪੱਧਰ 'ਤੇ ਪਹੁੰਚ ਗਈ। ਫੈੱਡਰੇਸ਼ਨ ਆਫ਼ ਆਟੋਮੋਬਾਈਲ ਡੀਲਰਜ਼ ਐਸੋਸੀਏਸ਼ਨ (ਫਾਡਾ) ਨੇ ਦੱਸਿਆ ਕਿ ਮਾਨਸੂਨ ਦੀ ਮੌਸਮੀ ਸੁਸਤੀ ਅਤੇ ਤਿਉਹਾਰਾਂ ਦੇ ਦੇਰ ਨਾਲ ਸ਼ੁਰੂ ਹੋਣ ਦੇ ਬਾਵਜੂਦ ਜੀ. ਐੱਸ. ਟੀ. ਦਰਾਂ 'ਚ ਕਟੌਤੀ ਨਾਲ ਬਣੀ ਮੰਗ ਨੇ ਵਿਕਰੀ ਨੂੰ ਮਜ਼ਬੂਤੀ ਦਿੱਤੀ। ਅਗਸਤ 2025 'ਚ ਕੁੱਲ ਵਾਹਨ ਪ੍ਰਚੂਨ ਵਿਕਰੀ 20,62,038 ਇਕਾਈ ਰਹੀ ਸੀ। ਯਾਤਰੀ ਵਾਹਨਾਂ ਦੀ ਵਿਕਰੀ 16.14 ਫੀਸਦੀ ਵਧ ਕੇ 4,02,398 ਇਕਾਈ ਹੋ ਗਈ। ਉੱਥੇ ਹੀ ਦੋ-ਪਹੀਆ ਵਾਹਨਾਂ ਦੀ ਵਿਕਰੀ 19.69 ਫੀਸਦੀ ਵਧ ਕੇ 17,14,610 ਇਕਾਈ ਰਹੀ। ਤਿੰਨ-ਪਹੀਆ ਵਾਹਨਾਂ ਦੀ ਵਿਕਰੀ 8.64 ਫੀਸਦੀ ਵਧ ਕੇ 1,22,281 ਇਕਾਈ ਅਤੇ ਵਪਾਰਕ ਵਾਹਨਾਂ ਦੀ ਵਿਕਰੀ 14.45 ਫੀਸਦੀ ਵਧ ਕੇ 90,769 ਇਕਾਈ ਰਹੀ। ਫਾਡਾ ਦੇ ਪ੍ਰਧਾਨ ਸਾਈਂ ਗਿਰੀਧਰ ਨੇ ਕਿਹਾ ਕਿ ਅਗਸਤ ਹੁਣ ਤੱਕ ਦਾ ਸਭ ਤੋਂ ਵੱਧ ਵਿਕਰੀ ਵਾਲਾ ਅਗਸਤ ਰਿਹਾ। ਉਨ੍ਹਾਂ ਦੱਸਿਆ ਕਿ ਯਾਤਰੀ ਵਾਹਨ ਬਾਜ਼ਾਰ 'ਚ ਪਹਿਲੀ ਵਾਰ ਸੀ. ਐੱਨ. ਜੀ., ਹਾਈਬ੍ਰਿਡ ਅਤੇ ਇਲੈਕਟ੍ਰਿਕ ਸਮੇਤ ਬਦਲਵੇਂ ਈਂਧਨ ਵਾਹਨਾਂ ਦੀ ਹਿੱਸੇਦਾਰੀ 41.95 ਫੀਸਦੀ ਰਹੀ, ਜੋ ਪੈਟਰੋਲ ਵਾਹਨਾਂ ਦੀ 40.85 ਫੀਸਦੀ ਹਿੱਸੇਦਾਰੀ ਤੋਂ ਜ਼ਿਆਦਾ ਹੈ।

## ਥਾਣਾ ਸਦਰ ਮੋਗਾ 'ਤੇ ਗ੍ਰਨੇਡ ਸੁੱਟਣ ਦੇ ਮਾਮਲੇ 'ਚ ਇਕ ਹੋਰ ਕਾਬੂ

ਮੋਗਾ 20 ਸਤੰਬਰ। ਮੋਗਾ ਪੁਲਸ ਨੇ 8 ਜੁਲਾਈ ਨੂੰ ਥਾਣਾ ਸਦਰ ਮੋਗਾ 'ਤੇ ਹੈਂਡ ਗ੍ਰਨੇਡ ਸੁੱਟਣ ਦੇ ਮਾਮਲੇ ਵਿਚ ਇਕ ਹੋਰ ਕਥਿਤ ਮੁਲਜ਼ਮ ਨੂੰ ਕਾਬੂ ਕੀਤਾ ਹੈ। ਪੁਲਸ ਅਨੁਸਾਰ ਇਸ ਮਾਮਲੇ ਵਿਚ ਪਹਿਲਾਂ ਹੀ 18 ਵਿਅਕਤੀਆਂ ਨੂੰ ਕਾਬੂ ਕੀਤਾ ਜਾ ਚੁੱਕਾ ਹੈ। ਜ਼ਿਲਾ ਪੁਲਸ ਮੁਖੀ ਸਰਤਾਜ ਸਿੰਘ ਚਾਹਲ ਨੇ ਦੱਸਿਆ ਕਿ ਜਾਂਚ ਦੌਰਾਨ ਪੁਲਸ ਵੱਲੋਂ ਆਈ. ਡੀ. ਬਣਾਉਣ ਨਾਲ ਸਬੰਧਤ ਸਮੱਗਰੀ, ਇਲੈਕਟ?ਰਾਨਿਕ ਡੈਟੋਨੇਟਰ, 9 ਐੱਮ. ਐੱਮ. ਬਲਾਕ ਪਿਸਤੌਲ, ਮੈਗਜ਼ੀਨ ਅਤੇ ਕਥਿਤ ਵਾਰਦਾਤ ਵਿਚ ਵਰਤਿਆ ਮੋਟਰਸਾਈਕਲ ਬਰਾਮਦ ਕੀਤਾ ਜਾ ਚੁੱਕਾ ਹੈ।

# ਲੁਧਿਆਣਾ ਬੰਦ, ਹਾਈਵੇ 'ਤੇ ਪੂਰੀ ਤਰ੍ਹਾਂ ਠੱਪ ਹੋਈ ਆਵਾਜਾਈ, ਵੱਡੀ ਗਿਣਤੀ ਪੁਲਸ ਤਾਇਨਾਤ

ਲੁਧਿਆਣਾ 20 ਸਤੰਬਰ। ਲੁਧਿਆਣਾ ਦੇ ਜਲੰਧਰ ਬਾਈਪਾਸ ਚੌਂਕ ਵਿਚ ਬੀਤੀ ਸ਼ਾਮ ਡਾ. ਬੀ.ਆਰ. ਅੰਬੇਡਕਰ ਦੇ ਬੁੱਤ ਨਾਲ



ਹੋਈ ਬੇਅਦਬੀ ਦੇ ਮਾਮਲੇ ਵਿਚ ਅੱਜ ਦਲਿਤ ਭਾਈਚਾਰੇ ਨੇ ਲੁਧਿਆਣਾ ਬੰਦ ਦਾ ਐਲਾਨ ਕੀਤਾ ਹੈ। ਸ਼ਹਿਰ ਵਿਚ ਸਵੇਰੇ 10 ਤੋਂ ਸ਼ਾਮ 4 ਵਜੇ ਤੱਕ ਬਜ਼ਾਰ ਬੰਦ ਰੱਖਿਆ ਜਾਵੇਗਾ। ਤਾਜ਼ਾ ਹਾਲਾਤ ਇਹ ਹਨ ਕਿ ਅੰਬੇਡਕਰ ਦੇ ਬੁੱਤ ਦੇ ਬੇਅਦਬੀ ਦੇ ਵਿਰੋਧ ਵਿਚ ਗੁੱਸੇ ਵਿਚ ਆਏ ਪ੍ਰਦਰਸ਼ਨਕਾਰੀਆਂ ਨੇ ਜਲੰਧਰ-ਪਾਣੀਪਤ ਨੈਸ਼ਨਲ ਹਾਈਵੇਅ ਜਾਮ ਕਰ ਦਿੱਤਾ ਹੈ। ਚੌਂਕ ਨੂੰ ਸਾਰੇ ਪਾਸਿਓਂ ਬੰਦ ਕਰਕੇ ਧਰਨਾ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ, ਜਿਸ ਦੌਰਾਨ ਟ?ਰੈਫਿਕ ਜਾਮ ਲੱਗ ਗਿਆ ਅਤੇ ਵਾਹਨਾਂ ਦੀਆਂ ਲੰਬੀਆਂ ਕਤਾਰਾਂ ਲੱਗ ਗਈਆਂ ਹਨ। ਹਾਈਵੇ 'ਤੇ ਲੱਗੇ ਧਰਨੇ ਕਾਰਣ ਆਸਪਾਸ ਦੀਆਂ ਦਰਜਨ ਤੋਂ ਵੱਧ ਸੜਕਾਂ ਪ੍ਰਭਾਵਤ ਹੋਈਆਂ ਹਨ ਅਤੇ ਵਾਹਨਾਂ ਦਾ ਭਾਰੀ ਜਾਮ ਲੱਗਾ ਹੈ। ਇਸ ਦਰਮਿਆਨ ਰਾਹਗਿਰਾਂ ਨੂੰ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ। ਕਿਸੇ ਵੀ ਅਣਸੁਖਾਵੀਂ ਘਟਨਾ ਨੂੰ ਵਾਪਰਨ ਤੋਂ ਰੋਕਣ ਲਈ ਪੁਲਸ ਵੱਲੋਂ ਸੁਰੱਖਿਆ ਦੇ ਪੁਖਤਾ ਪ੍ਰਬੰਧ ਕੀਤੇ ਗਏ ਹਨ। ਵੱਡੀ ਗਿਣਤੀ ਜਵਾਨਾਂ ਨੂੰ ਤਾਇਨਾਤ ਕੀਤਾ ਗਿਆ ਹੈ। ਪੁਲਸ ਵੱਲੋਂ ਪੁਲਸ ਵੱਲੋਂ ਫਿਲਹਾਲ ਜਗਰਾਓਂ ਪੁਲ ਤੋਂ ਸਮਰਾਲਾ ਚੌਕ ਫਲਾਈਓਵਰ ਵੱਲ ਜਾਣ ਵਾਲੇ ਟ?ਰੈਫਿਕ ਅਤੇ ਸਦਰਨ ਬਾਈਪਾਸ ਵੱਲ ਜਾਣ ਵਾਲੇ ਟ?ਰੈਫਿਕ ਨੂੰ ਡਾਇਵਰਟ ਕੀਤਾ ਗਿਆ ਹੈ। ਵੱਖ-ਵੱਖ ਜਥੇਬੰਦੀਆਂ ਦੇ ਮੈਂਬਰਾਂ ਦਾ ਦੋਸ਼ ਹੈ ਕਿ ਇਸ ਥਾਂ 'ਤੇ ਪਹਿਲਾਂ ਵੀ ਬੇਅਦਬੀ ਹੋਈ ਸੀ, ਉਸ ਮਾਮਲੇ ਵਿਚ ਹਾਲੇ ਤੱਕ ਕੁਝ ਨਹੀਂ ਹੋਇਆ। ਹੁਣ ਦੁਬਾਰਾ ਬੇਅਦਬੀ ਕੀਤੀ ਗਈ ਹੈ ਜਿਸ ਨੂੰ ਅਸੀਂ ਕਿਸੇ ਕੀਮਤ 'ਤੇ ਬਰਦਾਸ਼ਤ ਨਹੀਂ ਕਰੇਗਾ। ਉਨ੍ਹਾਂ ਮੰਗ ਕੀਤੀ ਕਿ ਮੁਲਜ਼ਮਾਂ ਨੂੰ ਜਲਦ ਤੋਂ ਜਲਦ ਗ੍ਰਿਫ਼ਤਾਰ ਕਰਕੇ ਸਖ਼ਤ ਸਜ਼ਾ ਦਿੱਤੀ ਜਾਵੇ।

# ਜਲੰਧਰ ਬੰਦ ਦਾ ਐਲਾਨ ! ਸਕੂਲ-ਕਾਲਜ ਖੁੱਲ੍ਹੇ ਰਹਿਣਗੇ ਜਾਂ ਰਹੇਗੀ ਛੁੱਟੀ

**ਕੌਮੀ ਪਤ੍ਰਿਕਾ**

ਜਲੰਧਰ 20 ਸਤੰਬਰ। ਲੁਧਿਆਣਾ ਦੇ ਜਲੰਧਰ



ਬਾਈਪਾਸ ਚੌਕ ਵਿਖੇ ਡਾ. ਬੀ. ਆਰ. ਅੰਬੇਡਕਰ ਦੀ ਮੂਰਤੀ ਨਾਲ ਕੀਤੀ ਗਈ ਛੇੜਛਾੜ ਦਾ ਮਾਮਲਾ ਭੱਖਦਾ ਜਾ ਰਿਹਾ ਹੈ। ਇਸੇ ਵਿਰੋਧ 'ਚ ਅੱਜ ਲੁਧਿਆਣਾ ਪੂਰੀ ਤਰ੍ਹਾਂ ਬੰਦ ਰਿਹਾ ਅਤੇ ਵਾਲਮੀਕਿ ਭਾਈਚਾਰੇ ਵੱਲੋਂ ਹਾਈਵੇਅ ਜਾਮ ਕਰਕੇ ਰੋਸ ਪ੍ਰਦਰਸ਼ਨ ਕੀਤਾ ਗਿਆ। ਲੁਧਿਆਣਾ ਤੋਂ ਬਾਅਦ ਹੁਣ ਜਲੰਧਰ ਵਿਚ ਵੀ ਵਾਲਮੀਕਿ ਭਾਈਚਾਰੇ ਨੇ ਭਲਕੇ ਬੰਦ ਦਾ ਐਲਾਨ ਕਰ ਦਿੱਤਾ ਹੈ। ਡਾ. ਅੰਬੇਡਕਰ ਦੀ ਮੂਰਤੀ ਨਾਲ ਕੀਤੀ ਛੇੜਛਾੜ ਦੀ ਘਟਨਾ ਨੂੰ ਲੈ ਕੇ ਦਲਿਤ ਭਾਈਚਾਰੇ ਵਿਚ ਰੋਸ ਪਾਇਆ ਜਾ ਰਿਹਾ ਹੈ। ਜਲੰਧਰ 'ਚ ਵਾਲਮੀਕਿ ਸਮਾਜ ਅਤੇ ਦਲਿਤ ਸੰਗਠਨਾਂ ਨੇ ਕੱਲ੍ਹ ਯਾਨੀ ਕਿ ਵੀਰਵਾਰ ਸਵੇਰੇ 9 ਵਜੇ ਤੋਂ ਸ਼ਾਮ 5 ਵਜੇ ਤੱਕ ਸ਼ਹਿਰ ਪੂਰਨ ਰੂਪ 'ਚ ਬੰਦ ਰੱਖਣ ਦਾ ਸੱਦਾ ਦਿੱਤਾ ਹੈ। ਆਮ ਜਨਤਾ ਦੀ ਸਹੂਲਤ ਨੂੰ ਧਿਆਨ 'ਚ ਰੱਖਦੇ ਹੋਏ ਸਕੂਲ, ਕਾਲਜ ਅਤੇ ਮੈਡੀਕਲ ਸਟੋਰ (ਐਮਰਜੈਂਸੀ ਸੇਵਾਵਾਂ) ਬੰਦ ਤੋਂ ਮੁਕਤ ਰਹਿਣਗੇ। ਬੰਦ ਦਾ ਇਹ ਫ਼ੈਸਲਾ 'ਭਗਵਾਨ ਵਾਲਮੀਕਿ ਸ਼ਕਤੀ ਕ੍ਰਾਂਤੀ ਸੇਨਾ ਪੰਜਾਬ' ਦੇ ਪ੍ਰਧਾਨ ਰਾਜੀਵ ਗੋਰਾ ਅਤੇ 'ਭੀਮ ਕ੍ਰਾਂਤੀ ਸੇਨਾ' ਦੇ ਪ੍ਰਧਾਨ ਗੌਰਵ ਵਾਲਮੀਕਿ ਦੀ ਸਾਂਝੀ ਅਗਵਾਈ ਹੇਠ ਲਿਆ ਗਿਆ। ਰਾਜੀਵ ਗੋਰਾ ਨੇ ਦੱਸਿਆ ਕਿ ਅਸਮਾਜਿਕ ਅਨਸਰਾਂ ਵੱਲੋਂ ਕੀਤੀ ਗਈ ਇਹ ਹਰਕਤ ਬੇਹੱਦ ਨਿੰਦਣਯੋਗ ਹੈ। ਉਨ੍ਹਾਂ ਖੁਲਾਸਾ ਕੀਤਾ ਕਿ ਅਜਿਹੀ ਘਟਨਾ 10ਵੀਂ ਵਾਰ ਹੋ ਚੁੱਕੀ ਹੈ। ਪਹਿਲਾਂ ਵੀ ਇਥੇ ਥਾਂ 'ਤੇ ਮੂਰਤੀ ਦੇ ਸ਼ੀਸ਼ੇ ਤੋੜੇ ਗਏ ਸਨ ਪਰ ਪ੍ਰਸ਼ਾਸਨ ਨੇ ਸੀ. ਸੀ. ਟੀ. ਵੀ. ਕੈਮਰੇ ਲਗਾਉਣ ਦੀ ਮੰਗ ਨੂੰ ਅਣਸੁਣਿਆ ਕਰ ਦਿੱਤਾ ਸੀ। ਉਨ੍ਹਾਂ ਦੋਸ਼ ਲਾਇਆ ਕਿ ਭਗਵਾਨ ਵਾਲਮੀਕਿ ਜੀ ਦੇ ਪ੍ਰਗਟ ਦਿਵਸ ਤੋਂ ਠੀਕ ਪਹਿਲਾਂ ਸਾਜ਼ਿਸ਼ ਤਹਿਤ ਮਾਹੌਲ ਖ਼ਰਾਬ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। 'ਭੀਮ ਕ੍ਰਾਂਤੀ ਸੇਨਾ' ਦੇ ਪ੍ਰਧਾਨ ਗੌਰਵ ਨੇ ਦੋਸ਼ ਲਾਇਆ ਕਿ ਕੁਝ ਸਿਆਸੀ ਪਾਰਟੀਆਂ ਆਪਣੀ ਰਾਜਨੀਤੀ ਚਮਕਾਉਣ ਲਈ ਅਜਿਹੀਆਂ ਘਟਨਾਵਾਂ ਕਰਵਾ ਰਹੀਆਂ ਹਨ ਅਤੇ ਪੁਲਸ ਸੁਰੱਖਿਆ ਦੇ ਪੁਖ਼ਤਾ ਇੰਤਜ਼ਾਮ ਨਹੀਂ ਕਰ ਰਹੀ। ਉਨ੍ਹਾਂ ਚਿਤਾਵਨੀ ਦਿੱਤੀ ਕਿ ਦੋਸ਼ੀਆਂ ਦੀ ਤੁਰੰਤ ਗ੍ਰਿਫ਼ਤਾਰੀ ਨਾ ਹੋਣ ਦੇ ਵਿਰੋਧ 'ਚ ਹੀ ਬੰਦ ਦਾ ਫ਼ੈਸਲਾ ਲਿਆ ਗਿਆ ਹੈ ਅਤੇ ਜੇਕਰ ਪੁਲਸ ਨੇ ਦੋਸ਼ੀਆਂ ਨੂੰ ਜਲਦ ਗ੍ਰਿਫ਼ਤਾਰ ਨਾ ਕੀਤਾ ਤਾਂ ਇਸ ਅੰਦੋਲਨ ਨੂੰ ਸੂਬਾ ਪੱਧਰ 'ਤੇ ਹੋਰ ਤੇਜ਼ ਕੀਤਾ ਜਾਵੇਗਾ।

## ਡੇਰਾਬੱਸੀ 'ਚ ਦਰਦਨਾਕ ਹਾਦਸਾ, ਤੇਜ਼ ਰ.ਫਤਾਰ ਟਿੱਪਰ ਨੇ ਬਾਈਕ ਸਵਾਰ ਨੌਜਵਾਨਾਂ ਨੂੰ ਦਰੜਿਆ

ਡੇਰਾਬੱਸੀ 20 ਸਤੰਬਰ। ਡੇਰਾਬੱਸੀ ਥਾਣੇ ਨੇੜੇ ਐਤਵਾਰ ਰਾਤ ਕਰੀਬ ਪੌਣੇ 8 ਵਜੇ ਮਿੱਟੀ ਨਾਲ ਭਰੇ ਤੇਜ਼ ਰਫ਼ਤਾਰ ਟਿੱਪਰ ਨੇ ਮੋਟਰਸਾਈਕਲ ਸਵਾਰ ਦੋ ਨੌਜਵਾਨਾਂ ਨੂੰ ਟੱਕਰ ਮਾਰ ਦਿੱਤੀ। ਹਾਦਸੇ 'ਚ ਦੋਵੇਂ ਨੌਜਵਾਨ ਗੰਭੀਰ ਜ਼ਖ਼ਮੀ ਹੋ ਗਏ। ਟੱਕਰ ਤੋਂ ਬਾਅਦ ਦੋਵੇਂ ਸੜਕ 'ਤੇ ਡਿੱਗ ਪਏ ਅਤੇ ਟਿੱਪਰ ਦਾ ਪਹੀਆ ਉਨ੍ਹਾਂ ਦੀਆਂ ਲੱਤਾਂ ਉੱਪਰੋਂ ਲੰਘ ਗਿਆ। ਚਸ਼ਮਦੀਦਾਂ ਮੁਤਾਬਕ ਮਿੱਟੀ ਨਾਲ ਲੱਦਿਆ ਟਿੱਪਰ ਸਰਕਾਰੀ ਕਾਲਜ ਵੱਲੋਂ ਤੇਜ਼ ਰਫ਼ਤਾਰ ਨਾਲ ਡੇਰਾਬੱਸੀ ਵੱਲ ਆ ਰਿਹਾ ਸੀ। ਥਾਣੇ ਨੇੜੇ ਟਿੱਪਰ ਦੀ ਲਪੇਟ




'ਚ ਆਉਣ ਕਾਰਨ ਇਹ ਹਾਦਸਾ ਵਾਪਰਿਆ। ਆਸ-ਪਾਸ ਦੇ ਲੋਕਾਂ ਨੇ ਦੋਵੇਂ ਜ਼ਖ਼ਮੀਆਂ ਨੂੰ ਤੁਰੰਤ ਡੇਰਾਬੱਸੀ ਦੇ ਸਰਕਾਰੀ ਹਸਪਤਾਲ ਪਹੁੰਚਾਇਆ, ਜਿੱਥੋਂ ਮੁੱਢਲੀ ਸਹਾਇਤਾ ਦੇਣ ਮਗਰੋਂ ਉਨ੍ਹਾਂ ਦੀ ਗੰਭੀਰ ਹਾਲਤ ਨੂੰ ਦੇਖਦਿਆਂ ਚੰਡੀਗੜ੍ਹ ਸੈਕਟਰ-32 ਦੇ ਸਰਕਾਰੀ ਹਸਪਤਾਲ ਰੈਫਰ ਕਰ ਦਿੱਤਾ ਗਿਆ। ਹਾਦਸੇ ਮਗਰੋਂ ਸਥਾਨਕ ਲੋਕਾਂ ਵਿੱਚ ਰੋਸ ਪਾਇਆ ਗਿਆ। ਲੋਕਾਂ ਦਾ ਕਹਿਣਾ ਹੈ ਕਿ ਮਾਈਨਿੰਗ ਦੇ ਕੰਮ 'ਚ ਲੱਗੇ ਸੈਂਕੜੇ ਟਿੱਪਰ ਡੇਰਾਬੱਸੀ ਦੀਆਂ ਸੜਕਾਂ 'ਤੇ ਤੇਜ਼ ਰਫ਼ਤਾਰ ਨਾਲ ਦੌੜਦੇ ਹਨ, ਜਿਸ ਕਾਰਨ ਹਾਦਸਿਆਂ ਦਾ ਖ਼ਤਰਾ ਬਣਿਆ ਰਹਿੰਦਾ ਹੈ। ਲੋਕਾਂ ਨੇ ਪ੍ਰਸ਼ਾਸਨ ਤੋਂ ਟਿੱਪਰਾਂ ਦੀ ਰਫ਼ਤਾਰ 'ਤੇ ਕਾਬੂ ਪਾਉਣ ਅਤੇ ਟ?ਰੈਫਿਕ ਨਿਯਮਾਂ ਦੀ ਸਖ਼ਤੀ ਨਾਲ ਪਾਲਣਾ ਕਰਵਾਉਣ ਦੀ ਮੰਗ ਕੀਤੀ ਹੈ। ਕੁੱਝ ਲੋਕਾਂ ਮੁਤਾਬਕ ਸੜਕ 'ਤੇ ਡਿੱਗੀਆਂ ਬਿਜਲੀ ਦੀਆਂ ਤਾਰਾਂ ਕਾਰਨ ਵੀ ਹਾਦਸਾ ਵਾਪਰਿਆ ਹੋ ਸਕਦਾ ਹੈ। ਦੱਸਿਆ ਗਿਆ ਕਿ ਤਾਰਾਂ ਵਿੱਚ ਉਲਝਣ ਦੌਰਾਨ ਦੋਵੇਂ ਨੌਜਵਾਨ ਟਿੱਪਰ ਦੀ ਲਪੇਟ ਵਿੱਚ ਆ ਗਏ। ਪੁਲਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

## ਲੁਧਿਆਣਾ 'ਚ ਏਐਨਟੀਐਫ ਦੀ ਵੱਡੀ ਕਾਰਵਾਈ, 1 ਕਿਲੋ ਤੋਂ ਵੱਧ ਹੈਰੋਇਨ ਤੇ ਡਰੱਗ ਮਨੀ ਸਮੇਤ ਦੋ ਮੁਲਜ਼ਮ ਗ੍ਰਿਫ਼ਤਾਰ

ਲੁਧਿਆਣਾ 20 ਸਤੰਬਰ। ਏਐਨਟੀਐਫ ਦੀ ਟੀਮ ਨੇ ਵੱਡੀ ਕਾਰਵਾਈ ਕਰਦਿਆਂ ਲੁਧਿਆਣਾ ਤੋਂ ਦੋ ਮੁਲਜ਼ਮਾਂ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਦੇ ਕਬਜੇ ਚੋਂ 1 ਕਿਲੋ ਤੋਂ ਵੱਧ ਹੈਰੋਇਨ ਅਤੇ ਡਰੱਗ ਮਨੀ ਬਰਾਮਦ ਕੀਤੀ ਹੈ। ਏਐਨਟੀਐਫ ਦੇ ਇੰਚਾਰਜ ਨਰੇਸ਼ ਕੁਮਾਰ ਦੇ ਮੁਤਾਬਕ ਗ੍ਰਿਫਤਾਰ ਕੀਤੇ ਗਏ ਮੁਲਜ਼ਮਾਂ ਦੀ ਪਛਾਣ ਅਖਿਲੇਸ਼ ਅਤੇ ਅਰਵਿੰਦ ਵਜੋਂ ਹੋਈ ਹੈ। ਪੁਲਿਸ ਨੇ ਦੋਵਾਂ ਮੁਲਜਮਾਂ ਦੇ ਖਿਲਾਫ ਐਨਡੀਪੀਐਸ ਐਕਟ ਦੀਆਂ ਧਾਰਾਵਾਂ ਤਹਿਤ ਮੁਕਦਮਾ ਦਰਜ ਕਰਕੇ ਉਨ੍ਹਾਂ ਕੋਲੋਂ ਵਧੇਰੇ ਪੁਛਗਿੱਛ ਸ਼ੁਰੂ ਕਰ ਦਿੱਤੀ ਹੈ। ਇੰਸਪੈਕਟਰ ਨਰੇਸ਼ ਕੁਮਾਰ ਨੇ ਦੱਸਿਆ ਕਿ ਪੁਲਿਸ ਪਾਰਟੀ ਨੂੰ ਸੂਚਨਾ ਮਿਲੀ ਕਿ ਦੋਵੇਂ ਮੁਲਜ਼ਮ ਦੁੱਗਰੀ ਇਲਾਕੇ ਵਿੱਚ ਨਸ਼ੀਲੇ ਪਦਾਰਥਾਂ ਦੀ ਸਪਲਾਈ ਦੇਣ ਆਏ ਹਨ। ਜਾਣਕਾਰੀ ਤੋਂ ਬਾਅਦ ਪੁਲਿਸ ਪਾਰਟੀ ਨੇ ਨਾਕਾਬੰਦੀ ਕਰਕੇ ਮੁਲਜ਼ਮਾਂ ਨੂੰ ਹਿਰਾਸਤ ਵਿੱਚ ਲਿਆ ਅਤੇ ਤਲਾਸ਼ੀ ਦੇ ਦੌਰਾਨ ਉਹਨਾਂ ਦੇ ਕਬਜੇ ਚੋਂ 1 ਕਿਲੋ 20 ਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ। ਜਾਂਚ ਦੇ ਦੌਰਾਨ ਮੁਲਜ਼ਮਾਂ ਦੇ ਕਬਜ਼ੇ ਚੋਂ 40 ਹਜ਼ਾਰ ਤੋਂ ਵੱਧ ਦੀ ਰਕਮ ਵੀ ਬਰਾਮਦ ਕੀਤੀ ਗਈ ਹੈ। ਦੁਰਾਨੇ ਤਫਤੀਸ਼ ਇਹ ਵੀ ਸਾਹਮਣੇ ਆਇਆ ਕਿ ਮੁਲਜਮ ਅਖਿਲੇਸ਼ ਕੁਮਾਰ ਦੇ ਖਿਲਾਫ ਸ਼ਹਿਰ ਦੇ ਵੱਖ-ਵੱਖ ਥਾਣਿਆਂ ਵਿੱਚ 17 ਅਪਰਾਧ ਮੁਕਦਮੇ ਦਰਜ ਹਨ। ਪੁਲਿਸ ਦਾ ਕਹਿਣਾ ਹੈ ਕਿ ਮੁਲਜ਼ਮਾਂ ਕੋਲੋਂ ਪੁੱਛਗਿੱਛ ਦੇ ਦੌਰਾਨ ਕਈ ਖੁਲਾਸੇ ਹੋਣ ਦੀ ਉਮੀਦ ਹੈ।

## 1 ਅਕਤੂਬਰ ਤੋਂ ਇਨ੍ਹਾਂ ਵਾਹਨਾਂ ਨੂੰ ਨਹੀਂ ਮਿਲੇਗਾ ਪੈਟਰੋਲ-ਡੀਜ਼ਲ

ਬਿਜ਼ਨੈੱਸ ਡੈਸਕ 20 ਸਤੰਬਰ। ਹਰਿਆਣਾ ਦੇ ਟਰਾਂਸਪੋਰਟ ਮੰਤਰੀ ਅਨਿਲ ਵਿਜ ਨੇ ਐਲਾਨ ਕੀਤਾ ਕਿ ਟਰਾਂਸਪੋਰਟ ਵਿਭਾਗ ਰਾਸ਼ਟਰੀ ਰਾਜਧਾਨੀ ਖੇਤਰ (ਐੱਨਸੀਆਰ) 'ਚ 775 ਆਟੋਮੇਟਿਡ ਨੰਬਰ ਪਲੇਟ ਪਛਾਣ (ਏਐੱਨਪੀਆਰ) ਕੈਮਰੇ ਲਗਾਏਗਾ। ਯੋਜਨਾ ਦੇ ਪਹਿਲੇ ਪੜਾਅ 'ਚ ਗੁਰੂਗ੍ਰਾਮ, ਫਰੀਦਾਬਾਦ, ਸੋਨੀਪਤ ਅਤੇ ਝੱਜਰ 'ਚ ਕੈਮਰੇ ਸਥਾਪਤ ਕੀਤੇ ਜਾਣਗੇ। ਇਸ 'ਤੇ ਕਰੀਬ 41 ਕਰੋੜ 74 ਲੱਖ ਰੁਪਏ ਖਰਚ ਹੋਣਗੇ। ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਇਸ ਪ੍ਰਸਤਾਵ ਨੂੰ ਮਨਜ਼ੂਰੀ ਦੇ ਦਿੱਤੀ ਹੈ। ਸ਼੍ਰੀ ਵਿਜ ਨੇ ਕਿਹਾ ਕਿ ਇਨ੍ਹਾਂ ਚਾਰ ਐੱਨਸੀਆਰ ਜ਼ਿਲ੍ਹਿਆਂ ਦੇ ਪੈਟਰੋਲ ਪੰਪਾਂ 'ਤੇ ਏਐੱਨਪੀਆਰ ਕੈਮਰੇ ਲਗਾਏ ਜਾਣਗੇ ਤਾਂ ਜੋ ਦੀ ਪਛਾਣ ਕੀਤੀ ਜਾ ਸਕੇ ਅਤੇ ਵਾਤਾਵਰਣ ਦੇ ਮਿਆਰਾਂ ਦੀ ਪਾਲਣਾ ਨੂੰ ਯਕੀਨੀ ਬਣਾਇਆ ਜਾ ਸਕੇ। ਗੁਰੂਗ੍ਰਾਮ 'ਚ 249 ਕੈਮਰੇ, ਸੋਨੀਪਤ 'ਚ 215, ਝੱਜਰ 'ਚ 195 ਅਤੇ ਫਰੀਦਾਬਾਦ 'ਚ 116 ਕੈਮਰੇ ਲਗਾਏ ਜਾਣਗੇ। ਉਨ੍ਹਾਂ ਕਿਹਾ ਕਿ ਰਾਜ 'ਚ ਕੁੱਲ 2,780 ਏਐੱਨਪੀਆਰ ਕੈਮਰੇ ਚਾਹੀਦੇ ਹਨ। ਪਹਿਲੇ ਪੜਾਅ 'ਚ ਚਾਰ ਐੱਨਸੀਆਰ ਜ਼ਿਲ੍ਹਿਆਂ 'ਚ 775 ਕੈਮਰੇ ਲਗਾਏ ਜਾਣਗੇ। ਇਹ ਵਿਵਸਥਾ ਏਅਰ ਕੁਆਲਿਟੀ ਮੈਨੇਜਮੈਂਟ ਕਮਿਸ਼ਨ ਦੇ ਨਿਰਦੇਸ਼ਾਂ ਅਨੁਸਾਰ ਲਾਗੂ ਕੀਤਾ ਜਾ ਰਹੀ ਹੈ। ਟਰਾਂਸਪੋਰਟ ਮੰਤਰੀ ਨੇ ਕਿਹਾ ਕਿ ਕੈਮਰਾ ਲਗਾਉਣ ਦਾ ਕੰਮ 30 ਸਤੰਬਰ 2026 ਤੱਕ ਪੂਰਾ ਕਰਨ ਦਾ ਟੀਚਾ ਹੈ। ਇਸ ਤੋਂ ਬਾਅਦ 1 ਅਕਤੂਬਰ ਤੋਂ ਹਰਿਆਣਾ 'ਚ ਰਜਿਸਟਰਡ ਜੀਵਨ ਮਿਆਦ ਪੂਰੀ ਕਰ ਚੁੱਕੇ ਵਾਹਨਾਂ ਨੂੰ ਈਂਧਨ ਦੀ ਸਪਲਾਈ ਨਹੀਂ ਕੀਤੀ ਜਾਵੇਗੀ। ਸਰਕਾਰ ਇਸ ਪ੍ਰਕਿਰਿਆ ਨੂੰ ਨਿਰਧਾਰਤ ਸਮਾਂ ਸੀਮਾ ਦੇ ਅੰਦਰ ਪੂਰਾ ਕਰਨ ਲਈ ਪੂਰੀ ਮਿਹਨਤ ਨਾਲ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਤਕਨਾਲੋਜੀ ਪੁਰਾਣੇ ਵਾਹਨਾਂ ਦੀ ਵਧੇਰੇ ਪ੍ਰਭਾਵਸ਼ਾਲੀ ਅਤੇ ਯੋਜਨਾਬੱਧ ਪਛਾਣ ਨੂੰ ਸਮਰੱਥ ਬਣਾਏਗੀ। ਇਹ 'ਚ ਪ੍ਰਦੂਸ਼ਣ ਕੰਟਰੋਲ ਅਤੇ ਹਵਾ ਗੁਣਵੱਤਾ ਸੁਧਾਰ ਦੇ ਯਤਨਾਂ ਨੂੰ ਵੀ ਮਜ਼ਬੂਤ ??ਕਰੇਗਾ।

# ਕੁੱਤੇ ਨੂੰ ਲੈ ਕੇ ਹੋਏ ਝਗੜੇ 'ਚ ਬਜ਼ੁਰਗ ਵਿਅਕਤੀ ਦੀ ਮੌਤ

**ਕੌਮੀ ਪਤ੍ਰਿਕਾ**

ਅੰਮ੍ਰਿਤਸਰ 20 ਸਤੰਬਰ। ਸੁਲਤਾਨਵਿੰਡ ਰੋਡ ਸਥਿਤ ਤੇਜ਼ ਨਗਰ ਇਲਾਕੇ ਵਿਚ ਇਕ ਪਾਲਤੂ ਕੁੱਤੇ ਨੂੰ ਲੈ ਕੇ ਹੋਏ ਝਗੜੇ ਦੌਰਾਨ ਇਕ ਬਜ਼ੁਰਗ ਦੀ ਮੌਤ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਘਟਨਾ ਵਿਚ ਇਕ ਔਰਤ ਦੇ ਜ਼ਖ਼ਮੀ ਹੋਣ ਦੀ ਵੀ ਸੂਚਨਾ ਹੈ। ਮ੍ਰਿਤਕ ਦੀ ਪਛਾਣ 68 ਸਾਲਾ ਕਾਬਲ ਸਿੰਘ ਵਜੋਂ ਹੋਈ ਹੈ, ਜਦਕਿ ਜ਼ਖ਼ਮੀ ਔਰਤ ਦੀ ਪਛਾਣ ਕਾਜਲ ਧੁੰਨਾ ਵਾਸੀ ਤੇਜ਼ ਨਗਰ, ਅੰਮ੍ਰਿਤਸਰ ਵਜੋਂ ਹੋਈ ਹੈ। ਇਸ ਮਾਮਲੇ ਸਬੰਧੀ ਥਾਣਾ ਬੀ-ਡਵੀਜ਼ਨ ਦੀ ਪੁਲਸ ਨੇ ਕਾਰਵਾਈ ਕਰਦਿਆਂ ਮਨਜੀਤ ਸਿੰਘ ਵਾਸੀ ਤੇਜ਼ ਨਗਰ ਚੌਕ, ਸੁਲਤਾਨਵਿੰਡ, ਅੰਮ੍ਰਿਤਸਰ ਵਿਰੁੱਧ ਮਾਮਲਾ ਦਰਜ ਕਰਕੇ ਉਸ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਪੁਲਸ ਨੂੰ ਦਿੱਤੀ ਸ਼ਿਕਾਇਤ ਵਿਚ ਬ੍ਰਹਮਜੀਤ ਸਿੰਘ



ਨੇ ਦੱਸਿਆ ਕਿ ਮੁਲਜ਼ਮ ਆਪਣੇ ਪਾਲਤੂ ਕੁੱਤੇ ਨੂੰ ਗਲੀ ਵਿੱਚ ਖੁੱਲ੍ਹਾ ਘੁਮਾ ਰਿਹਾ ਸੀ। ਇਸ ਦੌਰਾਨ ਕੁੱਤੇ ਨੇ ਉਸ ਨੂੰ ਕੱਟ ਲਿਆ। ਜਦੋਂ ਉਸ ਨੇ ਮੁਲਜ਼ਮ ਨੂੰ ਕੁੱਤੇ ਨੂੰ ਖੁੱਲ੍ਹਾ ਨਾ ਘੁਮਾਉਣ ਸਬੰਧੀ ਕਿਹਾ ਤਾਂ ਉਹ ਤੈਸ਼ ਵਿਚ ਆ ਗਿਆ ਅਤੇ ਗਾਲੀ-ਗਲੌਚ ਕਰਨ ਲੱਗ ਪਿਆ। ਸ਼ਿਕਾਇਤਕਰਤਾ ਅਨੁਸਾਰ ਇਸ ਦੌਰਾਨ ਉਸ ਦੇ ਪਿਤਾ ਕਾਬਲ ਸਿੰਘ ਅਤੇ ਭਾਬੀ ਕਾਜਲ ਵੀ ਬਾਹਰ ਆ ਗਏ ਅਤੇ ਮੁਲਜ਼ਮ ਨੂੰ ਮਾਮਲੇ ਬਾਰੇ ਪੁੱਛਿਆ। ਦੋਸ਼ ਹੈ ਕਿ ਇਸ ਦੌਰਾਨ ਮੁਲਜ਼ਮ ਨੇ ਕਾਬਲ ਸਿੰਘ ਨੂੰ ਧੱਕਾ ਮਾਰ ਦਿੱਤਾ, ਜਿਸ ਕਾਰਨ ਉਹ ਹੇਠਾਂ ਡਿੱਗ ਪਏ। ਇਸ ਤੋਂ ਇਲਾਵਾ ਕਾਜਲ ਨਾਲ ਵੀ ਕੁੱਟਮਾਰ ਕੀਤੀ ਗਈ, ਜਿਸ ਕਾਰਨ ਉਹ ਜ਼ਖ਼ਮੀ ਹੋ ਗਈ। ਪਰਿਵਾਰਕ ਮੈਂਬਰਾਂ ਵੱਲੋਂ ਕਾਬਲ ਸਿੰਘ ਨੂੰ ਇਲਾਜ ਲਈ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਪੁਲਸ ਨੇ ਮਾਮਲਾ ਦਰਜ ਕਰ ਕੇ ਮੁਲਜ਼ਮ ਨੂੰ ਗ੍ਰਿਫ਼ਤਾਰ ਕਰ ਲਿਆ ਹੈ ਅਤੇ ਘਟਨਾ ਸਬੰਧੀ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।

## ਇਲਾਜ ਕਰਵਾਉਣ ਆਈ 16 ਸਾਲਾ ਕਿਸ਼ੋਰੀ ਨਾਲ ਪੇਂਡੂ ਡਾਕਟਰ ਨੇ 6 ਮਹੀਨੇ ਕੀਤਾ ਜਬਰ-ਜਨਾਹ

ਸ਼ੇਖਪੁਰਾ 20 ਸਤੰਬਰ। ਇੱਕ ਪੇਂਡੂ ਡਾਕਟਰ ਦਾ ਘਿਣਾਉਣਾ ਕਾਰਨਾਮਾ ਸਾਹਮਣੇ ਆਇਆ ਹੈ। ਮਾਹਵਾਰੀ (ਪੀਰੀਅਡ) ਦਾ ਇਲਾਜ ਕਰਵਾਉਣ ਆਈ ਇੱਕ 16 ਸਾਲਾ ਕਿਸ਼ੋਰੀ ਨਾਲ ਉਸਨੇ ਛੇ ਮਹੀਨੇ ਤੱਕ ਜਬਰ-ਜਨਾਹ ਕੀਤਾ। ਉਸਦਾ ਵੀਡੀਓ ਬਣਾ ਕੇ ਉਸਨੂੰ ਵਾਇਰਲ ਕਰਨ ਦੀ ਧਮਕੀ ਦੇ ਕੇ ਉਹ ਮਨਮਾਨੀ ਕਰਦਾ ਰਿਹਾ। ਸ਼ਨੀਵਾਰ ਨੂੰ ਕਿਸ਼ੋਰੀ ਨੇ ਸ਼ੇਖਪੁਰਾ ਮਹਿਲਾ ਥਾਣਾ 'ਚ ਪੇਂਡੂ ਡਾਕਟਰ ਵਿਨੋਦ ਕੁਮਾਰ ਖ਼?ਲਾਫ਼ ਐੱਫ.ਆਈ.ਆਰ. ਦਰਜ ਕਰਵਾਈ। ਮਹਿਲਾ ਥਾਣਾ ਦੀ ਐੱਸ.ਐੱਚ.ਓ. ਰਿਸ਼ੂ ਕੁਮਾਰੀ ਨੇ ਦੱਸਿਆ ਕਿ ਕਿਸ਼ੋਰੀ ਦੀ ਲਿਖਤੀ ਅਰਜ਼ੀ 'ਤੇ ਐੱਫ.ਆਈ.ਆਰ. ਦਰਜ ਕਰਕੇ ਦੋਸ਼ੀ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਕਿਸ਼ੋਰੀ ਦਾ ਮੈਡੀਕਲ ਟੈਸਟ ਵੀ ਕਰਵਾਇਆ ਜਾ ਰਿਹਾ ਹੈ। ਇਹ ਮਾਮਲਾ ਜ਼ਿਲ੍ਹੇ ਦੇ ਚੇਵਾੜਾ ਥਾਣਾ ਖੇਤਰ ਦੇ ਇੱਕ ਪਿੰਡ ਦਾ ਹੈ। ਕਿਸ਼ੋਰੀ ਅਤੇ ਦੋਸ਼ੀ ਪੇਂਡੂ ਡਾਕਟਰ ਦੋਵੇਂ ਇੱਕੋ ਪਿੰਡ ਦੇ ਹਨ। ਕਿਸ਼ੋਰੀ ਨੇ ਦੱਸਿਆ ਕਿ ਉਸਨੂੰ ਪੀਰੀਅਡ ਦੀ ਸਮੱਸਿਆ ਸੀ। ਛੇ ਮਹੀਨੇ ਪਹਿਲਾਂ ਉਹ ਵਿਨੋਦ ਕੁਮਾਰ ਕੋਲ ਇਲਾਜ ਕਰਵਾਉਣ ਗਈ ਸੀ। ਉਸਨੇ ਜਾਂਚ ਤੋਂ ਬਾਅਦ ਕਿਹਾ ਕਿ ਸਲਾਈਨ (ਗਲੂਕੋਜ਼) ਚੜ੍ਹਾਏਗਾ। ਇਸ ਤੋਂ ਬਾਅਦ ਪਰਿਵਾਰਕ ਮੈਂਬਰਾਂ ਨੂੰ ਘਰ ਭੇਜ ਦਿੱਤਾ। ਦੋਸ਼ ਹੈ ਕਿ ਸਲਾਈਨ ਵਿੱਚ ਬੇਹੋਸ਼ੀ ਦੀ ਦਵਾਈ ਮਿਲਾਈ ਗਈ ਸੀ। ਇਸ ਨਾਲ ਉਹ ਬੇਹੋਸ਼ ਹੋ ਗਈ, ਜਿਸ ਤੋਂ ਬਾਅਦ ਉਸਨੇ ਉਸਦੇ ਨਾਲ ਜਬਰ-ਜਨਾਹ ਕੀਤਾ। ਹੋਸ਼ ਆਉਣ 'ਤੇ ਜਦੋਂ ਆਪਣੇ ਆਪ ਨੂੰ ਅਸਹਿਜ ਮਹਿਸੂਸ ਕੀਤਾ ਤਾਂ ਡਾਕਟਰ ਨੇ ਜਬਰ-ਜਨਾਹ ਕੀਤੇ ਜਾਣ ਦੀ ਵੀਡੀਓ ਅਤੇ ਫੋਟੋ ਆਪਣੇ ਮੋਬਾਈਲ 'ਚ ਦਿਖਾਈ। ਉਹ ਸੁੰਨ ਰਹਿ ਗਈ। ਪੇਂਡੂ ਡਾਕਟਰ ਨੇ ਵੀਡੀਓ ਵਾਇਰਲ ਕਰਨ ਦੀ ਧਮਕੀ ਦੇ ਕੇ ਉਸਨੂੰ ਚੁੱਪ ਕਰਵਾ ਦਿੱਤਾ।

## ਦੀਨਾਨਗਰ 'ਚ ਕੁਦਰਤ ਦੀ ਮਾਰ, ਦੇਰ ਰਾਤ ਆਏ ਤੇਜ਼ ਤੂ.ਫਾਨ ਨੇ ਪੋਲਟਰੀ ਫਾਰਮ ਕੀਤਾ ਤਬਾਹ

ਗੁਰਦਾਸਪੁਰ 20 ਸਤੰਬਰ। ਦੀਨਾਨਗਰ ਨੇੜਲੇ ਪਿੰਡ ਘੇਸਲ ਵਿੱਚ ਬੀਤੀ ਦੇਰ ਰਾਤ ਆਏ ਤੇਜ਼ ਤੂਫ਼ਾਨ ਨੇ ਇੱਕ ਕਿਸਾਨ ਦੇ ਪੋਲਟਰੀ ਫਾਰਮ ਨੂੰ ਭਾਰੀ ਨੁਕਸਾਨ ਪਹੁੰਚਾਇਆ। ਤੇਜ਼ ਹਵਾਵਾਂ ਕਾਰਨ ਪੋਲਟਰੀ ਫਾਰਮ ਦੀ ਇਮਾਰਤ ਅਤੇ ਹੋਰ ਢਾਂਚਾ ਬੁਰੀ ਤਰ੍ਹਾਂ ਨੁਕਸਾਨਿਆ ਗਿਆ, ਜਿਸ ਨਾਲ ਕਿਸਾਨ ਨੂੰ ਕਰੀਬ 3 ਲੱਖ ਰੁਪਏ ਦਾ ਆਰਥਿਕ ਨੁਕਸਾਨ ਹੋਣ ਦਾ ਅਨੁਮਾਨ ਹੈ। ਪੀੜਤ ਕਿਸਾਨ ਬੂੜਾ ਸਿੰਘ ਨੇ ਦੱਸਿਆ ਕਿ ਰਾਤ ਸਮੇਂ ਅਚਾਨਕ ਤੇਜ਼ ਹਨੇਰੀ-ਤੂਫ਼ਾਨ ਆਉਣ ਕਾਰਨ ਪੋਲਟਰੀ ਫਾਰਮ ਦਾ ਢਾਂਚਾ ਹਵਾਵਾਂ ਦੀ ਮਾਰ ਨਾ ਸਹਾਰ ਸਕਿਆ ਅਤੇ ਕਾਫ਼ੀ ਹਿੱਸਾ ਨੁਕਸਾਨਿਆ ਗਿਆ। ਤੂਫ਼ਾਨ ਤੋਂ ਬਾਅਦ ਜਦੋਂ ਸਵੇਰੇ ਫਾਰਮ 'ਤੇ ਪਹੁੰਚ ਕੇ ਹਾਲਾਤ ਵੇਖੇ ਗਏ ਤਾਂ ਨੁਕਸਾਨ ਦਾ ਵੱਡਾ ਮੰਜ਼ਰ ਸਾਹਮਣੇ ਆਇਆ। ਕਿਸਾਨ ਮੁਤਾਬਕ ਪੋਲਟਰੀ ਫਾਰਮ ਦੀ ਛੱਤ, ਸ਼ੈੱਡ ਅਤੇ ਹੋਰ ਸਾਮਾਨ ਨੂੰ ਨੁਕਸਾਨ ਪਹੁੰਚਣ ਕਾਰਨ ਉਸ 'ਤੇ ਮੁੜ ਫਾਰਮ ਨੂੰ ਚਲਾਉਣ ਲਈ ਵੱਡਾ ਵਿੱਤੀ ਬੋਝ ਪੈ ਗਿਆ ਹੈ। ਕਿਸਾਨ ਨੇ ਕਿਹਾ ਕਿ ਉਹ ਪਹਿਲਾਂ ਹੀ ਖੇਤੀਬਾੜੀ ਅਤੇ ਪਸ਼ੂ-ਪਾਲਣ ਨਾਲ ਜੁੜੇ ਕੰਮਾਂ ਰਾਹੀਂ ਆਪਣੀ ਰੋਜ਼ੀ-ਰੋਟੀ ਚਲਾ ਰਿਹਾ ਹੈ। ਅਜਿਹੇ ਵਿੱਚ ਕੁਦਰਤੀ ਆਫ਼ਤ ਕਾਰਨ ਹੋਇਆ ਇਹ ਨੁਕਸਾਨ ਉਸ ਲਈ ਵੱਡੀ ਆਰਥਿਕ ਮੁਸ਼ਕਲ ਬਣ ਗਿਆ ਹੈ।

# ਤੇਜ਼ ਰ.ਫਤਾਰ ਟਿੱਪਰ ਦਾ ਕਹਿਰ, ਦੋ ਨੌਜਵਾਨ ਗੰਭੀਰ ਜ਼.ਖਮੀ, ਇਕ ਦੀ ਕੱਟਣੀ ਪਈ ਲੱਤ

**ਕੌਮੀ ਪਤ੍ਰਿਕਾ**

ਡੇਰਾਬੱਸੀ 20 ਸਤੰਬਰ। ਡੇਰਾਬੱਸੀ 'ਚ ਭਾਰੀ ਵਾਹਨਾਂ ਦੀ ਤੇਜ਼ ਰਫ਼ਤਾਰ ਇਕ ਵਾਰ ਫਿਰ ਦੋ ਪਰਿਵਾਰਾਂ 'ਤੇ ਭਾਰੀ ਪਈ। ਪੁਲਸ ਥਾਣੇ ਨੇੜੇ ਦੋ ਦਿਨ ਪਹਿਲਾਂ ਵਾਪਰੇ ਸੜਕ ਹਾਦਸੇ 'ਚ ਇਕ ਤੇਜ਼ ਰਫ਼ਤਾਰ ਟਿੱਪਰ ਨੇ ਬੁਲੇਟ ਮੋਟਰਸਾਈਕਲ ਸਵਾਰ ਦੋ ਨੌਜਵਾਨਾਂ ਨੂੰ ਟੱਕਰ ਮਾਰ ਦਿੱਤੀ। ਹਾਦਸੇ 'ਚ ਦੋਵੇਂ ਗੰਭੀਰ ਜ਼ਖ਼ਮੀ ਹੋ ਗਏ, ਜਿਨ੍ਹਾਂ ਨੂੰ ਇਲਾਜ ਲਈ ਪੀ. ਜੀ. ਆਈ. ਚੰਡੀਗੜ੍ਹ ਰੈਫਰ ਕੀਤਾ ਗਿਆ। ਇਲਾਜ ਦੌਰਾਨ 20 ਸਾਲਾ ਸਾਨੀਬ ਦੀਆਂ ਗੰਭੀਰ ਸੱਟਾਂ ਕਾਰਨ ਡਾਕਟਰਾਂ ਨੂੰ ਉਸ ਦੀ ਇਕ ਲੱਤ ਕੱਟਣੀ ਪਈ। ਦੂਜੇ ਜ਼ਖ਼ਮੀ ਨੌਜਵਾਨ ਨੂਰ ਦੀ ਲੱਤ ਦੀ ਹਾਲਤ ਵੀ ਚਿੰਤਾਜਨਕ ਦੱਸੀ ਜਾ ਰਹੀ ਹੈ। ਹਾਦਸੇ ਤੋਂ ਬਾਅਦ ਟਿੱਪਰ ਚਾਲਕ ਵਾਹਨ ਨੂੰ ਮੌਕੇ 'ਤੇ ਹੀ ਛੱਡ ਕੇ ਫ਼ਰਾਰ ਹੋ ਗਿਆ। ਪੁਲਸ ਨੇ ਅਣਪਛਾਤੇ ਚਾਲਕ ਖ਼?ਲਾਫ਼ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਪੁਲਸ ਚਾਲਕ ਦੀ ਪਛਾਣ ਕਰਨ ਦੇ ਨਾਲ ਹਾਦਸੇ ਦੇ ਕਾਰਨਾਂ ਦੀ ਵੀ ਜਾਂਚ ਕਰ ਰਹੀ ਹੈ। ਇਸ ਹਾਦਸੇ ਨੇ ਡੇਰਾਬੱਸੀ 'ਚ ਬੇਕਾਬੂ ਰਫ਼ਤਾਰ ਨਾਲ ਚੱਲ ਰਹੇ ਭਾਰੀ ਵਾਹਨਾਂ ਨੂੰ ਲੈ ਕੇ ਪ੍ਰਸ਼ਾਸਨ ਦੀ ਕਾਰਗੁਜ਼ਾਰੀ 'ਤੇ ਸਵਾਲ ਖੜ੍ਹੇ ਕਰ ਦਿੱਤੇ ਹਨ। ਸਥਾਨਕ ਲੋਕਾਂ ਦਾ ਕਹਿਣਾ ਹੈ ਕਿ ਇਲਾਕੇ ਦੀਆਂ ਸੜਕਾਂ 'ਤੇ ਦਿਨ ਭਰ ਵੱਡੀ ਗਿਣਤੀ ਵਿੱਚ ਟਿੱਪਰ ਤੇਜ਼ ਰਫ਼ਤਾਰ ਨਾਲ ਚੱਲਦੇ ਹਨ। ਕਈ ਵਾਰ ਸ਼ਿਕਾਇਤਾਂ ਅਤੇ ਮੰਗਾਂ ਦੇ ਬਾਵਜੂਦ ਇਨ੍ਹਾਂ ਵਾਹਨਾਂ ਦੀ ਰਫ਼ਤਾਰ ਅਤੇ ਆਵਾਜਾਈ 'ਤੇ ਪ੍ਰਭਾਵਸ਼ਾਲੀ ਕੰਟਰੋਲ ਨਹੀਂ ਹੋ ਸਕਿਆ। ਦੱਸਿਆ ਜਾਂਦਾ ਹੈ ਕਿ ਨਗਰ




ਕੌਂਸਲ ਵੱਲੋਂ ਟਿੱਪਰਾਂ ਦੀ ਆਵਾਜਾਈ ਨੂੰ ਕੰਟਰੋਲ ਕਰਨ ਸਬੰਧੀ ਮਤਾ ਪਾਸ ਕੀਤਾ ਜਾ ਚੁੱਕਾ ਹੈ। ਇਸ ਤੋਂ ਇਲਾਵਾ ਐੱਸ. ਡੀ. ਐੱਮ. ਪੱਧਰ 'ਤੇ ਵੀ ਮਾਈਨਿੰਗ ਵਿਭਾਗ ਨੂੰ ਭਾਰੀ ਵਾਹਨਾਂ ਲਈ ਸਮਾਂ ਨਿਰਧਾਰਤ ਕਰਨ ਅਤੇ ਰੂਟ ਮੈਪ ਤਿਆਰ ਕਰਨ ਦੇ ਨਿਰਦੇਸ਼ ਦਿੱਤੇ ਗਏ ਸਨ। ਇਸ ਦੇ ਬਾਵਜੂਦ ਜ਼ਮੀਨੀ ਪੱਧਰ 'ਤੇ ਪ੍ਰਭਾਵਸ਼ਾਲੀ ਕਾਰਵਾਈ ਨਾ ਹੋਣ ਕਾਰਨ ਲੋਕਾਂ ਵਿੱਚ ਰੋਸ ਹੈ। ਮੁਬਾਰਕਪੁਰ ਰੇਲਵੇ ਅੰਡਰਪਾਸ ਨੂੰ ਭਾਰੀ ਵਾਹਨਾਂ ਕਾਰਨ ਹੋਣ ਵਾਲੇ ਨੁਕਸਾਨ ਤੋਂ ਬਚਾਉਣ ਲਈ ਇਨ੍ਹਾਂ ਦੀ ਆਵਾਜਾਈ 'ਤੇ ਪਾਬੰਦੀ ਲਗਾਈ ਗਈ ਸੀ ਪਰ ਸਥਾਨਕ ਲੋਕਾਂ ਦਾ ਦੋਸ਼ ਹੈ ਕਿ ਲੰਮੇ ਸਮੇਂ ਤੋਂ ਇਨ੍ਹਾਂ ਹੁਕਮਾਂ ਦੀ ਪ੍ਰਭਾਵਸ਼ਾਲੀ ਢੰਗ ਨਾਲ ਪਾਲਣਾ ਨਹੀਂ ਹੋ ਰਹੀ। ਲੋਕਾਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਟਿੱਪਰਾਂ ਦੀ ਰਫ਼ਤਾਰ 'ਤੇ ਸਖ਼ਤੀ ਨਾਲ ਰੋਕ ਲਗਾਈ ਜਾਵੇ ਅਤੇ ਨਿਰਧਾਰਤ ਰੂਟ ਤੇ ਸਮੇਂ ਦੀ ਪਾਲਣਾ ਯਕੀਨੀ ਬਣਾਈ ਜਾਵੇ, ਤਾਂ ਜੋ ਭਵਿੱਖ ਵਿੱਚ ਅਜਿਹੇ ਦਰਦਨਾਕ ਹਾਦਸਿਆਂ ਨੂੰ ਰੋਕਿਆ ਜਾ ਸਕੇ।

**ਕੌਮੀ ਪਤ੍ਰਿਕਾ**

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689, 011-23315814

Mob. : 9971359517, 9312262300

E-mail address: qpatrika@gmail.com


R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

# ਦਾਨਾ ਮੰਡੀ 'ਚ ਮੁੜ ਹੋਈ ਚੋਰੀ, ਨਸ਼ੇੜੀਆਂ ਦੇ ਵਧਦੇ ਖੌਫ਼ ਤੋਂ ਲੋਕ ਪ੍ਰੇਸ਼ਾਨ

**ਕੌਮੀ ਪਤ੍ਰਿਕਾ**

ਬਰਨਾਲਾ 20 ਸਤੰਬਰ। ਦਾਨਾ ਮੰਡੀ ਖੇਤਰ ਵਿਚ ਚੋਰੀ ਅਤੇ ਲੁੱਟ-ਖੋਹ ਦੀਆਂ ਘਟਨਾਵਾਂ ਰੁਕਣ ਦਾ ਨਾਂ ਨਹੀਂ ਲੈ ਰਹੀਆਂ। ਕੁਝ ਦਿਨ ਪਹਿਲਾਂ ਹੀ ਇਸ ਖੇਤਰ ਵਿਚ ਕਰਿਆਨਾ ਸਟੋਰ ਨੂੰ ਚੋਰਾਂ ਵੱਲੋਂ ਨਿਸ਼ਾਨਾ ਬਣਾਇਆ ਗਿਆ ਸੀ, ਜਦਕਿ ਇਸ ਤੋਂ ਪਹਿਲਾਂ ਕਰੀਬ 20 ਵਿਅਕਤੀਆਂ ਵੱਲੋਂ ਦੋ ਵਿਅਕਤੀਆਂ ਕੋਲੋਂ 7 ਹਜ਼ਾਰ ਰੁਪਏ ਅਤੇ ਤਿੰਨ ਮੋਬਾਈਲ ਫੋਨ ਲੁੱਟਣ ਦੀ ਘਟਨਾ ਵੀ ਸਾਹਮਣੇ ਆ ਚੁੱਕੀ ਹੈ। ਹੁਣ ਤਾਜ਼ਾ ਘਟਨਾ ਵਿਚ ਜ਼ਿਲਾ ਅਗਰਵਾਲ ਸਭਾ ਦੇ ਸਰਪ੍ਰਸਤ ਪਿਆਰਾ ਲਾਲ ਰਾਏਸਰੀਆ ਦੇ ਦਾਨਾ ਮੰਡੀ ਅੰਦਰ ਨੇੜੇ ਸਥਿਤ ਦਫ਼ਤਰ ਵਿਚ ਚੋਰਾਂ ਨੇ ਕੰਧ ਵਿਚ ਪਾੜ ਲਾ ਕੇ ਦਾਖ਼ਲ ਹੁੰਦਿਆਂ ਕਰੀਬ 7 ਹਜ਼ਾਰ ਰੁਪਏ ਦੀ ਨਕਦੀ ਚੋਰੀ ਕਰ ਲਈ। ਪਿਆਰਾ ਲਾਲ ਰਾਏਸਰੀਆ ਨੇ ਦੱਸਿਆ ਕਿ ਬੀਤੀ ਸ਼ਾਮ ਕਰੀਬ ਸਵਾ 7 ਵਜੇ ਦੋ ਵਿਅਕਤੀ ਉਨ੍ਹਾਂ ਦੇ ਦਫ਼ਤਰ ਵਿਚ ਆਏ ਸਨ। ਉਸ ਸਮੇਂ ਉਨ੍ਹਾਂ ਦਾ ਮੈਨੇਜਰ ਕ੍ਰਿਸ਼ਨ ਕੁਮਾਰ ਦਫ਼ਤਰ ਵਿਚ ਬੈਠਾ ਹੋਇਆ ਸੀ। ਉਨ੍ਹਾਂ ਦੱਸਿਆ ਕਿ



ਦੋਵੇਂ ਵਿਅਕਤੀ ਨਸ਼ੇ ਦੀ ਹਾਲਤ ਵਿਚ ਸਨ ਅਤੇ ਕਿਸੇ ਬਹਾਨੇ ਨਾਲ ਦਫ਼ਤਰ ਵਿਚ ਆ ਕੇ ਬੈਠ ਗਏ। ਇਸੇ ਦੌਰਾਨ ਉਨ੍ਹਾਂ ਦਾ ਡਰਾਈਵਰ ਅਤੇ ਇਕ ਹੋਰ ਵਿਅਕਤੀ ਦਫ਼ਤਰ ਵਿਚ ਆ ਗਏ। ਉਨ੍ਹਾਂ ਨੂੰ ਵੇਖਦਿਆਂ ਹੀ ਦੋਵੇਂ ਵਿਅਕਤੀ ਕੋਈ ਬਹਾਨਾ ਬਣਾ ਕੇ ਉਥੋਂ ਚਲੇ ਗਏ। ਉਨ੍ਹਾਂ ਅਨੁਸਾਰ ਇਸ ਘਟਨਾ ਤੋਂ ਬਾਅਦ ਰਾਤ ਸਮੇਂ ਕੁਝ ਵਿਅਕਤੀਆਂ ਨੇ ਕੰਧ ਟੱਪ ਕੇ ਦਫ਼ਤਰ ਵਿਚ ਦਾਖ਼ਲ ਹੋਣ ਦੀ ਕੋਸ਼ਿਸ਼ ਕੀਤੀ ਅਤੇ ਕੰਧ ਵਿਚ ਪਾੜ ਲਾ ਦਿੱਤਾ। ਇਸ ਰਸਤੇ ਰਾਹੀਂ ਅੰਦਰ ਦਾਖ਼ਲ ਹੋਏ ਚੋਰ ਦਫ਼ਤਰ ਵਿਚ ਪਿਆ ਕਰੀਬ 7 ਹਜ਼ਾਰ ਰੁਪਏ ਦਾ ਕੈਸ਼ ਲੈ ਗਏ। ਚੋਰਾਂ ਨੇ ਜਾਣ ਤੋਂ ਪਹਿਲਾਂ ਦਫ਼ਤਰ ਅੰਦਰ ਪਈਆਂ ਵਸਤਾਂ ਦੀ ਫਰੋਲਾ-ਫਰਾਲੀ ਵੀ ਕੀਤੀ। ਸਵੇਰੇ ਜਦੋਂ ਦਫ਼ਤਰ ਖੋਲ੍ਹਿਆ ਗਿਆ ਤਾਂ ਚੋਰੀ ਦੀ ਘਟਨਾ ਦਾ ਪਤਾ ਲੱਗਾ। ਇਸ ਘਟਨਾ ਦੀ ਸਭ ਤੋਂ ਚਿੰਤਾਜਨਕ ਗੱਲ ਇਹ ਹੈ ਕਿ ਜਿਸ ਦਫ਼ਤਰ ਨੂੰ ਹੁਣ ਮੁੜ ਨਿਸ਼ਾਨਾ ਬਣਾਇਆ ਗਿਆ ਹੈ, ਉਥੇ ਕਰੀਬ ਪੰਜ ਮਹੀਨੇ ਪਹਿਲਾਂ ਵੀ ਚੋਰੀ ਹੋ ਚੁੱਕੀ ਹੈ।

ਪਿਛਲੀ ਚੋਰੀ ਦੇ ਮਾਮਲੇ ਵਿਚ ਵੀ ਅਜੇ ਤੱਕ ਕੋਈ ਸੁਰਾਗ ਨਾ ਮਿਲਣ ਦੀ ਗੱਲ ਸਾਹਮਣੇ ਆ ਰਹੀ ਹੈ। ਲਗਾਤਾਰ ਇਕੋ ਇਲਾਕੇ ਵਿਚ ਚੋਰੀਆਂ ਹੋਣ ਕਾਰਨ ਦੁਕਾਨਦਾਰਾਂ ਅਤੇ ਕਾਰੋਬਾਰੀਆਂ ਵਿਚ ਡਰ ਦਾ ਮਾਹੌਲ ਬਣਿਆ ਹੋਇਆ ਹੈ। ਇਲਾਕਾ ਵਾਸੀਆਂ ਦਾ ਕਹਿਣਾ ਹੈ ਕਿ ਦਾਨਾ ਮੰਡੀ ਅਤੇ ਇਸ ਦੇ ਨੇੜਲੇ ਖੇਤਰ ਵਿਚ ਨਸ਼ੇ ਦੀ ਸਮੱਸਿਆ ਗੰਭੀਰ ਬਣਦੀ ਜਾ ਰਹੀ ਹੈ। ਲੋਕਾਂ ਦਾ ਦੋਸ਼ ਹੈ ਕਿ ਨਸ਼ੇ ਦੀ ਲਤ ਨਾਲ ਜੁੜੇ ਕੁਝ ਵਿਅਕਤੀਆਂ ਕਾਰਨ ਇਲਾਕੇ ਵਿਚ ਚੋਰੀ ਅਤੇ ਲੁੱਟ-ਖੋਹ ਦੀਆਂ ਘਟਨਾਵਾਂ ਵਿੱਚ ਵਾਧਾ ਹੋ ਰਿਹਾ ਹੈ। ਰਾਤ ਸਮੇਂ ਸੁੰਨੀਆਂ ਥਾਵਾਂ ਅਤੇ ਦੁਕਾਨਾਂ ਨੂੰ ਨਿਸ਼ਾਨਾ ਬਣਾਏ ਜਾਣ ਕਾਰਨ ਲੋਕ ਆਪਣੇ ਕਾਰੋਬਾਰੀ ਅਦਾਰਿਆਂ ਦੀ ਸੁਰੱਖਿਆ ਨੂੰ ਲੈ ਕੇ ਚਿੰਤਤ ਹਨ। ਜ਼ਿਕਰਯੋਗ ਹੈ ਕਿ ਕੁਝ ਦਿਨ ਪਹਿਲਾਂ ਨਸ਼ੇੜੀਆਂ ਤੋਂ ਪ੍ਰੇਸ਼ਾਨ ਇਲਾਕਾ ਵਾਸੀਆਂ ਨੇ ਖੁੱਡੀ ਰੋਡ 'ਤੇ ਸੜਕ ਜਾਮ ਕਰਕੇ ਆਪਣਾ ਰੋਸ ਜ਼ਾਹਰ ਕੀਤਾ ਸੀ। ਲੋਕਾਂ ਨੇ ਪੁਲਸ ਪ੍ਰਸ਼ਾਸਨ ਤੋਂ ਨਸ਼ਾ ਕਰਨ ਵਾਲਿਆਂ ਅਤੇ ਨਸ਼ਾ ਵੇਚਣ ਵਾਲਿਆਂ ਖ਼?ਲਾਫ਼ ਸਖ਼ਤ ਕਾਰਵਾਈ ਦੀ ਮੰਗ ਕੀਤੀ ਸੀ। ਉਸ ਸਮੇਂ ਲੋਕਾਂ ਨੇ ਕਿਹਾ ਸੀ ਕਿ ਨਸ਼ੇ ਦੀ ਸਮੱਸਿਆ ਕਾਰਨ ਇਲਾਕੇ ਵਿਚ ਚੋਰੀਆਂ ਅਤੇ ਹੋਰ ਅਪਰਾਧਿਕ ਘਟਨਾਵਾਂ ਵਧ ਰਹੀਆਂ ਹਨ ਪਰ ਖੁੱਡੀ ਰੋਡ ਜਾਮ ਤੋਂ ਕੁਝ ਸਮੇਂ ਬਾਅਦ ਹੀ ਮੁੜ ਚੋਰੀ ਦੀ ਘਟਨਾ ਸਾਹਮਣੇ ਆਉਣ ਕਾਰਨ ਇਲਾਕਾ ਵਾਸੀਆਂ ਵਿਚ ਰੋਸ ਪਾਇਆ ਜਾ ਰਿਹਾ ਹੈ। ਲੋਕਾਂ ਦਾ ਕਹਿਣਾ ਹੈ ਕਿ ਸਿਰਫ਼ ਘਟਨਾ ਵਾਪਰਨ ਤੋਂ ਬਾਅਦ ਕਾਰਵਾਈ ਕਰਨ ਦੀ ਬਜਾਏ ਨਸ਼ੇ ਦੇ ਸਰੋਤਾਂ ਅਤੇ ਅਪਰਾਧਿਕ ਸਰਗਰਮੀਆਂ 'ਤੇ ਪਹਿਲਾਂ ਹੀ ਨੱਥ ਪਾਉਣ ਦੀ ਲੋੜ ਹੈ। ਵਪਾਰੀਆਂ ਅਤੇ ਇਲਾਕਾ ਵਾਸੀਆਂ ਨੇ ਪੁਲਸ ਪ੍ਰਸ਼ਾਸਨ ਤੋਂ ਦਾਨਾ ਮੰਡੀ ਖੇਤਰ ਵਿੱਚ ਰਾਤ ਸਮੇਂ ਪੁਲਸ ਗਸ਼ਤ ਵਧਾਉਣ, ਪਿਛਲੀਆਂ ਚੋਰੀਆਂ ਦੇ ਮਾਮਲਿਆਂ ਨੂੰ ਹੱਲ ਕਰਨ ਅਤੇ ਤਾਜ਼ਾ ਚੋਰੀ ਦੀ ਘਟਨਾ ਦੇ ਦੋਸ਼ੀਆਂ ਨੂੰ ਜਲਦ ਕਾਬੂ ਕਰਨ ਦੀ ਮੰਗ ਕੀਤੀ ਹੈ। ਲੋਕਾਂ ਨੇ ਕਿਹਾ ਕਿ ਜੇਕਰ ਨਸ਼ੇ ਦੀ ਸਮੱਸਿਆ ਅਤੇ ਇਸ ਨਾਲ ਜੁੜੀਆਂ ਅਪਰਾਧਿਕ ਸਰਗਰਮੀਆਂ 'ਤੇ ਠੋਸ ਕਾਰਵਾਈ ਨਾ ਕੀਤੀ ਗਈ ਤਾਂ ਆਉਣ ਵਾਲੇ ਸਮੇਂ ਵਿਚ ਸਥਿਤੀ ਹੋਰ ਗੰਭੀਰ ਹੋ ਸਕਦੀ ਹੈ

## 79ਵੇਂ ਸੰਤ ਸਮਾਗਮ ਦੀਆਂ ਸੇਵਾਵਾਂ ਦਾ ਸ਼ੁਭ ਆਰੰਭ
## ਸੇਵਾ ਬਣੀ ਸਮਰਪਣ ਦੀ ਸਾਧਨਾ
## ਹਰ ਹਿਰਦੇ ਤੋਂ ਹੋਵੇ ਸੇਵਾ ਅਤੇ ਮਾਨਵਤਾ ਦਾ ਸ਼ੁਭ ਆਰੰਭ - ਨਿਰੰਕਾਰੀ ਰਾਜਪਿਤਾ ਰਮਿਤ ਜੀ

ਸਮਾਲਖਾ, 20 ਸਤੰਬਰ: ਵਿਭਿੰਨਤਾਵਾਂ ਨਾਲ ਸਜੇ ਇਸ ਸੰਸਾਰ ਵਿੱਚ ਸਾਡੇ ਰੂਪ, ਭਾਸ਼ਾਵਾਂ ਅਤੇ ਜੀਵਨ-ਸ਼ੈਲੀਆਂ ਭਾਵੇਂ ਵੱਖਰੀਆਂ ਹੋਣ, ਪਰ ਇਹਨਾਂ ਬਾਹਰੀ ਭਿੰਨਤਾਵਾਂ ਦੇ ਪਿੱਛੇ ਵਸਣ ਵਾਲੀ ਚੇਤਨਾ ਇੱਕੋ ਹੀ ਹੈ। ਅਸੀਂ ਸਾਰੇ ਇਸੇ ਪਰਮਾਤਮਾ ਦੀ ਸੰਤਾਨ ਹਾਂ, ਜਿਨ੍ਹਾਂ ਨੂੰ ਸਤਿਗੁਰੂ ਨੇ ਪ੍ਰੇਮ ਦੇ ਅਦ੍ਰਿਸ਼ ਧਾਗੇ ਵਿੱਚ ਬੰਨ੍ਹ ਕੇ ਮਾਨਵਤਾ ਨੂੰ ਏਕਤਾ ਦਾ ਸੰਦੇਸ਼ ਦਿੱਤਾ ਹੈ। ਸੰਤ ਨਿਰੰਕਾਰੀ ਮਿਸ਼ਨ ਇਸੇ ਭਾਵਨਾ ਨੂੰ 'ਵਸੁਧੈਵ ਕੁਟੁੰਬਕਮ' - 'ਸਮੁੱਚਾ ਸੰਸਾਰ ਇੱਕ ਪਰਿਵਾਰ' ਦੇ ਰੂਪ ਵਿੱਚ ਜੀਵੰਤ ਕਰ ਰਿਹਾ ਹੈ, ਜਿੱਥੇ ਪ੍ਰੇਮ ਕੇਵਲ ਵਿਚਾਰ ਨਹੀਂ, ਸਗੋਂ ਜੀਵਨ ਜਿਊਣ ਦੀ ਸ਼ੈਲੀ ਨੂੰ ਦਰਸਾਉਂਦਾ ਹੈ। 79ਵਾਂ ਸਾਲਾਨਾ ਨਿਰੰਕਾਰੀ ਸੰਤ ਸਮਾਗਮ ਸਤਿਗੁਰੂ ਮਾਤਾ ਸੁਦੀਕਸ਼ਾ ਜੀ ਮਹਾਰਾਜ ਅਤੇ ਨਿਰੰਕਾਰੀ ਰਾਜਪਿਤਾ ਰਮਿਤ ਜੀ ਦੀ ਪਾਵਨ ਛਤਰ-ਛਾਇਆ ਹੇਠ 23 ਤੋਂ 26 ਅਕਤੂਬਰ 2026 ਤੱਕ ਸੰਤ ਨਿਰੰਕਾਰੀ ਆਧਿਆਤਮਿਕ ਸਥੱਲ, ਸਮਾਲਖਾ, ਹਰਿਆਣਾ ਵਿੱਚ ਸ਼ਰਧਾ ਅਤੇ ਉਤਸ਼ਾਹ ਨਾਲ ਆਯੋਜਿਤ ਕੀਤਾ ਜਾਵੇਗਾ, ਜਿਸ ਵਿੱਚ ਆਤਮਿਕ ਚੇਤਨਾ ਅਤੇ ਮਾਨਵ-ਏਕਤਾ ਦੇ ਸੰਦੇਸ਼ ਨੂੰ ਹਿਰਦੇ ਵਿੱਚ ਸੰਜੋਏ ਦੇਸ਼-ਵਿਦੇਸ਼ ਤੋਂ ਲੱਖਾਂ ਸ਼ਰਧਾਲੂ ਭਗਤ ਸ਼ਾਮਲ ਹੋਣਗੇ। ਸਤਿਗੁਰੂ ਦੇ ਦੈਵੀ ਦਰਸ਼ਨ ਅਤੇ ਪਾਵਨ ਪ੍ਰਵਚਨਾਂ ਤੋਂ ਸ਼ਰਧਾਲੂ ਆਤਮਿਕ ਸ਼ਾਂਤੀ ਪ੍ਰਾਪਤ ਕਰਦੇ ਹੋਏ ਆਪਣੇ ਜੀਵਨ ਵਿੱਚ ਪ੍ਰੇਮ, ਸੇਵਾ, ਕਰੁਣਾ ਅਤੇ ਮਾਨਵਤਾ ਦੇ ਭਾਵ ਨੂੰ ਅਪਣਾਉਣ ਦੀ ਪ੍ਰੇਰਨਾ ਪ੍ਰਾਪਤ ਕਰਨਗੇ। ਸਮਾਗਮ ਦੀਆਂ ਸੇਵਾਵਾਂ ਦਾ ਸ਼ੁਭ ਆਰੰਭ ਅੱਜ ਸ਼ਰਧਾ, ਸਮਰਪਣ ਅਤੇ ਸੇਵਾ-ਭਾਵ ਨਾਲ ਭਰਪੂਰ ਵਾਤਾਵਰਣ ਵਿੱਚ ਹੋਇਆ। ਨਿਰੰਕਾਰੀ ਰਾਜਪਿਤਾ ਰਮਿਤ ਜੀ ਦੇ ਪਾਵਨ ਕਰ-ਕਮਲਾਂ ਨਾਲ ਸੇਵਾ ਸਥਾਨ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਮਿਸ਼ਨ ਦੀ ਕਾਰਜਕਾਰਨੀ ਕਮੇਟੀ, ਕੇਂਦਰੀ ਸੇਵਾਦਲ ਦੇ ਅਧਿਕਾਰੀਆਂ ਅਤੇ ਹਜ਼ਾਰਾਂ ਸ਼ਰਧਾਲੂ ਭਗਤਾਂ ਨੇ ਪ੍ਰੇਮ ਅਤੇ ਨਿਸ਼ਠਾ ਨਾਲ ਸੇਵਾ ਵਿੱਚ ਯੋਗਦਾਨ ਪਾਇਆ। ਸੰਤ ਨਿਰੰਕਾਰੀ ਮੰਡਲ ਦੀ ਪ੍ਰਧਾਨ ਸਤਿਕਾਰਯੋਗ ਰਾਜਕੁਮਾਰੀ ਜੀ ਅਤੇ ਸੰਤ ਨਿਰੰਕਾਰੀ ਮੰਡਲ ਦੇ ਸਕੱਤਰ ਸਤਿਕਾਰਯੋਗ ਸ਼੍ਰੀ ਜੋਗਿੰਦਰ ਸੁਖੀਜਾ ਨੇ ਫੁੱਲਾਂ ਦਾ ਗੁਲਦਸਤਾ ਭੇਟ ਕਰਕੇ ਨਿਰੰਕਾਰੀ ਰਾਜਪਿਤਾ ਜੀ ਦਾ ਨਿੱਘਾ ਸਵਾਗਤ ਕੀਤਾ। ਇਹ ਪਾਵਨ ਮੌਕਾ ਸੇਵਾ ਨੂੰ ਸਾਧਨਾ ਅਤੇ ਸਮਰਪਣ ਨੂੰ ਜੀਵਨ ਦਾ ਆਧਾਰ ਬਣਾਉਣ ਦੀ ਪ੍ਰੇਰਨਾ ਨਾਲ ਭਰਪੂਰ ਰਿਹਾ। 79ਵੇਂ ਸਮਾਗਮ ਦੀਆਂ ਸੇਵਾਵਾਂ ਦੇ ਸ਼ੁਭ ਆਰੰਭ ਸਮਾਗਮ 'ਤੇ ਹਾਜ਼ਰ ਸ਼ਰਧਾਲੂਆਂ ਨੂੰ ਸੰਬੋਧਨ ਕਰਦਿਆਂ ਨਿਰੰਕਾਰੀ ਰਾਜਪਿਤਾ ਜੀ ਨੇ ਸਤਿਗੁਰੂ ਮਾਤਾ ਜੀ ਦਾ ਪ੍ਰੇਮ ਅਤੇ ਅਸ਼ੀਰਵਾਦਾਂ ਨੂੰ ਸੰਤਾਂ ਤੱਕ ਪਹੁੰਚਾਉਂਦਿਆਂ ਫਰਮਾਇਆ ਕਿ ਸੰਤ ਸਮਾਗਮ ਦੀਆਂ ਸੇਵਾਵਾਂ ਦਾ ਇਹ ਵਿਸ਼ਾਲ ਸਰੂਪ ਅਣਗਿਣਤ ਸੰਤਾਂ ਦੀ ਨਿਸ਼ਕਾਮ ਸੇਵਾ, ਕੁਰਬਾਨੀ ਅਤੇ ਸਮਰਪਣ ਦਾ ਨਤੀਜਾ ਹੈ। ਇਹ ਸਾਨੂੰ ਪ੍ਰੇਰਨਾ ਦਿੰਦਾ ਹੈ ਕਿ ਸਾਡੇ ਜੀਵਨ ਵਿੱਚ ਵੀ ਸੇਵਾ ਅਤੇ ਪਰਉਪਕਾਰ ਦਾ ਭਾਵ ਆਵੇ। ਮਨੁੱਖੀ ਸਰੀਰ ਕੇਵਲ ਆਪਣੇ ਲਈ ਨਹੀਂ, ਸਗੋਂ ਦੂਜਿਆਂ ਦੇ ਸੁੱਖ-ਦੁੱਖ ਵਿੱਚ ਭਾਈਵਾਲ ਬਣਨ ਲਈ ਮਿਲਿਆ ਹੈ। ਸੇਵਾ ਵਿੱਚ ਜਦੋਂ 'ਮੈਂ' ਦਾ ਭਾਵ ਖ਼ਤਮ ਹੋ ਕੇ 'ਅਸੀਂ' ਦਾ ਭਾਵ ਆਉਂਦਾ ਹੈ, ਉਦੋਂ ਹੀ ਉਸ ਦਾ ਅਸਲ ਅਰਥ ਪ੍ਰਗਟ ਹੁੰਦਾ ਹੈ। ਸਤਿਗੁਰੂ ਦਾ ਗਿਆਨ ਹੀ ਉਹ ਜਾਗਰੂਕਤਾ ਹੈ, ਜੋ ਸਾਡੀ ਦ੍ਰਿਸ਼ਟੀ ਬਦਲ ਕੇ ਹਰ ਮਨੁੱਖ ਵਿੱਚ ਨਿਰੰਕਾਰ ਦਾ ਰੂਪ ਦੇਖਣ ਦੀ ਪ੍ਰੇਰਨਾ ਦਿੰਦੀ ਹੈ। ਜਦੋਂ ਮਨੁੱਖ, ਮਨੁੱਖ ਨਾਲ ਪ੍ਰੇਮ ਅਤੇ ਸਤਿਕਾਰ ਕਰੇਗਾ, ਤਾਂ ਇਹ ਧਰਤੀ ਹੋਰ ਵੀ ਸੁੰਦਰ ਬਣੇਗੀ। ਸਤਿਗੁਰੂ ਅੱਗੇ ਇਹੋ ਅਰਦਾਸ ਹੈ ਕਿ ਅਸੀਂ ਮਨੁੱਖੀ ਰੂਪ ਵਿੱਚ ਹੀ ਨਹੀਂ, ਸਗੋਂ ਆਪਣੇ ਕਰਮਾਂ ਅਤੇ ਵਿਵਹਾਰ ਤੋਂ ਵੀ ਸੱਚੇ ਮਨੁੱਖ ਬਣ ਸਕੀਏ। ਇਸ ਸਾਲ ਸੰਤ ਸਮਾਗਮ ਦਾ ਵਿਸ਼ਾ 'ਜਾਗ੍ਰਿਤੀ' ਹੈ, ਜੋ ਮਨੁੱਖ ਨੂੰ ਬਾਹਰੀ ਸੰਸਾਰ ਤੋਂ ਹਟ ਕੇ ਆਪਣੇ ਅੰਦਰ ਝਾਤ ਮਾਰਨ ਅਤੇ ਆਪਣੇ ਅਸਲ ਸਰੂਪ ਨੂੰ ਪਛਾਣਨ ਦੀ ਪ੍ਰੇਰਨਾ ਦਿੰਦਾ ਹੈ। ਸਤਿਗੁਰੂ ਮਾਤਾ ਜੀ ਨੇ ਵੀ ਕਿਹਾ ਹੈ ਕਿ ਜਾਗਰੁਕ ਅਤੇ ਚੇਤਨ ਹੋ ਕੇ ਭਗਤ ਹਰ ਪਲ ਭਗਤੀ ਵਿੱਚ ਲੀਨ ਰਹਿੰਦੇ ਹਨ। 'ਜਾਗ੍ਰਿਤੀ' ਦਾ ਅਰਥ ਕਿਸੇ ਨਵੀਂ ਗੱਲ ਦਾ ਅਚਾਨਕ ਗਿਆਨ ਹੋਣਾ ਨਹੀਂ, ਸਗੋਂ ਹਰ ਪਲ ਆਪਣੇ ਅੰਦਰ ਚੌਕਸ ਅਤੇ ਸੁਚੇਤ ਰਹਿਣਾ ਹੈ। ਸੰਸਾਰ ਵਿੱਚ ਰਹਿੰਦਿਆਂ ਵੀ ਉਸ ਦੇ ਪ੍ਰਭਾਵ ਤੋਂ ਆਪਣੇ ਆਪ ਨੂੰ ਬਚਾ ਕੇ ਰੱਖਣਾ ਅਤੇ ਹਰ ਪ੍ਰਸਥਿਤੀ ਵਿੱਚ ਪ੍ਰਭੂ-ਸਿਮਰਨ ਨਾਲ ਜੁੜੇ ਰਹਿਣਾ ਹੀ ਸੱਚੀ 'ਜਾਗ੍ਰਿਤੀ' ਹੈ। ਬਿਨਾਂ ਸ਼ੱਕ ਨਿਰੰਕਾਰੀ ਸੰਤ ਸਮਾਗਮ ਕਿਸੇ ਧਰਮ, ਜਾਤ, ਭਾਸ਼ਾ ਜਾਂ ਖੇਤਰ ਤੱਕ ਸੀਮਤ ਨਹੀਂ, ਸਗੋਂ ਮਾਨਵਤਾ ਅਤੇ ਸੱਚ ਦੇ ਚਾਨਣ ਨੂੰ ਅੱਗੇ ਵਧਾਉਣ ਵਾਲੇ ਹਰ ਹਿਰਦੇ ਦਾ ਮਿਲਾਪ ਹੈ। ਇੱਥੇ ਸੇਵਾ ਦੇ ਮਾਧਿਅਮ ਨਾਲ ਇਨਸਾਨੀਅਤ ਅਤੇ ਅਧਿਆਤਮਿਕਤਾ ਦਾ ਦੈਵੀ ਮਿਲਾਪ ਹੁੰਦਾ ਹੈ, ਹਜ਼ਾਰਾਂ ਹੱਥ ਸੇਵਾ ਵਿੱਚ ਅਤੇ ਲੱਖਾਂ ਹਿਰਦੇ ਪ੍ਰੇਮ ਵਿੱਚ ਜੁੜਦੇ ਹਨ ਅਤੇ ਵਿਭਿੰਨਤਾ ਦੇ ਵਿਚਕਾਰ ਏਕਤਾ ਦਾ ਸੰਦੇਸ਼ ਸਾਕਾਰ ਰੂਪ ਵਿੱਚ ਦਿਖਾਈ ਦਿੰਦਾ ਹੈ।


**NAME CHANGE**
I, Sushma D/O Shambu Prasad Dharmana W/O Vinod Kumar R/O B-6 Police Colony Mandir Marg New Delhi 110001 Have changed my name to Sushma Badola for all future purposes.

**NAME CHANGE**
I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

**PUBLIC NOTICE**
It is for general information that I, Rahul Vishwakarma S/o H.P. Vishvakarma R/o J-4, Ground Floor Gandhi Market, Mir Dard Road, Minto Road, Indraprastha, Central Delhi, Delhi-110002 declare that name of mine has been wrongly written as Rahul Kumar Vishvakarma in my minor daughter namely Anika Vishvakarma aged 5 years in his School Records. The actual name of mine is Rahul Vishwakarma.

**PUBLIC NOTICE**
It is for general information that 1 INDU CHAUHAN W/O NARENDER SINGH CHAUHAN R/O N-129/1, T-HUTS, KHILONA BAGH DIST NORTH WEST DELHI-110009 declare that name of mine has been wrongly written as INDU KANWAR in my minor son namely HARSH VARDHAN SINGH CHAUHAN aged 13 years in his school record and birth certificate No. MCDOLIR - 2211-005020356. The actual name of mine is INDU CHAUHAN which may be amended accordingly

**PUBLIC NOTICE**
It is for general information that CHANDER VEER S/O RAM JI LAL R/O Q-157 Vikas Vihar Uttam Nagar West Delhi Delhi-110059 declare that name of mine has been wrongly written as CHANDER PAL in my minor daughter namely KIRTI aged 15 years in her birth certificate No.MCDOLIR-0110-004425168. The actual name of mine is CHANDER VEER which may be amended accordingly

**NAME CHANGE**
It is for general information that I, DINDAYAL KAPIL S/o BANWAR LAL KAPIL, R/o RZ-12 G, Gali No. 3, Gandhi Market, New Delhi, West Sagar Pur, South West Delhi, Delhi - 110046, declare that name of mine has been wrongly written as DIN-DAYAL in my PPO No. 08/14/8/05982/1994. The actual name of mine is DINDAYAL KAPIL, which may be amended accordingly.

**PUBLIC NOTICE**
It is for general information that I, NIDHI AGGARWAL YADAV D/o VIRENDER KUMAR AGGARWAL, and Ex. Wife of AMIT YADAV, R/o H.No E-12, Hauz Khas, South West Delhi-110016, declare that I got divorce from my Ex. Husband AMIT YADAV vide Court Decree HMA No. 603/2019 dated 30 - 04-2019, further I have changed my name and shall hereafter be known as NIDHI AGGARWAL. I also have changed the name of my minor Son namely AAYAN YADAV, aged 16 years and my minor daughter namely ARSHIYA YADAV, aged 13 years and they shall hereafter be known as AAYAN AGGARWAL and ARSHIYA AGGARWAL respectively, which may be amended accordingly.

**NAME CHANGE**
I Taran Preet Singh Kochhar S/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Taranpreet Singh and Surname Kochhar for all purpose.

**NAME CHANGE**
I, Sansare Amrut Narayan father of No.4580889H Rank-Hav Name Sansare Ravindra Amrut residing at Vill. Deolali Pravara, Tehsil - Rahuri, District.Ahilyanagar, Maharashtra - 413716 have changed my name from Sansare Amrut Narayan to Amrut Narayan Sansare vide affidavit dated 15.07.2025 executed before Notary Public, Delhi.

**NAME CHANGE**
I, MOGHAL FATHIMA BAIG Wife of JC-335017L Rank-NB/SUB Name-MOGHAL MOHAMMAD BAIG Presently residing at 9-5-5, ANDHRA RATNA NAGAR, PERALA HIGH SCHOOL, PERALA, CHIRALA PRAKASAM DISTRICT, ANDHRA PRADESH-523157, have changed my name from MOGHAL FATHIMA BAIG to FATHIMA SHAIK for all future purposes vide Affidavit dated 16/07/2025 before First Class Magistrate, Shillong, Meghalaya.

**NAME CHANGE**
I Jugal Kishor S/o Lila Dhar R/o H.No-196 S/F, Kh.No-619/21, Chattar Pur, South Delhi, Delhi-110074 have changed the name of my minor daughter namely Krishna Devi aged 16 years and she shall hereafter be known as Priya.

**NAME CHANGE**
I hitherto known as Farman S/o Akeel Ahmed R/o B 272/27, Gali No 4, Subhash Mohalla North Ghonda, Garhi Mendu, Bhajan Pura, North East, Delhi-110053 have changed my name and shall hereafter be known as Farman Ahmed.

**NAME CHANGE**
I hitherto known as Atif S/o Manzoor Khan R/o 1/99-C, 4F/F, Gali No-5, Guru Harkrishan School Wali Gali, Kabir Nagar, Gokal Pur, North East Delhi, Delhi-110094 have changed my name and shall hereafter be known as Atif Khan.

**NAME CHANGE**
I hitherto known as Aakash S/o Makan Singh Rawat R/o 2087/5, Gali No.20, Prem Nagar Patel Nagar, Patel Nagar S.O, Central Delhi, Delhi-110008 have changed my name and shall hereafter be known as Akash Rawat.

**NAME CHANGE**
I hitherto known as Sanam Kumari W/o Samarjeet Gupta R/o E-400-D, Block-E, Ashok Nagar, Vasundhra Enclave, East Delhi, Delhi, Delhi-110096 have changed my name and shall hereafter be known as Sonam Sav.

**NAME CHANGE**
I hitherto known as Laxman Yadav alias Bhavikshan Yadav S/O Bechan Yadav R/O Gram Debra, Post Bela, Thana Babubarhi, Ward No-02, Bela, PO Bela, Dist Madhubani, Bihar-847224 have changed my name and shall hereafter be known as Bhavikshna Yadav.

**NAME CHANGE**
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.



**NAME CHANGE**
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.



**NAME CHANGE**
I, ANITA BANSAL W/O PAWAN BANSAL residing at B-504, MAYUR-DHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

**PUBLIC NOTICE**
I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

**NAME CHANGE**
I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.

**NAME CHANGE**
I, NEETAS DEVI Wife of No-3204848W Rank-HAV Name-DHARMENDRA SINGH R/O VILL-BISHUNDAS, PO-MURSAN, DISTT-HATHRAS, U.P-204213 have changed my name from NEETAS DEVI to NITESH DEVI for all future purposes vide Affidavit Dated 30/09/2023 before Notary Public, Delhi.

**NAME CHANGE**
I Suvita Rana(d/o.Shri Omvir Singh) wife of Vikram Singh Rana was Suvita Rani before Marriage. After marriage I am also known as Suvita Rana and as such in my daughter's educational certificate my name (as her mother) is endorsed as Suvita Rana. Thus I affirm and confirm that Suvita Rani (my maiden name) and Suvita Rana (my name having surname of my husband Vikram Singh Rana) is the same person.

**NAME CHANGE**
I, HASINA BEGAM KHAN W/O SALIM IQBAL KHAN R/O TAURU ROAD, MARIA MANJIL SCHOOL ,ARAVALY COLONY, NUH, MEWAT, HARYANA-122107 HAVE CHANGED MY NAME TO HASINA BEGAM FOR ALL PURPOSE.

**NAME CHANGE**
I, Sudama Sharma S/O Devi Ram Sharma,R/O A - 3/106 - 107 , Sector-16 Rohini, Rohini Sector 15, North West Delhi, Delhi - 110089, have changed the name of my minor son namely Yash Sharma aged 15 years and he shall hereafter be known as Aayush Sharma.

**NAME CHANGE**
I, S VANITHA W/o No. 14838283N Rank-HAV/MT Name-RAMESH P R/o VILL-SEDRAMPUTTU, PO-SEDRAMPUTTU, TEH-POLUR, DIST-THRUVANNAMALAI, TAMIL NADU-632315, have changed my name from S VANITHA to VANITHA R for all future purposes vide Affidavit dated 15/07/2025 before Notary Public, Kupwara.

**NAME CHANGE**
I Tajinder Kaur W/o Jaspreet Singh Baweja R/o 52/43 Ramjas Road Karol Bagh Delhi -110005 Have Changed My Name To Tajinder Kaur Baweja For All Purpose.

**NAME CHANGE**
I, SANJAY KUMAR CHOUDHARY S/o LATE SH. LAXMAN CHAUDHARY Permanent R/o Parsauni Khirodhar, Sitamarhi, Bihar-843325 and Presently Residing at Plot No. B-20, Second Floor, Dass Garden, Baprola Vihar, Najafgarh, New Delhi-110043. declare that name of mine has been wrongly written as SANJAY CHOUDHARY in my minor daughter namely SHIWANGI CHOUDHARY aged 17 years in her 10th class Marksheet. The actual name of mine is SANJAY KUMAR CHOUDHARY, which may be amended accordingly.

**NAME CHANGE**
I, VINOD KUMAR S/O UDAY SINGH residing at FLAT NO-G-3/8, NEAR DDA WATER TANK, SECTOR-4, ROHINI, DELHI-110085 have changed my name to VINOD KUMAR KUSHWAHA for all future purpose.

**NAME CHANGE**
I, SANTOSH KUMAR S/O VISHVA NATH PRASAD residing at PLOT NO-58&59, FLAT NO-B-2, STREET NO-5, HAVENS GARDEN MATIALA, DELHI-110059 have changed my name to SANTOSH KUMAR GUPTA for all future purposes

**PUBLIC NOTICE**
Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs.,), & Khasra No. 236 (222.5 sq. mtrs.,), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR Dadri, as Doc No. 15786, Book No. 01, Vol No. 23442, Page Nos. 287-308, it is stated that Mr. Rakesh Chandra Aggarwal & Mr. Rakesh Baranwal had purchased above said property as HUF but further they have sold invaluably, now our client is declaring that any other person does not have any right over the said property, which is to be financed by ICICI Home Finance Co. Ltd. Branch: Laxmi Nagar, Delhi. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained
**[NAVEEN KUMAR VERMA]**
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

**PUBLIC NOTICE**
My client Narender Kumar Chauhan S/o Pooran Singh R/o H.No.376, Chauhan Mohalla, Madanpur Khadar, Sarita Vihar, and disowned his son Harsh Chauhan and his wife Preeti Rani from his all movable-immovable properties due to their Vihar, Delhi-76, has severed all relations and disowned his disobedience. My client Shall not be responsible for their acts.
**ARJUN BIDHURI Advocate**
CH. NO.536, Saket Courts
New Delhi-110017.

**NAME CHANGE**
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.



**PUBLIC NOTICE**
Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs.,), & Khasra No. 236 (222.5 sq. mtrs.,), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR Dadri, as Doc No. 15786, Book No. 01, Vol No. 23442, Page Nos. 287-308, it is stated that Mr. Rakesh Chandra Aggarwal & Mr. Rakesh Baranwal had purchased above said property as HUF but further they have sold invaluably, now our client is declaring that any other person does not have any right over the said property, which is to be financed by ICICI Home Finance Co. Ltd. Branch: Laxmi Nagar, Delhi. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained
**[NAVEEN KUMAR VERMA]**
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

**NAME CHANGE**
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.



**NAME CHANGE**
I hitherto known as JAGANATH KAPUR alias JAYANTI KAPUR W/o RAJ KUMAR KAPUR, R/o Near Dhingra Park, House No. 26, Road No. 14, East Punjabi Bagh, West Delhi, Delhi-110026, have changed my name and shall hereafter be known as JAYANTI KAPUR.

**NAME CHANGE**
It is for general information that I, VISHAL SONI S/o SUGHAR SINGH R/o 1338A/8, Gali No.-8, Nearby SK Depot, Govindpuri Kalkaji, Kalkaji, South Delhi, Delhi-110019, declare that name of mine has been wrongly written as VISHAL in my Driving Licence No. DL03 20090024443. The actual name of mine is VISHAL SONI, which may be amended accordingly.

**PUBLIC NOTICE**
Public notice is hereby given that my clients Mr. Sushil Kumar and Mr. Rajendra Kumar Tyagi both S/o Mr. Ved Prakash Tyagi, both R/o House No. 312, Saddiq Nagar, Near Auto Stand Sihani, Ghaziabad, Uttar Pradesh 201003, are owner of Residential Plot No. 43 & 44, area measuring 200 Square Yards i.e. 167.22 Square Meters out of Khasra No. 459, situated in the village Saddiq Nagar, Pargana Loni, Tehsil & District Ghaziabad, Uttar Pradesh, vide Khatauni Fasli Year 1427-1432 Calendar Year 2019-2024, it is pertinent to mention here that after the death of their father Mr. Ved Prakash Tyagi, they became the owner of the said property. My client is absolute owner of the said property which is free from encumbrance. The said property neither falls under acquisition nor falls under any litigation in any court of law. On date, being the absolute owner of the said property, my clients are going to sell the said property to Mrs. Deepika Singh W/o Mr. Krishna Kumar Singh. The same is going to be financed by PNB Housing Finance Ltd., branch Sahibabad, Ghaziabad, Uttar Pradesh. If any person(s) has/have any objection regarding the above said property, then kindly may submit his/her objection within 7 days from the date of the Notice in writing to undersigned or the said Bank/FI. The said objection may be kindly sent to the undersigned/bank by way of the Registered Post on the address given below and by E-mail. Failing which, the claim as per aforesaid shall be treated as null and void in respect of the subject property.
**[RUPESH KUMAR ROUSHAN]**
Advocate
D-803, Nandgram,
Ghaziabad,
Uttar Pradesh 201003
roushan.rupesh@gmail.com



**NAME CHANGE**
I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.



**NAME CHANGE**
I, ABDUL TAWWAB S/O Shri Abdul Rehman Resident of House No. C-16, Abhimanyu Gali, Near Babu Ram Chowk, Arjun Mohalla, Moujpur, Delhi-110053 have changed my name ABDUL TAUWAB to ABDUL TAWWAB for all future purposes.

**NAME CHANGE**
I, SIDDHARATH RANA S/O BHAGWAN RANA residing at H NO-1074, SIRASPUR, DELHI-110042 have changed my name to SIDDHARTH RANA for all future purpose.

**PUBLIC NOTICE**
My client Gokul Chand S/o Prabhu Ram and his Wife Maya, H.No- 83, 84, F-4 Block, Sultanpuri, New Delhi- 86, has severed all his relations & connections from his Son Rajesh Kumar & disowned his from her all movable and immovable properties. My client shall not be responsible for his any acts.
**Shyam Sharma (Adv)**

**PUBLIC NOTICE**
I, IMRAJ S/o SHAKIL, R/o B-29, Nanda Road Adarsh Nagar North West Delhi-110033, do hereby solemnly affirm and declare that I have embraced HINDUISM RELIGION and renounced ISLAM RELIGION with effect from 07.06.2025

**NAME CHANGE**
I, IMRAJ S/o SHAKIL, R/o B-29, Nanda Road Adarsh Nagar North West Delhi-110033 have changed my name to RINKU THAKUR

**NAME CHANGE**
I, SH AUTAR SINGH Father of JC-413677X Rank-SUB MAJ Name-BHAGAT SINGH presently residing at VILL-BILTIYA SUKOLI TALLI, PO-DHAUNTIYAL, DIST-PAURI GARHWAL, UTTARAKHAND-246155 have changed my name from SH AUTAR SINGH to AVTAR SINGH for all future purposes vide affidavit dated 12/03/2024 before Notary Public, Delhi.

**NAME CHANGE**
I, D BABU father of NO-14842224Y Rank HAV/MT Name-ANOOP B R/O AALAYAM, VILL –KEEZHTHON-NAKKAL, PO-POTHENCODE, DIST-TRIVANDRUM, KERALA-695584 have changed my name from D BABU to BABU D for all future purposes vide Affidavit Dated 12/03/2024 before Notary Public, Delhi.


### ਪੂਰਵੋੱਤਰ ਰੇਲਵੇ

**ਖੁੱਲੀ ਈ-ਨਿਵਿਦਾ ਸੂਚਨਾ: NER-LJN-2026-248**

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਮੰਡਲ ਰੇਲ ਪ੍ਰਬੰਧਕ/ਇੰਜੀਨਿਯਰਿੰਗ/ਪੂਰਵੋਤਰ ਰੇਲਵੇ/ ਲਖਨਊ ਵਲੋਂ ਹੇਠਲਿਖਿਤ ਕਾਰਜਾਂ ਹੇਤੁ ਔਨਲਾਈਨ 'ਖੁਲੀ' ਈ-ਨਿਵਿਦਾਵਾਂ ਆਮੰਤਰਿਤ ਕੀਤੀ ਜਾਂਦੀ ਹੈ ਜਿਸਦਾ ਵੇਰਵਾ ਹੇਠਾਂ ਲਿਖਿਆ ਹੈ:-

<u>ਕ੍ਰਮ ਸੰ.- 01,</u> ਈ-ਨਿਵਿਦਾ ਸੰਖਿਆ: **NER-LJN-2026-248,** ਕਾਰਜ ਦਾ ਨਾਮ : ਪੂਰਵੋੱਤਰ ਰੇਲਵੇ ਲਖਨਊ ਮੰਡਲ: ਗੋਰਖਪੁਰ-ਲਖਨਊ ਖੰਡ: ਸਾਰੇ ਰੇਲ ਸੇਕਸ਼ਣ (ਨਯੂ/ਏਸ.ਏਚ) ਦੇ 20 ਰੇਲ ਪੈਨਲ/ਫ੍ਰੀ ਰੇਲ/2 ਰੇਲ ਪੈਨਲ/3 ਰੇਲ ਪੈਨਲ ਦੀ ਸਾਇਟ ਤੇ (ਯਥਾਸਥਾਨ ਯਾ ਸੇਸ) ਠੇਕੇਦਾਰ ਦੇ ਮੋਬਾਇਲ ਫਲੈਸ਼-ਬਟ ਵੇਲਡਿੰਗ ਪਲਾਂਟ ਦਵਾਰਾ, ਫਲੈਸ਼-ਬਟ ਵੇਲਡਿੰਗ ਦਾ ਕੰਮ। (ਵਰਿਸ਼ਠ ਮੰਡਲ ਅਭਿਯੰਤਾ-ਪਹਿਲਾ ਅਤੇ ਤੀਜਾ ਦੇ ਖੇਤਰਾਧਿਕਾਰ ਵਿਚ ਸਾਲ 2025-26 ਦੇ ਏਲ.ਡਬਲਯੂ. ਪੀ. ਦੇ ਮੰਜੂਰ ਕੰਮ ਦੇ ਅੰਤਰਗਤ।) ਅਨੁਮਾਨਿਤ ਲਾਗਤ (ਰੁ): ਰੁ. 4,85,61,588/-, ਅਗ੍ਰਿਮ ਧਨ (ਰੁ): ਰੁ. 9,71,200/-, **ਸਮਾਪਨ ਅਵਧਿ:** 12 ਮਹੀਨੇ।

ਨੋਟ:- (1) ਉਪਰੋਕਤ ਈ-ਨਿਵਿਦਾ ਸੰਖਿਆ **NER-LJN-2026-248** ਦੇ ਲਈ ਈ-ਨਿਵਿਦਾ ਮਿਤੀ 13-10-2026 ਨੂੰ 15:00 ਵਜੇ ਤੱਕ ਅਪਲੋਡ ਕੀਤੀ ਜਾ ਸਕਦੀ ਹੈ ਅਤੇ ਉਸੀ ਦਿਨ ਸਮੇਂ 15:00 ਵਜੇ ਦੇ ਬਾਦ ਈ-ਨਿਵਿਦਾ ਦੀ ਖੋਲੀ ਜਾਵੇਗੀ।(2) ਉਪਰੋਕਤ ਈ-ਨਿਵਿਦਾ ਤੋਂ ਸੰਬੰਧਿਤ ਸਾਰੀਆਂ ਸੂਚਨਾ, ਨਿਮਨਵਤ ਅਹਰਤਾ, ਨਿਯਮ ਅਤੇ ਸ਼ਰਤਾਂ ਦਾ ਪੂਰਾ ਵੇਰਵਾ ਪੂਰਵੋਤਰ ਰੇਲਵੇ ਦੇ ਵੇਬਸਾਈਟ *www.ireps.gov.in* ਤੇ ਉਪਲਬਧ ਹੈ। ਨਿਵਿਦਾਕਾਰ ਈ-ਨਿਵਿਦਾ ਪ੍ਰਪਤਰ ਨੂੰ ਅਪਲੋਡ ਕਰਨ ਤੋਂ ਪਹਿਲਾਂ ਇਸ ਈ-ਨਿਵਿਦਾ ਸੂਚਨਾ ਤੋਂ ਸੰਬੰਧਿਤ ਵੇਬਸਾਈਟ ਤੇ ਉਪਲਬਧ ਸ਼ੁਧੀ ਪੱਤਰ (ਅਗਰ, ਕੋਈ ਹੋਵੇ ਤਾਂ) ਨੂੰ ਵੀ ਸੰਗਿਆਨ 'ਚ ਲੇਣਾ ਸੁਨਿਸ਼ਚਿਤ ਕਰੋ।

**ਮੰਡਲ ਰੇਲ ਪ੍ਰਬੰਧਕ/ਇੰਜੀਨਿਯਰਿੰਗ,**
ਮੁਜਾਧਿ/ਡਬਲਊ-342 **ਲਖਨਊ**

**ਗੱਡੀਆਂ ਦੀ ਛੱਤਾਂ ਅਤੇ ਪਾਵਦਾਨ ਤੇ ਕਦੇ ਵੀ ਯਾਤ੍ਰਾ ਨਾਂ ਕਰੋ।**


**NAME CHANGE**
I SONIKA D/O TARSEM SINGH R/o H.No-3054 New Abadi Faizpura Amritsar-1 Amritsar Punjab-143001, have changed my name to SONAMPREET KAUR.



**NAME CHANGE**
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.

**NAME CHANGE**
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

**NAME CHANGE**
I, ANITA BANSAL W/O PAWAN BANSAL residing at B-504, MAYUR-DHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

**PUBLIC NOTICE**
I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

**NAME CHANGE**
I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.



**NAME CHANGE**
I, KRISHAN KANTA W/o IC-29820P (Late) Col SHIV KUMAR (Retd.) R/O H-104, VIVEK VIHAR, NEAR KENDRIYA VIHAR-2, SEC-82, NOIDA, SALARPUR, GAUTAM BUDDHA NAGAR, UTTAR PRADESH-201304 have changed my name from KRISHAN KANTA to KRISHAN KANTA RANDEV for all future purposes vide Affidavit Dated 12/03/2024 before Notary Public, Delhi.

**NAME CHANGE**
I, MEENA DEVI wife of JC-493248F Rank-NB/SUB Name-RAVINDER KUMAR R/O VPO-MURTHAL, TEH-SONIPAT, DISTT-SONIPAT, HARYANA-131027 have changed my name from MEENA DEVI to MEENA for all future purposes vide Affidavit Dated 11/03/2024 before Notary Public, Delhi.

**NAME CHANGE**
I, ANITA W/o NO- 2806617A HAV TANGADKAR SUBHASH SITARAM R/o VPO-GHARGAON, TEH-SANGAMNER, DISTT-AHMADNAGAR, MAHARASHTRA-422620, have changed my name from ANITA to ANITA SUBHASH TANGADKAR for all future purposes vide Affidavit dated 29/11/2022 before Notary Public Delhi.

**NAME CHANGE**
I, DATTATRAY NAGOJI PATIL father of NO-JC-379904X SUB MAJ PATIL MAHENDRA DATTATRAY R/O VILL-BONJURDI, PO-ADKUR, TEH-CHANDGAD, DISTT-KOLHAPUR, MH-416509, have changed my name from DATTATRAY NAGOJI PATIL to DATTA NAGOJI PATIL for all future purposes and in my son's service record my date of birth wrongly mentioned as 01/07/1953 instead of my correct date of birth as 17/01/1950 Vide Affidavit dated 29/11/2022 Before Notary Public, Delhi.

**PUBLIC NOTICE**
MY CLIENT NARENDER PAL AGARWAL, S/O, LATE SARDARI LAL AGARWAL AND NEETU AGARWAL W/O NARENDER PAL AGARWAL BOTH R/O H.NO. 49, NARELA ROAD, BAWANA, NEAR STATE BANK OF INDIA, NEW DELHI, PRESENTLY AT H.NO.122, WHITE HOUSE APARTMENT, SECTOR-13, ROHINI, NEW DELHI- 110085, HAVE DEBARRED THEIR SON NIKHIL AGARWAL AND HIS WIFE ANCHAL AGARWAL FROM THEIR ALL MOVABLE- IMMOVABLE PROPERTIES AND SHALL NOT HAVE ANY RIGHT, TITLE OR INTEREST IN MOVEABLE AND IMMOVABLE PROPERTIES AND SEVERED ALL THEIR RELATION DUE TO MISCONDUCT AND DISOBEDIENT. ANYBODY DEALING WITH THEM SHALL BEAR AT THEIR OWN COST, RISK & CONSEQUENCES
**PINKI LAMBA MANN**
ADVOCATE
OFF. A-205A, NORTH EX.MALL, SECTOR-9, ROHINI, NEW DELHI


### ਉੱਤਰ ਰੇਲਵੇ

**ਪ੍ਰਮੁੱਖ ਮੁੱਖ ਸਮਗਰੀ ਪ੍ਰਬੰਧਕ ਦਫਤਰ**
**ਹੈਡਕੁਆਟਰ, ਬੜੌਦਾ ਹਾਊਸ, ਨਵੀਂ ਦਿੱਲੀ-110001,**
**Mail ID: salenr365@gmail.com**

**ਨੀਲਾਮੀ ਸੂਚਨਾ ਨੰ.-'ਦਸੰਬਰ-2026'**

**ਨੰਬਰ:-117 ਐਸ/ਸੇਲ/ਆਕਸ਼ਨ ਪ੍ਰੋਗਰਾਮ/2026-27** **ਤਾਰੀਕ : 14.09.2026**

ਰੱਦ ਲੋਹਾ, ਅਲੋਹ, ਹੋਰ ਵਿਵਿਧ ਸਕ੍ਰੈਪ, ਕੰਡਮ ਲੋਕੋ ਕੋਚੇਜ ਅਤੇ ਵੈਗਨਸ, ਸਕ੍ਰੈਪ ਰੇਲ ਅਤੇ ਹੋਰ ਰੇਲਪਥ ਸਮਗਰੀ ਦੇ ਨਿਪਟਾਰੇ ਲਈ ਈ-ਨੀਲਾਮੀ ਕੀਤੀ ਜਾਵੇਗੀ। ਲੈਡ ਅਸਿਡ ਬੈਟਰੀਜ/ਯੂਜਡ ਆਯਲ/ਰਿਯੂਜਡ ਆਯਲ ਕੇਵਲ ਉਨ੍ਹਾਂ ਸੰਭਰਨਕਰਤਾਵਾਂ ਨੂੰ ਵਿਕਰੀ ਕੀਤਾ ਜਾਵੇਗਾ ਜੋ ਕਿ ਰਾਜ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਤਹਿਤ ਰਜਿਸਟਰਡ ਹੋਣਗੇ।

**'ਦਸੰਬਰ' 2026 ਦੀ ਈ-ਨੀਲਾਮੀ**

| ਲ. ਨੰ. | ਨੀਲਾਮੀ ਕਰਨ ਵਾਲਾ ਡਿਪੋ/ਡਵੀਜਨ | ਨੀਲਾਮੀ ਸਮਾਂ | ਪਹਿਲੇ ਪੜਾਅ ਦੀ ਮਿਤੀ | ਸੈਕਿੰਡ ਪੜਾਅ ਦੀ ਮਿਤੀ | ਤੀਜੇ ਪੜਾਅ ਦੀ ਮਿਤੀ | ਚੌਥੇ ਪੜਾਅ ਦੀ ਮਿਤੀ | ਪੰਜਵੇਂ ਪੜਾਅ ਦੀ ਮਿਤੀ | ਛੇਵੇਂ ਪੜਾਅ ਦੀ ਮਿਤੀ | ਸੱਤਵੇਂ ਪੜਾਅ ਦੀ ਮਿਤੀ |
|---|---|---|---|---|---|---|---|---|---|
| 1. | ਆਲਮਬਾਗ/ਲਖਨਊ 0522-2451257 | 10:30 ਸਵੇਰੇ | 4 | 9 | 14 | 17 | 21 | 24 | 29 |
| 2. | ਸ਼ਕੂਰਬਸਤੀ 011-27015387 | 10:30 ਸਵੇਰੇ | 7 | 11 | 16 | 22 | 29 | -- | -- |
| 3. | ਜਗਾਧਰੀ 01732-252388 | 10:30 ਸਵੇਰੇ | 4 | 10 | 16 | 22 | 29 | – | -- |
| 4. | ਸੀਨੀਅਰ ਮੰਡਲ ਸਮਗਰੀ ਪ੍ਰਬੰਧਕ/ਦਿੱਲੀ 011-23365311 | 10:30 ਸਵੇਰੇ | 7 | 11 | 17 | 23 | 28 | – | – |
| 5. | ਸੀਨੀਅਰ ਮੰਡਲ ਸਮਗਰੀ ਪ੍ਰਬੰਧਕ/ਅੰਬਾਲਾ 0171-2611203 | 10:30 ਸਵੇਰੇ | 7 | 11 | 17 | 23 | 28 | -- | -- |
| 6 | ਸੀਨੀਅਰ ਮੰਡਲ ਸਮਗਰੀ ਪ੍ਰਬੰਧਕ/ਫਿਰੋਜਪੁਰ 01632-244154 | 10:30 ਸਵੇਰੇ | 7 | 11 | 17 | 23 | 28 | – | -- |
| 7. | ਸੀਨੀਅਰ ਮੰਡਲ ਸਮਗਰੀ ਪ੍ਰਬੰਧਕ/ਲਖਨਊ 0522-2234756 | 10:30 ਸਵੇਰੇ | 4 | 10 | 16 | 22 | 29 | – | -- |
| 8. | ਸੀਨੀਅਰ ਮੰਡਲ ਸਮਗਰੀ ਪ੍ਰਬੰਧਕ/ਮੁਰਾਦਾਬਾਦ 0591-2413141 | 10:30 ਸਵੇਰੇ | 4 | 10 | 16 | 22 | 29 | – | -- |
| 9. | ਸੀਨੀਅਰ ਮੰਡਲ ਸਮਗਰੀ ਪ੍ਰਬੰਧਕ/ਜੰਮੂ ਤਵੀ | 10:30 ਸਵੇਰੇ | 8 | 11 | 18 | 24 | 30 | – | – |

**ਨੋਟ: 1.** ਨੀਲਾਮੀ ਵਿਚ ਵੇਚੀ ਜਾਣ ਵਾਲੀ ਸਮਗਰੀ ਦਾ ਵੇਰਵਾ www.ireps.gov.in 'ਤੇ ਦਿਤੇ ਕੈਟਲਾਗ 'ਤੇ ਉਪਲਬਧ ਹੋਣਗੇ। **2.** ਇਛੁਕ ਖਰੀਦਦਾਰ ਉਪਰੋਕਤ ਵਰਣਿਤ ਸਮਗਰੀ ਨੂੰ ਨੀਲਾਮੀ ਦੇ ਪੂਰਵ ਨਾਮਿਤ ਸਥਾਨ 'ਤੇ ਕੰਮ ਦਿਵਸ ਵਿਚ ਦੇਖ ਸਕਦੇ ਹਨ। **3.** ਪੂਰਵ ਨਿਲਾਮੀ ਵਿਚ ਵੇਚੇ ਗਏ ਸਮਗਰੀ ਦਾ ਵੇਰਵਾ www.nr.railnet.gov.in 'ਤੇ ਉਪਲਬਧ ਹੈ। **4.** ਈ-ਨੀਲਾਮੀ ਵਿਚ ਭਾਗ ਲੈਣ ਦੇ ਲਈ ਕ੍ਰੇਤਾ ਨੂੰ ireps 'ਤੇ ਰਜਿਸਟਰਡ ਹੋਣਾ ਜਰੂਰੀ ਹੈ। ਨੀਲਾਮੀ ਦੀ ਵਿਸਤ੍ਰਿਤ ਜਾਣਕਾਰੀ, ਰਜਿਸਟਰੇਸ਼ਨ ਅਤੇ ਹੋਰ ਨਿਯਮ ਤੇ ਸ਼ਰਤਾਂ ਦੇ ਲਈ ਕਿਰਪਾ ਰੇਲਵੇ ਵੈਬਸਾਈਟ www.ireps.gov.in ਦੇਖੋ।

**3249/26** **ਉਪ ਮੁਖ ਸਮਗਰੀ ਪ੍ਰਬੰਧਕ/ਐਸ ਅਤੇ ਪੀ**

**ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ**

ਕੌਮੀ ਪਤ੍ਰਿਕਾ

# ਦੁਨੀਆਂ ਦਾ ਅਨੋਖਾ ਯੂਰਪੀਅਨ ਦੇਸ਼ 'ਆਸਟਰੀਆ'



– ਹਰਦੀਪ ਸਿੰਘ ਮਾਨ

ਆਓ ਇਕ ਅਜਿਹੇ ਦੇਸ਼ ਦੀ ਕਲਪਨਾ ਕਰੀਏ ਜਿਸ ਵਿਚ ਧਰਮ-ਨਿਰਪੱਖਤਾ, ਇਨਸਾਨੀ-ਬਰਾਬਰੀ, ਕਾਨੂੰਨ ਦੀ ਪਾਲਣਾਂ, ਮਨੁੱਖੀ ਅਜ਼ਾਦੀ ਅਤੇ ਹਰ ਅਦਾਰੇ ਤੇ ਨਿਯੰਤਰਣ ਹੋਵੇ, ਜਿੱਥੇ ਸਰਕਾਰੀ ਜਾਂ ਗ਼ੈਰ-ਸਰਕਾਰੀ ਅਦਾਰੇ ਰੰਗ, ਨਸਲ, ਮਜ਼੍ਹਬ ਅਤੇ ਵੱਖਰੀ ਦਿੱਖ ਦੇ ਆਧਾਰ ਤੋਂ ਬਿਨਾਂ ਕੰਮ ਕਰਨ। ਜੇ ਦੂਜੇ ਸ਼ਬਦਾਂ ਵਿਚ ਕਹੀਏ, ਇਕ ਆਮ ਨਾਗਰਿਕ ਆਪਣੇ ਦੇਸ਼ ਜਾਂ ਸ਼ਹਿਰ ਤੋਂ ਸ਼ੁੱਧ ਹਵਾ-ਪਾਣੀ, ਸੁਰੱਖਿਅਤ-ਜੀਵਨ, ਰੋਜ਼ਗਾਰ, ਸਰਕਾਰੀ ਸਹੂਲਤਾਂ, ਬੁਨਿਆਦੀ ਹੱਕ, ਸ਼ਾਂਤੀ ਅਤੇ ਇਨਸਾਫ਼ ਦੀ ਉਮੀਦ ਰੱਖਦਾ ਹੈ। ਹੁਣ ਦੇਖਦੇ ਹਾਂ, ਕੀ ਇਹ ਸਾਰੀਆਂ ਖ਼ੂਬੀਆਂ ਆਸਟਰੀਆ ਦੇਸ਼ ਵਿਚ ਹਨ?

**ਆਸਟਰੀਆ:**

ਆਸਟਰੀਆ, ਸੰਸਾਰ ਦੇ ਨਕਸ਼ੇ ਉੱਪਰ ਇਕ ਛੋਟਾ ਜਿਹਾ ਦਿਸਣ ਵਾਲਾ ਦੇਸ਼ ਅੱਜ ਤੋਂ 92 ਸਾਲ ਪਹਿਲਾਂ ਬਹੁਤ ਵੱਡਾ ਹੁੰਦਾ ਸੀ। ਪੂਰੇ ਦੇ ਪੂਰੇ ਦੇਸ਼ ਚੈਕੋ, ਸਲਾਵਾਕੀਆ, ਹੰਗਰੀ, ਸਲਵੇਨੀਆ, ਲਿਖਤਨਸਟਾਈਨ ਅਤੇ ਕੁਝ ਇਲਾਕੇ ਰੁਮਾਨੀਆ, ਇਟਲੀ, ਪੋਲੈਂਡ ਅਤੇ ਯੂਕਰੇਨ ਦੇ ਆਸਟਰੀਆ ਵਿਚ ਸ਼ਾਮਲ ਸਨ। ਆਸਟਰੀਆ ਵਾਰੇ ਬਹੁਤੇ ਲੋਕਾਂ ਨੂੰ ਜਾਣਕਾਰੀ ਨਾ ਹੋਣ ਕਰਕੇ ਉਹ ਇਸ ਨੂੰ ਆਸਟਰੇਲੀਆ ਨਾਂਵ ਤੇ ਬਦਲ ਦਿੰਦੇ ਹਨ। ਆਸਟਰੀਆ ਦਾ ਖ਼ੇਤਰਫਲ 83,858 ਵਰਗ ਕਿਲੋਮੀਟਰ ਹੈ, ਭਾਵ ਭਾਰਤ ਦਾ ਇਕ ਰਾਜ 'ਅਰੁਣਾਚਲ ਪ੍ਰਦੇਸ਼' ਪੂਰੇ ਆਸਟਰੀਆ ਦੇ ਬਰਾਬਰ ਹੈ। ਆਸਟਰੀਆ ਦੇ 9 ਰਾਜ ਹਨ। 'ਵਿਆਨਾ' ਆਸਟਰੀਆ ਦੀ ਰਾਜਧਾਨੀ ਹੈ। ਆਸਟਰੀਆ ਦੇ ਅੱਠ ਗੁਆਂਢੀ ਦੇਸ਼ਾਂ ਦੇ ਨਾਮ ਜਰਮਨੀ, ਸਵਿਟਜ਼ਰਲੈਂਡ, ਲਿਖਤਨਸਟਾਈਨ, ਇਟਲੀ, ਸਲਵੇਨੀਆ, ਹੰਗਰੀ, ਸਲਾਵਾਕੀਆ ਅਤੇ ਚੈਕੋ ਹਨ। ਇਸ ਦੇਸ਼ ਦਾ ਕਾਨੂੰਨੀ ਕੋਈ ਧਰਮ ਨਹੀਂ। ਵੈਸੇ, ਆਸਟਰੀਆ ਵਿਚ 78% ਕੈਥੋਲਿਕ, 5% ਪ੍ਰੋਟੈਸਟੈਂਟ, 2% ਮੁਸਲਮ ਧਰਮ ਦੇ ਲੋਕ ਰਹਿੰਦੇ ਹਨ। ਇੱਥੋਂ ਦੀ ਬੋਲੀ ਨੂੰ ਅੰਗ੍ਰੇਜ਼ੀ ਵਿਚ 'ਜਰਮਨ' ਅਤੇ ਜਰਮਨ ਵਿਚ 'ਡੁਚ' ਕਹਿੰਦੇ ਹਨ, ਭਾਵ ਇਸ ਦੇਸ਼ ਨੂੰ ਅੰਗ੍ਰੇਜ਼ੀ ਵਿਚ 'ਆਸਟਰੀਆ' ਅਤੇ ਜਰਮਨ ਜਾਂ ਡੁਚ ਵਿਚ 'ਉਸਟਰਾਹੀਖ਼' ਕਹਿੰਦੇ ਹਨ, ਇਸੇ ਤਰ੍ਹਾਂ ਹੀ ਰਾਜਧਾਨੀ ਨੂੰ ਅੰਗ੍ਰੇਜ਼ੀ ਵਿਚ 'ਵਿਆਨਾ' ਅਤੇ ਜਰਮਨ ਜਾਂ ਡੁਚ ਵਿਚ 'ਵੀਨ' ਕਹਿੰਦੇ ਹਨ।

ਸਰਵੇਖਣਾਂ ਅਨੁਸਾਰ ਆਸਟਰੀਆ ਵਿਚ ਜ਼ਿਆਦਾਤਰ ਮਰਦ 75 ਸਾਲ ਅਤੇ ਔਰਤਾਂ 81 ਸਾਲ ਤੱਕ ਉਮਰ ਭੋਗਦੀਆਂ ਹਨ। ਆਸਟਰੀਆ ਵਿਚ ਸਿਰਫ਼ ਚਾਰ ਰਾਜਨੀਤਿਕ ਪਾਰਟੀਆਂ ਤਾਕਤ ਵਿਚ ਹਨ। ਆਸਟਰੀਅਨ ਨਾਗਰਿਕ ਨੂੰ ਆਮ ਤੌਰ ਤੇ 20% ਟੈਕਸ ਦੇਣਾਂ ਪੈਂਦਾ ਹੈ। ਆਸਟਰੀਆ ਦੀ ਤਰੱਕੀ ਦਾ ਰਾਜ ਇੱਥੇ ਵੱਡੀ ਗਿਣਤੀ ਵਿਚ ਸੈਲਾਨੀਆਂ ਦਾ ਆਉਣਾਂ ਹੈ। ਸਾਲ ਦੇ 1.5 ਮਿਲੀਅਨ ਸੈਲਾਨੀ ਇੱਕਲੇ ਵਿਆਨਾ ਨੂੰ ਦੇਖਣ ਆਉਂਦੇ ਹਨ ਅਤੇ ਇਹ ਗਿਣਤੀ ਹਰ ਸਾਲ ਵੱਧ ਵੀ ਜਾਂਦੀ ਹੈ। ਆਸਟਰੀਆ ਵੀ ਦੇਸ਼ ਬਾਰੇ ਮਸ਼ਹੂਰੀ ਅਤੇ ਸੈਲਾਨੀਆਂ ਦੀ ਮੰਗਾਂ ਨੂੰ ਪੂਰੀਆਂ ਕਰਨ ਵਿਚ ਕੋਈ ਕਸਰ ਨਹੀਂ ਛੱਡਦਾ। ਇਸ ਦੇਸ਼ ਨੇ ਹਰ ਤਰ੍ਹਾਂ ਦੇ ਮਹਾਨ ਵਿਅਕਤੀ ਪੈਦਾ ਕੀਤੇ ਜਿਵੇਂ ਅਭਿਨੇਤਾ, ਖਿਡਾਰੀ, ਲੇਖਕ, ਸੰਗੀਤਕਾਰ ਵਗੈਰਾ ਵਗੈਰਾ, ਜਿਨ੍ਹਾਂ ਨੇ ਸੰਸਾਰ ਭਰ ਵਿਚ ਆਸਟਰੀਆ ਦਾ ਨਾਮ ਉੱਚਾ ਕੀਤਾ ਅਤੇ ਕਰ ਰਹੇ ਹਨ। ਮਸ਼ਹੂਰ ਅਭਿਨੇਤਾ 'ਆਰਨੋਲਡ ਸਵਾਰਚੇਨੀਗਰ', ਜਿਸ ਨੇ 'ਕਮਾਡੋ' ਅਤੇ 'ਦਾ ਟਰਮੀਨੇਟਰ' ਵਰਗੀਆਂ ਅੰਗ੍ਰੇਜ਼ੀ ਫਿਲਮਾਂ ਵਿਚ ਕੰਮ ਕੀਤਾ ਅਤੇ ਹੁਣ ਵੀ ਉਸ ਦੀਆਂ ਨਵੀਆਂ ਫਿਲਮਾਂ ਆ ਰਹੀਆਂ ਹਨ, ਉਸ ਦਾ ਜਨਮ ਆਸਟਰੀਆ ਦੇ ਇਕ ਸ਼ਹਿਰ 'ਗਰਾਸ' ਵਿਚ ਹੀ ਹੋਇਆ ਹੈ। ਆਸਟਰੀਆ ਦੇ ਇਕ ਸੰਸਾਰ ਪ੍ਰਸਿੱਧ ਖਿਡਾਰੀ ਦਾ ਨਾਮ 'ਹਰਮਨ ਮਾਅਰ' ਹੈ, ਜਿਸ ਨੇ ਸਰਦੀ-ਰੁੱਤ ਦੀਆਂ ਖੇਡਾਂ ਵਿਚ ਆਸਟਰੀਆ ਲਈ ਕਈ ਸੋਨੇ ਦੇ ਤਮਗੇ ਜਿੱਤੇ। ਜਿਸ ਤਰ੍ਹਾਂ ਆਰਨੋਲਡ ਨੂੰ ਲੋਕੀਂ ਪਿਆਰ ਨਾਲ 'ਟਰਮੀਨੇਟਰ' ਕਹਿੰਦੇ ਹਨ, ਉਸੇ ਤਰ੍ਹਾਂ ਹਰਮਨ ਨੂੰ 'ਹਰਮੀਨੇਟਰ' ਕਹਿੰਦੇ ਹਨ।





ਆਬਾਦੀ ਘੱਟ ਹੋਣ ਕਰਕੇ ਹਰ ਆਸਟਰੀਅਨ ਨਾਗਰਿਕਤਾ ਪ੍ਰਾਪਤ ਮਰਦ ਨੂੰ 18 ਤੋਂ 35 ਸਾਲ ਦੀ ਉਮਰ ਦੇ ਵਿਚ 8 ਮਹੀਨੇ ਫ਼ੌਜ ਦੀ ਸਿਖਲਾਈ ਲਈ ਜਾਣਾਂ ਪੈਂਦਾ ਹੈ, ਤਾਂਕਿ ਲੜਾਈ ਲੱਗਣ ਤੇ ਸਾਰੇ ਮਰਦ ਆਪਣੇ ਕੰਮ-ਕਾਰ ਛੱਡ ਕੇ ਦੇਸ਼ ਲਈ ਲੜ੍ਹਨ ਲਈ ਪਹਿਲਾਂ ਤੋਂ ਹੀ ਤਿਆਰ ਰਹਿਣ। ਔਰਤਾਂ ਫ਼ੌਜੀ ਸਿਖਲਾਈ ਜਾਂ ਫ਼ੌਜ ਵਿਚ ਭਰਤੀ ਹੋਣ ਲਈ ਸਵੈ-ਇਛੁਕ ਜਾ ਸਕਦੀਆਂ ਹਨ, ਪਰ ਸਰੀਰਕ ਅਤੇ ਮਾਨਸਿਕ ਤੌਰ ਤੇ ਸੰਪੂਰਨ ਮਰਦਾਂ ਨੂੰ ਕਾਨੂੰਨੀ ਜਾਣਾਂ ਪੈਂਦਾ ਹੈ। ਫ਼ੌਜੀ ਸਿਖਲਾਈ ਦੌਰਾਨ ਸਰਕਾਰੀ ਬਿੱਲ ਮਾਫ਼ ਕਰ ਦਿੱਤੇ ਜਾਂਦੇ ਹਨ ਅਤੇ ਫ਼ੌਜੀ ਦੇ ਖਰਚਿਆਂ ਅਨੁਸਾਰ ਮਾਲੀ ਮਦਦ ਵੀ ਦਿੱਤੀ ਜਾਂਦੀ ਹੈ। ਆਸਟਰੀਆ ਵਿਚ 6 ਤੋਂ 15 ਸਾਲ ਦੀ ਉਮਰ ਦੇ ਬੱਚਿਆਂ ਦਾ ਸਕੂਲੇ ਜਾਣਾਂ ਜ਼ਰੂਰੀ ਹੈ। ਇੱਥੇ ਸਰਕਾਰੀ ਸਕੂਲਾਂ ਦੀ ਪੜ੍ਹਾਈ ਮੁਫ਼ਤ ਹੈ, ਸਿਰਫ਼ ਕਿਤਾਬਾਂ ਦੀ 10% ਕੀਮਤ ਦੇਣੀ ਪੈਂਦੀ ਹੈ, ਪਰ ਉਨੀ ਕੁ ਸਰਕਾਰ ਵਲੋਂ ਵੀ ਮਾਲੀ ਮਦਦ ਮਿਲ ਜਾਂਦੀ ਹੈ। ਯੂਨੀਵਰਸਿਟੀ ਵਿਚ ਪੜ੍ਹਨਾਂ ਵੀ ਇਸੇ ਤਰ੍ਹਾਂ ਹੀ ਹੈ, ਸਰਕਾਰ ਪੜ੍ਹਾਈ ਦਾ ਖ਼ਰਚਾ ਇਕ ਹੱਥ ਦੇ ਕੇ ਦੂਜੇ ਹੱਥ ਲੈ ਲੈਂਦੀ ਹੈ। ਵਿਦਿਆਰਥੀਆਂ ਨੂੰ ਹੋਰ ਬਹੁਤ ਸਾਰੀਆਂ ਸਹੂਲਤਾਂ ਮਿਲਦੀਆਂ ਹਨ, ਜਿਵੇਂ ਜਨਤਕ ਗੱਡੀਆਂ ਦੇ ਪਾਸ ਵਿਚ ਛੋਟ।

ਆਸਟਰੀਆ ਵਿਚ ਪਿਛਲੇ ਕੁਝ ਸਾਲਾਂ ਤੋਂ ਬਹੁਤ ਘੱਟ ਬੱਚੇ ਪੈਦਾ ਕੀਤੇ ਜਾ ਰਹੇ ਹਨ, ਸਾਲ 2001 ਵਿਚ ਪਿਛਲੇ ਸਾਲ ਨਾਲੋਂ 3000 ਬੱਚੇ ਘੱਟ ਪੈਦਾ ਹੋਏ, ਇਸ ਲਈ ਸਰਕਾਰ ਦੇਸ਼ ਦੇ ਭਵਿੱਖ ਲਈ ਬਹੁਤ ਚਿੰਤਕ ਹੈ। ਕਿਉਂਕਿ ਜੇ ਦੇਸ਼ ਦੀ ਆਬਾਦੀ ਵਿਚ ਵਾਧਾ ਨਹੀਂ ਹੁੰਦਾ ਜਾਂ ਬਹੁਤ ਹੌਲੀ ਹੁੰਦਾ ਹੈ ਤਾਂ ਪੈਨਸ਼ਨਾਂ ਕੌਣ ਭਰੇਗਾ? ਚਿੰਤਕਾਂ ਨੂੰ ਡਰ ਹੈ ਕਿ ਜੇ ਆਬਾਦੀ ਵਿਚ ਵਾਧਾ ਨਹੀਂ ਹੋਇਆ ਤਾਂ ਸਾਲ 2035 ਵਿਚ ਪੈਨਸ਼ਨਾਂ ਦੇਣੀਆਂ ਅਸੰਭਵ ਹੋ ਜਾਣਗੀਆਂ। ਇਸੇ ਕਰਕੇ ਵੱਧ ਤੋਂ ਵੱਧ ਬੱਚੇ ਪੈਦਾ ਕਰਨ ਦਾ ਲਾਲਚ ਦਿੱਤਾ ਜਾ ਰਿਹਾ ਹੈ, ਜਿਵੇਂ ਸਰਕਾਰ ਵਲੋਂ ਬੱਚਿਆਂ ਦੇ ਪਾਲਣ-ਪੋਸ਼ਣ ਲਈ ਮਾਲੀ ਮਦਦ ਦੇਣੀ, ਮਾਂ ਕੋਲੋਂ ਬੱਚੇ ਦੇ ਬਾਪ ਦਾ ਨਾਮ ਨਾ ਪੁੱਛਣਾਂ। ਹੋਰ ਵਿਕਸਿਤ ਦੇਸ਼ ਵਾਂਗ ਇੱਥੇ ਵੀ ਬੱਚਿਆਂ ਨੂੰ ਮਾਰਨਾ-ਕੁੱਟਣਾਂ ਕਾਨੂੰਨੀ ਜ਼ੁਲਮ ਹੈ। ਸਕੂਲਾਂ ਵਿਚ ਸਮੇਂ ਸਮੇਂ ਤੇ ਬੱਚਿਆਂ ਦੀ ਸਰੀਰਕ ਅਤੇ ਮਾਨਸਿਕ ਜਾਂਚ ਕੀਤੀ ਜਾਂਦੀ ਹੈ। ਮਾਂ-ਬਾਪ ਨੂੰ ਵੀ ਬੱਚੇ ਦੇ ਪਾਲਣ-ਪੋਸ਼ਣ ਲਈ ਸਰਕਾਰ ਵਲੋਂ ਵੀ ਮਾਲੀ ਮਦਦ ਦੇ ਨਾਲ ਨਾਲ ਸਖ਼ਤ ਹਦਾਇਤਾਂ ਵੀ ਦਿੱਤੀਆਂ ਜਾਂਦੀਆਂ ਹਨ। ਰਾਤਾਂ ਨੂੰ ਛੋਟੀ ਉਮਰ ਦੇ ਬੱਚਿਆਂ ਨੂੰ ਨਾਲ ਲੈ ਕੇ ਘੁੰਮਣਾਂ ਮਨ੍ਹਾਂ ਹੈ। ਹੋਰ ਜੋ ਸਭ ਕੁਝ ਬਾਕੀ ਵਿਕਸਿਤ ਦੇਸ਼ਾਂ ਵਿਚ ਹੁੰਦਾ ਹੈ, ਉਹ ਇੱਥੇ ਵੀ ਹੁੰਦਾ ਹੈ। ਇੱਥੇ ਵੀ ਜਵਾਨ ਮੁੰਡੇ-ਕੁੜੀਆਂ ਨੂੰ ਹੱਦੋਂ ਵੱਧ ਆਜ਼ਾਦੀ ਹੈ। ਸੜਕਾਂ ਤੇ ਨੰਗੇਜ਼ਵਾਦ ਅਤੇ ਮੁੰਡੇ-ਕੁੜੀਆਂ ਦੀਆਂ ਅਸ਼ਲੀਲ ਹਰਕਤਾਂ ਆਮ ਦੇਖਣ 'ਚ ਆਉਂਦੀਆਂ ਹਨ। ਕੁੜੀਆਂ 22 ਸਾਲਾਂ ਦੀਆਂ ਹੋ ਕੇ ਪਰਿਵਾਰ ਨਾਲੋਂ ਵੱਖ ਹੋ ਕੇ ਰਹਿਣ ਲੱਗ ਪੈਂਦੀਆਂ ਹਨ ਅਤੇ ਮੁੰਡੇ 24 ਸਾਲ ਦੇ। ਵਿਆਨਾ ਵਿਚ 44.5% ਲੋਕ ਇੱਕਲੇ ਰਹਿ ਰਹੇ ਹਨ। ਇੱਥੇ ਵੀ ਬੰਦੇ ਬੰਦਿਆਂ ਨਾਲ ਵਿਆਹ ਕਰਵਾਈ ਜਾ ਰਹੇ ਹਨ ਅਤੇ ਔਰਤਾਂ ਔਰਤਾਂ ਨਾਲ। ਅਣ-ਵਿਆਹੇ ਇੱਕਠਿਆਂ ਰਹਿਣ ਦਾ ਰੁਝਾਨ ਵੱਧ ਰਿਹਾ ਹੈ। ਆਸਟਰੀਆ ਵਿਚ ਸਾਲ 2001 ਪੈਦਾ ਹੋਏ ਹਰ ਤੀਜੇ ਬੱਚੇ ਦੇ ਮਾਂ-ਬਾਪ ਅਣ-ਵਿਆਹੇ ਹਨ।

**ਆਬਾਦੀ:** ਇਸ ਦੇਸ਼ ਦੀ ਜਨਸੰਖਿਆ ਸਾਲ 2001 ਦੇ ਸਰਕਾਰੀ ਅੰਕੜਿਆਂ ਅਨੁਸਾਰ 80,65,465 ਸੀ। ਹੈਰਾਨੀ ਦੀ ਗੱਲ ਹੈ ਕਿ ਇਸ ਦੇ ਸਾਰੇ ਹੀ ਰਾਜਾਂ ਵਿਚ ਔਰਤਾਂ ਦੀ ਗਿਣਤੀ ਜ਼ਿਆਦਾ ਹੈ। ਇਕੱਲੇ ਵਿਆਨਾ ਸ਼ਹਿਰ ਵਿਚ ਮਰਦਾਂ ਨਾਲੋਂ 86,000 ਜ਼ਿਆਦਾ ਔਰਤਾਂ ਰਹਿ ਰਹੀਆਂ ਹਨ, ਕੁਝ ਲੋਕਾਂ ਲਈ ਸ਼ਾਇਦ ਇਹ ਸਵਰਗ ਦੀ ਕਲਪਨਾ ਹੋਵੇਗੀ। ਮਰਦਾਂ ਅਤੇ ਔਰਤਾਂ ਦਾ ਵੱਡੀ ਗਿਣਤੀ ਵਿਚ ਇਹ ਅੰਤਰ ਸੰਸਾਰ ਯੁੱਧਾਂ ਵਿਚ ਬਹੁਤੇ ਮਰਦਾਂ ਦਾ ਮਾਰੇ ਜਾਣਾ ਅਤੇ ਵਿਕਸਿਤ ਸਮਾਜ ਵਿਚ ਧੀ-ਪੁੱਤਰ ਨੂੰ ਇਕ ਬਰਾਬਰ ਸਮਝਣਾਂ ਹੈ। ਪਿਛਲੇ ਦਸ ਸਾਲਾਂ ਵਿਚ ਆਸਟਰੀਆ ਦੀ ਆਬਾਦੀ 3.5% ਵਧੀ ਹੈ। ਸਾਰੇ ਆਸਟਰੀਆ ਵਿਚ 9.3% ਲੋਕਾਂ ਕੋਲ ਆਸਟਰੀਅਨ ਨਾਗਰਿਕਤਾ ਨਹੀਂ ਹੈ, ਜੋ ਕਿ ਯੂਰਪੀਅਨ ਯੂਨੀਅਨ ਦੇਸ਼ਾਂ ਨਾਲੋਂ ਸਭ ਤੋਂ ਵੱਧ ਹੈ। ਪ੍ਰਵਾਸੀਆਂ ਵਿਚ ਜ਼ਿਆਦਾ ਯੂਗੋ, ਸਲਾਵੀਅਨ, ਟੁਰਕੀ ਅਤੇ ਪੋਲੈਂਡੀਅਨ ਹਨ।

ਅਖ਼ਬਾਰਾਂ ਵੇਚਣ ਦੇ ਕੰਮ ਲਈ ਵਿਸ਼ੇਸ਼ ਵੀਜ਼ੇ ਖੁਲ੍ਹਣ ਕਰਕੇ ਸਾਲ 1980 ਵਿਚ ਭਾਰਤੀਆ ਨੇ ਆਸਟਰੀਆ ਆਉਣਾਂ ਸ਼ੁਰੂ ਕੀਤਾ। ਆਸਟਰੀਆ ਵਿਚ ਸਾਲ 2001 ਵਿਚ 5127 ਭਾਰਤੀ ਨਾਗਰਿਕਤਾ ਵਾਲੇ ਦਰਜ ਸਨ। ਪਿਛਲੇ ਸਾਲ 91 ਭਾਰਤੀ ਬੱਚਿਆਂ ਨੇ ਆਸਟਰੀਆ ਵਿਚ ਜਨਮ ਲਿਆ। 678 ਭਾਰਤੀਆਂ ਨੇ ਸਾਲ 2001 ਵਿਚ ਆਸਟਰੀਅਨ ਪਾਸਪੋਰਟ ਲਏ, ਜਿਨ੍ਹਾਂ ਵਿਚੋਂ ਜ਼ਿਆਦਾਤਰ ਔਰਤਾਂ ਅਤੇ ਬੱਚੇ ਸਨ। ਸਰਕਾਰੀ ਅੰਕੜਿਆਂ ਤੋਂ ਪਤਾ ਲੱਗਦਾ ਹੈ ਕਿ ਆਸਟਰੀਆ ਦੇ ਸਾਰੇ ਰਾਜਾਂ ਵਿਚ ਆਪਣੇ ਭਾਰਤੀ ਹਨ, ਪਰ ਵੱਡੀ ਗਿਣਤੀ, ਸਾਲ 2001 ਵਿਚ 3756 ਭਾਰਤੀ ਨਾਗਰਿਕਤਾ ਵਾਲੇ, ਵਿਆਨਾ ਵਿਚ ਹੀ ਹੈ। ਜੇ ਸਾਰੇ ਆਸਟਰੀਆ ਵਿਚ ਸਾਲ 1979 ਤੋਂ ਲੈ ਕੇ ਸਾਲ 2001 ਤੱਕ ਭਾਰਤੀ ਪਾਸਪੋਰਟਾਂ ਨੂੰ ਦੇ ਕੇ ਆਸਟਰੀਅਨ ਪਾਸਪੋਰਟ ਲੈਣ ਵਾਲਿਆਂ ਦੀ ਗਿਣਤੀ ਦਾ ਕੁਲ ਜੋੜ ਲਾਈਏ ਤਾਂ ਇਹ 5670 ਬਣਦੀ ਹੈ। ਜ਼ਿਆਦਾਤਰ ਪੰਜਾਬ ਅਤੇ ਕੇਰਲਾ ਤੋਂ ਭਾਰਤੀ ਆਸਟਰੀਆ ਵਿਚ ਹਨ। ਦੇਖਣ ਵਿਚ ਆਇਆ ਹੈ ਕਿ ਇੱਥੇ ਹੋਰ ਦੇਸ਼ਾਂ ਦੇ ਨਾਗਰਿਕਾਂ ਨਾਲੋਂ ਭਾਰਤੀਆਂ ਨੂੰ ਵੀਜ਼ੇ ਅਤੇ ਆਸਟਰੀਅਨ ਪਾਸਪੋਰਟ ਸੌਖੇ ਅਤੇ ਛੇਤੀ ਮਿਲ ਜਾਂਦੇ ਹਨ। ਸ਼ਾਇਦ ਇਨ੍ਹਾਂ ਨੂੰ ਭਾਰਤੀਆਂ ਦੇ ਮਿਹਨਤੀ, ਅਮਨਪਸੰਦ ਅਤੇ ਖੁਲ੍ਹੇ ਸੁਭਾਅ ਵਾਰੇ ਪਤਾ ਹੈ। ਸਾਲ 2001 ਵਿਚ 429 ਭਾਰਤੀ ਆਸਟਰੀਆ ਛੱਡ ਕੇ ਚਲੇ ਗਏ। ਸਰਕਾਰੀ ਅੰਕੜਿਆਂ ਅਨੁਸਾਰ ਸਾਲ 1978 ਵਿਚ ਪਹਿਲੀ ਬਾਰ 8 ਭਾਰਤੀਆਂ ਨੇ ਆਸਟਰੀਅਨ ਸਿਆਸੀ-ਪਨਾਹ ਲਈ ਸੀ, ਪਰ ਸਾਲ 2000 ਵਿਚ ਇਹ ਵਧ ਕੇ 2441 ਹੋ ਗਈ। ਸਾਲ 2001 ਵਿਚ 1804 ਭਾਰਤੀ ਸਿਆਸੀ ਪਨਾਹਗੀਰ ਸਨ। ਸਭ ਤੋਂ ਵੱਧ ਇੱਥੇ ਅਫ਼ਗਾਨਿਸਤਾਨ ਅਤੇ ਇਰਾਨ ਤੋਂ ਲੋਕ ਸਿਆਸੀ ਪਨਾਹ ਲਈ ਆਉਂਦੇ ਹਨ।

**ਵਿਆਨਾ:** ਕਿਉਂਕਿ ਹਰ ਦੇਸ਼ ਦੀ ਰਾਜਧਾਨੀ ਉਸ ਦੇਸ਼ ਦਾ ਕੇਂਦਰੀ ਧੁਰਾ ਹੁੰਦਾ ਹੈ, ਇਸ ਕਰਕੇ 'ਵਿਆਨਾ' ਬਾਰੇ ਵਿਸਥਾਰਪੂਰਕ ਦੱਸਦੇ ਹਾਂ। ਵਿਆਨਾ ਵਿਚ ਰੋਜ਼ਗਾਰ ਦੇ ਸਾਧਨ ਜ਼ਿਆਦਾ ਹੋਣ ਕਰਕੇ ਇੱਥੇ ਸੰਸਾਰ ਦੇ ਸਾਰੇ ਦੇਸ਼ਾਂ ਦੇ ਲੋਕ ਰਹਿੰਦੇ ਹਨ। ਸਾਲ 2001 ਵਿਚ ਸਿਰਫ਼ 6.1% ਨਾਗਰਿਕ ਆਸਟਰੀਆ ਵਿਚ ਬੇਰੁਜ਼ਗਾਰ ਸਨ। ਭਾਵੇਂ ਵਿਆਨਾ ਆਸਟਰੀਆ ਦੇ ਬਾਕੀ ਰਾਜਾਂ ਨਾਲੋਂ ਸਭ ਤੋਂ ਛੋਟਾ ਹੈ, ਪਰ ਰਾਜਧਾਨੀ ਹੋਣ ਕਰਕੇ ਇਸ ਦੀ ਆਬਾਦੀ (15,62,482) ਬਾਕੀ ਰਾਜਾਂ ਨਾਲੋਂ ਜ਼ਿਆਦਾ ਹੈ, ਇਸੇ ਕਰਕੇ ਹੀ ਸਾਰੇ ਰਾਜਾਂ ਨਾਲੋਂ ਵੱਧ ਵਿਆਨਾ ਦੇ 17.7% ਲੋਕਾਂ ਕੋਲ ਆਸਟਰੀਅਨ ਨਾਗਰਿਕਤਾ ਨਹੀਂ ਹੈ।

ਵਿਆਨਾ ਵਿਚ ਜਗ੍ਹਾ ਥੋੜ੍ਹੀ ਅਤੇ ਆਬਾਦੀ ਜ਼ਿਆਦਾ ਹੋਣ ਕਰਕੇ ਜ਼ਿਆਦਾਤਰ ਲੋਕ ਫਲੈਟਾਂ (ਬਿਲਡਿੰਗਾਂ) ਵਿਚ ਰਹਿੰਦੇ ਹਨ, ਸਿਰਫ਼ 8.1% ਲੋਕ ਆਪਣੇ ਘਰਾਂ (ਹਾਊਸ) ਵਿਚ ਰਹਿੰਦੇ ਹਨ। ਵਿਆਨਾ ਦੇ ਫਲੈਟਾਂ ਦੀ ਕੀਮਤ ਲਗਪਗ ਇੰਗਲੈਂਡ ਦੇ ਘਰਾਂ ਜਿੰਨੀ ਹੈ। ਆਸਟਰੀਆ ਵਿਚ ਕੰਮ ਕਰਨ ਵਾਲਿਆਂ ਨੂੰ ਸਾਲ ਦੀਆਂ ਚੌਦਾਂ ਤਨਖ਼ਾਹਾਂ ਮਿਲਦੀਆਂ ਹਨ ਅਤੇ ਸਾਲ ਦੀਆਂ 15 ਸਰਕਾਰੀ ਛੁੱਟੀਆਂ ਹੁੰਦੀਆਂ ਹਨ। ਵਧੇਰੇ ਸਰਕਾਰੀ ਛੁੱਟੀਆਂ ਦੀ ਗਿਣਤੀ ਵਿਚ ਵੀ ਆਸਟਰੀਆ ਮੋਹਰੀ ਦੇਸ਼ਾਂ ਵਿਚ ਆਉਂਦਾ ਹੈ। ਇਸ ਤੋਂ ਇਲਾਵਾ ਕਾਮਾਂ ਤਨਖ਼ਾਹ ਤੇ ਸਾਲ ਵਿਚ ਪੰਜ ਹਫ਼ਤੇ ਦੀਆਂ ਛੁੱਟੀਆਂ ਲੈ ਸਕਦਾ ਹੈ। ਵਿਆਨਾ ਦੀ ਸਫ਼ਾਈ ਦੀ ਗੱਲ ਕਰੀਏ ਤਾਂ ਇੱਥੇ ਹਰ ਤਰ੍ਹਾਂ ਦੇ ਕੂੜੇ ਲਈ ਵੱਖਰਾ ਕੂੜੇਦਾਨ ਹੈ। ਜ਼ਿਆਦਾਤਰ ਬਹੁ-ਮੰਜ਼ਿਲੀ ਇਮਾਰਤਾਂ ਵਿਚ ਦੋ ਤਰ੍ਹਾਂ ਦੇ ਕੂੜੇਦਾਨ ਹੁੰਦੇ ਹਨ।

ਇਕ ਵਿਚ ਕਾਗਜ਼ ਅਤੇ ਦੂਸਰੇ ਵਿਚ ਸਭ ਕੁਝ ਸੁੱਟ ਸਕਦੇ ਹੋ। ਬਿਲਡਿੰਗਾਂ ਤੋਂ ਕੁਝ ਦੂਰੀ ਤੇ ਛੇ ਤਰ੍ਹਾਂ ਦੇ ਕੂੜੇਦਾਨ ਰੱਖੇ ਹੁੰਦੇ ਹਨ, ਜਿਨ੍ਹਾਂ ਵਿਚ ਪਲਾਸਟਿਕ, ਫੁੱਲ-ਬੂਟੇ, ਰੰਗੀਨ ਕੱਚ, ਚਿੱਟਾ ਕੱਚ, ਲੋਹਾ ਅਤੇ ਕੱਪੜੇ ਸੁੱਟੇ ਜਾਂਦੇ ਹਨ।



ਕਥਾ ਪ੍ਰਵਾਹ

# ਤਿੰਨ ਬਹਾਦਰ ਯੋਧੇ

–ਬਲਦੇਵ ਸਿੰਘ ਸਿੱਧੂ

ਜੇ ਅਸੀਂ ਵਿਸ਼ਵ ਦੇ ਇਤਿਹਾਸ ਦੇ ਪੰਨੇ ਵੇਖੀਏ-ਪੜ੍ਹੀਏ ਤਾਂ ਹਰੇਕ ਦੇਸ਼ ਅਤੇ ਕੌਮ ਦਾ ਇਤਿਹਾਸ ਵੀਰਾਂ-ਬਹਾਦਰਾਂ ਦੀਆਂ ਕਹਾਣੀਆਂ ਨਾਲ ਭਰਿਆ ਹੋਇਆ ਹੈ। ਹਰ ਕਾਲ ਤੇ ਯੁੱਗ ਵਿੱਚ ਅਜਿਹੇ ਸੂਰਮੇ ਹੋਏ ਹਨ ਜਿਨ੍ਹਾਂ ਨੇ ਆਪਣੇ ਸਾਹਸ ਭਰੇ ਕਾਰਨਾਮਿਆਂ ਨਾਲ ਲੋਕਾਂ 'ਚ ਉਤਸ਼ਾਹ ਪੈਦਾ ਕਰ ਕੇ ਉਨ੍ਹਾਂ ਨੂੰ ਪ੍ਰੇਰਨਾ ਦਿੱਤੀ। ਇਹ ਕਹਾਣੀ ਹਜ਼ਾਰਾਂ ਸਾਲ ਪੁਰਾਣੀ ਹੈ। ਕਹਿੰਦੇ ਹਨ ਕਿ ਰੋਮ 'ਤੇ ਟਾਰਕਿਵਨ ਨਾਂ ਦਾ ਰਾਜਾ ਰਾਜ ਕਰਦਾ ਸੀ। ਉਹ ਬਹੁਤ ਹੀ ਜ਼ਾਲਮ ਪ੍ਰਵਿਰਤੀ ਦਾ ਸ਼ਾਸਕ ਸੀ ਜੋ ਜਨਤਾ ਤੋਂ ਭਾਰੀ ਟੈਕਸ ਵਸੂਲ ਕਰਦਾ ਅਤੇ ਉਸ ਆਮਦਨ ਆਮਦਨ ਨੂੰ ਆਪਣੀ ਐਸ਼ੋ-ਇਸ਼ਰਤ 'ਤੇ ਅੰਨ੍ਹੇਵਾਹ ਖਰਚ ਕਰਦਾ ਸੀ। ਲੋਕ ਭਲਾਈ ਨਾਲ ਉਸ ਦਾ ਦੂਰ ਨੇੜੇ ਦਾ ਵਾਸਤਾ ਨਹੀਂ ਸੀ। ਇਸ ਕਰਕੇ ਪਰਜਾ ਉਸ ਦੇ ਤਾਨਾਸ਼ਾਹੀ ਰਵੱਈਏ ਤੋਂ ਪੂਰੀ ਤਰ੍ਹਾਂ ਤੰਗ ਹੋ ਗਈ। ਅੰਤ ਲੋਕਾਂ ਨੇ ਰਾਜੇ ਵਿਰੁੱਧ ਬਗ਼ਾਵਤ ਕਰ ਦਿੱਤੀ। ਰਾਜ ਪਲਟੇ ਤੋਂ ਬਾਅਦ ਪਰਜਾ ਨੇ ਫ਼ੈਸਲਾ ਕੀਤਾ ਕਿ ਦੇਸ਼ ਦਾ ਸ਼ਾਸਨ ਕਿਸੇ ਬਾਦਸ਼ਾਹ ਦੇ ਅਧੀਨ ਨਹੀਂ ਸਗੋਂ ਵਿਦਵਾਨ ਅਤੇ ਬੁੱਧੀਮਾਨ ਲੋਕਾਂ ਦੀ ਇੱਕ ਸਭਾ ਰਾਜ ਦਾ ਪ੍ਰਬੰਧ ਕਰੇਗੀ। ਬਾਦਸ਼ਾਹ ਟਾਰਕਿਵਨ ਦੇ ਮਨ 'ਚ ਰਾਜ ਦੇ ਖੋਹੇ ਜਾਣ ਦਾ ਬਹੁਤ ਦੁੱਖ ਸੀ ਪਰ ਉਹ ਐਨੀ ਆਸਾਨੀ ਨਾਲ ਹਾਰ ਮੰਨਣ ਵਾਲਾ ਨਹੀਂ ਸੀ। ਉਹ ਰਾਜਗੱਦੀ ਦਾ ਬਹੁਤ ਭੁੱਖਾ ਸੀ ਤੇ ਉਸ ਨੂੰ ਪ੍ਰਾਪਤ ਕਰਨ ਲਈ ਕਿਸੇ ਵੀ ਹੱਦ ਤਕ ਜਾ ਸਕਦਾ ਸੀ। ਉਸ ਨੇ ਗੁਆਂਢੀ ਰਾਜੇ ਲਾਰਸ ਪ੍ਰੋਸੇਨ ਤੋਂ ਸਹਾਇਤਾ ਮੰਗੀ। ਟਾਰਕਿਵਨ ਨੇ ਉਸ ਨੂੰ ਭੜਕਾਇਆ ਕਿ ਜਿਵੇਂ ਅੱਜ ਮੇਰਾ ਰਾਜ ਖੋਹ ਲਿਆ ਗਿਆ ਹੈ, ਉਸ ਪ੍ਰਕਾਰ ਹੀ ਦੇਸ਼ ਦੀ ਜਨਤਾ ਕੱਲ੍ਹ ਨੂੰ ਤੈਨੂੰ ਵੀ ਗੱਦੀ ਤੋਂ ਲਾਹ ਸਕਦੀ ਹੈ। ਇਸ ਪ੍ਰਵਿਰਤੀ ਨੂੰ ਰੋਕਣ ਲਈ ਜ਼ਰੂਰੀ ਹੈ ਕਿ ਰੋਮ ਦੀ ਜਨਤਾ ਨੂੰ ਸਬਕ ਸਿਖਾਇਆ ਜਾਵੇ। ਲਾਰਸ ਪ੍ਰੋਸੇਨ ਇਸ ਗੱਲ ਤੋਂ ਬਹੁਤ ਡਰ ਗਿਆ ਅਤੇ ਉਸ ਨੇ ਟਾਰਕਿਵਨ ਦੀ ਸਹਾਇਤਾ ਲਈ ਵਿਸ਼ਾਲ ਸੈਨਾ ਭੇਜ ਦਿੱਤੀ। ਸੈਨਿਕਾਂ ਦੇ ਹੱਥਾਂ 'ਚ ਤਲਵਾਰਾਂ ਅਤੇ ਬਰਛੇ ਚਮਕ ਰਹੇ ਸਨ ਤੇ ਉਨ੍ਹਾਂ ਦੇ ਕਦਮਾਂ ਦੀ ਧੂੜ ਅਸਮਾਨ ਵੱਲ ਉੱਡਦੀ ਸਾਫ਼ ਵਿਖਾਈ ਦੇ ਰਹੀ ਸੀ। ਉਹ ਰਸਤੇ 'ਚ ਆਉਂਦੇ ਪਿੰਡ ਨੂੰ ਲੁੱਟਣ ਤੋਂ ਬਾਅਦ ਅੱਗ ਲਾ ਦਿੰਦੇ ਸਨ। ਇਸ ਤਰ੍ਹਾਂ ਪਿੰਡਾਂ ਦੇ ਲੋਕ ਡਰਦੇ ਹੋਏ ਜਿੰਨਾ ਵੀ ਸਾਮਾਨ ਲਿਜਾ ਸਕਦੇ ਸਨ, ਉਸ ਨੂੰ ਲੈ ਕੇ ਰੋਮ ਵੱਲ ਭੱਜਣ ਲੱਗੇ। ਸਭ ਦੀਆਂ ਅੱਖਾਂ 'ਚ ਡਰ ਸਾਫ਼ ਦਿਖਾਈ ਦੇ ਰਿਹਾ ਸੀ। ਉਹ ਡਿੱਗਦੇ-ਢਹਿੰਦੇ ਰੋਮ ਵੱਲ ਭੱਜ ਰਹੇ ਸਨ। ਰੋਮ ਦਾ ਸੁੰਦਰ ਸ਼ਹਿਰ ਟਾਈਬਰ, ਟਾਈਬਰ ਨਦੀ ਦੇ ਕਿਨਾਰੇ ਵਸਿਆ ਹੋਇਆ ਸੀ ਅਤੇ ਸ਼ਹਿਰ ਵਿੱਚ ਪ੍ਰਵੇਸ਼ ਹੋਣ ਲਈ ਨਦੀ 'ਤੇ ਇੱਕ ਲੱਕੜ ਦਾ ਜ਼ਬਰਦਸਤ ਪੁਲ਼ ਬਣਿਆ ਹੋਇਆ ਸੀ। ਉਹ ਪੁਲ਼ ਆਪਣੇ ਸਮੇਂ ਦਾ ਕਲਾ ਦਾ ਉੱਤਮ ਨਮੂਨਾ ਸੀ ਤੇ ਲੋਕ ਦੂਰੋਂ-ਦੂਰੋਂ ਉਸ ਨੂੰ ਵੇਖਣ ਲਈ ਆਉਂਦੇ ਸਨ। ਉਸ ਪੁਲ਼ ਦੀ ਇੱਕ ਖ਼ਾਸੀਅਤ ਇਹ ਸੀ ਕਿ ਉਹ ਐਨਾ ਤੰਗ ਸੀ ਕਿ ਉਸ ਉੱਤੇ ਇੱਕ ਵਾਰ ਜ਼ਿਆਦਾ ਤੋਂ ਜ਼ਿਆਦਾ ਤਿੰਨ ਆਦਮੀ 'ਕੱਠੇ ਖੜ੍ਹੇ ਹੋ ਸਕਦੇ ਸਨ। ਨਦੀ ਦੇ ਇੱਕ ਪਾਸੇ ਰੋਮ ਅਤੇ ਦੂਜੇ ਪਾਸੇ ਜੈਨਿਕੁਲਮ ਦਾ ਕਿਲ੍ਹਾ ਸੀ। ਉਹ ਕਿਲ੍ਹਾ ਵੈਰੀਆਂ ਨੂੰ ਰੋਕਣ ਲਈ ਬਣਾਇਆ ਗਿਆ ਸੀ। ਕਿਲ੍ਹੇ ਦੇ ਸੈਨਿਕਾਂ ਨੇ ਸ਼ੋਰ ਦੀ ਆਵਾਜ਼ ਸੁਣੀ ਤਾਂ ਉਹ ਬਾਹਰ ਆ ਗਏ। ਹਜ਼ਾਰਾਂ ਦੀ ਗਿਣਤੀ 'ਚ ਲੋਕਾਂ ਨੇ ਰੋ-ਰੋ ਕੇ ਸਾਰਾ ਹਾਲ ਸੁਣਾਇਆ ਕਿ ਕਿਸ ਤਰ੍ਹਾਂ ਉਨ੍ਹਾਂ ਨੂੰ ਲੁੱਟਿਆ ਗਿਆ ਤੇ ਸੰਪਤੀ ਮਚਾ ਦਿੱਤੀ ਗਈ। ਉਨ੍ਹਾਂ ਨੇ ਸੈਨਿਕਾਂ ਤੋਂ ਸੁਰੱਖਿਆ ਲਈ ਬੇਨਤੀ ਕੀਤੀ। ਇਹ ਸਾਰਾ ਹਾਲ ਸੁਣ ਕੇ ਕਿਲ੍ਹੇ ਦੇ ਸੈਨਾਪਤੀ ਨੇ ਕਿਹਾ, "ਹੁਣ ਤੁਹਾਨੂੰ ਡਰਨ ਦੀ ਕੋਈ ਲੋੜ ਨਹੀਂ ਹੈ। ਪੁਲ਼ ਨੂੰ ਪਾਰ ਕਰਦੇ ਹੋਏ ਸ਼ਹਿਰ 'ਚ ਚਲੇ ਜਾਓ। ਸ਼ਹਿਰ ਦੇ ਚਾਰੇ ਪਾਸੇ ਘੇਰਾਬੰਦੀ ਬਹੁਤ ਮਜ਼ਬੂਤ ਹੈ। ਤੁਸੀਂ ਲੋਕ ਅੰਦਰ ਜਾ ਕੇ ਪੂਰੀ ਤਰ੍ਹਾਂ ਸੁਰੱਖਿਅਤ ਰਹੋਗੇ। ਅਸੀਂ ਵੈਰੀਆਂ ਨਾਲ ਮੁਕਾਬਲਾ ਕਰਾਂਗੇ।"

ਇਸ ਤਰ੍ਹਾਂ ਪਿੰਡਾਂ ਦੇ ਲੋਕ ਬੇਫ਼ਿਕਰ ਹੋ ਕੇ ਪੁਅ ਰਾਹੀਂ ਰੋਮ ਦੀ ਮਜ਼ਬੂਤ ਬਣੀ ਹੋਈ ਚਾਰਦੀਵਾਰੀ 'ਚ ਪਹੁੰਚ ਗਏ ਤੇ ਉੱਥੋਂ ਦੇ ਲੋਕਾਂ ਨੂੰ ਹੱਡ-ਬੀਤੀ ਸੁਣਾਉਣ ਲੱਗੇ। ਇਸ ਦੇ ਦੂਜੇ ਪਾਸੇ ਜੈਨਿਕੁਲਮ ਕਿਲ੍ਹੇ ਦੇ ਸੈਨਿਕਾਂ ਨੇ ਜਦੋਂ ਦੁਸ਼ਮਣਾਂ ਦੇ ਕਦਮਾਂ ਨਾਲ ਆਸਮਾਨ ਵੱਲ ਉੱਡਦੀ ਹੋਈ ਧੂੜ ਵੇਖੀ ਤਾਂ ਖ਼ਤਰੇ ਦਾ ਅਲਾਰਮ ਵਜਾਉਂਦੇ ਹੋਏ ਸਭ ਨੂੰ ਸੁਚੇਤ ਰਹਿਣ ਦੇ ਨਿਰਦੇਸ਼ ਦੇ ਦਿੱਤੇ। ਰੋਮ ਦੇ ਨਿਵਾਸੀ ਆਪਣੀਆਂ ਛੱਤਾਂ ਉੱਪਰ ਖੜ੍ਹੇ ਹੋ ਕੇ ਦੁਸ਼ਮਣ ਦੀ ਸੈਨਾ ਨੂੰ ਵੇਖਣ ਲੱਗੇ। ਜ਼ਿਆਦਾਤਰ ਲੋਕਾਂ ਦੀਆਂ ਅੱਖਾਂ 'ਚ ਦਹਿਸ਼ਤ ਦੇ ਚਿੰਨ੍ਹ ਸਾਫ਼ ਦਿਖਾਈ ਦੇ ਰਹੇ ਸਨ ਤੇ ਕੁਝ ਕੁ ਪੂਰੇ ਜੋਸ਼ ਨਾਲ ਗੱਲਾਂ ਕਰਨ ਲੱਗੇ।

ਦੁਸ਼ਮਣ ਦੀ ਸੈਨਾ ਨਜ਼ਦੀਕ ਪਹੁੰਚਣ 'ਤੇ ਕਿਲ੍ਹੇ ਦੇ ਸੈਨਿਕਾਂ ਨੇ ਉਨ੍ਹਾਂ 'ਤੇ ਹਮਲਾ ਬੋਲ ਦਿੱਤਾ। ਦੋਵਾਂ ਵਿਚਕਾਰ ਘਮਸਾਨ ਯੁੱਧ ਛਿੜ ਪਿਆ। ਇਹ ਕਹਾਣੀ ਸੁਣ ਕੇ ਪ੍ਰਧਾਨ ਮੰਤਰੀ ਕੁਝ ਸਮਾਂ ਚਿੰਤਾ ਦੀ ਸਥਿਤੀ 'ਚ ਘੁੰਮਦੇ ਰਹੇ ਅਤੇ ਫਿਰ ਯਕਦਮ ਬੋਲ ਪਏ, "ਰੋਮ ਵਿੱਚ ਪ੍ਰਵੇਸ਼ ਹੋਣ ਲਈ ਇੱਕ ਹੀ ਰਸਤਾ ਹੈ ਤੇ ਉਹ ਲੱਕੜ ਦਾ ਪੁਲ਼ ਹੈ। ਜੇ ਉਸ ਪੁਲ਼ ਨੂੰ ਕਿਸੇ ਤਰੀਕੇ ਨਾਲ ਕੱਟ ਦਿੱਤਾ ਜਾਵੇ ਤਾਂ ਵੈਰੀ ਸ਼ਹਿਰ 'ਚ ਨਹੀਂ ਆ ਸਕਦਾ।" ਸਾਰੇ ਇਸ ਦਲੀਲ ਨਾਲ ਸਹਿਮਤ ਹੋ ਗਏ ਪਰ ਇਹ ਕੰਮ ਇੰਨਾ ਆਸਾਨ ਨਹੀਂ ਸੀ। ਸਿਰ 'ਤੇ ਕਫ਼ਨ ਬੰਨ੍ਹ ਕੇ ਹੀ ਇਹ ਕੰਮ ਹੋ ਸਕਦਾ ਸੀ। ਇਸ ਲਈ ਸਭ ਤੋਂ ਵੱਡੀ ਮੁਸ਼ਕਲ ਇਹ ਸੀ ਕਿ ਪੁਲ਼ ਨੂੰ ਕੱਟਦੇ ਸਮੇਂ ਵੈਰੀ ਸੈਨਾ ਨੂੰ ਬਾਹਰ ਰੋਕਣਾ ਬਹੁਤ ਜ਼ਰੂਰੀ ਸੀ ਅਤੇ ਇਹ ਕੰਮ ਕਹਿਣ ਨਾਲੋਂ ਕਰਨਾ ਬਹੁਤ ਔਖਾ ਸੀ। ਵੈਰੀ ਦੀ ਵਿਸ਼ਾਲ ਸੈਨਾ ਨੂੰ ਪੁਲ਼ ਕੱਟਣ ਤਕ ਬਾਹਰ ਰੋਕ ਕੇ ਕਿਵੇਂ ਰੱਖਿਆ ਜਾ ਸਕਦਾ ਹੈ? ਇੱਕ ਤਰ੍ਹਾਂ ਇਹ ਸੂਲੀ ਦੀ ਉਹ ਛਾਲ ਸੀ ਜਿਸ ਨਾਲ ਕੁਰਬਾਨ ਹੋਣਾ ਬਿਲਕੁਲ ਤੈਅ ਸੀ।

ਉਸ ਸਮੇਂ ਹੀ ਅਚਾਨਕ ਸਭਾ 'ਚੋਂ ਇੱਕ ਸ਼ੇਰ ਵਾਂਗ ਗਰਜਵੀਂ ਆਵਾਜ਼ ਆਈ ਕਿ 'ਦੁਸ਼ਮਣਾਂ ਨੂੰ ਮੈਂ ਰੋਕਾਂਗਾ'। ਭੀੜ ਨੂੰ ਚੀਰ ਕੇ ਜੋ ਆਦਮੀ ਬਾਹਰ ਆਇਆ, ਉਸ ਦਾ ਨਾਂ ਹੋਰੇਸ਼ਸ ਸੀ। ਉਹ ਬਹੁਤ ਹੀ ਕੱਦਾਵਰ ਤੇ ਸੋਹਣਾ ਨੌਜਵਾਨ ਸੀ। ਉਸ ਨੇ ਕਈ ਲੜਾਈਆਂ ਵਿੱਚ ਬੜੀ ਬਹਾਦਰੀ ਵਿਖਾਈ ਸੀ ਤੇ ਭਾਰੀ ਤੋਂ ਭਾਰੀ ਆਫ਼ਤ ਆਉਣ 'ਤੇ ਵੀ ਨਹੀਂ ਸੀ ਘਬਰਾਉਂਦਾ। ਇਸ ਤਰ੍ਹਾਂ ਉਸ ਨੌਜਵਾਨ ਦਾ ਹੌਸਲਾ ਵੇਖਦੇ ਹੋਏ ਪ੍ਰਧਾਨ ਮੰਤਰੀ ਨੇ ਬੜੀ ਹੈਰਾਨੀ ਨਾਲ ਪੁੱਛਿਆ, "ਨੌਜਵਾਨ। ਤੁਸੀਂ ਇਹ ਕੰਮ ਇਕੱਲੇ ਕਿਵੇਂ ਕਰੋਗੇ?"

"ਮੈਨੂੰ ਦੋ ਹੋਰ ਅਜਿਹੇ ਬਹਾਦਰਾਂ ਦੀ ਲੋੜ ਹੈ ਜਿਨ੍ਹਾਂ ਨੂੰ ਜ਼ਿੰਦਗੀ ਦੀ ਪਰਵਾਹ ਨਾ ਹੋਵੇ। ਇਸ ਲਈ ਕਿਉਂਕਿ ਪੁਲ਼ 'ਤੇ ਇੱਕ ਬਰਾਬਰ ਸਿਰਫ਼ ਤਿੰਨ ਹੀ ਸੈਨਿਕ ਖੜ੍ਹੇ ਹੋ ਸਕਦੇ ਹਨ। ਅਸੀਂ ਤਿੰਨ ਪੁਲ਼ ਦੇ ਕਿਨਾਰੇ 'ਤੇ ਖੜ੍ਹੇ ਹੋਏ ਵੈਰੀਆਂ ਨੂੰ ਰੋਕਾਂਗੇ ਅਤੇ ਇਧਰ ਆਪ ਪੁਲ਼ ਨੂੰ ਕੱਟਣਾ ਸ਼ੁਰੂ ਕਰ ਦੇਣਾ।" ਉਸ ਨੌਜਵਾਨ ਨੇ ਬੜੀ ਵਜ਼ਨਦਾਰ ਦਲੀਲ ਦਿੱਤੀ।

ਇਸ ਤੋਂ ਕੁਝ ਸਮੇਂ ਬਾਅਦ ਹੀ ਜੈਨਿਕੁਲਮ ਦਾ ਕਿਲ੍ਹਾ ਢਹਿ-ਢੇਰੀ ਹੋ ਗਿਆ ਅਤੇ ਵੈਰੀ ਦੀ ਸੈਨਾ ਰੋਮ ਵਿੱਚ ਦਾਖ਼ਲ ਹੋਣ ਲਈ ਅੱਗੇ ਵਧਣ ਲੱਗੀ। ਦੁਸ਼ਮਣ ਦੇ ਸੈਨਾਪਤੀ ਨੂੰ ਉਸ ਸਮੇਂ ਬੜੀ ਹੈਰਾਨੀ ਹੋਈ, ਜਦੋਂ ਉਸ ਨੇ ਵੇਖਿਆ ਕਿ ਸਿਰਫ਼ ਤਿੰਨ ਸੈਨਿਕ ਐਨੀ ਵਿਸ਼ਾਲ ਸੈਨਾ ਨੂੰ ਰੋਕਣ ਲਈ ਖੜ੍ਹੇ ਹਨ। ਥੋੜ੍ਹਾ ਜਿਹਾ ਅੱਗੇ ਵਧਣ 'ਤੇ ਉਸ ਨੂੰ ਅਸਲੀ ਗੱਲ ਸਮਝ ਆਈ ਕਿ ਹਜ਼ਾਰਾਂ ਰੋਮ ਵਾਸੀ ਪੁਲ਼ ਨੂੰ ਕੱਟਣ ਲੱਗੇ ਹੋਏ ਹਨ। ਉਸ ਨੇ ਆਪਣੇ ਸੈਨਿਕਾਂ ਨੂੰ ਆਦੇਸ਼ ਦਿੱਤਾ ਕਿ ਪੁਲ 'ਤੇ ਖੜ੍ਹੇ ਤਿੰਨਾਂ ਸੈਨਿਕਾਂ ਨੂੰ ਛੇਤੀ ਤੋਂ ਛੇਤੀ ਮਾਰ ਕੇ ਪੁਲ਼ ਨੂੰ ਟੁੱਟਣ ਤੋਂ ਬਚਾਓ। ਉਨ੍ਹਾਂ ਦੇ ਤਿੰਨ ਸੈਨਿਕ ਅੱਗੇ ਵਧੇ। ਹੋਰੇਸ਼ਸ ਅਤੇ ਉਸ ਦੇ ਸਾਥੀਆਂ ਦੇ ਬਰਛੇ ਚਮਕੇ ਅਤੇ ਸੈਨਾ ਦੇ ਤਿੰਨ ਸੈਨਿਕ ਤੜਫਦੇ ਹੋਏ ਹੇਠਾਂ ਡਿੱਗ ਪਏ। ਲੋਕ ਛੱਤਾਂ 'ਤੇ ਦੂਰ ਖੜ੍ਹੇ ਸ਼ੋਰ ਮਚਾ-ਮਚਾ ਕੇ ਆਪਣੇ ਬਹਾਦਰਾਂ ਦਾ ਹੌਸਲਾ ਵਧਾ ਰਹੇ ਸਨ। ਇੱਕ ਵਾਰ ਫਿਰ ਵੈਰੀ ਦੀ ਸੈਨਾ ਦੇ ਤਿੰਨ ਸੈਨਿਕ ਅੱਗੇ ਆਏ ਅਤੇ ਹੋਰੇਸ਼ਸ ਨੇ ਜਾਨ ਦੀ ਬਾਜ਼ੀ ਲਾ ਕੇ ਇੱਕ ਨੂੰ ਨਦੀ ਵਿੱਚ ਸੁੱਟ ਦਿੱਤਾ ਅਤੇ ਬਾਕੀ ਦੋਵਾਂ ਨੂੰ ਮਾਰ ਮੁਕਾਇਆ। ਪੁਲ਼ ਦੇ ਕੱਟੇ ਜਾਣ ਕਾਰਨ ਪਿੱਛੇ ਭਾਰੀ ਸ਼ੋਰ ਸੁਣਾਈ ਦੇ ਰਿਹਾ ਸੀ। ਦੁਸ਼ਮਣ ਦੇ ਸੈਨਾਪਤੀ ਦੀ ਬੁਖਲਾਹਟ ਪਲ-ਪਲ ਵਧਦੀ ਜਾ ਰਹੀ ਸੀ ਕਿਉਂਕਿ ਤਦ ਤਕ ਪੁਲ਼ ਦਾ ਬਹੁਤ ਸਾਰਾ ਹਿੱਸਾ ਵੱਢਿਆ ਜਾ ਚੁੱਕਾ ਸੀ।

ਰੋਮ ਦੇ ਸੈਨਾਪਤੀ ਨੇ ਬਹਾਦਰ ਸੈਨਿਕਾਂ ਨੂੰ ਕਿਹਾ, "ਹੁਣ ਤੁਸੀਂ ਵਾਪਸ ਪਰਤ ਆਓ ਕਿਉਂਕਿ ਪੁਲ਼ ਟੁੱਟ ਕੇ ਡਿੱਗਣ ਵਾਲਾ ਹੈ।"

ਇਹ ਆਵਾਜ਼ ਸੁਣਦੇ ਹੀ ਹਰਮੀ ਨਿਯਸ ਅਤੇ ਸਪੂ ਰਿਯਸ ਦੌੜ ਕੇ ਪੁਲ਼ ਦੇ ਦੂਜੇ ਪਾਸੇ ਪਹੁੰਚ ਗਏ। ਹੋਰੇਸ਼ਸ 'ਕੱਲਾ ਰਹਿ ਗਿਆ ਸੀ। ਲੋਕਾਂ ਨੇ ਸ਼ੋਰ ਮਚਾਉਂਦੇ ਹੋਏ ਕਿਹਾ, "ਹੋਰੇਸ਼ਸ! ਤੁਸੀਂ ਵੀ ਵਾਪਸ ਆ ਜਾਓ। ਹੁਣ ਅਸੀਂ ਖ਼ਤਰੇ ਤੋਂ ਬਾਹਰ ਹੋ ਗਏ ਹਾਂ।" ਹੋਰੇਸ਼ਸ ਕਿੱਥੇ ਮੰਨਣ ਵਾਲਾ ਸੀ? ਉਸ ਨੇ ਜਵਾਬ ਦਿੰਦੇ ਹੋਏ ਕਿਹਾ, "ਜਦੋਂ ਤਕ ਪੁਲ਼ ਦਾ ਆਖ਼ਰੀ ਟੁੱਕੜਾ ਟੁੱਟ ਕੇ ਨਦੀ 'ਚ ਨਹੀਂ ਡਿੱਗਦਾ, ਤਦ ਤਕ ਮੈਂ ਪਿੱਛੇ ਨਹੀਂ ਹਟਾਂਗਾ।" ਹੁਣ ਉਹ ਇਕੱਲਾ ਹੀ ਤਿੰਨ-ਤਿੰਨ ਸੈਨਿਕਾਂ ਦਾ ਮੁਕਾਬਲਾ ਕਰ ਰਿਹਾ ਸੀ। ਦੁਸ਼ਮਣ ਦਾ ਸੈਨਾਪਤੀ ਹੋਰੇਸ਼ਸ ਦਾ ਇਹ ਬਹਾਦਰੀ ਭਰਿਆ ਕਾਰਨਾਮਾ ਵੇਖਦੇ ਹੋਏ ਦੰਦਾਂ ਹੇਠਾਂ ਉਂਗਲ ਦੇ ਕੇ ਖੜ੍ਹਾ ਸੀ। ਰੋਮ ਦੀ ਪਰਜਾ ਨਾਅਰੇ ਲਾ ਰਹੀ ਸੀ, "ਹੋਰੇਸ਼ਸ ਜ਼ਿੰਦਾਬਾਦ! ਹੋਰੇਸ਼ਸ ਜ਼ਿੰਦਾਬਾਦ!" ਤਦ ਉਸ ਸਮੇਂ ਭਾਰੀ ਹਿਲਜੁਲ ਨਾਲ ਪੁਲ਼ ਟੁੱਟ ਕੇ ਨਦੀ 'ਚ ਡਿੱਗ ਪਿਆ। ਇਹ ਵੇਖਦੇ ਹੋਏ ਹੋਰੇਸ਼ਸ ਨੇ ਨਦੀ ਵਿੱਚ ਛਾਲ ਮਾਰ ਦਿੱਤੀ। ਰੋਮ ਦੇ ਨਿਵਾਸੀ ਅਸਮਾਨ ਵੱਲ ਨਜ਼ਰਾਂ ਕਰਕੇ ਹੋਰੇਸ਼ਸ ਦੀ ਜ਼ਿੰਦਗੀ ਦੀ ਸਲਾਮਤੀ ਲਈ ਪ੍ਰਾਰਥਨਾ ਕਰ ਰਹੇ ਸਨ। ਇੱਥੋਂ ਤਕ ਕਿ ਪ੍ਰਧਾਨ ਮੰਤਰੀ ਤੇ ਸੈਨਾਪਤੀ ਨੇ ਵੀ ਉਸ ਬਹਾਦਰ ਦੇ ਪ੍ਰਾਣ ਰੱਖਿਆ ਲਈ ਪ੍ਰਾਰਥਨਾ ਕੀਤੀ। ਹੋਰੇਸ਼ਸ ਨੇ ਸਰੀਰ 'ਤੇ ਲੋਹੇ ਦਾ ਭਾਰੀ ਕਵਚ ਪਹਿਨਿਆ ਹੋਇਆ ਸੀ। ਉਸ ਨੂੰ ਤੈਰਨ 'ਚ ਤਕਲੀਫ਼ ਹੋ ਰਹੀ ਸੀ। ਅਚਾਨਕ ਉਹ ਪਾਣੀ 'ਚ ਗੁੰਮ ਹੋ ਗਿਆ। ਰੋਮਨ ਚਿੰਤਾ 'ਚ ਡੁੱਬ ਗਏ। ਕੀ ਟਾਈਬਰ ਨਦੀ ਨੇ ਰੋਮ ਦੇ ਬਹਾਦਰ ਯੋਧੇ ਦੀ ਕੀਮਤ ਵਸੂਲ ਕਰ ਲਈ? ਕੀ ਦੇਸ਼ ਦੇ ਰੱਖਿਅਕ ਦੀ ਰੱਖਿਆ ਟਾਈਬਰ ਨਦੀ ਨਹੀਂ ਕਰੇਗੀ?

ਤਦ ਸਭ ਨੇ ਵੇਖਿਆ ਕਿ ਅਚਾਨਕ ਹੋਰੇਸ਼ਸ ਨਦੀ ਦੇ ਕਿਨਾਰੇ 'ਤੇ ਬਾਹਰ ਆ ਗਿਆ। ਲੋਕਾਂ ਦੀਆਂ ਖ਼ੁਸ਼ੀ ਦਾ ਕੋਈ ਟਿਕਾਣਾ ਨਾ ਰਿਹਾ। ਉਨ੍ਹਾਂ ਨੇ ਹੋਰੇਸ਼ਸ ਨੂੰ ਮੋਢਿਆਂ ਉੱਤੇ ਚੁੱਕ ਲਿਆ ਅਤੇ ਉਸ ਦੀ ਜੈ, ਜੈਕਾਰ ਕਰਨ ਲੱਗੇ।

# ਤੁਹਾਡੀ ਰਸੋਈ

## ਸ਼ਕਰਕੰਦੀ ਦੇ ਗੁਲਾਬ ਜਾਮੁਨ



### ਸਮੱਗਰੀ

- ਸ਼ਕਰਕੰਦੀ ਅੱਧਾ ਕਿੱਲੋ
- ਖੰਡ 500 ਗ੍ਰਾਮ
- ਮੈਦਾ ਅੱਧਾ ਕੱਪ
- ਸੋਡਾ ਬਾਈਕਾਰਬ ਅੱਧਾ ਛੋਟਾ ਚੱਮਚ
- ਦੇਸੀ ਘਿਓ 1 ਵੱਡਾ ਚੱਮਚ
- ਸੌਗੀ (ਕਿਸ਼ਮਿਸ਼) ਥੋੜ੍ਹੀ ਜਿਹੀ
- ਤੇਲ ਤਲਣ ਲਈ

### ਵਿਧੀ

ਸ਼ਕਰਕੰਦੀ ਨੂੰ ਘੱਟ ਪਾਣੀ ਪਾ ਕੇ ਪ੍ਰੈਸ਼ਰ ਕੁੱਕਰ 'ਚ ਉਬਾਲ ਕੇ ਛਿੱਲ ਲਓ। ਕਿਸੇ ਭਾਂਡੇ 'ਚ ਪਾਣੀ ਤੇ ਖੰਡ ਮਿਲਾ ਕੇ ਇਕ ਤਾਰ ਦੀ ਚਾਸ਼ਨੀ ਬਣਾਓ। ਸੋਡੇ ਤੇ ਮੈਦੇ ਨੂੰ ਇਕੱਠਿਆਂ ਛਾਣ ਲਓ ਤੇ ਥੋੜ੍ਹਾ ਜਿਹਾ ਘਿਓ ਪਾ ਕੇ ਉਸ ਨੂੰ ਉੱਬਲੀ ਸ਼ਕਰਕੰਦੀ ਨਾਲ ਗੁੰਨ੍ਹ ਲਓ। ਹੁਣ ਇਸ ਦੇ ਛੋਟੇ-ਛੋਟੇ ਪੇੜੇ ਬਣਾਓ ਤੇ ਹਰ ਪੇੜੇ 'ਚ ਇਕ-ਇਕ ਸੌਗੀ (ਕਿਸ਼ਮਿਸ਼) ਰੱਖ ਦਿਓ। ਕੜਾਹੀ 'ਚ ਤੇਲ ਗਰਮ ਕੇ ਇਨ੍ਹਾਂ ਨੂੰ ਸੁਨਹਿਰਾ ਭੂਰਾ ਹੋਣ ਤਕ ਤਲ ਲਓ ਤੇ ਇਕ ਤਾਰ ਦੀ ਚਾਸ਼ਨੀ 'ਚ ਪਾਉਂਦੇ ਜਾਓ। ਸ਼ਕਰਕੰਦੀ ਦੇ ਗੁਲਾਬ ਜਾਮੁਨ ਤਿਆਰ ਹਨ, ਤੁਸੀਂ ਇਨ੍ਹਾਂ ਨੂੰ ਗਰਮ ਤੇ ਠੰਡਾ ਦੋਵੇਂ ਤਰੀਕੇ ਨਾਲ ਪਰੋਸ ਸਕਦੇ ਹੋ।

## ਅਦਰਕ ਅਤੇ ਗਾਜਰ ਦਾ ਸੂਪ



### ਸਮੱਗਰੀ

- 5 ਗਾਜਰਾਂ
- 2 ਇੰਚ ਲੰਬਾ ਅਦਰਕ ਦਾ ਟੁਕੜਾ
- 2 ਪਿਆਜ਼
- 1 ਕੱਪ ਸਬਜ਼ੀਆਂ ਦਾ ਸ਼ੋਰਬਾ
- ਇਕ ਤਿਹਾਈ ਕੱਪ ਸੰਤਰੇ ਦਾ ਰਸ
- ਨਮਕ ਸਵਾਦ ਅਨੁਸਾਰ
- 2 ਚਮਚ ਪੀਸੀ ਕਾਲੀ ਮਿਰਚ
- 2 ਚਮਚ ਆਲਿਵ ਆਇਲ

### ਵਿਧੀ

ਪੈਨ ਲਓ ਅਤੇ ਉਸ 'ਚ ਤੇਲ ਗਰਮ ਕਰੋ। ਇਸ 'ਚ ਕੱਟੇ ਹੋਏ ਪਿਆਜ਼ ਅਤੇ ਪੀਸਿਆ ਅਦਰਕ ਪਾ ਕੇ ਦੋ ਮਿੰਟ ਦੇ ਲਈ ਮੱਧਮ ਅੱਗ 'ਤੇ ਪਕਾ ਲਓ। ਇਸ 'ਚ ਸਬਜ਼ੀਆਂ ਦਾ ਸ਼ੋਰਬਾ ਪਾਓ ਅਤੇ ਅੱਗ ਨੂੰ ਮੱਧਮ ਕਰ ਦਿਓ, ਇਸ ਨੂੰ 25-30 ਮਿੰਟ ਦੇ ਲਈ ਪੱਕਣ ਦਿਓ ਤਾਂ ਕਿ ਸੂਪ ਗਾੜ੍ਹਾ ਹੋ ਜਾਏ। ਇਸ ਦੇ ਬਾਅਦ ਇਸ 'ਚ ਸੰਤਰੇ ਦਾ ਰਸ ਪਾਓ ਅਤੇ 2-3 ਮਿੰਟ ਦੇ ਲਈ ਮੱਧਮ ਅੱਗ 'ਤੇ ਪਕਾਓ ਅਤੇ ਫਿਰ ਗੈਸ ਬੰਦ ਕਰ ਦਿਓ। ਹੁਣ ਪਾਓ ਅਤੇ ਉਸ 'ਚ ਨਮਕ ਅਤੇ ਇਸ ਤਿਆਰ ਸੂਪ ਨੂੰ ਇਕ ਬਾਊਲ 'ਚ ਕਾਲੀ ਮਿਰਚ ਛਿੜਕ ਕੇ ਪਰੋਸੋ।

### ਘਰੇਲੂ ਟਿਪਸ

ਮਾਹਵਾਰੀ ਤਕਲੀਫ ਤੇ ਦਰਦ ਨਾਲ ਆਉਣੀ : 2 ਚਮਚ ਅਜਵਾਇਣ 2 ਕੱਪ ਪਾਣੀ ਵਿਚ ਪਾ ਕੇ ਉਬਾਲੋ। ਇਕ ਕੱਪ ਬਾਕੀ ਰੱਖ ਲਵੋ। ਇਸ ਵਿਚ ਗੁੜ ਮਿਲਾ ਕੇ ਸਵੇਰੇ ਖਾਲੀ ਪੇਟ ਚਾਹ ਵਾਂਗ ਪੀਓ। ਇਹ ਨੁਸਖਾ ਰੋਜ਼ਾਨਾ ਸਵੇਰੇ-ਸ਼ਾਮ 3 ਦਿਨ ਕਰੋ। ਆਮ ਤੌਰ 'ਤੇ 3 ਮਾਹਵਾਰੀਆਂ ਤਕ ਇਹ ਤਜਰਬਾ ਕਰਨਾ ਠੀਕ ਰਹਿੰਦਾ ਹੈ। ਮਾਹਵਾਰੀ ਆਉਣ ਤੋਂ 3 ਦਿਨ ਪਹਿਲਾਂ ਇਹ ਤਜਰਬਾ ਕਰਨ ਨਾਲ ਮਾਹਵਾਰੀ ਸਮੇਂ 'ਤੇ ਖੁੱਲ੍ਹ ਕੇ ਆਉਂਦੀ ਹੈ।

ਪੇਟ 'ਚ ਗੈਸ : ਅਜਵਾਇਣ ਦੇ ਨਾਲ ਹਰੜ ਤੇ ਕਾਲਾ ਲੂਣ ਲੈਣ ਨਾਲ ਪੇਟ ਫੁੱਲਣ, ਪੇਟ ਦਰਦ, ਡਕਾਰਾਂ ਆਦਿ ਤੋਂ ਤੁਰੰਤ ਆਰਾਮ ਮਿਲਦਾ ਹੈ।

### ਘਰੇਲੂ ਟਿਪਸ

ਸਿਰ ਦੇ ਵਾਲ ਝੜਨੇ : ਬੋਹੜ ਦੇ ਪੱਤਿਆਂ ਨੂੰ ਪੀਸ ਲਵੋ ਅਤੇ ਅਲਸੀ ਦੇ ਤੇਲ ਵਿਚ ਪਕਾਓ। ਪੱਤਿਆਂ ਦੇ ਸੜ ਜਾਣ 'ਤੇ ਤੇਲ ਛਾਣ ਕੇ ਰੱਖ ਲਵੋ। ਇਸ ਤੇਲ ਦੀ ਮਾਲਿਸ਼ ਕਰਨ ਨਾਲ ਕੁਝ ਹੀ ਦਿਨਾਂ ਵਿਚ ਵਾਲ ਝੜਨੇ ਰੁਕ ਜਾਣਗੇ ਅਤੇ ਝੜੇ ਹੋਏ ਵਾਲਾਂ ਦੀ ਥਾਂ 'ਤੇ ਨਵੇਂ ਵਾਲ ਉੱਗਣ ਲੱਗਣਗੇ। ਦੇਸੀ ਘਿਓ ਵਿਚ ਬਾਦਾਮ ਦੀਆਂ 4-5 ਗਿਰੀਆਂ ਪੀਸ ਕੇ ਪਾਓ ਅਤੇ ਇੰਨੀਆਂ ਉਬਾਲੋ ਕਿ ਗਿਰੀਆਂ ਦੇ ਟੁਕੜੇ ਸੜ ਜਾਣ। ਹੁਣ ਘਿਓ ਨੂੰ ਛਾਣ ਕੇ ਸ਼ੀਸ਼ੀ ਵਿਚ ਭਰ ਲਵੋ। ਇਸ ਘਿਓ ਨੂੰ ਕੋਸਾ ਕਰਕੇ ਸਿਰ 'ਤੇ ਮਾਲਿਸ਼ ਕਰਨ ਨਾਲ ਵਾਲਾਂ ਦਾ ਝੜਨਾ ਰੁਕਦਾ ਹੈ ਅਤੇ ਦਿਮਾਗੀ ਕਮਜ਼ੋਰੀ ਵੀ ਦੂਰ ਹੁੰਦੀ ਹੈ।

*ਨਵੇਂ ਲੇਖਕਾਂ ਨੂੰ ਨਜ਼ਰ ਵਿਚ ਰੱਖਦੇ ਹੋਏ ਅਸੀਂ ਇਹ ਕਾਲਮ 'ਸੋਨ ਸੁਨਹਿਰੀ ਕਲਮਾਂ' ਸ਼ੁਰੂ ਕੀਤਾ ਹੈ। ਇਸ ਵਿਚ ਲੇਖਕ ਦੇ ਜੀਵਨ ਦੀ ਸੰਖੇਪ ਜਾਣਕਾਰੀ ਦੇ ਨਾਲ ਉਸ ਦੀਆਂ ਰਚਨਾਵਾਂ ਵੀ ਪਾਠਕਾਂ ਦੇ ਰੂਬਰੂ ਕਰਾਂਗੇ।*

## ਸੋਨ ਸੁਨਹਿਰੀ ਕਲਮਾਂ

# ਸੰਭਾਵਨਾਵਾਂ ਭਰਪੂਰ ਸ਼ਾਇਰ



ਅਕਾਸ਼ਦੀਪ
76964-70344

ਘਰਦਿਆਂ ਨੇ ਤਾਂ ਬਹੁਤ ਕੋਸ਼ਿਸ਼ ਕੀਤੀ ਕਿ ਅਕਾਸ਼ਦੀਪ ਦਾ ਕਵਿਤਾ ਵੱਲੋਂ ਧਿਆਨ ਹੱਟ ਜਾਵੇ ਪਰ ਪਿਤਾ ਜਗਦੀਸ਼ ਰਾਮ ਤੇ ਮਾਤਾ ਮੀਨਾ ਕੁਮਾਰੀ ਦੀਆਂ ਕੋਸ਼ਿਸ਼ਾਂ ਅਸਫਲ ਹੀ ਰਹੀਆਂ। ਉਸ ਦੀ ਸਾਹਿਤਕ ਰੁਚੀ 'ਤੇ ਕੋਈ ਅਸਰ ਨਾ ਪਿਆ। ਜ਼ਿਲ੍ਹਾ ਜਲੰਧਰ ਦੇ ਪਿੰਡ ਕਾਸਮਪੁਰ ਦਾ ਜੰਮ-ਪਲ ਅਕਾਸ਼ਦੀਪ ਆਪਣੇ ਚੁਗਿਰਦੇ ਵਿਚ ਜੋ ਦੇਖਦਾ ਹੈ ਉਸ ਨੂੰ ਆਪਣੀ ਕਵਿਤਾ ਦੇ ਸਾਂਚੇ ਵਿਚ ਢਾਲਣ ਦੀ ਕੋਸ਼ਿਸ਼ ਵਿਚ ਰਹਿੰਦਾ ਹੈ। ਉਹ ਲੋਕਾਈ ਦੇ ਦੁੱਖ-ਦਰਦ ਨੂੰ ਬੜੀ ਸ਼ਿੱਦਤ ਨਾਲ ਨਿਹਾਰਦਾ ਹੈ। ਉਸ ਦੀ ਪੀੜਾ ਨੂੰ ਮਹਿਸੂਸ ਕਰਦਾ ਹੈ ਤੇ ਫਿਰ ਇਸ ਵਰਤਾਰੇ ਨੂੰ ਅੱਖਰਾਂ ਦਾ ਜਾਮਾ ਪਹਿਨਾ ਕੇ ਪਾਠਕਾਂ ਨੂੰ ਪਰੋਸ ਦਿੰਦਾ ਹੈ। ਇਹੀ ਉਸ ਦੀ ਕਵਿਤਾ ਦਾ ਹਾਸਲ ਹੈ। ਅਕਾਸ਼ਦੀਪ ਨੂੰ ਕਵਿਤਾ ਲਿਖਣ ਦੀ ਲਤ ਸਕੂਲ ਸਮੇਂ ਹੀ ਲੱਗ ਗਈ ਸੀ। ਹੁਣ ਤਾਂ ਉਸ ਦੀ ਕਵਿਤਾ ਲਿਖਣ ਦੀ ਇਹ ਲਤ ਜਵਾਨੀ ਵਿਚ ਪੈਰ ਧਰ ਰਹੀ ਹੈ। ਉਸ ਦੀ ਕਵਿਤਾ ਨੂੰ ਪੜ੍ਹ ਕੇ ਆਸ ਬੱਝਦੀ ਹੈ ਕਿ ਆਉਣ ਵਾਲੇ ਸਮੇਂ ਵਿਚ ਸਾਹਿਤ ਜਗਤ ਵਿਚ ਇਕ ਹੋਰ ਚੰਗੀ ਕਵਿਤਾ ਦੀ ਸਿਰਜਣਾ ਕਰਨਾ ਵਾਲਾ ਸਿਤਾਰਾ ਚਮਕੇਗਾ। ਅਕਾਸ਼ਦੀਪ ਤੋਂ ਇਹੀ ਆਸ ਹੈ ਕਿ ਉਹ ਮਿਹਨਤ ਤੇ ਲਗਨ ਨਾਲ ਇਸੇ ਤਰ੍ਹਾਂ ਕਵਿਤਾ ਦੀ ਸਿਰਜਨਾ ਕਰਦਾ ਰਹੇਗਾ। ਆਓ ਉਸ ਦੀ ਕਵਿਤਾ ਨਾਲ ਸਾਂਝ ਪਾਈਏ।

• ਜਸਵਿੰਦਰ ਦੂਹੜਾ
98723-36944

### ਕਵਿਤਾ

**ਦੁਵੈਸ਼**

ਤੂੰ ਆਖਦੀ, ਮੈਂ ਜਿਉਂਦਾ ਹਾਂ
ਪਰ ਮੈਂ ਮੁਰਦਾ ਹਾਂ
ਚਪਟੀ ਧਰਤੀ ਦੇ
ਸਮਤਲ ਧਰਾਧਲ ਨੂੰ
ਮੈਂ ਗਿੱਠਾਂ ਨਾਲ ਮਿਣਦਾ ਹਾਂ।

ਮੁਰਦਾ ਹੋਣਾ ਸਰਾਪ ਨਹੀਂ
ਜਿਉਂਦੇ ਹੋਣਾ ਹੈ
ਬੜਾ ਗੌਣ ਹੈ ਜਿਊਣਾ
ਆਪਣਾ ਆਪ ਗ਼ੈਰ ਕਰ
ਗ਼ੈਰ ਅਪਣਾਉਣਾ
ਲਕੀਰ ਤੇ ਲਕੀਰ ਹੋ
ਬੇਵਜੂਦ ਹੋਣਾ।

ਮੁਰਦਾ ਹੋਣਾ ਅਸੀਮ ਹੈ
ਬੇਮੁੱਖ ਹੋ ਲਕੀਰੋਂ
ਚਿੰਤਨ ਦੀਆਂ ਕਬਰਾਂ ਪੁੱਟਣੀਆਂ
ਕਲਮ ਦੇ ਬੇਲਚਿਆਂ ਨਾਲ
ਮੁਰਦਾ ਹੋਣ ਦੇ
ਨਵੇਂ ਅਰਥ ਲੱਭਣੇ
ਜਿਊਣ ਦੇ ਬੇਅਰਥ
ਘੜਿਆਲ ਖੜਕਾਉਣੇ ਸੋਚਾਂ ਦੇ
ਸੁੱਤੇ ਸਿਰ ਮਾਰ-ਮਾਰ
ਬੇਕੁੰਠ ਠੁੱਡ ਮਾਰ
ਨਰਕ ਬੇਕੁੰਠ ਕਰਨਾ
ਪੈਰਾਂ ਨੂੰ ਪੈਰ ਬਣਾਉਣਾ
ਹੱਥਾਂ ਨੂੰ ਹੱਥ
ਮੁਰਦਾ ਸਰੀਰ ਹੋ ਸਕਦਾ
ਘਟਨਾਵਾਂ ਨਾ ਹੀ ਦੇਖ।

ਮੁਰਦਾ ਹੋ ਸਕਦੀ
ਪਾਣੀ ਠੋਸ ਹੋ ਸਕਦਾ
ਅੱਗ ਕਦੇ ਨਹੀਂ
ਤੂੰ ਆਖਦੀ ਮੈਂ ਜਿਉਂਦਾ ਹਾਂ
ਪਰ ਮੈਂ ਮੁਰਦਾ ਹਾਂ
ਨਹੀਂ ਭਾਉਂਦੀ ਮੈਨੂੰ
ਦੌਲਤ ਦੀ ਅੱਖ
ਮੈਂ ਗਿਆਨ ਦੀ ਦੇਹ
ਨਾਲ ਘੁਲਦਾ ਹਾਂ।

ਸਾਡਾ ਪਤਾ ਹੈ-
ਸੰਪਾਦਕ, ਪੰਜਾਬੀ ਜਾਗਰਣ, ਸੀ-120, ਫੋਕਲ ਪੁਆਇੰਟ ਐਕਸਟੈਂਸ਼ਨ, ਇੰਡਸਟਰੀਅਲ ਏਰੀਆ, ਜਲੰਧਰ।
editormail@punjabi.jagran.com

# ਹਰਿਆਲੀ ਤੀਜ



ਜਾਨਵੀ ਬਿੱਠਲ
97819-29714



ਪੰਜਾਬ ਵਿਚ ਮਨਾਈ ਜਾ ਰਹੀ ਤੀਜ ਬਾਰੇ ਤਾਂ ਅਸੀਂ ਸਾਰਿਆਂ ਨੇ ਬਹੁਤ ਸੁਣਿਆ ਹੈ। ਇਸ ਵਿਚ ਪੈਣ ਵਾਲਾ ਗਿੱਧਾ, ਮੁਟਿਆਰਾਂ ਦੇ ਹਾਰ ਸ਼ਿੰਗਾਰ ਤੋਂ ਹਰ ਕੋਈ ਜਾਣੂ ਹੈ ਪਰ ਅਸੀਂ ਪੰਜਾਬ ਤੋਂ ਬਾਹਰ ਉੱਤਰ-ਪੱਛਮੀ ਪ੍ਰਾਂਤਾਂ ਵੱਲ ਵੇਖੀਏ ਤਾਂ ਤੀਜ ਦਾ ਤਿਉਹਾਰ ਰਾਜਸਥਾਨ, ਉੱਤਰ ਪ੍ਰਦੇਸ ਦੇ ਕਈ ਹਿੱਸਿਆਂ ਵਿਚ ਬਹੁਤ ਧੂਮ-ਧਾਮ ਨਾਲ ਮਨਾਇਆ ਜਾਂਦਾ ਹੈ। ਇਨ੍ਹਾਂ ਖੇਤਰਾਂ ਵਿਚ ਮਨਾਈ ਜਾਣ ਵਾਲੀ ਤੀਜ ਨੂੰ ਹਰਤਾਲਿਕਾ ਤੀਜ ਜਾਂ ਤੀਜਾ ਕਹਿੰਦੇ ਹਨ ਜੋ ਕਿ ਭਾਦੋਂ ਦੇ ਮਹੀਨੇ ਮਨਾਈ ਜਾਂਦੀ ਹੈ।

ਇਸ ਸਾਲ ਇਹ ਤਿਉਹਾਰ ਸਤੰਬਰ ਵਿਚ ਮਨਾਇਆ ਜਾ ਰਿਹਾ ਹੈ। ਮੰਨਿਆ ਜਾਂਦਾ ਹੈ ਕਿ ਇਹ ਤੀਜ ਮਾਂ ਪਾਰਵਤੀ ਨਾਲ ਜੁੜੀ ਹੋਈ ਹੈ। ਇਸ ਦਿਨ ਜਿੱਥੇ ਮਾਤਾ ਪਾਰਵਤੀ ਨੇ ਸ਼ਿਵਜੀ ਲਈ ਵਰਤ ਰੱਖਿਆ ਸੀ ਉੱਥੇ ਹੀ ਇਸ ਦਿਨ ਮਾਂ ਪਾਰਵਤੀ ਦੀ ਕਿਸੇ ਸਖੀ ਨੇ ਉਨ੍ਹਾਂ ਦਾ ਹਰਣ ਕਰ ਕੇ, ਜੰਗਲ ਵਿਚ ਲੈ ਗਈ ਸੀ ਇਸੇ ਕਰਕੇ ਇਸ ਦਾ ਨਾਂ ਹਰਤਾਲਿਕਾ ਤੀਜ ਪੈ ਗਿਆ।

ਪੰਜਾਬ ਵਾਂਗ ਹੀ ਇੱਥੇ ਵੀ ਸੁਹਾਗਣਾ ਤੇ ਕੁਆਰੀਆਂ ਕੁੜੀਆ ਬਹੁਤੇ ਚਾਅ ਨਾਲ ਤਿਆਰ ਹੁੰਦਿਆ ਹਨ ਤੇ ਹਾਰ ਸ਼ਿੰਗਾਰ ਕਰ ਕੇ ਇਸ ਤਿਉਹਾਰ ਨੂੰ ਮਨਾਉਦੀਆਂ ਹਨ। ਇਸ ਤਿਉਹਾਰ ਵਿਚ ਮਾਲਪੂੜੇ, ਖੀਰ, ਰਬੜੀ ਆਦਿ ਮਿਸ਼ਠਾਨ ਬਣਾਏ ਜਾਂਦੇ ਹਨ ਤੇ ਕੁੜੀਆਂ ਮਿਲ ਕੇ ਹੱਸਦੀਆ-ਖੇਡਦੀਆ ਨੱਚਦੀਆਂ-ਟੱਪਦੀਆਂ ਤੇ ਗਿੱਧਾ ਪਾਉਂਦੀਆਂ ਹਨ। ਕਈ ਵਾਰੀ ਸਾਨੂੰ ਇਹ ਹੀ ਲੱਗਦਾ ਹੈ ਕਿ ਤੀਜ ਦਾ ਤਿਉਹਾਰ ਸਿਰਫ਼ ਪੰਜਾਬ ਵਿਚ ਹੀ ਮਨਾਈ ਜਾਂਦੀ ਹੈ। ਇਹ ਸੋਚ ਕੇ ਅਸੀਂ ਗ਼ਲਤ ਹੁੰਦੇ ਹਾਂ।

ਦਰਅਸਲ ਤੀਜ ਭਾਰਤ ਦੇ ਹੋਰ ਕਈ ਹਿੱਸਿਆਂ ਵਿਚ ਵੀ ਮਨਾਈ ਜਾਂਦੀ ਹੈ। ਇਸੇ ਹੀ ਕਾਰਨ ਸਾਡਾ ਦੇਸ਼ ਮਸ਼ਹੂਰ ਹੈ ਕਿਉਂਕਿ ਇੱਥੇ ਹਰ ਕੋਈ ਦੂਜੇ ਧਰਮ ਨਾਲ ਸਬੰਧਤ ਤਿਉਹਾਰ ਵੀ ਮਨਾਉਂਦਾ ਹੈ। ਹਰਤਾਲਿਕਾ ਤੀਜ ਦਾ ਤਿਉਹਾਰ ਕੁੜਿਆਂ ਬਹੁਤੇ ਚਾਅ ਨਾਲ ਮਨਾਉਂਦੀਆ ਹਨ ਤੇ ਮਾਂ ਪਾਰਵਤੀ ਨੂੰ ਯਾਦ ਕਰ ਇਸ ਦਿਨ ਵਰਤ ਰੱਖਦੀਆਂ ਹਨ। ਤੀਜ ਦਾ ਤਿਉਹਾਰ ਮਨਾਉਣ ਦੇ ਵੱਖਰੇ-ਵੱਖਰੇ ਢੰਗ ਹਨ ।

### ਵਰਤ ਰੱਖਣਾ

ਇਹ ਮੰਨਿਆ ਜਾਂਦਾ ਹੈ ਕਿ ਇਹ ਵਰਤ ਮਾਂ ਪਾਰਵਤੀ ਨੇ ਆਪਣੇ ਸੁਹਾਗ ਸ਼ਿਵ ਲਈ ਰੱਖਿਆ ਸੀ। ਹੁਣ ਇਹ ਵਰਤ ਸੁਹਾਗਣਾ ਆਪਣੇ ਸੁਹਾਗ ਲਈ ਤੇ ਕੁਆਰੀਆਂ ਮੰਨ-ਪਸੰਦ ਵਰ ਨਾਲ ਵਿਆਹ ਕਰਵਾਉਣ ਲਈ ਰੱਖਦੀਆਂ ਹਨ।

### ਹਾਰ-ਸ਼ਿੰਗਾਰ ਤੇ ਪਹਿਰਾਵਾ

ਪੰਜਾਬ ਵਿਚ ਤੀਜ ਵਾਲੇ ਦਿਨ ਕੁੜਿਆਂ ਗੂੜ੍ਹੇ ਅਤੇ ਸੁਨਹਿਰੇ ਰੰਗ ਦੇ ਪੰਜਾਬੀ ਸੂਟ, ਪੈਰਾਂ ਵਿਚ ਪੰਜਾਬੀ ਜੁੱਤੀ ਅਤੇ ਗੁੱਤਾਂ ਵਿਚ ਪਰਾਂਦੇ ਪਾਉਂਦੀਆਂ ਹਨ। ਉੱਤਰ-ਪਛੱਮੀ ਪ੍ਰਾਂਤਾ ਵਿਚ ਲਾਲ ਸਾੜੀ, ਲਾਲ ਵੰਗਾਂ, ਟਿੱਕਾ ਆਦਿ ਪਾਇਆ ਜਾਂਦਾ ਹੈ। ਲਾਲ ਰੰਗ ਇਸ ਤਿਉਹਾਰ ਲਈ ਸ਼ੁਭ ਮੰਨਿਆ ਜਾਂਦਾ ਹੈ।

### ਕਰਵਾ-ਚੌਥ ਨਾਲੋਂ ਮੁਸ਼ਕਿਲ ਵਰਤ

ਉਂਜ ਤਾਂ ਸਾਲ ਵਿਚ ਕਈ ਵਰਤ ਆਉਂਦੇ ਹਨ ਜੋ ਨਿਰਜਲੇ, ਭਾਵ ਬਿਨਾਂ ਪਾਣੀ ਤੋਂ ਰੱਖਣ ਵਾਲੇ, ਵਰਤ ਹੁੰਦੇ ਹਨ। ਪਰ ਕਰਵਾ-ਚੌਥ ਤੋਂ ਵੀ ਤੀਜ ਦਾ ਇਹ ਵਰਤ ਇਸ ਲਈ ਔਖਾ ਹੁੰਦਾ ਹੈ ਕਿਉਂਕਿ ਇਹ ਵਰਤ ਵਾਲੇ ਦਿਨ ਨਹੀ ਸਗੋਂ ਅਗਲੇ ਦਿਨ ਔਰਤਾਂ ਇਸ ਵਰਤ ਨੂੰ ਤੋੜਦੀਆਂ ਹਨ। ਜੇ ਕੋਈ ਕੁਆਰੀ ਕੁੜੀ ਜਾਂ ਸੁਹਾਗਣ ਇਕ ਵਾਰੀ ਇਸ ਵਰਤ ਨੂੰ ਸ਼ੁਰੂ ਕਰ ਲਵੇ ਤਾਂ ਉਸ ਨੂੰ ਸਾਰੀ ਉਮਰ ਇਹ ਵਰਤ ਰੱਖਣਾ ਹੀ ਪੈਂਦਾ ਹੈ। ਇਸ ਵਰਤ ਦੀ ਇਹੀ ਪ੍ਰਥਾ ਹੈ। ਇਸ ਵਰਤ ਨੂੰ ਕਰਵਾ-ਚੌਥ ਨਾਲੋਂ ਮੁਸ਼ਕਿਲ ਮੰਨਿਆ ਜਾਂਦਾ ਹੈ।



### ਹਰਤਾਲਿਕਾ ਤੀਜ ਦਾ ਵਰਤ

ਵਿਆਹੀਆਂ ਅਤੇ ਕਵਾਰੀ ਕੁੜੀਆਂ ਬੜੇ ਹੀ ਚਾਅ ਨਾਲ ਇਸ ਤੀਜ ਦਾ ਵਰਤ ਰੱਖਦੀਆ ਹਨ। ਇਸ ਵਰਤ ਵਿਚ ਰਾਤ ਤੇ ਸਵੇਰ ਦੇ ਮੱਧ ਵਿਚ ਉੱਠ, ਤਿਆਰ ਹੋ ਕੇ ਸਰਗੀ ਖਾਂਦੀਆਂ ਹਨ। ਇਸ ਤੋਂ ਬਾਅਦ ਵਰਤ ਦਾ ਪਾਠ ਸੁਣਕੇ ਵਰਤ ਸ਼ੁਰੂ ਕਰ ਦਿੰਦੀਆ ਹਨ।

### ਅਜੋਕੇ ਤਿਉਹਾਰਾਂ ਦਾ ਸਰੂਪ

ਤੀਜ ਤਾਂ ਕਈ ਸਾਲ ਪਹਿਲਾਂ ਵੀ ਇਹੀ ਸੀ ਤੇ ਅੱਜ ਵੀ ਹੈ। ਪਰ ਅਜੋਕੇ ਸਮੇਂ ਇਨ੍ਹਾਂ ਤਿਉਹਾਰ ਨੂੰ ਮਨਾਉਣ ਦੇ ਢੰਗਾਂ ਵਿਚ ਤਬਦੀਲੀ ਜ਼ਰੂਰ ਆਈ ਹੈ। ਅੱਜ ਕੱਲ੍ਹ ਸੁਹਾਗਣਾ ਤੇ ਕੁੜਿਆਂ ਕੋਲ ਪੰਜਾਬੀ ਸੂਟ ਜਾਂ ਲਾਲ ਸਾੜੀ ਬਨਵਾਉਣ ਦੇ ਵੱਖ-ਵੱਖ ਡਿਜ਼ਾਇਨ ਹਨ।

ਕਈ ਕੁੜਿਆਂ ਨੂੰ ਬਹੁਤਾਂ ਹਾਰ-ਸ਼ਿੰਗਾਰ ਪਸੰਦ ਨਹੀਂ ਹੁੰਦਾ। ਉਹ ਅਜੋਕੇ ਡਿਜ਼ਾਇਨ ਦੇ ਚਲ ਰਹੇ ਪਲਾਜ਼ੋ ਨਾਲ ਸਧਾਰਨ ਜਿਹੀ ਕੁੜਤੀ ਪਾ ਕੇ ਉਸ ਨਾਲ ਗਲੇ ਜਾਂ ਕੰਨਾਂ 'ਚ ਲੰਬੇ ਝੁੰਮਕੇ ਪਾ ਲੈਂਦੀਆਂ ਹਨ। ਜੇ ਕੋਈ ਕੁੜੀ ਸਾੜੀ ਨਹੀਂ ਸੰਭਾਲ ਸਕਦੀ ਤਾਂ ਉਹ ਲੰਬਾ ਕੁੜਤਾ ਤੇ ਲੰਬੀ ਜੈਕਿੱਟ ਪਾ ਲੈਂਦੀ ਹੈ।

ਪਹਿਲਾਂ ਲਾਲ ਸਾੜੀਆਂ ਦੇ ਰੰਗ ਵੀ ਸਾਰਿਆ ਦੇ ਇੱਕੋ-ਜਿਹੇ ਹੁੰਦੇ ਸਨ ਤੇ ਉਨ੍ਹਾਂ ਦਾ ਡਿਜ਼ਾਇਨ ਵੀ ਪਰ ਅੱਜ ਸਾੜੀਆਂ ਵਿਚ ਬਹੁਤ ਸਾਰੇ ਡਿਜ਼ਾਈਨ ਆ ਗਏ ਹਨ।

ਹੁਣ ਸਾੜੀ, ਸਾੜੀ ਨਹੀਂ ਸੂਟ ਵਾਂਗ ਹੀ ਲੱਗਦੀ ਹੈ। ਜਿੱਥੇ ਪੁਸ਼ਾਕਾਂ ਦੇ ਡਿਜ਼ਾਇਨਾਂ ਵਿਚ ਤਬਦੀਲੀ ਆਈ ਹੈ ਉੱਥੇ ਹੀ ਕੰਨਾਂ, ਪੈਰਾਂ 'ਚ ਪਾਉਣ ਵਾਲੀ ਅਸੈਸਰੀ ਵਿਚ ਵੀ ਵੱਖਰਾਪਨ ਆਇਆ ਹੈ। ਅੱਜ ਕੱਲ੍ਹ ਸਟੀਲ ਦੀ ਦਿੱਖ ਵਾਲੇ ਝੁਮਕਿਆ ਦਾ ਬਹੁਤ ਚਲਣ ਹੈ। •

## ਪੱਤਰ ਹਰੇ ਕਚੂਰ

# ਦਿਲਕਸ਼ ਅੰਦਾਜ਼ ਤੇ ਮਿੱਠੀ ਆਵਾਜ਼ ਦੀ ਮਾਲਿਕ



ਸੁਰਿੰਦਰ ਸਿਦਕ

ਸੁਰਿੰਦਰ ਸਿਦਕ ਦਾ ਪਿਛੋਕੜ ਅਬੋਹਰ ਦਾ ਹੈ। ਉਹ ਅੱਜ ਕੱਲ੍ਹ ਆਸਟਰੇਲੀਆ ਦੇ ਸ਼ਹਿਰ ਐਡੀਲੇਡ ਵਿਚ ਪਰਿਵਾਰ ਸਮੇਤ ਰਹਿ ਰਹੀ ਹੈ। ਸੁਰਿੰਦਰ ਨੂੰ ਗੁੜਤੀ ਹੀ ਸ਼ਬਦਾਂ ਦੀ ਮਿਲੀ ਹੈ। ਉਸ ਦਾ ਬਚਪਨ, ਨਾਨਾ ਪ੍ਰਤਾਪ ਸਿੰਘ ਕੰਵਲ, ਮਾਤਾ ਅੰਮ੍ਰਿਤ ਕੌਰ, ਪਿਤਾ ਕੁਲਵੰਤ ਸਿੰਘ ਬਜਾਜ ਦੀਆਂ ਸਾਹਿਤਕ ਲੋਰੀਆਂ ਵਿਚ ਗੁਜ਼ਰਿਆ, ਘਰ ਦੇ ਸਾਹਿਤਕ ਮਾਹੌਲ ਕਾਰਨ ਸਿਦਕ ਆਪਣੇ ਸਮੇਂ ਸਕੂਲ, ਕਾਲਜ ਅਤੇ ਸਾਹਿਤਕ ਪ੍ਰੋਗਰਾਮਾਂ ਦੀ ਹਮੇਸ਼ਾਂ ਜੇਤੂ ਕੁੜੀ ਬਣੀ ਰਹੀ। ਉਸ ਦੀ ਮਿੱਠੀ ਆਵਾਜ਼ ਅਤੇ ਦਿਲਕਸ਼ ਅੰਦਾਜ਼ ਸਟੇਜ ਤੇ ਵੇਖਣਾ ਬਣ ਦਾ ਹੈ। ਜਦੋਂ ਇਹ ਕਾਵਿਕ ਵੇਲ ਸਰਦਾਰ ਮਹਿੰਗਾ ਸਿੰਘ ਸੰਗਰ ਦੀ ਜੀਵਨ ਸਾਥਣ ਬਣ ਉਸ ਦੇ ਘਰ ਦੇ ਵਿਹੜੇ ਮਹਿਕਣ ਲੱਗੀ ਤਾਂ ਉਸ ਦੇ ਸ਼ਬਦਾਂ ਦੀ ਖ਼ੁਸ਼ਬੂ ਦੂਰ ਦੂਰ ਤਕ ਫੈਲ ਗਈ। ਉਸ ਦੇ ਪਤੀ ਦੀ ਰੁਚੀ ਸਾਹਿਤਕ ਹੋਣ ਕਰਕੇ ਸੰਗਰ ਪਰਿਵਾਰ ਨੇ ਸਿਦਕ ਨੂੰ ਸਾਹਿਤ ਦੇ ਖੇਤਰ ਵਿਚ ਭਰਪੂਰ ਸਹਿਯੋਗ ਦਿੱਤਾ। ਜਿਸ ਕਾਰਨ ਵਿਦੇਸ਼ੀ ਧਰਤੀ ਤੇ ਰਹਿੰਦੇ ਹੋਏ ਵੀ ਸਿਦਕ ਰੰਗਮੰਚ ਅਤੇ ਸਾਹਿਤਕ ਸਰਗਰਮੀਆਂ ਦੇ ਨਾਲ ਲਗਾਤਾਰ ਜੁੜੀ ਰਹੀ। ਸਿਦਕ ਸ਼ਬਦਾਂ ਦੀ ਸਿਰਜਣਾ ਤਾਂ ਬਚਪਨ ਤੋਂ ਕਰਦੀ ਆ ਰਹੀ ਹੈ ਪਰ ਹੌਲੀ-ਹੌਲੀ ਉਸ ਨੇ ਉਸਤਾਦ ਸ਼ਹਿਰਾਂ ਦੀ ਰਹਿਨੁਮਾਈ ਲੈ ਕੇ ਗ਼ਜ਼ਲ ਵਿਧਾ ਨੂੰ ਸਿਖਣਾ ਸ਼ੁਰੂ ਕੀਤਾ ਜਿਸ ਦੇ ਸਦਕਾ ਅੱਜ ਉਹ ਪਿੰਗਲ ਅਰੂਜ਼ ਅਤੇ ਗ਼ਜ਼ਲ ਦੀਆਂ ਬਾਰੀਕੀਆਂ ਤੋਂ ਬਾਖ਼ੂਬੀ ਜਾਣੂ ਹੈ। ਜਿਸ ਦੇ ਸਿੱਟੇ ਵਜੋਂ ਉਸ ਦਾ ਪਲੇਠਾ ਗ਼ਜ਼ਲ ਸੰਗ੍ਰਹਿ 'ਰੂਹ ਦੀ ਗਾਨੀ' ਪਾਠਕਾਂ ਦੀ ਕਚਹਿਰੀ ਵਿਚ ਹਾਜ਼ਰ ਹੈ। ਪੇਸ਼ ਹੈ ਉਸ ਦੀ ਗ਼ਜ਼ਲ ਦੇ ਰੰਗ।

• ਕੁਲਦੀਪ ਸਿੰਘ
941974-07778

### ਗ਼ਜ਼ਲ

ਜਦੋਂ ਤੂੰ ਫੁੱਲ ਬਣ ਕੇ ਦਿਲ 'ਚ ਖਿੜਿਆ ਪਰਤ ਆਵਾਂਗੀ।
ਜਦੋਂ ਚੰਨ ਮੇਰੇ ਹੱਥ 'ਤੇ ਆਣ ਟਿਕਿਆ ਪਰਤ ਆਵਾਂਗੀ।

ਤੂੰ ਲਿਖ ਗ਼ਜ਼ਲਾਂ ਤੇ ਕਵਿਤਾਵਾਂ ਜਾਂ ਗਾ ਦਰਦਾਂ ਭਰੇ ਨਗਮੇਂ,
ਜਦੋਂ ਖ਼ਤ ਪ੍ਰੇਮ ਦੇ ਕਾਗ਼ਜ਼ 'ਤੇ ਲਿਖਿਆ ਪਰਤ ਆਵਾਂਗੀ।

ਅਜੇ ਇਹ ਰੌਸ਼ਨੀ ਮੱਧਮ ਜਿਹੀ ਹੈ ਛਾਏ ਨੇ ਬੱਦਲ,
ਜਦੋਂ ਸੋਨੇ ਦਾ ਸੂਰਜ ਫੇਰ ਚੜ੍ਹਿਆ ਪਰਤ ਆਵਾਂਗੀ।

ਨਹੀਂ ਨੈਣੀਂ ਤੇਰੀ ਨੀਂਦਰ, ਨਸ਼ਾ ਨਵਿਆਂ ਜਹਾਨਾਂ ਦਾ,
ਤੇਰੀ ਜਦ ਅੱਖ ਨੂੰ ਸਿੱਲਾ ਖ਼ਾਬ ਮਿਲਿਆ ਪਰਤ ਆਵਾਂਗੀ।

ਤੇਰੇ ਦਿਲ ਦੀ ਬਗ਼ੀਚੀ ਵਿਚ ਨਹੀਂ ਮਹਿਕਾਂ ਨਾ ਹਰਿਆਲੀ,
ਜਦੋਂ ਤੂੰ ਪਿਆਰ ਵਾਲਾ ਬੂਟਾ ਲਾਇਆ ਪਰਤ ਆਵਾਂਗੀ।

ਮੇਰਾ ਕੀ ਹੈ? ਮੈਂ ਤਾਂ ਇਕ ਰੁੱਤ ਹਾਂ, ਰੁੱਤਾਂ ਤਾਂ ਰੁੱਤਾਂ ਨੇ,
ਤੇਰੇ ਬਾਗ਼ੀਂ ਜਦੋਂ ਵੀ ਮੋਰ ਨੱਚਿਆ ਪਰਤ ਆਵਾਂਗੀ।

ਤੂੰ ਕੀਤੈ ਜਜ਼ਬ ਕਿੱਦਾਂ ਜਜ਼ਬਿਆਂ ਨੂੰ, ਬਣ ਗਿਐਂ ਪੱਥਰ,
ਤੂੰ ਪੱਥਰ ਤੋਂ ਜਦੋਂ ਫਿਰ ਮੋਮ ਬਣਿਆ, ਪਰਤ ਆਵਾਂਗੀ।

ਸਦਾ ਹੱਸਦਾ ਰਹੀਂ! ਵਸਦਾ ਰਹੀਂ! ਹੈ ਇਹ ਦੁਆ ਮੇਰੀ,
ਸਿਦਕ ਦੇ ਰਾਹ 'ਤੋਂ ਜਦ ਵੀ ਲੜਖੜ੍ਹਾਇਆ ਪਰਤ ਆਵਾਂਗੀ।

# ਰੋਸ਼ਨੀ ਦੀ ਕਿਰਨ

ਰਵਨੀਤ ਕੌਰ

ਬਹੁਤ ਹੀ ਹੋਣਹਾਰ ਕੁੜੀ ਸੀ ਸਪਨਾ। ਉਸ ਦੇ ਆਪਣੇ ਹੀ ਸੁਪਨਿਆਂ ਦੀ ਦੁਨੀਆਂ ਸੀ। ਉਹ ਵੱਡਿਆਂ ਦਾ ਸਤਿਕਾਰ ਬੱਚਿਆਂ ਨੂੰ ਪਿਆਰ ਕਰਦੀ। ਉਹ ਮਾਪਿਆਂ ਦੀ ਇਕਲੌਤੀ ਤੇ ਲਾਡਲੀ ਧੀ ਸੀ। ਸਪਨਾ ਦਾ ਪਾਲਣ-ਪੋਸ਼ਣ ਮੁੰਡਿਆਂ ਵਾਂਗ ਕੀਤਾ ਸੀ ਮਾਪਿਆਂ ਨੇ। ਉਹ ਪੜ੍ਹਾਈ 'ਚ ਬਹੁਤ ਹੁਸ਼ਿਆਰ ਅਤੇ ਮਿਹਨਤੀ ਸੀ। ਉਸ ਦੇ ਸੁਪਨੇ ਖੰਭ ਲਾ ਕੇ ਆਸਮਾਨ 'ਚ ਉੱਡਣ ਅਤੇ ਜ਼ਿੰਦਗੀ ਵਿਚ ਪੜ੍ਹ ਲਿਖ ਕੇ ਕੁਝ ਵੱਡਾ ਕਰਨ ਦੀ ਚਾਹਤ ਸੀ।

ਬਾਰ੍ਹਵੀਂ ਦੀ ਪੜ੍ਹਾਈ ਪੂਰੀ ਕਰਨ ਤੋਂ ਬਾਅਦ ਮਾਪਿਆਂ ਨੇ ਉਸ ਨੂੰ ਸ਼ਹਿਰ ਦੇ ਕਾਲਜ 'ਚ ਪੜ੍ਹਾਈ ਪੂਰੀ ਕਰਨ ਲਈ ਭੇਜ ਦਿੱਤਾ। ਜਿੱਥੇ ਉਸ ਨੇ ਬੀਏ 'ਚ ਦਾਖ਼ਲਾ ਲੈ ਕੇ ਪੂਰੀ ਮਿਹਨਤ ਤੇ ਲਗਨ ਨਾਲ ਪੜ੍ਹਨਾ ਸ਼ੁਰੂ ਕਰ ਦਿੱਤਾ। ਉਸ ਨੇ ਕਲਾਸ 'ਚ ਫ਼ਸਟ ਪੁਜ਼ੀਸ਼ਨ ਹਾਸਲ ਕੀਤੀ। ਉਹ ਸੁਪਨਿਆਂ ਨੂੰ ਪੂਰਾ ਕਰਨ ਲਈ ਬੁਲੰਦ ਹੌਸਲੇ ਨਾਲ ਦਿਨ ਰਾਤ ਮਿਹਨਤ ਕਰਦੀ।

ਆਪਣੀ ਪੜ੍ਹਾਈ ਪੂਰੀ ਕਰਨ ਤੋਂ ਉਸ ਨੇ ਨੌਕਰੀ ਦੀ ਤਲਾਸ਼ ਸ਼ੁਰੂ ਕਰ ਦਿੱਤੀ। ਇਸੇ ਦੌਰਾਨ ਉਸ ਦੇ ਘਰ ਰਿਸ਼ਤੇ ਦੀ ਗੱਲ ਚੱਲ ਪਈ। ਮੁੰਡੇ ਵਾਲੇ ਕਾਫ਼ੀ ਪੈਸੇ ਵਾਲੇ ਸਨ। ਪ੍ਰੰਤੂ ਮੁੰਡੇ ਦੀ ਪੜ੍ਹਾਈ ਬਾਰ੍ਹਵੀਂ ਅਤੇ ਕੰਮ ਤੋਂ ਬਿਲਕੁੱਲ ਵਿਹਲੜ ਸੀ। ਕਹਿ ਲਵੋ ਕਿ ਸਪਨਾ ਦੇ ਬਿਲਕੁਲ ਉਲਟ। ਜਾਇਦਾਦ ਜ਼ਿਆਦਾ ਹੋਣ ਕਾਰਨ ਉਸ ਦੇ ਘਰ ਦੇ ਸੋਚਦੇ, ਕਿਉਂ ਨਾ ਸਪਨਾ ਦਾ ਰਿਸ਼ਤਾ ਕਰ ਦਿੱਤਾ ਜਾਵੇ।

ਸਪਨਾ ਘਰਦਿਆਂ ਦੀ ਆਗਿਆਕਾਰੀ ਕੁੜੀ ਸੀ। ਇਸ ਕਰਕੇ ਨਾ ਚਾਹੁੰਦੇ ਹੋਏ ਵੀ ਆਪਣੇ ਮਾਪਿਆਂ ਦੀ ਗੱਲ ਟਾਲ ਨਾ ਸਕੀ। ਆਪਣੀਆਂ ਰੀਝਾਂ, ਉਮੰਗਾਂ, ਸਧਰਾਂ ਨੂੰ ਦਬਾਉਂਦੇ ਹੋਏ ਵਿਆਹ ਕਰਵਾਉਣ ਲਈ ਸਹਿਮਤ ਹੋ ਗਈ। ਮਾਪਿਆਂ ਨੇ ਆਪਣੀ ਧੀ ਬਹੁਤ ਚਾਵਾਂ ਨਾਲ ਵਿਆਹ ਕੇ ਵਿਦਾ ਕੀਤੀ। ਵਿਆਹ ਤੋਂ ਕੁਝ ਸਮਾਂ ਬੀਤ ਜਾਣ ਬਾਅਦ ਉਸ ਦੀਆਂ ਰੀਝਾਂ ,ਉਮੰਗਾਂ ਵਾਰ-ਵਾਰ ਉਸ ਨੂੰ ਹਲੂਣਾ ਦੇਣ ਲੱਗੀਆਂ। ਸਪਨਾ ਸੋਚਦੀ ਕਿਉਂ ਨਾ ਉਹ ਆਈਲੈਟਸ ਕਰ ਕੇ ਆਪਣੇ ਪਤੀ ਨਾਲ ਵਿਦੇਸ਼ ਚਲੀ ਜਾਵੇ ਕਿਉਂ ਕਿ ਮੁੰਡੇ ਵਾਲਿਆਂ ਕੋਲ ਪੈਸਾ ਸੀ। ਪ੍ਰੰਤੂ ਸਹੁਰਾ ਪਰਿਵਾਰ ਉਸ ਦੀ ਗੱਲ ਨਾਲ ਸਹਿਮਤ ਨਹੀਂ ਕਿਉਂ ਕਿ ਉਨ੍ਹਾਂ ਨੂੰ ਇਕ ਘਰੇਲੂ ਕੁੜੀ ਚਾਹੀਦੀ ਸੀ। ਇਸ ਤਰ੍ਹਾਂ ਸਪਨਾ ਇਕ ਵਾਰ ਫਿਰ ਆਪਣੇ ਸੁਪਨਿਆਂ ਨੂੰ ਖੇਰੂੰ-ਖੇਰੂੰ ਹੁੰਦਾ ਦੇਖ ਰਹੀ ਸੀ। ਇਸ ਤਰ੍ਹਾਂ ਇਕ ਸਾਲ ਬੀਤ ਜਾਂਦਾ ਹੈ।


ਵਿਆਹ ਤੋਂ ਗਿਆਰਾਂ ਮਹੀਨੇ ਬਾਅਦ ਉਸ ਦੇ ਘਰ ਇਕ ਬੇਟੀ ਨੇ ਜਨਮ ਲਿਆ। ਉਹ ਬਹੁਤ ਖ਼ੁਸ਼ ਹੋਈ। ਉਸ ਦੇ ਮਨ 'ਚ ਬੇਟੀ ਨੂੰ ਲੈ ਕੇ ਅਨੇਕਾਂ ਰਹੇ ਸਨ ਪਰ ਉਸ ਦਾ ਸਹੁਰਾ ਪਰਿਵਾਰ ਬੇਟੀ ਦੇ ਜਨਮ ਤੋਂ ਬਿਲਕੁਲ ਖ਼ੁਸ਼ ਨਹੀਂ ਹੁੰਦਾ। ਉਹ ਚਾਹੁੰਦੇ ਸਨ ਕਿ ਸਾਨੂੰ ਸਪਨਾ ਘਰ ਦਾ ਵਾਰਿਸ ਦੇਵੇਗੀ ਜੋ ਕਿ ਇਸ ਪੀੜ੍ਹੀ ਨੂੰ ਅੱਗੇ ਵਧਾਵੇਗਾ। ਬੇਟੀ ਦੇ ਜਨਮ ਉੱਤੇ ਸਹੁਰੇ ਪਰਿਵਾਰ ਨੂੰ ਇੰਜ ਲੱਗ ਰਿਹਾ ਸੀ। ਜਿਵੇਂ ਉਨ੍ਹਾਂ ਦੇ ਸਿਰ ਵਿਚ ਪੱਥਰ ਵੱਜ ਗਿਆ ਹੋਵੇ। ਸਪਨਾ ਦੇ ਸਹੁਰੇ ਪਰਿਵਾਰ ਉਸ ਤੋਂ ਮੁੰਡੇ ਦੀ ਮੰਗ ਕਰਦੇ ਸਨ। ਉਨ੍ਹਾਂ ਦਾ ਕਹਿਣਾ ਸੀ ਕਿ ਦੂਸਰਾ ਬੱਚਾ ਸਾਨੂੰ ਮੁੰਡਾ ਹੀ ਚਾਹੀਦਾ।

ਸਹੁਰੇ ਪਰਿਵਾਰ ਦੇ ਮਨ ਵਿਚ ਲੜਕੇ ਪ੍ਰਤੀ ਲਾਲਸਾ ਦਿਨੋ-ਦਿਨ ਵਧਦੀ ਜਾ ਰਹੀ ਸੀ। ਪ੍ਰੰਤੂ ਅਗਲਾ ਬੱਚਾ ਵੀ ਬੇਟੀ ਦੇ ਰੂਪ 'ਚ ਜਨਮ ਲੈਂਦਾ ਹੈ। ਇਸ ਤੋਂ ਨਾਖੁਸ਼ ਸਹੁਰੇ ਪਰਿਵਾਰ ਦੇ ਤਾਹਨੇ-ਮਿਹਣੇ ਸ਼ੁਰੂ ਹੋ ਜਾਂਦੇ ਸਨ। ਸੱਸ ਅਤੇ ਨਨਾਣ ਦਾ ਅੱਤਿਆਚਾਰ ਦਿਨੋ-ਦਿਨ ਵਧਦਾ ਜਾ ਰਿਹਾ ਸੀ। ਉਨ੍ਹਾਂ ਦੀਆਂ ਗੱਲਾਂ ਸੁਣ ਸਪਨਾ ਦੁਖੀ ਅਤੇ ਬੇਚੈਨ ਰਹਿਣ ਲੱਗ ਪਈ। ਉਸ ਦੇ ਅੰਦਰ ਦੀਆਂ ਰੀਝਾਂ ਹੌਲੀ-ਹੌਲੀ ਮਰਨੀਆਂ ਸ਼ੁਰੂ ਹੋ ਗਈਆਂ। ਉਸ ਦਾ ਪਤੀ ਹਮੇਸ਼ਾ ਆਪਣੇ ਪਰਿਵਾਰ ਦੀ ਗੱਲ ਮੰਨਦਾ। ਹਰ ਵਕਤ ਮਿਹਣੇ ਮਾਰਦਾ ਅਤੇ ਲੜਾਈ ਝਗੜਾ ਕਰਦਾ ਰਹਿੰਦਾ। ਇਹ ਸਭ ਘਟਣ ਦੀ ਬਜਾਏ ਦਿਨ ਪ੍ਰਤੀ ਦਿਨ ਵਧਦਾ ਜਾ ਰਿਹਾ ਸੀ। ਸਪਨਾ ਇਹ ਸਭ ਚੁੱਪ-ਚਾਪ ਬਰਦਾਸ਼ਤ ਕਰਦੀ ਰਹੀ। ਜਦੋਂ ਉਸ ਦੇ ਘਰ ਪਤਾ ਚੱਲਿਆ ਕਿ ਉਸ ਦਾ ਸਹੁਰਾ ਪਰਿਵਾਰ ਉਸ ਨਾਲ ਬਦਸਲੂਕੀ ਅਤੇ ਲੜਾਈ ਝਗੜਾ ਕਰਦਾ ਹੈ ਤਾਂ ਸਾਰਾ ਪਰਿਵਾਰ ਚਿੰਤਤ ਰਹਿਣ ਲੱਗਾ ਕਿਉਂ ਕਿ ਸਪਨਾ ਸਭ ਦੀ ਲਾਡਲੀ ਸੀ। ਉਸ ਦਾ ਹਰ ਇਕ ਸ਼ੌਂਕ ਉਸ ਦੇ ਮੂੰਹੋਂ ਨਿਕਲ ਤੋਂ ਪਹਿਲਾਂ ਪੂਰਾ ਹੋ ਜਾਂਦਾ ਸੀ।

ਉਸ ਦੇ ਮਾਂ-ਪਿਉ ਨੂੰ ਪਛਤਾਵਾ ਹੋਣ ਲੱਗਾ। ਉਨ੍ਹਾਂ ਜਲਦ ਬਾਜ਼ੀ 'ਚ ਪੈਸੇ ਵਾਲਾ ਮੁੰਡਾ ਦੇਖ ਧੀ ਦੀ ਜ਼ਿੰਦਗੀ ਖ਼ਰਾਬ ਕਰ ਦਿੱਤੀ।ਲੜਾਈ ਝਗੜੇ ਅੰਤ ਤਲਾਕ ਤਕ ਪਹੁੰਚ ਗਏ। ਤਲਾਕ ਹੋਣ ਤੋਂ ਬਾਅਦ ਸਪਨਾ ਆਪਣੇ ਆਪ ਨੂੰ ਬਦਕਿਸਮਤ ਸਮਝਣ ਲੱਗ ਪਈ। ਉਹ ਕਿਸ ਤਰ੍ਹਾਂ ਦੀ ਕੁੜੀ ਹੈ। ਜੋ ਆਪਣੇ ਸਹੁਰਿਆਂ ਦਾ ਪਿਆਰ ਨਾ ਪਾ ਸਕੀ। ਉਸ ਦੀਆਂ ਬੇਟੀਆਂ ਹੌਲੀ-ਹੌਲੀ ਵੱਡੀਆਂ ਹੋ ਰਹੀਆਂ। ਇਕ ਦਿਨ ਰਾਤ ਦਾ ਸਮਾਂ ਸੀ। ਉਹ ਪਲੰਘ 'ਤੇ ਆਪਣੀਆਂ ਬੱਚੀਆਂ ਨਾਲ ਲੇਟੀ ਹੋਈ ਬੱਚੀਆਂ ਵੱਲ ਇਕਸਾਰ ਦੇਖੀ ਜਾ ਰਹੀ ਸੀ। ਦੇਖਦੇ-ਦੇਖਦੇ ਉਹ ਕਿਤੇ ਦੂਰ ਸੋਚਾਂ 'ਚ ਡੁੱਬ ਗਈ। ਇਸੇ ਦੌਰਾਨ ਸਪਨਾ ਨੂੰ ਕਦੋਂ ਨੀਂਦ ਆ ਗਈ। ਉਸ ਨੂੰ ਪਤਾ ਹੀ ਨਾ ਲੱਗਾ। ਉਹ ਆਪਣਿਆਂ ਸੁਪਨਿਆਂ 'ਚ ਗੁੰਮ ਹੋ ਗਈ। ਸੁਪਨੇ 'ਚ ਉਹ ਦੇਖਦੀ ਹੈ ਜੋ ਉਸ ਨਾਲ ਵਾਪਰਿਆ ਸੀ ਉਹੀਂ ਵਰਤਾਰਾ ਉਸ ਦੀਆਂ ਬੇਟੀਆਂ ਨਾਲ ਵੀ ਵਾਪਰ ਰਿਹਾ ਹੈ।

ਉਹ ਬੇਚੈਨ ਹੋ ਕਿ ਇਕ ਦਮ ਡਰ ਕੇ ਉੱਠ ਕੇ ਬੈਠ ਗਈ। ਉਹ ਸੋਚ ਦੀ ਹੈ ਕਿ ਕਿਸੇ ਵੀ ਹਾਲਾਤ 'ਚ ਅਜਿਹਾ ਆਪਣੀਆਂ ਬੇਟੀਆਂ ਨਾਲ ਨਹੀਂ ਹੋਣ ਦੇਵੇਗੀ। ਸਪਨਾ ਆਪਣੀਆਂ ਬੱਚੀਆਂ ਲਈ ਨਵੀਂ ਰੋਸ਼ਨੀ ਦੀ ਕਿਰਨ ਬਣ ਕੇ ਨਿਕਲਦੀ ਹੈ। •

82890-23623



ਕਹਾਣੀ

# ਹੁਣ ਨਹੀਂ ਪੈਂਦੀਆਂ ਬਾਜ਼ੀਆਂ

ਗੁਰਮੀਤ ਸਿੰਘ ਵੇਰਕਾ

ਅੱਜ ਤੋਂ ਕਰੀਬ ਚਾਲੀ ਪੰਜਾਹ ਸਾਲ ਪਹਿਲਾਂ ਮਨੋਰੰਜਨ ਦੇ ਸਾਧਨ ਇੰਨੇ ਨਹੀਂ ਸਨ। ਰੇਡੀਉ ਦੇ ਮਧਿਅਮ ਰਾਹੀਂ ਖ਼ਬਰਾਂ ਜਾਂ ਦਿਹਾਤੀ ਪ੍ਰੋਗਰਾਮ ਸੁਣਦੇ ਹੁੰਦੇ ਸੀ। ਉਦੋਂ ਪਿੰਡਾਂ ਵਿਚ ਬਾਜ਼ੀ ਪੈਂਦੀ ਸੀ। ਜਿਸ ਦਿਨ ਬਾਜ਼ੀ ਪੈਣੀ ਹੁੰਦੀ ਸੀ ਅਸੀਂ ਸਵੇਰੇ ਹੀ ਬੋਰੀਆ ਵਿਛਾ ਕੇ ਸਭ ਤੋਂ ਮੋਹਰੇ ਹੋ ਕੇ ਅਗਲੀ ਕਤਾਰ ਵਿਚ ਬੈਠ ਜਾਂਦੇ। ਬੱਚੇ ਉਸ ਦਿਨ ਸਕੂਲ ਦਾ ਅਤੇ ਵੱਡੇ ਘਰੇਲੂ ਕੰਮ ਭੁੱਲ ਜਾਂਦਾ ਸਨ। ਨਵੇਂ ਵਿਆਹ ਜਿੰਨਾ ਚਾਅ ਹੁੰਦਾ ਸੀ ਉਜੋਂ ਬਾਜ਼ੀ ਦੇਖਣ ਦਾ।

ਜਿਹੜਾ ਵਿਅਕਤੀ ਬਾਜ਼ੀ ਪਾਉਂਦਾ ਸੀ ਉਸ ਨੂੰ ਬਾਜ਼ੀਗਰ ਕਹਿੰਦੇ ਸਨ। ਬਾਜ਼ੀਗਰ ਸ਼ਬਦ, ਫ਼ਾਰਸੀ ਦਾ ਸ਼ਬਦ ਹੈ। ਇਸ ਦਾ ਮੂਲ ਬਾਜ਼ੀ ਹੈ।

ਬਾਜ਼ੀ ਸ਼ਬਦ ਦਾ ਅਰਥ ਪੰਜਾਬੀ ਭਾਸ਼ਾ ਵਿੱਚ ਖੇਡ, ਤਮਾਸ਼ਾ ਹੈ। ਮੈਨੂੰ ਅਜੇ ਵੀ ਚੇਤੇ ਹੈ ਸਾਡੇ ਸਕੂਲ ਦਾ ਮਾਸਟਰ ਸਾਨੂੰ ਕਹਿੰਦਾ ਹੁੰਦੇ ਸੀ ਕਿ ਮੈਂ ਪੜ੍ਹਾਉਂਦਾ ਨਹੀਂ, ਮੈਂ ਤਾਂ ਬਾਜ਼ੀਗਰ ਦਾ ਤਮਾਸ਼ਾ ਕਰਦਾ ਹਾਂ। ਬਾਜ਼ੀਗਰ ਸੰਸਾਰ ਦਾ ਤਮਾਸ਼ਾ ਰਚਨ ਵਾਲਾ ਬਾਜ਼ੀ ਪਾਉਣ ਵਾਲਾ ਖਿਡਾਰੀ ਹੁੰਦਾ ਸੀ।

ਉਹ ਛਾਲਾ ਮਾਰ-ਮਾਰ ਕੇ ਲੋਕਾਂ ਦਾ ਮਨੋਰੰਜਨ ਕਰਦੇ ਸਨ। ਕੜਿਆ ਵਿੱਚੋਂ ਲੰਘਣ ਜਿਹੀਆਂ ਕਲਾਬਾਜ਼ੀਆਂ ਢੋਲ ਦੇ ਤਾਲ ਨਾਲ ਕਰਦੇ ਸਨ। ਬਾਂਸ, ਰੱਸਿਆ 'ਤੇ ਚੜ੍ਹ ਕੇ ਤਮਾਸ਼ਾ ਕਰਦੇ। ਮੰਜੇ ਦੇ ਉੱਪਰ ਛੱਜ ਬੰਨ੍ਹ ਕੇ ਕਲਾਬਾਜ਼ੀਆਂ ਮਾਰਦੇ ਸਨ। ਲੋਕ ਇਨ੍ਹਾਂ ਦੀ ਹੌਸਲਾ ਅਫ਼ਜਾਈ ਲਈ ਤਾੜੀਆਂ ਮਾਰਦੇ ਤੇ ਇਨਾਮ ਵਜੋਂ ਪੈਸੇ ਦਿੰਦੇ ਸਨ। ਬੱਚੇ ਖ਼ੂਬ ਤਾੜੀਆਂ ਮਾਰ-ਮਾਰ ਮਹਿਫ਼ਲ ਦਾ ਰੰਗ ਬੰਨ੍ਹ ਦਿੰਦੇ ਸਨ।



ਸਮੇਂ ਨੇ ਵੇਖਦੇ-ਵੇਖਦੇ ਕਰਵਟ ਬਦਲ ਲਈ। ਨਵੀਂ ਕਾਂਤੀ ਆਈ ਬਾਜ਼ੀਗਰ ਬਾਜ਼ੀ ਪਾਉਣ ਵਾਲੇ ਲੋਪ ਹੋ ਗਏ। ਸਾਡੀ ਉਮਰ ਦੇ ਲੋਕ ਇਨ੍ਹਾਂ ਖੇਡਾਂ ਨੂੰ ਦੇਖਣ ਲਈ ਤਰਸ ਰਹੇ ਹਨ। ਇਨ੍ਹਾਂ ਦੀ ਜਗ੍ਹਾ ਮੋਬਾਈਲ ਕੰਪਿਊਟਰ, ਇੰਟਰਨੈੱਟ ਆਦਿ ਨੇ ਲੈ ਲਈ ਹੈ।

ਜੀਅ ਕਰਦਾ ਹੈ ਫਿਰ ਤੋਂ ਉਨ੍ਹਾਂ ਦਿਨਾਂ ਵਿਚ ਵੱਲ ਮੁੜ ਚੱਲੀਏ। ਜਿਨ੍ਹਾਂ ਖੇਡਾਂ ਤੋਂ ਅੱਜ ਕੱਲ੍ਹ ਦੇ ਬੱਚੇ ਅਨਜਾਨ ਹਨ ਉਹ ਖੇਡਾਂ ਕੇਡੀਏ ਤੇ ਬੱਚਿਆਂ ਨੂੰ ਦਿਖਾਈਏ। •

98786-00221

# ਲੋਪ ਹੋ ਚੁੱਕੇ ਮਨੋਰੰਜਨ ਦੇ ਸਾਧਨ

ਲੱਕੀ ਘੁਮੈਤ

ਜਿਵੇਂ-ਜਿਵੇਂ ਵਿੱਦਿਆ ਦਾ ਪਸਾਰ ਵਧਦਾ ਜਾ ਰਿਹਾ ਹੈ ਉਸੇ ਤਰ੍ਹਾਂ ਹੀ ਸਮੇਂ ਦੇ ਨਾਲ-ਨਾਲ ਮਨੁੱਖ ਨੇ ਜ਼ਿੰਦਗੀ ਵਿਚ ਮਨੋਰੰਜਨ ਲਈ ਵਰਤੀਆਂ ਜਾਣ ਵਾਲੀ ਵਸਤੂਆਂ ਵਿਚ ਵੀ ਵੱਡੀ ਤਬਦੀਲੀ ਲਿਆਂਦੀ ਹੈ ਪਰ ਆਪਣਾ ਪੁਰਾਣਾ ਸੱਭਿਆਚਰ ਤੇ ਉਸ ਸਮੇਂ ਮਨੋਰੰਜਨ ਲਈ ਵਰਤੇ ਜਾਣ ਵਾਲੇ ਰੇਡੀਓ, ਬਲੈਕ ਐਂਡ ਵਾਈਟ ਟੀਵੀ, ਵਾਕਮੈਨ, ਟੇਪ ਰਿਕਾਰਡ 'ਤੇ ਵੀਸੀ ਆਰ, ਸਮੇਤ ਹੋਰ ਕਈ ਚੀਜ਼ਾਂ ਤੋਂ ਵਾਂਝੇ ਵੀ ਹੋਣਾ ਪਿਆ ਹੈ।

ਅਜੋਕੀ ਨੌਜਵਾਨ ਪੀੜ੍ਹੀ ਤਾਂ ਇਨ੍ਹਾਂ ਪੁਰਾਤਨ ਮਨੋਰੰਜਨ ਦੇ ਸਾਧਨ ਤੋਂ ਅਨਜਾਣ ਹੈ। ਤਬਦੀਲੀ ਨੇ ਨੌਜਵਾਨ ਪੀੜ੍ਹੀ ਲਈ ਦੁਨੀਆ ਮੋਬਾਈਲ ਤੇ ਇੰਟਰਨੈੱਟ ਰਾਹੀਂ ਮੁੱਠੀ ਵਿਚ ਬੰਦ ਕਰ ਰੱਖੀ ਹੈ। ਜਦ ਚਾਹੋਂ ਮੋਬਾਈਲ ਨੂੰ ਚਲਾਓ ਤੇ ਦੁਨੀਆ ਬਾਰੇ ਕੁਝ ਵੀ ਜਾਣਕਾਰੀ ਪ੍ਰਾਪਤ ਕਰ ਲਓ।

ਅੱਜ ਕੱਲ੍ਹ ਵਰਤਾਰਾ ਇਹ ਹੋ ਗਿਆ ਹੈ ਕਿ ਕਿਸੇ ਵੀ ਮੁੰਡੇ ਜਾਂ ਕੁੜੀ ਕੋਲ ਮੋਬਾਈਲ ਤੋਂ ਸਿਵਾਏ ਕਿਸੇ ਨਾਲ ਗੱਲਬਾਤ ਕਰਨਾ ਤਾਂ ਦੂਰ ਦੀ ਗੱਲ ਹੈ ਉਹ ਆਪਣੇ ਘਰ ਆਏ ਮਹਿਮਾਨਾਂ ਨੂੰ ਵੀ ਮੋਬਾਈਲ ਵਿਚ ਰੁੱਝੇ ਹੋਏ ਹੀ ਇਕ ਵਾਰ ਬਲਾਉਣ ਦੀ ਮਸਾਂ ਖੇਚਲ ਕਰਦੇ ਹਨ। ਜਦੋਂ ਫੋਨ ਘਰਾਂ ਤਕ ਸੀਮਿਤ ਸੀ ਤਾਂ ਅਸੀਂ ਬਹੁਤ ਸੌਖੇ ਸੀ।

ਆਪਸੀ ਭਾਈਵਾਲਤਾ ਅਤੇ ਪਿਆਰ ਦੀਆਂ ਸਾਂਝਾਂ ਨਾਲ ਜੁੜੇ ਹੋਏ ਸਾਂ ਪਰ ਜਦੋਂ ਤੋਂ ਮੋਬਾਈਲ ਰਾਹੀਂ ਦੁਨੀਆ ਮੁੱਠੀ ਵਿਚ ਕੀਤੀ ਹੈ ਉਸ ਸਮੇਂ ਤੋਂ ਅਸੀਂ ਆਪਣੇ ਫ਼ਰਜ਼, ਰਿਸ਼ਤੇ ਅਤੇ ਆਪਣੇ ਫ਼ੁਰਸਤ ਦੇ ਪਲਾਂ ਤੋਂ ਵੀ ਦੂਰ ਹੋ ਗਏ ਹਾਂ। ਆਓ ਹੁਣ ਦੇ ਨੌਜਵਾਨ ਵਰਗ ਨੂੰ ਦੱਸ ਦਈਏ ਕਿ ਕੁਝ ਦਹਾਕੇ ਪਹਿਲਾ ਮਨੋਰੰਜਨ ਦੇ ਸਾਧਨ ਕਿਹੜੇ-ਕਿਹੜੇ ਹੁੰਦੇ ਸਨ। ਆਓ ਉਨ੍ਹਾਂ ਸਾਧਨਾ ਬਾਰੇ ਤੁਹਾਡੇ ਨਾਲ ਕੁਝ ਗੱਲਾਂ ਕਰਦੇ ਹਾਂ।

### ਬਲੈਕ ਐਂਡ ਵ੍ਹਾਈਟ ਟੀਵੀ




ਪੁਰਾਣੇ ਜ਼ਮਾਨੇ 'ਚ ਸਾਰੇ ਲੋਕਾਂ ਦੇ ਕੋਲ ਟੈਲੀਵਿਜ਼ਨ ਨਹੀਂ ਹੁੰਦੇ ਸਨ। ਪਿੰਡ 'ਚ ਰਹਿਣ ਵਾਲੇ ਸੈਂਕੜੇ ਘਰਾਂ 'ਚੋਂ ਕਿਸੇ-ਕਿਸੇ ਘਰ 'ਚ ਟੀਵੀ ਹੁੰਦਾ ਸੀ ਤੇ ਉਹ ਵੀ ਬਲੈਕ ਐਂਡ ਵਾਈਟ ਟੀਵੀ। ਟੀਵੀ ਵੇਖਣ ਵਾਲੇ ਲੋਕਾਂ ਦਾ ਉਸ ਘਰ 'ਚ ਹਮੇਸ਼ਾਂ ਇੱਕਠ ਲੱਗਾ ਰਹਿੰਦਾ ਸੀ ਪਰ ਸਮਾਂ ਬਦਲਿਆ ਅੱਜ ਬਲੈਕ ਐਂਡ ਵ੍ਹਾਈਟ ਟੀਵੀ ਕਿਤੇ ਵੀ ਵਿਖਾਈ ਨਹੀਂ ਦਿੰਦਾ। ਅੱਜ ਦਾ ਜ਼ਮਾਨਾ ਐੱਲਈਡੀ ਤੇ ਐੱਚਡੀ ਦਾ ਹੈ।

### ਰੇਡੀਓ

ਮਨੋਰੰਜਨ ਦਾ ਸਭ ਤੋਂ ਸਸਤਾ ਤੇ ਹਰਮਨ ਪਿਆਰਾ ਸਾਧਨ ਰੇਡੀਓ ਸੀ ਭਾਵੇਂ ਇਸ ਵਿਚ ਮੂਰਤ ਸਾਹਮਣੇ ਵਿਖਾਈ ਨਹੀਂ ਸੀ ਦਿੰਦੀ ਪਰ ਫਿਰ ਵੀ ਇੰਜ ਹੀ ਜਾਪਦਾ ਸੀ ਕਿ ਸਭ ਅੱਖਾਂ ਦੇ ਸਾਹਮਣੇ ਹੋ ਰਿਹਾ ਹੈ। ਦੂਰ-ਦੁਰਾਡੇ ਦੀਆਂ ਖ਼ਬਰਾਂ ਸੁਣਨ ਲਈ ਜਦ ਖ਼ਬਰਾਂ ਦਾ ਸਮਾਂ ਹੋ ਜਾਂਦਾ ਤਾਂ ਆਸੇ-ਪਾਸੇ ਘਰਾਂ ਦੇ ਸਿਆਣੇ ਬੰਦੇ ਰੇਡੀਓ ਦੇ ਆਲੇ-ਦੁਆਲੇ ਬੈਠ ਜਾਂਦੇ ਸਨ। ਗੀਤ-ਸੰਗੀਤ, ਕਹਾਣੀਆਂ ਆਦਿ ਵੀ ਰੇਡੀਓ ਤੇ ਸੁਣੇ ਜਾਂਦੇ ਸਨ ਪਰ ਨਾਲੋਂ-ਨਾਲ ਲੋਕ ਕੰਮ ਵੀ ਕਰਦੇ ਸਨ ਤੇ ਰੇਡੀਓ ਦੀ ਆਵਾਜ਼ ਵੀ ਸੁਣਦੇ। ਜਿਵੇਂ ਕਿ ਹੁਣ ਕੇਨੈਡਾ, ਅਮਰੀਕਾ, ਇੰਗਲੈਂਡ ਆਦਿ ਮੁਲਕਾਂ ਵਿਚ ਲੋਕ ਰੇਡੀਓ ਹੀ ਸੁਣਦੇ ਹਨ ਨਾਲੋਂ-ਨਾਲ ਆਪਣਾ ਕੰਮ ਵੀ ਕਰਦੇ ਹਨ। ਹਾਂ ਹੁਣ ਕੁਝ ਲੋਕਾਂ ਦਾ ਰੁਝਾਨ ਰੇਡੀਓ ਵੱਲ ਦੁਬਾਰਾ ਆ ਰਿਹਾ ਹੈ ਜਿਵੇਂ ਲੋਕਾਂ ਨੇ ਗੱਡੀਆਂ ਵਿਚ ਅਤੇ ਦੁਕਾਨਾਦਾਰਾਂ ਨੇ ਦੁਕਾਨਾਂ 'ਛ ਰੇਡੀਓ ਲਗਵਾ ਲਏ ਹਨ।

### ਟੇਪ ਰਿਕਾਰਡਰ



ਇਕ ਜ਼ਮਾਨੇ 'ਚ ਲੋਕ ਆਪਣੇ ਮਨ-ਪਸੰਦੀਦਾ ਗੀਤਾਂ ਨੂੰ ਸੁਣਨ ਲਈ ਆਡੀਓ ਕੈਸਟ 'ਚ ਚੋਣਵੇਂ ਗਾਣਿਆਂ ਨੂੰ ਰਿਕਾਰਡ ਕਰਵਾਉਂਦੇ ਸਨ। ਇਸ ਕੰਮ ਲਈ ਕਾਫ਼ੀ ਸਮਾਂ ਲੱਗਦਾ ਸੀ ਪਰ ਅੱਜ ਦੇ ਇੰਟਰਨੈੱਟ ਦੇ ਯੁੱਗ 'ਚ ਟੇਪ ਰਿਕਾਰਡਰ ਗਾਇਬ ਹੋ ਗਿਆ ਹੈ। ਇਸ ਦੀ ਥਾਂ ਪਿੰਨ-ਡਰਾਇਵ ਤੇ ਮੈਂਬਰੀ ਕਾਰਡ ਨੇ ਲੈ ਲਈ ਹੈ। ਬਜ਼ੁਰਗਾਂ ਵੱਲੋਂ ਆਪਣੇ ਮਨਪਸੰਦੀਦਾ ਗਾਣੇ ਸੁਣਨ ਲਈ ਕਿਸੇ ਦੁਕਾਨਦਾਰ ਕੋਲ ਜਾ ਕੇ ਉਸ ਕੋਲੋਂ ਆਡੀਓ ਕੈਸੇਟ 'ਚ ਗਾਣੇ ਰਿਕਾਰਡ ਕਰਵਾਏ ਜਾਂਦੇ ਸਨ। ਇਹ ਕਰੀਬ ਵੀਹ ਸਾਲ ਪੁਰਾਣੀ ਗੱਲ ਹੈ ਪਰ ਅੱਜ ਦੇ ਟਾਈਮ 'ਚ ਲੋਕ ਮਿੰਟਾਂ-ਸਕਿੰਟਾਂ 'ਚ ਗਾਣਾ ਡਾਊਨਲੋਡ ਕਰ ਕੇ ਸੁਣ ਲੈਂਦੇ ਹਨ।

### ਵਾਕਮੈਨ

ਅੱਜ ਜਿਵੇਂ ਨੌਜਵਾਨ ਕੁੜੀਆਂ-ਮੁੰਡਿਆਂ ਨੂੰ ਮੋਬਾਈਲ ਤੇ ਹੈਡਫੋਨ ਲਾ ਕੇ ਘੁੰਮ ਦੇ ਹੋਏ ਵੇਖਦੇ ਹਾਂ, ਅਜਿਹੀ ਹਾਲਾਤ ਅੱਜ ਤੋਂ ਕਰੀਬ ਵੀਹ ਸਾਲ ਪਹਿਲਾਂ ਵੀ ਸੀ ਪਰ ਉਸ ਸਮੇਂ ਲੋਕ ਮੋਬਾਈਲ ਦੀ ਜਗ੍ਹਾ ਵਾਕਮੈਨ ਦੇ ਜ਼ਰੀਏਂ ਹੈਡਫੋਨ ਨਾਲ ਗਾਣੇ ਸੁਣਦੇ ਸੀ ਪਰ ਅੱਜ ਆਧੁਨਿਕਤਾ ਦੇ ਸਮੇਂ ਨੇ ਵਾਕਮੈਨ ਨੂੰ ਪੂਰੀ ਤਰ੍ਹਾਂ ਨਾਲ ਗਾਇਬ ਕਰ ਦਿੱਤਾ ਹੈ।

### ਬਾਇਓਸਕੋਪ

ਬਾਇਓਸਕੋਪ ਦੀ ਆਪਣੇ ਜ਼ਮਾਨੇ 'ਚ ਪੂਰੀ ਧੁਮ ਸੀ ਤੇ ਬੱਚਿਆਂ 'ਚ ਹਮੇਸ਼ਾਂ ਹੀ ਬਾਇਓਸਕੋਪ ਪ੍ਰਤੀ ਉਤਸ਼ਾਹ ਰਹਿੰਦਾ ਸੀ। ਜਦ ਵੀ ਕੋਈ ਵਿਅਕਤੀ ਪਿੰਡ 'ਚ ਬਾਇਓਸਕੋਪ ਲੈ ਕੇ ਆਉਂਦਾ ਤਾਂ ਉਸ ਦੇ ਕੋਲ ਬੱਚਿਆਂ ਦਾ ਭਾਰੀ ਇਕੱਠ ਹੋ ਜਾਂਦਾ ਸੀ।

ਬੱਚੇ ਆਪਣੇ ਮਾਪਿਆਂ ਨੂੰ ਚਵਾਨੀ ਤੇ ਅਠਿਆਣੀ ਲਿਆ ਕੇ ਉਸ ਵਿਅਕਤੀ ਤੋਂ ਬਾਇਓਸਕੋਪ 'ਚ ਅੱਖਾਂ ਪਾ ਕੇ ਆਪਣਾ ਮਨੋਰੰਜਨ ਕਰਦੇ ਪਰ ਅੱਜ-ਕੱਲ੍ਹ ਕੋਈ ਵੀ ਬਾਇਓਸਕੋਪ ਵਾਲਾ ਗਲ਼ੀਆਂ ਅਤੇ ਮੁਹੱਲਿਆਂ 'ਚ ਵਿਖਾਈ ਵਿਖਾਈ ਨਹੀਂ ਦਿੰਦਾ।

### ਰੀਲ ਵਾਲਾ ਕੈਮਰਾ

ਪੁਰਾਣੇ ਜ਼ਮਾਨੇ 'ਚ ਕਿਸੇ ਦੇ ਘਰ ਕੈਮਰੇ ਹੋਣ ਨੂੰ ਬਹੁਤ ਵੱਡੀ ਗੱਲ ਮੰਨਿਆ ਜਾਂਦਾ ਸੀ। ਤਦ ਕੈਮਰੇ ਤੋਂ ਫੋਟੋ ਖਿੱਚਣ ਲਈ ਕਿਸੇ ਦੂਜੇ ਵਿਅਕਤੀ ਦੀ ਉਡੀਕ ਕੀਤੀ ਜਾਂਦੀ ਸੀ। ਅੱਜ ਦੇ ਮੋਬਾਈਲ ਯੁੱਗ 'ਚ ਲੋਕਾਂ 'ਚ ਸੈਲਫ਼ੀ ਦਾ ਕਰੇਜ਼ ਵਧਿਆ ਹੈ। ਹੁਣ ਕੈਮਰੇ ਦੀ ਬਜਾਏ ਮੋਬਾਈਲ ਤੋਂ ਹੀ ਕੈਮਰੇ ਦਾ ਕੰਮ ਲਿਆ ਜਾਂਦਾ ਹਨ। ਇਸ ਨਾਲ ਖ਼ੁਦ ਦੀ ਫੋਟੋ ਖ਼ੁਦ ਹੀ ਖਿੱਟੀ ਜਾ ਸਕਦੀ ਹੈ । •

99157-07070

## ਸੰਪਾਦਕੀ

# ਸਰਹੱਦੀ ਨਿਗਰਾਨੀ ਨੂੰ ਸਖ਼ਤ ਕਰਨ ਲਈ ਪੰਜਾਬ ਸਰਕਾਰ ਅਤੇ ਪੁਲੀਸ ਦੀ ਤਾਰੀਫ਼

ਪੰਜਾਬ ਪੁਲੀਸ ਦੀ ਤਾਜ਼ਾ ਰਿਪੋਰਟ ਇੱਕ ਰਲੀ-ਮਿਲੀ ਤਸਵੀਰ ਪੇਸ਼ ਕਰਦੀ ਹੈ। ਸਰਹੱਦ ਪਾਰੋਂ ਡਰੋਨਾਂ ਦੀ ਆਵਾਜਾਈ ਨੂੰ ਰੋਕਣ ਲਈ ਸਖ਼ਤ ਕਦਮ ਚੁੱਕਣ ਕਾਰਨ ਸੂਬੇ ਵਿੱਚ ਹੈਰੋਇਨ ਦੀ ਸਪਲਾਈ ਵਿੱਚ ਭਾਰੀ ਗਿਰਾਵਟ ਆਈ ਹੈ। ਸਰਹੱਦੀ ਨਿਗਰਾਨੀ ਨੂੰ ਸਖ਼ਤ ਕਰਨ ਲਈ ਪੰਜਾਬ ਸਰਕਾਰ ਅਤੇ ਪੁਲੀਸ ਦੀ ਤਾਰੀਫ਼ ਹੋਣੀ ਚਾਹੀਦੀ ਹੈ, ਪਰ ਇਸ ਖ਼ਲਾਅ ਨੂੰ ਹੁਣ ਦੂਜੇ ਸੂਬਿਆਂ ਤੋਂ ਆਉਂਦੇ ਫਾਰਮਾਸਿਊਟੀਕਲ (ਮੈਡੀਕਲ) ਨਸ਼ਿਆਂ ਨੇ ਭਰ ਦਿੱਤਾ ਹੈ। ਪੁਲੀਸ ਮੁਤਾਬਿਕ ਪੰਜਾਬ ਵਿੱਚ ਪਹੁੰਚ ਰਹੀਆਂ ਨਸ਼ੀਲੀਆਂ ਦਵਾਈਆਂ ਵਿੱਚੋਂ ਲਗਪਗ 80 ਫ਼ੀਸਦੀ ਗੁਜਰਾਤ, ਉੱਤਰ ਪ੍ਰਦੇਸ਼, ਰਾਜਸਥਾਨ, ਹਰਿਆਣਾ ਅਤੇ ਦਿੱਲੀ ਤੋਂ ਆ ਰਹੀਆਂ ਹਨ। ਸਾਲ 2025 ਤੋਂ ਲੈ ਕੇ ਹੁਣ ਤੱਕ 11.54 ਲੱਖ ਗੋਲੀਆਂ ਅਤੇ ਕੈਪਸੂਲ ਫੜੇ ਜਾ ਚੁੱਕੇ ਹਨ। ਇਹ ਇਸ ਗੱਲ ਦਾ ਸਬੂਤ ਹੈ ਕਿ ਨਸ਼ਾ ਤਸਕਰੀ ਦਾ ਧੰਦਾ ਸਖ਼ਤੀ ਅੱਗੇ ਕਿੰਨੀ ਜਲਦੀ ਆਪਣੇ ਰਸਤੇ ਬਦਲ ਲੈਂਦਾ ਹੈ। ਡਰੋਨਾਂ ਅਤੇ ਪਾਕਿਸਤਾਨੀ ਸਰਹੱਦ ’ਤੇ ਧਿਆਨ ਕੇਂਦਰਿਤ ਕਰਨ ਨਾਲ ਭਾਵੇਂ ਸਪਲਾਈ ਦਾ ਇੱਕ ਰਸਤਾ ਰੁਕ ਗਿਆ ਹੋਵੇ, ਪਰ ਹੁਣ ਕਾਨੂੰਨੀ ਮੈਡੀਕਲ ਚੈਨਲਾਂ ਰਾਹੀਂ ਇੱਕ ਹੋਰ ਖ਼ਤਰਨਾਕ ਨੈੱਟਵਰਕ ਖੜ੍ਹਾ ਹੋ ਰਿਹਾ ਹੈ। ਇਲਾਜ ਲਈ ਤਿਆਰ ਕੀਤੀਆਂ ਜਾਣ ਵਾਲੀਆਂ ਦਵਾਈਆਂ ਨੂੰ ਗ਼ੈਰ-ਕਾਨੂੰਨੀ ਬਾਜ਼ਾਰ ਵਿੱਚ ਧੱਕਿਆ ਜਾ ਰਿਹਾ ਹੈ, ਜਿਸ ਨਾਲ ਇਹ ਸਮੱਸਿਆ ਜਿੰਨੀ ਅਪਰਾਧਿਕ ਹੈ, ਓਨੀ ਹੀ ਸਰਕਾਰੀ ਕਾਨੂੰਨ-ਵਿਵਸਥਾ ਅਤੇ ਸਖ਼ਤ ਨਿਗਰਾਨੀ ਦੀ ਵੀ ਬਣ ਚੁੱਕੀ ਹੈ।

ਬਾਕੀ ਥਾਵਾਂ ’ਤੇ ਹੋਈਆਂ ਤਾਜ਼ਾ ਬਰਾਮਦਗੀਆਂ ਇਸ ਖ਼ਤਰੇ ਨੂੰ ਹੋਰ ਉਜਾਗਰ ਕਰਦੀਆਂ ਹਨ। ਸਾਲ 2025 ਵਿੱਚ ਨਾਰਕੋਟਿਕਸ ਕੰਟਰੋਲ ਬਿਊਰੋ (ਐੱਨ ਸੀ ਬੀ) ਨੇ ਦਵਾਈਆਂ ਬਣਾਉਣ ਵਾਲਿਆਂ, ਹੋਲਸੇਲ ਸਟਾਕਿਸਟਾਂ ਅਤੇ ਫ਼ਰਜ਼ੀ ਅਦਾਰਿਆਂ ਨਾਲ ਜੁੜੇ ਕਈ ਸੂਬਿਆਂ ਵਿੱਚ ਫੈਲੇ ਮੈਡੀਕਲ ਨਸ਼ਾ ਤਸਕਰੀ ਦੇ ਨੈੱਟਵਰਕ ਦਾ ਪਰਦਾਫਾਸ਼ ਕੀਤਾ ਸੀ। ਇਸ ਸਾਲ ਅਗਸਤ ਵਿੱਚ ਸੈਂਟਰਲ ਬਿਊਰੋ ਔਫ ਨਾਰਕੋਟਿਕਸ ਨੇ ਪੰਜਾਬ-ਹਿਮਾਚਲ ਪ੍ਰਦੇਸ਼ ਲਾਂਘੇ ਤੋਂ ਕਰੀਬ 67 ਲੱਖ ਨਸ਼ੀਲੀਆਂ ਗੋਲੀਆਂ ਜ਼ਬਤ ਕੀਤੀਆਂ ਹਨ। ਸਾਫ਼ ਹੈ ਕਿ ਇਹ ਸਿਰਫ਼ ਗਲੀਆਂ-ਮੁਹੱਲਿਆਂ ਵਿੱਚ ਨਸ਼ਾ ਵੇਚਣ ਵਾਲਿਆਂ ਤੱਕ ਸੀਮਿਤ ਮਾਮਲਾ ਨਹੀਂ ਹੈ।

ਪੰਜਾਬ ਨੂੰ ਉਨ੍ਹਾਂ ਸੂਬਿਆਂ ਨਾਲ ਮਿਲ ਕੇ ਸਾਂਝੀ ਰਣਨੀਤੀ ਬਣਾਉਣ ਦੀ ਲੋੜ ਹੈ, ਜਿੱਥੋਂ ਇਹ ਨਸ਼ੇ ਆ ਰਹੇ ਹਨ। ਡਰੱਗ ਕੰਟਰੋਲ ਅਥਾਰਟੀਆਂ ਨੂੰ ਦਵਾਈਆਂ ਬਣਾਉਣ ਵਾਲਿਆਂ, ਥੋਕ ਵਿਕਰੇਤਾਵਾਂ (ਹੋਲਸੇਲਰਾਂ), ਡਿਸਟ੍ਰੀਬਿਊਟਰਾਂ ਅਤੇ ਢੋਆ-ਢੁਆਈ ਕਰਨ ਵਾਲਿਆਂ ਦੀ ਡੂੰਘੀ ਪੜਤਾਲ ਕਰਨੀ ਚਾਹੀਦੀ ਹੈ ਜਦੋਂਕਿ ਪੁਲੀਸ ਅਤੇ ਜਾਂਚ ਏਜੰਸੀਆਂ ਨੂੰ ਖ਼ੁਫ਼ੀਆ ਜਾਣਕਾਰੀ ਆਪਸ ਵਿੱਚ ਸਾਂਝੀ ਕਰਨੀ ਪਵੇਗੀ। ਜ਼ਰੂਰੀ ਦਵਾਈਆਂ ਦੀ ਜਾਇਜ਼ ਮਾਰਕੀਟ ਨੂੰ ਪ੍ਰਭਾਵਿਤ ਕੀਤੇ ਬਿਨਾਂ ਡਾਕਟਰੀ ਪਰਚੀਆਂ (ਪ੍ਰਿਸਕ੍ਰਿਪਸ਼ਨ) ਅਤੇ ਸਟਾਕ ਦੀ ਸਖ਼ਤ ਨਿਗਰਾਨੀ ਕੀਤੀ ਜਾਣੀ ਚਾਹੀਦੀ ਹੈ। ਨਸ਼ਾ ਛੁਡਾਊ ਕੇਂਦਰਾਂ ਵਿੱਚ ਮਰੀਜ਼ਾਂ ਦੀ ਗਿਣਤੀ ਦਾ ਤੇਜ਼ੀ ਨਾਲ ਵਧਣਾ ਇਹ ਦਰਸਾਉਂਦਾ ਹੈ ਕਿ ਇਲਾਜ ਦੀ ਲੋੜ ਲਗਾਤਾਰ ਬਣੀ ਹੋਈ ਹੈ। ਜੇਕਰ ਨਸ਼ੇੜੀ ਹੈਰੋਇਨ ਛੱਡ ਕੇ ਮੈਡੀਕਲ ਨਸ਼ਿਆਂ ਵੱਲ ਮੁੜ ਰਹੇ ਹਨ ਤਾਂ ਸਮੱਸਿਆ ਦਾ ਰੂਪ ਜ਼ਰੂਰ ਬਦਲ ਜਾਂਦਾ ਹੈ, ਪਰ ਇਸ ਦਾ ਇਨਸਾਨੀ ਨੁਕਸਾਨ ਉਵੇਂ ਹੀ ਬਣਿਆ ਰਹਿੰਦਾ ਹੈ। ਨਸ਼ਾ ਤਸਕਰੀ ਨੇ ਆਪਣਾ ਰਾਹ ਬਦਲ ਲਿਆ ਹੈ, ਇਸ ਲਈ ਪੰਜਾਬ ਦੀ ਨੀਤੀ ਨੂੰ ਵੀ ਆਪਣਾ ਤਰੀਕਾ ਬਦਲਣਾ ਪਵੇਗਾ।

# ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਪਿੰਡ ਵਾਸੀਆਂ ਨਾਲ ਵਿਕਾਸ ਕਾਰਜਾਂ ਸਬੰਧ ਵਿਚਾਰ ਵਟਾਂਦਰਾ ਕੀਤਾ



**ਗੁਰਦਾਸਪੁਰ, 20 ਸਤੰਬਰ -ਕੌਮੀ ਪੱਤ੍ਰਿਕਾ ਬਿਊਰੋ-**

ਡੇਰਾ ਬਾਬਾ ਨਾਨਕ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਵਲੋਂ ਲਗਾਤਾਰ ਪਿੰਡਾਂ ਵਿੱਚ ਲੋਕਾਂ ਨੂੰ ਮਿਲ ਕੇ ਉਨ੍ਹਾਂ ਦੀਆਂ ਮੁਸ਼ਕਿਲਾਂ ਹੱਲ ਕੀਤੀਆਂ ਜਾ ਰਹੀਆਂ ਹਨ।

ਵਿਧਾਇਕ ਗੁਰਦੀਪ ਸਿੰਘ ਰੰਧਾਵਾ ਵਲੋਂ ਪਿੰਡ ਰੋਸਾ ਵਿਖੇ ਸਰਪੰਚ ਹਰਜਿੰਦਰ ਸਿੰਘ ਵੱਲੋਂ ਕਰਵਾਈ ਲੋਕ ਮਿਲਣੀ ਵਿੱਚ ਸ਼ਿਰਕਤ ਕੀਤੀ ਅਤੇ ਪਿੰਡ ਵਾਸੀਆਂ ਨਾਲ ਰੂ-ਬ-ਰੂ ਹੋ ਕੇ ਉਨ੍ਹਾਂ ਦੀਆਂ ਮੁਸ਼ਕਿਲਾਂ ਸੁਣੀਆਂ ਅਤੇ ਇਲਾਕੇ ਦੇ ਵਿਕਾਸ ਕਾਰਜਾਂ ਸਬੰਧੀ ਵਿਚਾਰ-ਵਟਾਂਦਰਾ ਕੀਤਾ।

ਇਸ ਮੌਕੇ ਗੱਲਬਾਤ ਕਰਦਿਆਂ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਕਿਹਾ ਕਿ ਪਿਛਲੇ ਕਰੀਬ ਸਾਢੇ ਚਾਰ ਸਾਲਾਂ ਤੋਂ ਹਲਕਾ ਡੇਰਾ ਬਾਬਾ ਨਾਨਕ ਵਿਖੇ ਵੱਖ ਵੱਖ ਵਿਕਾਸ ਕੰਮ ਕਰਵਾਏ ਗਏ ਹਨ ਅਤੇ ਲੋਕਾਂ ਨੂੰ ਮਿਲਕੇ ਉਨ੍ਹਾਂ ਦੀਆਂ ਮੁਸ਼ਕਿਲਾਂ ਹੱਲ ਕੀਤੀਆਂ ਗਈਆਂ ਹਨ।

ਉਨ੍ਹਾਂ ਕਿਹਾ ਕਿ ਇਲਾਕੇ ਦੇ ਲੋਕਾਂ ਨੂੰ ਬਿਹਤਰ ਆਵਾਜਾਈ ਸਹੂਲਤਾਂ ਪ੍ਰਦਾਨ ਕਰਨ ਦੇ ਨਾਲ-ਨਾਲ ਪੇਂਡੂ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕੀਤਾ ਜਾ ਰਿਹਾ ਹੈ। ਸੂਬਾ ਸਰਕਾਰ ਵੱਲੋਂ ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਸੜਕਾਂ ਸਮੇਤ ਵੱਖ ਵੱਖ ਵਿਕਾਸ ਕਾਰਜ ਕਰਵਾਏ ਗਏ ਹਨ।ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਪਿੰਡਾਂ ਦੀਆਂ ਸੜਕਾਂ ਦੇ ਕਾਇਆ ਕਲਪ ਲਈ ਵੱਡੇ ਪੱਧਰ ’ਤੇ ਕੰਮ ਕੀਤੇ ਹਨ। ਉਨ੍ਹਾਂ ਕਿਹਾ ਕਿ ਇਸੇ ਤਹਿਤ ਪਿਛਲੇ ਚਾਰ ਸਾਲਾਂ ਦੌਰਾਨ ਕਰੋੜਾਂ ਰੁਪਏ ਦੀ ਲਾਗਤ ਨਾਲ ਹਲਕੇ ਅੰਦਰ ਸੜਕਾਂ ਦੀ ਵੀ ਨੁਹਾਰ ਬਦਲੀ ਗਈ ਹੈ। ਉਨ੍ਹਾਂ ਕਿਹਾ ਕਿ ਆਉਂਦੇ ਦਿਨਾਂ ’ਚ ਇਸ ਕੰਮ ਵਿੱਚ ਹੋਰ ਵੀ ਤੇਜ਼ੀ ਲਿਆਂਦੀ ਜਾਵੇਗੀ।ਇਸ ਮੌਕੇ ਉਨ੍ਹਾਂ ਪਿੰਡ ਵਾਸੀਆਂ ਕਲਪ ਲਈ ਵੱਡੇ ਪੱਧਰ ’ਤੇ ਕੰਮ ਕੀਤੇ ਹਨ। ਉਨ੍ਹਾਂ ਕਿਹਾ ਕਿ ਇਸੇ ਤਹਿਤ ਪਿਛਲੇ ਚਾਰ ਸਾਲਾਂ ਦੌਰਾਨ ਕਰੋੜਾਂ ਰੁਪਏ ਦੀ ਲਾਗਤ ਨਾਲ ਹਲਕੇ ਅੰਦਰ ਸੜਕਾਂ ਦੀ ਵੀ ਨੁਹਾਰ ਮਿਲੇ ਪਿਆਰ, ਸਤਿਕਾਰ ਅਤੇ ਸਹਿਯੋਗ ਲਈ ਧੰਨਵਾਦ ਕੀਤਾ।

# ਝਾੜ ਸਾਹਿਬ ਕਾਲਜ ਵੱਲੋਂ ਲਗਾਈ ਗਈ ਸਿਰਜਣਾਤਮਕ ਲੇਖਣ ਵਰਕਸ਼ਾਪ




**ਮਾਛੀਵਾੜਾ ਸਾਹਿਬ, 20 ਸਤੰਬਰ -ਕੌਮੀ ਪੱਤ੍ਰਿਕਾ ਬਿਊਰੋ-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਧੀਨ ਚੱਲ ਰਹੀ ਸਿਰਮੌਰ ਵਿਦਿਅਕ ਸੰਸਥਾ ਝਾੜ ਸਾਹਿਬ ਕਾਲਜ ਦੇ ਪੋਸਟ ਗ੍ਰੈਜੂਏਟ ਪੰਜਾਬੀ ਵਿਭਾਗ ਵੱਲੋਂ ਵਿਦਿਆਰਥਣਾਂ ਲਈ ਸਿਰਜਣਾਤਮਕ ਲੇਖਣ ਵਰਕਸ਼ਾਪ ਲਗਾਈ ਗਈ।

ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵਿਮੈਨ ਝਾੜ ਸਾਹਿਬ ਵਿਖੇ ਕਾਲਜ ਪ੍ਰਿੰਸੀਪਲ ਡਾ ਰਜਿੰਦਰ ਕੌਰ ਦੀ ਰਹਿਨੁਮਾਈ ਹੇਠ ਪੰਜਾਬੀ ਸਾਹਿਤਕਾਰ, ਕਵਿਤਰੀ, ਅੰਮ੍ਰਿਤਾ ਪ੍ਰੀਤਮ ਦੇ ਜਨਮ ਦਿਹਾੜੇ ਨੂੰ ਸਮਰਪਿਤ ਵਿਦਿਆਰਥਣਾਂ ਵਿੱਚ ਸਿਰਜਣਾਤਮਕਤਾ, ਕਲਪਨਾ ਸ਼ਕਤੀ ਅਤੇ ਲੇਖਣੀ ਦੇ ਹੁਨਰ ਨੂੰ ਵਿਕਸਿਤ ਕਰਨ ਦੇ ਉਦੇਸ਼ ਹਿੱਤ ਕਾਲਜ ਦੇ ਪੋਸਟ ਗ੍ਰੈਜੂਏਟ ਪੰਜਾਬੀ ਵਿਭਾਗ ਦੇ ਮੁਖੀ ਡਾ ਮਹੀਪਿੰਦਰ ਕੌਰ ,ਪ੍ਰੋ ਜਸਵੀਰ ਕੌਰ ਅਤੇ ਅੰਗਰੇਜ਼ੀ ਵਿਭਾਗ ਦੇ ਪ੍ਰੋ ਸ਼ਹਿਨਾਜ਼,ਪ੍ਰੋ ਨਵਨੀਤ ਕੌਰ ਦੇ ਸਾਂਝੇ ਯਤਨਾਂ ਸਦਕਾ ਦੇ ਸਹਿਯੋਗ ਨਾਲ‘ਸਿਰਜਣਾਤਮਕ ਲੇਖਣ’ ਵਿਸ਼ੇ ’ਤੇ ਇੱਕ ਵਿਸ਼ੇਸ਼ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਵਰਕਸ਼ਾਪ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਸਿਰਜਣਾਤਮਕ ਲੇਖਣ ਦੀਆਂ ਵਿਧੀਆਂ, ਤਕਨੀਕਾਂ ਅਤੇ ਵਿਹਾਰਕ ਪੱਖਾਂ ਤੋਂ ਜਾਣੂ ਕਰਵਾਉਣਾ ਸੀ।

ਵਰਕਸ਼ਾਪ ਦੀ ਸ਼ੁਰੂਆਤ ਆਏ ਹੋਏ ਮੁਖ ਵਕਤਾ ਸੰਦੀਪ ਸਮਰਾਲਾ ( ਕਹਾਣੀਕਾਰ)ਅਤੇ ਵਿਦਿਆਰਥਣਾਂ ਦੇ ਸਵਾਗਤ ਨਾਲ ਕੀਤੀ ਗਈ। ਵਿਸ਼ਾ-ਮਾਹਿਰ ਨੇ ਸਿਰਜਣਾਤਮਕ ਲੇਖਣ ਦੀ ਮਹੱਤਤਾ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਇੱਕ ਚੰਗੀ ਰਚਨਾ ਲਈ ਮੌਲਿਕ ਵਿਚਾਰ, ਕਲਪਨਾ ਸ਼ਕਤੀ, ਭਾਸ਼ਾ ਦੀ ਸਹੀ ਵਰਤੋਂ ਅਤੇ ਵਿਸ਼ੇ ਦੀ ਡੂੰਘੀ ਸਮਝ ਬਹੁਤ ਜ਼ਰੂਰੀ ਹਨ।

ਵਰਕਸ਼ਾਪ ਦੌਰਾਨ ਵਿਦਿਆਰਥਣਾਂ ਨੂੰ ਕਵਿਤਾ, ਕਹਾਣੀ, ਨਿਬੰਧ ਅਤੇ ਨਾਟਕ ਆਦਿ ਵੱਖ-ਵੱਖ ਸਾਹਿਤਕ ਵਿਧਾਵਾਂ ਵਿੱਚ ਲੇਖਣ ਦੀਆਂ ਤਕਨੀਕਾਂ ਬਾਰੇ ਵਿਸਥਾਰ ਨਾਲ ਸਮਝਾਇਆ ਗਿਆ। ਖ਼ਾਸ ਤੌਰ ’ਤੇ ਕਹਾਣੀ ਦੇ ਕਥਾਨਕ, ਪਾਤਰ-ਚਿਤਰਨ, ਸੰਵਾਦ ਅਤੇ ਵਾਤਾਵਰਨ ਸਿਰਜਣ ਬਾਰੇ ਵਿਹਾਰਕ ਜਾਣਕਾਰੀ ਦਿੱਤੀ ਗਈ। ਵਿਦਿਆਰਥਣਾਂ ਨੂੰ ਆਪਣੇ ਵਿਚਾਰਾਂ ਨੂੰ ਪ੍ਰਭਾਵਸ਼ਾਲੀ ਅਤੇ ਰਚਨਾਤਮਕ ਢੰਗ ਨਾਲ ਪ੍ਰਗਟ ਕਰਨ ਲਈ ਵੱਖ-ਵੱਖ ਗਤੀਵਿਧੀਆਂ ਵੀ ਕਰਵਾਈਆਂ ਗਈਆਂ।

ਵਿਦਿਆਰਥੀਆਂ ਨੇ ਵਰਕਸ਼ਾਪ ਵਿੱਚ ਬੜੇ ਉਤਸ਼ਾਹ ਨਾਲ ਭਾਗ ਲਿਆ ਅਤੇ ਆਪਣੇ ਲਿਖਣ ਦੇ ਹੁਨਰ ਨੂੰ ਪਰਖਿਆ। ਉਨ੍ਹਾਂ ਵੱਲੋਂ ਲਿਖੀਆਂ ਗਈਆਂ ਰਚਨਾਵਾਂ ’ਤੇ ਵਿਸ਼ਾ-ਮਾਹਿਰ ਵੱਲੋਂ ਸੁਝਾਅ ਅਤੇ ਜ਼ਰੂਰੀ ਸੋਧਾਂ ਬਾਰੇ ਜਾਣਕਾਰੀ ਦਿੱਤੀ ਗਈ।

ਇਸ ਨਾਲ ਵਿਦਿਆਰਥਣਾਂ ਨੂੰ ਆਪਣੀਆਂ ਰਚਨਾਵਾਂ ਵਿੱਚ ਨਵੀਂ ਸੋਚ ਅਤੇ ਮੌਲਿਕਤਾ ਲਿਆਉਣ ਲਈ ਪ੍ਰੇਰਣਾ ਮਿਲੀ।

ਇਸ ਮੌਕੇ ਸ੍ਰੀ ਅਮਨਦੀਪ ਕੋਸ਼ਲ ਸਮਰਾਲਾ,ਡਾ ਸੁਨੀਤਾ ਕੋਸ਼ਲ ਮੁਖੀ ਸਮਾਜ ਸ਼ਾਸਤਰ ਵਿਭਾਗ,ਡਾ ਰਣਜੀਤ ਕੌਰ ਮੁਖੀ ਹੋਮ ਸਾਇੰਸ ਵਿਭਾਗ ਪ੍ਰੋ ਅਮਨਦੀਪ ਕੌਰ ਪੰਜਾਬੀ ਵਿਭਾਗ ਨੇ ਵੀ ਸ਼ਮੂਲੀਅਤ ਕੀਤੀ।

# ਨਸ਼ਿਆਂ ਵਿਰੁੱਧ ਜੰਗ ਨੂੰ ਹੋਰ ਮਜ਼ਬੂਤ ਕਰਨ ਲਈ ਹਰਜੋਤ ਸਿੰਘ ਬੈਂਸ ਦੀ ਪ੍ਰਧਾਨਗੀ ਹੇਠ ਹੋਵੇਗੀ ਅਹਿਮ ਮੀਟਿੰਗ

**ਸ੍ਰੀ ਆਨੰਦਪੁਰ ਸਾਹਿਬ, 20 ਸਤੰਬਰ -ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਪਿੰਡਾਂ ਅਤੇ ਸ਼ਹਿਰਾਂ ਵਿੱਚੋਂ ਨਸ਼ੇ ਦੀ ਮੁਕੰਮਲ ਖਾਤਮੇ ਲਈ ਚਲਾਈ ਜਾ ਰਹੀ ‘ਯੁੱਧ ਨਸ਼ਿਆਂ ਵਿਰੁੱਧ’ ਮੁਹਿੰਮ ਤਹਿਤ ਸ੍ਰੀ ਅਨੰਦਪੁਰ ਸਾਹਿਬ ਵਿਖੇ ਅਹਿਮ ਮੀਟਿੰਗ ਕਰਵਾਈ ਜਾ ਰਹੀ ਹੈ। ਇਹ ਮੀਟਿੰਗ ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਪੰਜਾਬ ਅਤੇ ਹਲਕਾ ਵਿਧਾਇਕ ਸ੍ਰੀ ਅਨੰਦਪੁਰ ਸਾਹਿਬ ਦੀ ਪ੍ਰਧਾਨਗੀ ਹੇਠ ਹੋਵੇਗੀ। ਮੀਟਿੰਗ ਦੌਰਾਨ ਨਸ਼ਿਆਂ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਦੀ ਪ੍ਰਗਤੀ ਅਤੇ ਜ਼ਮੀਨੀ ਪੱਧਰ ’ਤੇ ਕੀਤੇ ਜਾ ਰਹੇ ਕੰਮਾਂ ਦੀ ਸਮੀਖਿਆ ਕੀਤੀ ਜਾਵੇਗੀ।

ਇਹ ਮੀਟਿੰਗ 16 ਸਤੰਬਰ ਨੂੰ ਸਵੇਰੇ 10:00 ਵਜੇ ਵਿਰਾਸਤ ਏ ਖਾਲਸਾ ਦੇ ਆਡੀਟੋਰੀਅਮ ਵਿਖੇ ਹੋਵੇਗੀ। ਇਸ ਮੌਕੇ ਪਿੰਡਾਂ ਅਤੇ ਵਾਰਡਾਂ ਵਿੱਚ ਨਸ਼ਿਆਂ ਵਿਰੁੱਧ ਕੀਤੇ ਜਾ ਰਹੇ ਕੰਮਾਂ ਦਾ ਜਾਇਜ਼ਾ ਲੈਣ ਦੇ ਨਾਲ-ਨਾਲ 20 ਸਤੰਬਰ 2026 ਤੋਂ ਪਿੰਡਾਂ/ਵਾਰਡਾਂ ਵਿੱਚ ਕੀਤੀਆਂ ਜਾਣ ਵਾਲੀਆਂ ਮੀਟਿੰਗਾਂ ਸਬੰਧੀ ਵੀ ਵਿਚਾਰ-ਵਟਾਂਦਰਾ ਕੀਤਾ ਜਾਵੇਗਾ।

ਇਸ ਮੀਟਿੰਗ ਵਿੱਚ ‘ਯੁੱਧ ਨਸ਼ਿਆਂ ਵਿਰੁੱਧ’ ਟੀਮ ਦੇ ਜ਼ਿਲ੍ਹਾ ਕੋਆਰਡੀਨੇਟਰ, ਵਾਈਸ ਜ਼ਿਲ੍ਹਾ ਕੋਆਰਡੀਨੇਟਰ, ਹਲਕਾ ਕੋਆਰਡੀਨੇਟਰ, ਵਾਰਡ ਕੋਆਰਡੀਨੇਟਰ ਅਤੇ ਬਲਾਕ ਕੋਆਰਡੀਨੇਟਰ ਸਮੇਤ ਸਮੂਹ ਪਿੰਡਾਂ ਅਤੇ ਵਾਰਡਾਂ ਦੀਆਂ ਕਮੇਟੀਆਂ ਦੇ ਕਨਵੀਨਰ, ਐਕਟਿਵ ਪ੍ਰਧਾਨ ਅਤੇ ਮੈਡੀਕਲ ਬੁਲਾਰੇ ਸ਼ਾਮਲ ਹੋਣਗੇ। ਇਸ ਦੌਰਾਨ ਨਸ਼ਾ ਮੁਕਤ ਸਮਾਜ ਸਿਰਜਣ ਲਈ ਸਾਂਝੇ ਯਤਨਾਂ ਨੂੰ ਹੋਰ ਤੇਜ਼ ਕਰਨ ’ਤੇ ਜ਼ੋਰ ਦਿੱਤਾ ਜਾਵੇਗਾ।

ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਦੀ ਅਗਵਾਈ ਹੇਠ ਸਰਕਾਰ ਵੱਲੋਂ ਨਸ਼ਿਆਂ ਦੇ ਖਾਤਮੇ ਲਈ ਲੋਕਾਂ ਦੀ ਭਾਗੀਦਾਰੀ ਨੂੰ ਯਕੀਨੀ ਬਣਾਇਆ ਜਾ ਰਿਹਾ ਹੈ। ਪਿੰਡਾਂ ਅਤੇ ਸ਼ਹਿਰਾਂ ਵਿੱਚ ਬਣਾਈਆਂ ਗਈਆਂ ਵਿਲੇਜ ਡੀਫੈਂਸ ਕਮੇਟੀਆਂ ਅਤੇ ਵਾਰਡ ਡੀਫੈਂਸ ਕਮੇਟੀਆਂ ਰਾਹੀਂ ਲੋਕਾਂ ਨੂੰ ਇਸ ਮੁਹਿੰਮ ਨਾਲ ਜੋੜਿਆ ਜਾ ਰਿਹਾ ਹੈ। ਮੀਟਿੰਗ ਵਿੱਚ ਅਧਿਕਾਰੀਆਂ ਅਤੇ ਕਮੇਟੀ ਮੈਂਬਰਾਂ ਨੂੰ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਲੋੜੀਂਦੇ ਦਿਸ਼ਾ-ਨਿਰਦੇਸ਼ ਵੀ ਦਿੱਤੇ ਜਾਣਗੇ।

# ਵਡਾਲਾ ਗ੍ਰੰਥੀਆਂ ਅਤੇ ਉਮਰਪੁਰਾ ਸਕੂਲ ਵਿਖੇ ਗਾਈਡੈਂਸ ਅਤੇ ਜਾਗਰੂਕਤਾ ਗਤੀਵਿਧੀਆਂ ਦੀ ਸਮੀਖਿਆ




**ਬਟਾਲਾ, 20 ਸਤੰਬਰ -ਕੌਮੀ ਪੱਤ੍ਰਿਕਾ ਬਿਊਰੋ-**

ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਡਾਲਾ ਗ੍ਰੰਥੀਆਂ ਅਤੇ ਸਰਕਾਰੀ ਹਾਈ ਸਕੂਲ ਉਮਰਪੁਰਾ ਵਿਖੇ ਗਾਈਡੈਂਸ ਅਤੇ ਜਾਗਰੂਕਤਾ ਗਤੀਵਿਧੀਆਂ ਦੀ ਸਮੀਖਿਆ ਕੀਤੀ ਗਈ।

ਵਿਜ਼ਿਟ ਦੌਰਾਨ ਮੁਕੇਸ਼ ਵਰਮਾ ਜ਼ਿਲ੍ਹਾ ਗਾਈਡੈਂਸ ਕੌਂਸਲਰ ਨੇ ਦੋਵੇਂ ਸਕੂਲਾਂ ਵਿੱਚ ਗਾਈਡੈਂਸ ਕੌਂਸਲਰ ਸੋਮ ਸਿੰਘ ਅਤੇ ਸ੍ਰੀਮਤੀ ਨੈਨਸੀ ਸ਼ਰਮਾ ਵੱਲੋਂ ਤਿਆਰ ਕੀਤੇ ਗਏ ਗਤੀਵਿਧੀਆਂ ਰਜਿਸਟਰਾਂ ਦੀ ਬਾਰੀਕੀ ਨਾਲ ਸਮੀਖਿਆ ਕੀਤੀ। ਉਨ੍ਹਾਂ ਨੇ ਵਿਦਿਆਰਥੀਆਂ ਲਈ ਕਰਵਾਈਆਂ ਜਾ ਰਹੀਆਂ ਕਰੀਅਰ ਗਾਈਡੈਂਸ, ਨਸ਼ਾ ਵਿਰੋਧੀ ਜਾਗਰੂਕਤਾ ਅਤੇ ਹੋਰ ਗਤੀਵਿਧੀਆਂ ਨੂੰ ਹੋਰ ਸੁਚੱਜੇ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਸਬੰਧੀ ਜ਼ਰੂਰੀ ਦਿਸ਼ਾ-ਨਿਰਦੇਸ਼ ਵੀ ਦਿੱਤੇ।

ਇਸ ਮੌਕੇ ‘ਯੁੱਧ ਨਸ਼ਿਆਂ ਵਿਰੁੱਧ’ ਅਤੇ ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਦੋਵੇਂ ਸਕੂਲਾਂ ਵਿੱਚ ਵੱਖ-ਵੱਖ ਜਾਗਰੂਕਤਾ ਮੁਕਾਬਲੇ ਵੀ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਵਿੱਚ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲੈਂਦਿਆਂ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਵਿਰੁੱਧ ਆਪਣੀ ਆਵਾਜ਼ ਬੁਲੰਦ ਕੀਤੀ। ਵਧੀਆ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫਸਰ ਵੱਲੋਂ ਜਾਰੀ ਕੀਤੇ ਗਏ ਪ੍ਰਸ਼ੰਸਾ ਪੱਤਰ ਅਤੇ ਗਿਫਟ ਦੇ ਕੇ ਸਨਮਾਨਿਤ ਕੀਤਾ ਗਿਆ।

ਇਸ ਤੋਂ ਇਲਾਵਾ ਸਕੂਲਾਂ ਵਿੱਚ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕਰਵਾਈਆਂ ਜਾ ਰਹੀਆਂ ਗਤੀਵਿਧੀਆਂ ਦਾ ਵੀ ਜਾਇਜ਼ਾ ਲਿਆ ਗਿਆ। ਸ੍ਰੀ ਮੁਕੇਸ਼ ਵਰਮਾ ਨੇ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਵਿਦਿਆਰਥੀਆਂ ਵਿੱਚ ਸਮਾਜਿਕ ਚੇਤਨਾ, ਨੈਤਿਕ ਕਦਰਾਂ-ਕੀਮਤਾਂ ਅਤੇ ਮਨੁੱਖਤਾ ਪ੍ਰਤੀ ਸਤਿਕਾਰ ਦੀ ਭਾਵਨਾ ਪੈਦਾ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ।

ਪ੍ਰਿੰਸੀਪਲ-ਕਮ-ਬੀ.ਐਨ.ਓ. ਰਾਮ ਲਾਲ ਨੇ ਜ਼ਿਲ੍ਹਾ ਸਿੱਖਿਆ ਅਫਸਰ ਸ੍ਰੀ ਰਜੇਸ਼ ਕੁਮਾਰ ਸ਼ਰਮਾ ਦੀ ਅਗਵਾਈ ਹੇਠ ਜ਼ਿਲ੍ਹਾ ਗਾਈਡੈਂਸ ਕੌਂਸਲਰ ਮੁਕੇਸ਼ ਵਰਮਾ ਵੱਲੋਂ ਸਕੂਲਾਂ ਵਿੱਚ ਕਰੀਅਰ ਗਾਈਡੈਂਸ ਨੂੰ ਜ਼ਮੀਨੀ ਪੱਧਰ ’ਤੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਕੀਤੇ ਜਾ ਰਹੇ ਯਤਨਾਂ ਦੀ ਸ਼ਲਾਘਾ ਕੀਤੀ।

ਮੁਕੇਸ਼ ਵਰਮਾ ਨੇ ਕਿਹਾ ਕਿ ਸਕੂਲ ਸਿਰਫ਼ ਵਿਦਿਆਰਥੀਆਂ ਨੂੰ ਅਕਾਦਮਿਕ ਸਿੱਖਿਆ ਦੇਣ ਦਾ ਕੇਂਦਰ ਨਹੀਂ, ਸਗੋਂ ਉਨ੍ਹਾਂ ਦੇ ਭਵਿੱਖ, ਸ਼ਖ਼ਸੀਅਤ ਅਤੇ ਸੋਚ ਨੂੰ ਸਹੀ ਦਿਸ਼ਾ ਦੇਣ ਦਾ ਮਹੱਤਵਪੂਰਨ ਮੰਚ ਹਨ। ਉਨ੍ਹਾਂ ਕਿਹਾ ਕਿ ਕਰੀਅਰ ਗਾਈਡੈਂਸ ਦੇ ਨਾਲ-ਨਾਲ ਨਸ਼ਿਆਂ ਵਿਰੁੱਧ ਜਾਗਰੂਕਤਾ ਅਤੇ ਮਹਾਨ ਗੁਰੂਆਂ ਤੇ ਸੰਤਾਂ ਦੀਆਂ ਸਿੱਖਿਆਵਾਂ ਨਾਲ ਵਿਦਿਆਰਥੀਆਂ ਨੂੰ ਜੋੜਨਾ ਸਮੇਂ ਦੀ ਮੁੱਖ ਲੋੜ ਹੈ।

# ਵੋਟਰ ਸੂਚੀ ਸੁਧਾਈ : ਦਾਅਵੇ ਤੇ ਇਤਰਾਜ਼ਾਂ ਦੀਆਂ ਸੂਚੀਆਂ ਜਾਰੀ : ਡਿਪਟੀ ਕਮਿਸ਼ਨਰ



**ਬਠਿੰਡਾ, 20 ਸਤੰਬਰ -ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਧੀਮਾਨ ਨੇ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾ ਅਨੁਸਾਰ ਪੰਜਾਬ ਰਾਜ ਵਿੱਚ ਚਲਾਈ ਜਾ ਰਿਹੀ ਵਿਸ਼ੇਸ਼ ਗਹਿਰੀ ਸੁਧਾਈ (ਐਸ.ਆਈ.ਆਰ) ਅਧੀਨ 13 ਅਗਸਤ 2026 ਤੋਂ 12 ਸਤੰਬਰ 2026 ਤੱਕ ਆਮ ਜਨਤਾ ਪਾਸੋਂ ਦਾਅਵੇ ਅਤੇ ਇਤਰਾਜ਼ ਜ਼ਿਲ੍ਹੇ ਦੇ ਸਮੂਹ 1204 ਬੂਥ ਲੈਵਲ ਅਫ਼ਸਰਾਂ ਵੱਲੋਂ ਪ੍ਰਾਪਤ ਕੀਤੇ ਗਏ ਹਨ।

ਇਸ ਸਬੰਧੀ ਇਹਨਾਂ ਪ੍ਰਾਪਤ ਕੀਤੇ ਦਾਅਵੇ ਅਤੇ ਇਤਰਾਜ਼ਾਂ ਦੀਆਂ ਸੂਚੀਆਂ ਫਾਰਮ ਨੰਬਰ 9, ਫਾਰਮ ਨੰਬਰ 10, ਫਾਰਮ ਨੰਬਰ 11, ਫਾਰਮ ਨੰਬਰ 11-ਏ ਅਤੇ ਫਾਰਮ ਨੰਬਰ 11-ਬੀ ਵਿੱਚ ਜ਼ਿਲ੍ਹੇ ਦੀਆਂ ਸਮੂਹ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਜ਼ਿਲ੍ਹੇ ਦੇ ਸਮੂਹ ਵਿਧਾਨ ਸਭਾ ਚੋਣ ਹਲਕਿਆਂ ਦੇ ਚੋਣਕਾਰ ਰਜਿਸਟਰੇਸ਼ਨ ਅਫ਼ਸਰਾਂ ਵੱਲੋਂ ਮੁਹੱਈਆ ਕਰਵਾਈਆਂ ਗਈਆਂ।

ਜ਼ਿਲ੍ਹਾ ਚੋਣ ਅਫ਼ਸਰ ਨੇ ਜ਼ਿਲ੍ਹੇ ਦੀਆਂ ਸਮੂਹ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਅਤੇ ਉਨ੍ਹਾਂ ਦੇ ਨੁਮਾਇੰਦਿਆਂ ਵੱਲੋਂ ਵੋਟਰ ਸੂਚੀਆਂ ਦੀ ਸੁਧਾਈ ਦੇ ਕੰਮ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਨੂੰ ਦਿੱਤੇ ਜਾ ਰਹੇ ਸਹਿਯੋਗ ਲਈ ਵਿਸ਼ੇਸ਼ ਤੌਰ ’ਤੇ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਐਸ.ਆਈ.ਆਰ. ਦੀ ਸਮੁੱਚੀ ਪ੍ਰਕਿਰਿਆ ਨੂੰ ਪਾਰਦਰਸ਼ੀ ਅਤੇ ਨਿਰਪੱਖ ਢੰਗ ਨਾਲ ਨੇਪਰੇ ਚਾੜ੍ਹਨ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ।

ਉਨ੍ਹਾਂ ਅੱਗੇ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਵੋਟਰ ਸੂਚੀ ਦੀ ਅੰਤਿਮ ਪ੍ਰਕਾਸ਼ਨਾ 12 ਅਕਤੂਬਰ 2026 ਨੂੰ ਕੀਤੀ ਜਾਵੇਗੀ। ਉਨ੍ਹਾਂ ਸਮੂਹ ਸਬੰਧਤ ਧਿਰਾਂ ਨੂੰ ਅਪੀਲ ਕੀਤੀ ਕਿ ਉਹ ਵੋਟਰ ਸੂਚੀ ਦੀ ਸੁਧਾਈ ਪ੍ਰਕਿਰਿਆ ਵਿੱਚ ਆਪਣਾ ਸਹਿਯੋਗ ਜਾਰੀ ਰੱਖਣ ਤਾਂ ਜੋ ਯੋਗ ਦੀਆਂ ਸਮੂਹ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਅਤੇ ਉਨ੍ਹਾਂ ਦੇ ਨੁਮਾਇੰਦਿਆਂ ਵੱਲੋਂ ਵੋਟਰ ਸੂਚੀਆਂ ਦੀ ਸੁਧਾਈ ਦੇ ਕੰਮ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਨੂੰ ਦਿੱਤੇ ਜਾ ਰਹੇ ਸਹਿਯੋਗ ਲਈ ਵਿਸ਼ੇਸ਼ ਤੌਰ ’ਤੇ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਐਸ.ਆਈ.ਆਰ. ਦੀ ਸਮੁੱਚੀ ਪ੍ਰਕਿਰਿਆ ਨੂੰ ਪਾਰਦਰਸ਼ੀ ਅਤਦੀਆਂ ਸਮੂਹ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਅਤੇ ਉਨ੍ਹਾਂ ਦੇ ਨੁਮਾਇੰਦਿਆਂ ਵੱਲੋਂ ਵੋਟਰ ਸੂਚੀਆਂ ਦੀ ਸੁਧਾਈ ਦੇ ਕੰਮ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਨੂੰ ਦਿੱਤੇ ਜਾ ਰਹੇ ਸਹਿਯੋਗ ਲਈ ਵਿਸ਼ੇਸ਼ ਤੌਰ ’ਤੇ ਧੰਨਵਾਦ ਕੀਤਾ। ਉਨ੍ਹਾਂ ਕਿਹਾ ਵੋਟਰਾਂ ਦੇ ਨਾਮ ਵੋਟਰ ਸੂਚੀ ਵਿੱਚ ਯਕੀਨੀ ਤੌਰ ’ਤੇ ਦਰਜ ਹੋ ਸਕਣ।

# ਡਿਪਟੀ ਕਮਿਸ਼ਨਰ ਵਲੋਂ ਪਰਾਲੀ ਅਤੇ ਫ਼ਸਲਾਂ ਦੀ ਰਹਿੰਦ-ਖੂਹੰਦ ਨੂੰ ਅੱਗ ਨਾ ਲਾਉਣ ਦੀ ਅਪੀਲ




**ਹੁਸ਼ਿਆਰਪੁਰ, 20 ਸਤੰਬਰ -ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਅਤੇ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਕਿਸਾਨਾਂ ਨੂੰ ਖੇਤਾਂ ਵਿਚ ਪਰਾਲੀ ਜਾਂ ਫ਼ਸਲਾਂ ਦੀ ਰਹਿੰਦ-ਖੂਹੰਦ ਨਾ ਸਾੜਨ ਲਈ ਜਾਗਰੂਕ ਕਰਨ ਦੇ ਮਕਸਦ ਨਾਲ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਤੋਂ 3 ਵੈਨਾਂ ਰਵਾਨਾ ਕਰਦਿਆਂ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਝੋਨੇ ਦੇ ਸੀਜ਼ਨ ਦੌਰਾਨ ਵਾਤਾਵਰਣ ਦੀ ਸਾਂਭ-ਸੰਭਾਲ ਅਤੇ ਮਨੁੱਖੀ ਸਿਹਤ ਨੂੰ ਸੁਰੱਖਿਅਤ ਰੱਖਣ ਦੇ ਮੱਦੇਨਜ਼ਰ ਖੇਤਾਂ ਵਿਚ ਪਰਾਲੀ ਨੂੰ ਅੱਗ ਨਾ ਲਾਈ ਜਾਵੇ।

ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਨੇ ਕਿਹਾ ਕਿ ਪਿਛਲੇ ਸਾਲਾਂ ਦੌਰਾਨ ਕਿਸਾਨਾਂ ਵਲੋਂ ਪੂਰੀ ਸੁਹਿਰਦਤਾ ਦਿਖਾਉਂਦਿਆਂ ਖੇਤਾਂ ਵਿਚ ਫ਼ਸਲਾਂ ਦੀ ਰਹਿੰਦ-ਖੂਹੰਦ ਨੂੰ ਅੱਗ ਨਾ ਲਾਉਣ ਦੇ ਮਾਮਲਿਆਂ ਨੂੰ ਵੱਡੇ ਪੱਧਰ ’ਤੇ ਠੱਲ੍ਹ ਪਾਉਂਦਿਆਂ ਵਾਤਾਵਰਣ, ਮਨੁੱਖੀ ਸਿਹਤ, ਮਿੱਟੀ ਦੀ ਉਪਜਾਊ ਸ਼ਕਤੀ ਨੂੰ ਬਰਕਰਾਰ ਰੱਖਣ ਅਤੇ ਮਿੱਤਰ ਕੀੜਿਆਂ ਦੇ ਬਚਾਅ ਲਈ ਸ਼ਲਾਘਾਯੋਗ ਸਹਿਯੋਗ ਨੂੰ ਯਕੀਨੀ ਬਣਾਇਆ ਗਿਆ ਹੈ ਅਤੇ ਇਸ ਸੀਜ਼ਨ ਵਿਚ ਵੀ ਕਿਸਾਨਾਂ ਤੋਂ ਇਹੀ ਉਮੀਦ ਹੈ। ਉਨ੍ਹਾਂ ਕਿਹਾ ਕਿ ਕੌਮੀ ਗਰੀਨ ਟ੍ਰਿਬਿਊਨਲ ਅਤੇ ਸੁਪਰੀਮ ਕੋਰਟ ਵਲੋਂ ਇਸ ਸਬੰਧੀ ਸਮੇਂ-ਸਮੇਂ ’ਤੇ ਲੋੜੀਂਦੇ ਹੁਕਮ ਜਾਰੀ ਕੀਤੇ ਗਏ ਹਨ ਜਿਨ੍ਹਾਂ ਦੀ ਪਾਲਣਾ ਨੂੰ ਯਕੀਨੀ ਬਣਾਉਣਾ ਸਾਰਿਆਂ ਦਾ ਮੁੱਢਲਾ ਫਰਜ ਹੈ ਤਾਂ ਜੋ ਵਾਤਾਵਰਣ ਨੂੰ ਹਰਿਆ-ਭਰਿਆ, ਸਾਫ਼-ਸੁਥਰਾ ਅਤੇ ਪ੍ਰਦੂਸ਼ਣ ਮੁਕਤ ਰੱਖਿਆ ਜਾ ਸਕੇ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿਚ ਲਗਾਤਾਰ ਨਿਗਰਾਨੀ ਅਤੇ ਜਾਗਰੂਕਤਾ ਲਈ 485 ਨੋਡਲ ਅਫ਼ਸਰ ਅਤੇ 125 ਕਲੱਸਟਰ ਅਫ਼ਸਰ ਤਾਇਨਾਤ ਕੀਤੇ ਗਏ ਹਨ।

ਜਾਗਰੂਕਤਾ ਵੈਨਾਂ ਬਾਰੇ ਦੱਸਦਿਆਂ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਕਿਹਾ ਕਿ ਇਹ ਵੈਨਾਂ ਜ਼ਿਲ੍ਹੇ ਦੇ ਹਰ ਬਲਾਕ, ਹਰ ਪਿੰਡ ਪਹੁੰਚ ਕੇ ਪਰਾਲੀ ਨਾ ਸਾੜਨ ਬਾਰੇ ਸੁਨੇਹਾ ਦੇਣਗੀਆਂ। ਉਨ੍ਹਾਂ ਦੱਸਿਆ ਕਿ ਖੇਤੀਬਾੜੀ ਵਿਭਾਗ ਵਲੋਂ ਕਿਸਾਨਾਂ, ਕੋ-ਅਪਰੇਟਿਵ ਸੁਸਾਇਟੀਆਂ, ਪੰਚਾਇਤਾਂ ਅਤੇ ਕਿਸਾਨ ਸਮੂਹਾਂ ਨੂੰ ਸਬਸਿਡੀ ’ਤੇ ਮਸ਼ੀਨਾਂ ਮੁਹੱਈਆ ਕਰਵਾਈਆਂ ਗਈਆਂ ਹਨ ਤਾਂ ਜੋ ਖੇਤਾਂ ਵਿਚ ਪਰਾਲੀ ਅਤੇ ਫ਼ਸਲਾਂ ਦੀ ਰਹਿੰਦ-ਖੂਹੰਦ ਦਾ ਸੁਚੱਜਾ ਪ੍ਰਬੰਧਨ ਯਕੀਨੀ ਬਣਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਕਿਸਾਨਾਂ ਦੀ ਪਰਾਲੀ ਦੇ ਪ੍ਰਬੰਧਨ ਉਪਰੰਤ ਉਦਯੋਗਿਕ ਇਕਾਈਆਂ ਤੱਕ ਪਹੁੰਚਾਉਣ ਲਈ ਵੀ ਉਦਯੋਗਪਤੀਆਂ ਨਾਲ ਰਾਬਤਾ ਕਰਵਾਇਆ ਜਾ ਚੁੱਕਾ ਹੈ ਜਿਸ ਨਾਲ ਕਿਸਾਨਾਂ ਦੀ ਆਮਦਨੀ ਵਿਚ ਵਾਧਾ ਹੋਵੇਗਾ। ਉਨ੍ਹਾਂ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਕਿਸੇ ਵੀ ਹਾਲਤ ਵਿਚ ਪਰਾਲੀ ਆਦਿ ਨੂੰ ਖੇਤਾਂ ਵਿਚ ਅੱਗ ਨਾ ਲਾਉਣ ਕਿਉਂਕਿ ਸਾਰੇ ਖੇਤਾਂ ਦੀ ਸੈਟਲਲਾਈਟ ਰਾਹੀਂ ਨਿਗਰਾਨੀ ਕੀਤੀ ਜਾ ਰਹੀ ਹੈ ਅਤੇ ਅਜਿਹੇ ਕਿਸੇ ਵੀ ਮਾਮਲੇ ਦਾ ਤੁਰੰਤ ਨੋਟਿਸ ਲਿਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਸਾਰਿਆਂ ਨੂੰ ਵਾਤਾਵਰਣ ਅਤੇ ਮਨੁੱਖੀ ਸਿਹਤ ਦੇ ਹੱਕ ਵਿਚ ਪਹਿਰਾ ਦਿੰਦਿਆਂ ਅਜਿਹੀ ਕਿਸੇ ਵੀ ਕਾਰਵਾਈ ਤੋਂ ਗੁਰੇਜ਼ ਕਰਨਾ ਚਾਹੀਦਾ ਹੈ। ਉਨ੍ਹਾਂ ਨੇ ਕਿਸਾਨਾਂ ਨੂੰ ਸੱਦਾ ਦਿੱਤਾ ਕਿ ਜੇਕਰ ਕਿਸੇ ਵੀ ਕਿਸਾਨ ਨੂੰ ਪਰਾਲੀ ਪ੍ਰਬੰਧਨ ਲਈ ਮਸ਼ੀਨਾਂ ਆਦਿ ਦੀ ਜ਼ਰੂਰਤ ਹੈ ਤਾਂ ਉਹ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਰਾਹੀਂ ਆਪਣੀ ਮੰਗ ਦੇ ਸਕਦਾ ਹੈ ਜਿਸ ’ਤੇ ਢੁਕਵੀਂ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।

ਮੁੱਖ ਖੇਤੀਬਾੜੀ ਅਫ਼ਸਰ ਦੀਪਇੰਦਰ ਸਿੰਘ ਨੇ ਦੱਸਿਆ ਕਿ ਜ਼ਿਲ੍ਹੇ ਦੇ ਕਿਸਾਨਾਂ ਵਲੋਂ ਪੂਰੀ ਜਾਗਰੂਕਤਾ ਅਪਨਾਉਂਦਿਆਂ ਪਰਾਲੀ ਨਾ ਸਾੜਨ ਦਾ ਸੰਕਲਪ ਲਿਆ ਗਿਆ ਹੈ ਜਿਸ ਸਦਕਾ ਪਿਛਲੇ ਸਾਲਾਂ ਦੌਰਾਨ ਬਹੁਤ ਹੀ ਘੱਟ ਅਜਿਹੇ ਮਾਮਲੇ ਸਾਹਮਣੇ ਆਏ ਸਨ। ਉਨ੍ਹਾਂ ਦੱਸਿਆ ਕਿ ਇਸ ਸੀਜ਼ਨ ਦੌਰਾਨ ਖੇਤਾਂ ਵਿਚ ਅੱਗ ਲਾਉਣ ਦੇ ਮਾਮਲਿਆਂ ਨੂੰ ਸਿਫ਼ਰ ਰੱਖਣ ਲਈ ਪੂਰੀ ਸਰਗਰਮੀ ਨਾਲ ਯਤਨ ਜਾਰੀ ਹਨ ਅਤੇ ਕਿਸਾਨਾਂ ਵਲੋਂ ਹਮੇਸ਼ਾ ਵਾਂਗ ਸਹਿਯੋਗ ਦਿੱਤਾ ਜਾਵੇਗਾ।

# ਪੀ.ਏ.ਯੂ.-ਕ੍ਰਿਸ਼ੀ ਵਿਗਿਆਨ ਕੇਂਦਰ, ਵੱਲੋਂ ਝੋਨੇ ਦੀ ਪਰਾਲੀ ਪ੍ਰਬੰਧਨ ਸਬੰਧੀ ਸਿਖਲਾਈ ਕਰਵਾਈ ਗਈ




**ਹੁਸ਼ਿਆਰਪੁਰ, 20 ਸਤੰਬਰ -ਕੌਮੀ ਪੱਤ੍ਰਿਕਾ ਬਿਊਰੋ-**

ਹਰ ਸਾਲ ਦੀ ਤਰ੍ਹਾਂ ਝੋਨੇ ਦੀ ਪਰਾਲੀ ਨੂੰ ਅੱਗ ਲਾਉਣ ਦੀਆਂ ਘਟਨਾਵਾਂ ਨੂੰ ਠੱਲ੍ਹ ਪਾਉਣ ਲਈ ਕੇਂਦਰ ਤੇ ਰਾਜ ਸਰਕਾਰ ਵੱਲੋਂ ਸੂਬਾ ਤੇ ਜ਼ਿਲਾ ਪੱਧਰ ਤੇ ਮੁਹਿੰਮ ਤੌਰ ਤੇ ਕੰਮ ਕੀਤਾ ਜਾ ਰਿਹਾ ਹੈ। ਇਸੇ ਲੜੀ ਤਹਿਤ ਪੀ.ਏ.ਯੂ.-ਕ੍ਰਿਸ਼ੀ ਵਿਗਿਆਨ ਕੇਂਦਰ, ਬਾਹੋਵਾਲ, ਹੁਸ਼ਿਆਰਪੁਰ ਵੱਲੋਂ ਹੁਸ਼ਿਆਰਪੁਰ-2 ਬਲਾਕ ਦੇ ਪਰਾਲੀ ਪ੍ਰਬੰਧਨ ਮੁਹਿੰਮ ਤਹਿਤ ਅਪਣਾਏ ਪਿੰਡ ਸਲੇਮਪੁਰ ਦੇ ਕਿਸਾਨਾਂ ਲਈ ਪਿੰਡ ਸਲੇਮਪੁਰ ਅਤੇ ਕੇ.ਵੀ.ਕੇ. ਵਿਖੇ ਝੋਨੇ ਦੀ ਪਰਾਲੀ ਪ੍ਰਬੰਧਨ ਬਾਬਤ ਸਿਖਲਾਈ ਕਰਵਾਈ ਗਈ।

ਇਸ ਸਿਖਲਾਈ ਦੀ ਸ਼ੁਰੂਆਤ ਵਿੱਚ ਪੀ.ਏ.ਯੂ.-ਕ੍ਰਿਸ਼ੀ ਵਿਗਿਆਨ ਕੇਂਦਰ, ਹੁਸ਼ਿਆਰਪੁਰ ਦੇ ਸਹਿਯੋਗੀ ਨਿਰਦੇਸ਼ਕ (ਸਿਖਲਾਈ), ਡਾ. ਮਨਿੰਦਰ ਸਿੰਘ ਬੌਂਸ ਨੇ ਪਹੁੰਚੇ ਕਿਸਾਨਾਂ ਨੂੰ ਜੀ ਆਇਆਂ ਕਿਹਾ ਅਤੇ ਝੋਨੇ ਦੀ ਪਰਾਲੀ ਨੂੰ ਅੱਗ ਲਾਉਣ ਨਾਲ ਹੋਣ ਵਾਲੇ ਨੁਕਸਾਨ ਤੇ ਜ਼ਮੀਨ ਦੀ ਸਿਹਤ ਤੇ ਅਸਰ ਬਾਰੇ ਜਾਗਰੂਕ ਕਰਦੇ ਹੋਏ ਅੱਗ ਲਗਾਉਣ ਦੇ ਰੁਝਾਨ ਨੂੰ ਹੋਰ ਘਟਾਉਣ ਲਈ ਲਾਮਬੰਦ ਕੀਤਾ। ਉਨ੍ਹਾਂ ਦੱਸਿਆ ਕਿ ਪਰਾਲੀ ਨੂੰ ਅੱਗ ਲਾਉਣ ਦੇ ਕੇਸ ਸੰਨ 2025 ਵਿੱਚ 29 ਤੋਂ ਘੱਟ ਕੇ 18 ਹੀ ਦਰਜ ਕੀਤੇ ਗਏ ਸੀ। ਡਾ. ਬੌਂਸ ਨੇ ਦੱਸਿਆ ਕਿ ਹੁਸ਼ਿਆਰਪੁਰ ਜ਼ਿਲ੍ਹਾ ਅਗੇਤੇ ਮਟਰ ਅਤੇ ਅਗੇਤੇ ਆਲੂ ਦੀ ਲੁਆਈ ਵਿੱਚ ਮੋਢੀ ਹੈ ਅਤੇ ਕਿਸਾਨ ਵੀਰ ਝੋਨੇ ਦੀ ਵਾਢੀ ਤੋਂ ਬਾਅਦ ਝੋਨੇ ਦੀ ਪਰਾਲੀ ਨੂੰ ਕੁਤਰਨ ਤੇ ਖਿਲਾਰਨ ਲਈ ਪਰਾਲੀ ਵਾਲਾ ਚੌਪਰ/ ਮਲਚਰ ਵਰਤ ਸਕਦੇ ਹਨ ਅਤੇ ਕੁਤਰੀ ਹੋਈ ਪਰਾਲੀ ਨੂੰ ਉਲਟਾਵੇਂ ਹਲਾਂ ਦੀ ਮਦਦ ਨਾਲ ਖੇਤ ਵਿੱਚ ਮਿਲਾਇਆ ਜਾ ਸਕਦਾ ਹੈ।ਇਸ ਤੋਂ ਬਾਅਦ ਰੋਟਾਵੇਟਰ ਜਾਂ ਤਵੀਆਂ ਨਾਲ ਵਾਹ ਕੇ ਖੇਤ ਆਲੂ, ਸਬਜ਼ੀਆਂ ਅਤੇ ਹੋਰ ਫ਼ਸਲਾਂ ਦੀ ਬਿਜਾਈ ਲਈ ਆਸਾਨੀ ਨਾਲ ਤਿਆਰ ਹੋ ਜਾਂਦਾ ਹੈ।ਡਾ. ਬੌਂਸ ਨੇ ਕਿਸਾਨਾਂ ਨੂੰ ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਵਿਖੇ ਮਿਤੀ 18 ਤੇ 19 ਸਤੰਬਰ, 2026 ਨੂੰ ਹੋਣ ਵਾਲੇ ਰਾਜ ਪੱਧਰੀ ਕਿਸਾਨ ਮੇਲੇ ਵਿੱਚ ਭਰਵੀਂ ਸ਼ਮੂਲੀਅਤ ਲਈ ਸੱਦਾ ਵੀ ਦਿੱਤਾ।

ਕੇਂਦਰ ਦੇ ਸਹਿਯੋਗੀ ਪ੍ਰੋਫੈਸਰ (ਪਸ਼ੂ ਵਿਗਿਆਨ), ਡਾ. ਪਰਮਿੰਦਰ ਸਿੰਘ ਨੇ ਪਰਾਲੀ ਵਿੱਚ ਮੌਜੂਦ ਵੱਖ-ਵੱਖ ਤੱਤਾਂ ਦੀ ਮਹਤੱਤਾ ਅਤੇ ਝੋਨੇ ਦੀ ਪਰਾਲੀ ਦੀ ਬਾਇਉ ਗੈਸ ਪਲਾਂਟ, ਖਾਦ, ਊਰਜਾ, ਗੱਤਾ ਉਦਯੋਗ, ਖੁੰਬ ਉਤਪਾਦਨ, ਮਲਚ ਤੇ ਪਸ਼ੂ ਖੁਰਾਕ ਵਜੋਂ ਵਰਤੋਂ ਬਾਰੇ ਜਾਣਕਾਰੀ ਸਾਂਝੀ ਕੀਤੀ।ਉਨ੍ਹਾਂ ਪਸ਼ੂਆਂ ਦੇ ਮੌਸਮੀ ਪ੍ਰਬੰਧਨ ਬਾਰੇ ਵੀ ਗੱਲਬਾਤ ਕੀਤੀ।

ਸਹਾਇਕ ਪ੍ਰੋਫੈਸਰ (ਖੇਤੀਬਾੜੀ ਇੰਜੀਨਿਅਰਿੰਗ), ਡਾ. ਅਜੈਬ ਸਿੰਘ ਨੇ ਝੋਨੇ ਦੀ ਪਰਾਲੀ ਪ੍ਰਬੰਧਨ ਬਾਰੇ ਤਕਨੀਕੀ ਜਾਣਕਾਰੀ ਸਾਂਝੀ ਕੀਤੀ ਅਤੇ ਝੋਨੇ ਦੀ ਪਰਾਲੀ ਪ੍ਰਬੰਧਨ ਸਬੰਧੀ ਮਸ਼ੀਨਰੀ ਦੀ ਉੱਤਮ ਕਾਰਜਕੁਸ਼ਲਤਾ ਸਬੰਧੀ ਪਹਿਲੂਆਂ ਬਾਰੇ ਵੀ ਜਾਣੂੰ ਕਰਵਾਇਆ।ਡਾ. ਅਜੈਬ ਨੇ ਇਸ ਗੱਲ ਤੇ ਵੀ ਜੋਰ ਦਿੱਤਾ ਕਿ ਕਿਸਾਨ ਪਰਾਲੀ ਪ੍ਰਬੰਧਨ ਸਬੰਧਤ ਮਸ਼ੀਨਰੀ ਦੀ ਵਰਤੋਂ ਸਾਂਝੇ ਤੌਰ ਤੇ ਕਰਨ ਤਾਂ ਜੋ ਇਸ ਦਾ ਪੂਰਾ ਫਾਇਦਾ ਲਿਆ ਜਾ ਸਕੇ।

ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਬਲਾਕ ਹੁਸ਼ਿਆਰਪੁਰ-2 ਦੇ ਖੇਤੀ ਵਿਕਾਸ ਅਫਸਰ, ਡਾ. ਧਰਮਵੀਰ ਸ਼ਾਰਦ ਵੱਲੋਂ ਵਿਭਾਗੀ ਕਿਸਾਨ ਭਲਾਈ ਸਕੀਮਾਂ ਬਾਰੇ ਚਾਨਣਾ ਪਾਇਆ ਗਿਆ ਤੇ ਬਲਾਕ ਵਿੱਚ ਬਣਾਏ ਪਰਾਲੀ ਪ੍ਰਬੰਧਨ ਮਸ਼ੀਨਰੀ ਸੈਂਟਰਾਂ ਵਿਖੇ ਉਪਲਬਧ ਮਸ਼ੀਨਰੀ ਨੂੰ ਵੱਧ ਤੋਂ ਵੱਧ ਵਰਤਣ ਲਈ ਪ੍ਰੇਰਿਆ ਗਿਆ।

ਕਿਸਾਨਾਂ ਦੀ ਸਹੂਲਤ ਲਈ ਸਰਦੀ ਦੀਆਂ ਸਬਜੀਆਂ ਦੀਆਂ ਕਿੱਟਾਂ, ਪਸ਼ੂਆਂ ਲਈ ਧਾਤਾਂ ਦਾ ਚੂਰਾ, ਪਸ਼ੂ ਚਾਟ ਇੱਟ ਅਤੇ ਖੇਤੀ ਸਾਹਿੱਤ ਵੀ ਉਪਲਬਧ ਕਰਵਾਇਆ ਗਿਆ।ਕਿਸਾਨਾਂ ਨੇ ਮਾਹਿਰਾਂ ਨਾਲ ਪਰਾਲੀ ਪ੍ਰਬੰਧਨ ਅਤੇ ਫਸਲਾਂ ਦੀ ਕਾਸ਼ਤ ਸਬੰਧੀ ਆਪਣੇ ਖਦਸ਼ਿਆਂ ਬਾਬਤ ਵਿਚਾਰ-ਚਰਚਾ ਵੀ ਕੀਤੀ।

ਅੰਤ ਵਿੱਚ ਪਿੰਡ ਸਲੇਮਪੁਰ ਦੇ ਸਰਪੰਚ ਮੇਜਰ ਸਿੰਘ ਵੱਲੋਂ ਮਾਹਿਰਾਂ ਦਾ ਧੰਨਵਾਦ ਕੀਤਾ ਗਿਆ ਤੇ ਸਮੂਹ ਪਿੰਡ ਵਾਸੀਆ ਵੱਲੋਂ ਇਸ ਮੁਹਿੰਮ ਵਿੱਚ ਪੂਰਣ ਸਹਿਯੋਗ ਦਾ ਭਰੋਸਾ ਦਿੱਤਾ ਗਿਆ।

# ਬਠਿੰਡਾ ਦੇ ਤਿੰਨ ਬਲਾਕਾਂ ਦੀਆਂ ਬਲਾਕ ਪੱਧਰੀ ਖੇਡਾਂ ਸਮਾਪਤ



**ਬਠਿੰਡਾ, 20 ਸਤੰਬਰ -ਕੌਮੀ ਪੱਤ੍ਰਿਕਾ ਬਿਊਰੋ-**

ਮਾਣਯੋਗ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਪ੍ਰਫੁੱਲਤ ਕਰਨ ਅਤੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਕਰਵਾਈਆਂ ਜਾ ਰਹੀਆਂ ‘ਖੇਡਾਂ ਵਤਨ ਪੰਜਾਬ ਦੀਆਂ 2026’ ਤਹਿਤ ਡਿਪਟੀ ਕਮਿਸ਼ਨਰ ਬਠਿੰਡਾ ਸ੍ਰੀ ਰਾਜੇਸ਼ ਧੀਮਾਨ ਦੇ ਦਿਸ਼ਾ ਨਿਰਦੇਸ਼ਾ ਹੇਠ ਜ਼ਿਲ੍ਹਾ ਖੇਡ ਅਫ਼ਸਰ ਬਠਿੰਡਾ ਸ੍ਰ. ਰੁਪਿੰਦਰ ਸਿੰਘ ਬਰਾੜ ਦੀ ਯੋਗ ਅਗਵਾਈ ਵਿੱਚ ਖੇਡ ਵਿਭਾਗ ਬਠਿੰਡਾ ਵੱਲੋਂ ਸਿੱਖਿਆ ਵਿਭਾਗ ਬਠਿੰਡਾ ਦੇ ਵਿਸ਼ੇਸ਼ ਸਹਿਯੋਗ ਨਾਲ ਜ਼ਿਲ੍ਹੇ ਦੇ ਬਠਿੰਡਾ ਕਾਰਪੋਰੇਸ਼ਨ, ਬਲਾਕ ਨਥਾਣਾ ਅਤੇ ਬਲਾਕ ਰਾਮਪੁਰਾ ਦੀਆਂ ਬਲਾਕ ਪੱਧਰੀ ਖੇਡਾਂ ਸਫਲਤਾਪੂਰਵਕ ਸਮਾਪਤ ਹੋਈਆਂ।

ਇਨ੍ਹਾਂ ਖੇਡ ਮੁਕਾਬਲਿਆਂ ਵਿੱਚ ਵੱਖ-ਵੱਖ ਉਮਰ ਵਰਗਾਂ ਦੇ ਖਿਡਾਰੀਆਂ ਨੇ ਵੱਡੀ ਗਿਣਤੀ ਵਿੱਚ ਉਤਸ਼ਾਹ ਨਾਲ ਭਾਗ ਲਿਆ। ਖਿਡਾਰੀਆਂ ਨੇ ਐਥਲੈਟਿਕਸ, ਸ਼ਾਟ ਪੁੱਟ, ਫੁੱਟਬਾਲ ਸਮੇਤ ਵੱਖ-ਵੱਖ ਖੇਡਾਂ ਵਿੱਚ ਆਪਣੀ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਬਲਾਕ ਪੱਧਰ ਦੇ ਇਨ੍ਹਾਂ ਮੁਕਾਬਲਿਆਂ ਦੌਰਾਨ ਖਿਡਾਰੀਆਂ ਅਤੇ ਖੇਡ ਪ੍ਰੇਮੀਆਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ।

ਬਲਾਕ ਬਠਿੰਡਾ ਕਾਰਪੋਰੇਸ਼ਨ ਦੇ ਨਤੀਜਿਆਂ ਅਨੁਸਾਰ ਸ਼ਾਟ ਪੁੱਟ ਅੰਡਰ-21 ਤੋਂ 30 ਲੜਕੀਆਂ ਦੇ ਮੁਕਾਬਲੇ ਵਿੱਚ ਦਿਕਸ਼ਦੀਪ ਕੌਰ ਨੇ ਪਹਿਲਾ, ਲਖਵੀਰ ਕੌਰ ਨੇ ਦੂਜਾ ਅਤੇ ਸ਼ੀਤਲ ਕੁਮਾਰੀ ਨੇ ਤੀਜਾ ਸਥਾਨ ਹਾਸਲ ਕੀਤਾ। 60 ਮੀਟਰ ਅੰਡਰ-17 ਲੜਕੀਆਂ ਦੇ ਮੁਕਾਬਲੇ ਵਿੱਚ ਸੁਖਮਨਦੀਪ ਕੌਰ ਨੇ ਪਹਿਲਾ ਅਤੇ ਪ੍ਰੀਆ ਕੁਮਾਰੀ ਨੇ ਦੂਜਾ ਸਥਾਨ ਪ੍ਰਾਪਤ ਕੀਤਾ।ਇਸੇ ਤਰ੍ਹਾਂ 400 ਮੀਟਰ ਦੌੜ 41-50 ਉਮਰ ਵਰਗ ਵਿੱਚ ਗੁਰਪਿੰਦਰ ਕੌਰ ਨੇ ਪਹਿਲਾ ਅਤੇ ਸੁਮੇਰ ਕੁਮਾਰੀ ਨੇ ਦੂਜਾ ਸਥਾਨ ਹਾਸਲ ਕੀਤਾ। 800 ਮੀਟਰ ਦੌੜ ਵਿੱਚ ਭੁਪਿੰਦਰ ਕੌਰ ਨੇ ਪਹਿਲਾ ਅਤੇ ਰਾਜਵਿੰਦਰ ਕੌਰ ਨੇ ਦੂਜਾ ਸਥਾਨ ਪ੍ਰਾਪਤ ਕੀਤਾ। 100 ਮੀਟਰ ਦੌੜ 41-50 ਉਮਰ ਵਰਗ ਵਿੱਚ ਅਨੀਤਾ ਪਾਲ ਨੇ ਪਹਿਲਾ ਅਤੇ ਮਮਤਾ ਦੇਵੀ ਨੇ ਦੂਜਾ ਸਥਾਨ ਹਾਸਲ ਕੀਤਾ। ਸ਼ਾਟ ਪੁੱਟ ਅੰਡਰ-21 ਲੜਕੀਆਂ ਦੇ ਮੁਕਾਬਲੇ ਵਿੱਚ ਜੈ ਸ੍ਰੀ ਨੇ ਪਹਿਲਾ ਅਤੇ ਜਸਪ੍ਰੀਤ ਕੌਰ ਨੇ ਦੂਜਾ ਸਥਾਨ ਹਾਸਲ ਕੀਤਾਸ਼ਾਟ ਪੁੱਟ 31-40 ਉਮਰ ਵਰਗ ਵਿੱਚ ਰਜਨੀ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ, ਜਦਕਿ ਸ਼ਾਟ ਪੁੱਟ 41-50 ਉਮਰ ਵਰਗ ਵਿੱਚ ਪਰਮਜੀਤ ਕੌਰ ਨੇ ਪਹਿਲਾ ਅਤੇ ਸੁਮਿੰਦਰ ਕੌਰ ਨੇ ਦੂਜਾ ਸਥਾਨ ਹਾਸਲ ਕੀਤਾ। ਇਸ ਤੋਂ ਇਲਾਵਾ ਅੰਡਰ-21 ਫੁੱਟਬਾਲ ਮੁਕਾਬਲੇ ਵਿੱਚ ਬਠਿੰਡਾ ਏ ਟੀਮ ਨੇ ਪਹਿਲਾ ਅਤੇ ਬਠਿੰਡਾ ਸਟੇਡੀਅਮ ਟੀਮ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਜੇਤੂ ਖਿਡਾਰੀਆਂ ਨੂੰ ਉਨ੍ਹਾਂ ਦੇ ਸ਼ਾਨਦਾਰ ਪ੍ਰਦਰਸ਼ਨ ਲਈ ਵਧਾਈ ਦਿੱਤੀ ਗਈ।

ਬਲਾਕ-ਰਾਮਪੁਰਾ ਨੈਸ਼ਨਲ ਸਟਾਈਲ ਕਬੱਡੀ ਫਾਈਨਲ ਮੈਚ ਅੰਡਰ 17 ਪਹਿਲੀ ਪੁਜੀਸ਼ਨ -ਕੋਟੜਾ ਕੌੜਾ, ਦੂਜੀ ਪੁਜੀਸ਼ਨ -ਪਿੰਡ ਬਲਿਆਂਵਾਲੀ ਨੇ ਕੀਤੀ। ਬਲਾਕ ਰਾਮਪੁਰਾ ਵਾਲੀਬਾਲ ਸਮੈਸਿੰਗ ਅੰਡਰ 14 ਲੜਕੇ ਵਿਚ ਬਾਲਿਆਂਵਾਲੀ ਪਿੰਡ ਨੇ ਪਹਿਲਾ ਅਤ ਬਾਲਿਆਂਵਾਲੀ ਕਲੱਬ ਨੇ ਦੂਸਰਾ ਸਥਾਨ ਲਿਆ। ਵਾਲੀਬਾਲ ਅੰਡਰ 17 ਵਿਚ ਮੰਡੀ ਨੇ ਪਹਿਲਾ ਅਤੇ ਢੱਡੇ ਨੇ ਦੂਸਰਾ ਸਥਾਨ ਹਾਸਿਲ ਕੀਤਾ। ਅੰਡਰ 21 ਵਿਚ ਮੰਡੀ ਕਲਾਂ ਨੇ ਪਹਿਲਾ, 21-30 ਉਮਰ ਵਰਗ ਵਿਚ ਮੰਡੀ ਕਲਾਂ ਨੇ ਪਹਿਲਾ ਸਥਾਨ ਲਿਆ। ਬਲਾਕ ਰਾਮਪੁਰਾ ਫੁਟਬਾਲ ਅੰਡਰ 17 ਲੜਕੇ ਵਿਚ ਡੀ ਐਮ ਸਕੂਲ ਨੇ ਪਹਿਲਾ ਅਤੇ ਮੰਡੀ ਕਲਾਂ ਨੇ ਦੂਸਰਾ ਸਥਾਨ ਲਿਆ।ਇਸ ਮੌਕੇ ਖੇਡ ਵਿਭਾਗ ਦੇ ਅਧਿਕਾਰੀਆਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ‘ਖੇਡਾਂ ਵਤਨ ਪੰਜਾਬ ਦੀਆਂ’ ਰਾਹੀਂ ਪਿੰਡਾਂ ਅਤੇ ਸ਼ਹਿਰਾਂ ਦੇ ਖਿਡਾਰੀਆਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਲਈ ਵੱਡਾ ਮੰਚ ਮੁਹੱਈਆ ਕਰਵਾਇਆ ਜਾ ਰਿਹਾ ਹੈ। ਇਨ੍ਹਾਂ ਖੇਡਾਂ ਦਾ ਉਦੇਸ਼ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਦੇ ਨਾਲ-ਨਾਲ ਉਨ੍ਹਾਂ ਵਿੱਚ ਅਨੁਸ਼ਾਸਨ, ਟੀਮ ਭਾਵਨਾ ਅਤੇ ਮੁਕਾਬਲੇ ਦੀ ਭਾਵਨਾ ਪੈਦਾ ਕਰਨਾ ਵੀ ਹੈ।

## ਪੰਜਾਬ ਖੇਡ ਯੂਨੀਵਰਸਿਟੀ ਵੱਲੋਂ ਬਜ਼ੁਰਗਾਂ ਦੀ ਸਿਹਤ ਤੰਦਰੁਸਤੀ ਲਈ ਕੈਂਪ 21 ਤੋਂ- ਵੀਸੀ ਪ੍ਰੋ. ਗਿੱਲ



**ਪਟਿਆਲਾ, 20 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮਹਾਰਾਜਾ ਭੂਪਿੰਦਰ ਸਿੰਘ ਪੰਜਾਬ ਸਪੋਰਟਸ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ ਪੁਸ਼ਪਿੰਦਰ ਸਿੰਘ ਗਿੱਲ ਨੇ ਦੱਸਿਆ ਹੈ ਕਿ ਪੰਜਾਬ ਸਪੋਰਟਸ ਯੂਨੀਵਰਸਿਟੀ' ਵੱਲੋਂ ਬਜ਼ੁਰਗਾਂ ਦੀ ਸਿਹਤ, ਤੰਦਰੁਸਤੀ ਅਤੇ ਮਾਨਸਿਕ ਤਣਾਅ ਤੋਂ ਮੁਕਤ ਜੀਵਨ ਸ਼ੈਲੀ ਨੂੰ ਖੁਸ਼ਹਾਲ ਬਣਾਉਣ ਦੇ ਤਰੀਕੇ ਲੱਭਣ ਲਈ ਮਿਤੀ 21 ਸਤੰਬਰ 2026 ਤੋਂ 30 ਸਤੰਬਰ 2026 ਤੱਕ 'ਦਾ 10 ਦਿਨਾਂ ਕੈਂਪ ਉਲੀਕਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਕੈਂਪ ਦਾ ਸਮਾਂ ਬਾਅਦ ਦੁਪਹਿਰ 03 ਵਜੇ ਤੋਂ ਸ਼ਾਮ 05 ਵਜੇ ਤੱਕ ਨਿਰਧਾਰਤ ਕੀਤਾ ਗਿਆ ਹੈ ਅਤੇ ਇਸ ਦਾ ਮੁੱਖ ਉਦੇਸ਼ ਵੱਡੀ ਉਮਰ ਦੇ ਵਿਅਕਤੀਆਂ ਲਈ ਇੱਕ ਸੁਰੱਖਿਅਤ, ਸੁਖਦਾਇਕ ਅਤੇ ਸਰਗਰਮ ਵਾਤਾਵਰਣ ਤਿਆਰ ਕਰਨਾ ਹੈ ਜਿੱਥੇ ਉਹ ਸਧਾਰਨ ਅਤੇ ਵਿਗਿਆਨਕ ਤੌਰ 'ਤੇ ਪ੍ਰਸਤਾਵਿਤ ਜਾਣਕਾਰੀ, ਸਰੀਰਕ ਕਸਰਤ, ਸਮਾਜਿਕ ਮੇਲ-ਮਿਲਾਪ, ਰਚਨਾਤਮਕ ਗਤੀਵਿਧੀਆਂ ਰਾਹੀਂ ਆਪਣੇ ਜੀਵਨ ਵਿੱਚ ਨਵੀਂ ਊਰਜਾ ਮਹਿਸੂਸ ਕਰ ਸਕਣ।

ਵਾਈਸ ਚਾਂਸਲਰ ਡਾ. ਪੁਸ਼ਪਿੰਦਰ ਸਿੰਘ ਗਿੱਲ ਨੇ ਅੱਗੇ ਦੱਸਿਆ ਕਿ ਉਮਰ ਦਾ ਵਧਣਾ ਜੀਵਨ ਦੀ ਕੁਦਰਤੀ ਪ੍ਰਕਿਰਿਆ ਹੈ, ਪਰ ਉਤਸ਼ਾਹਜਨਕ, ਤੰਦਰੁਸਤ ਅਤੇ ਖੁਸ਼ਹਾਲ ਰਹਿਣਾ ਹਰ ਉਮਰ ਦੀ ਲੋੜ ਹੁੰਦੀ ਹੈ। ਇਸ ਲਈ ਅਸੀਂ ਸਾਡੇ ਬਜ਼ੁਰਗਾਂ ਦੀ ਤੰਦਰੁਸਤੀ ਵੱਲ ਵਿਸ਼ੇਸ਼ ਧਿਆਨ ਦੇਣ ਦਾ ਛੋਟਾ ਜਿਹਾ ਉਪਰਾਲਾ ਕੀਤਾ ਹੈ। ਉਹਨਾਂ ਦੇ ਜੀਵਨ ਢੰਗ ਨੂੰ ਵਧੀਆ ਬਣਾਉਣ ਲਈ ਯੂਨੀਵਰਸਿਟੀ ਦੇ ਵੱਖ-ਵੱਖ ਵਿਸ਼ਿਆਂ ਦੇ ਮਾਹਿਰਾਂ ਵੱਲੋਂ ਉਹਨਾਂ ਨੂੰ ਰੋਜ਼ਾਨਾ, ਦੀਆਂ ਵੱਖ-ਵੱਖ ਬੀਮਾਰੀਆਂ ਜਿਵੇਂ ਡਾਇਲਸਿਸ, ਬਲੱਡ ਪ੍ਰੈਸ਼ਰ, ਸ਼ੂਗਰ, ਕਿਸੇ ਵੀ ਤਰ੍ਹਾਂ ਦੀ ਸਰਜਰੀ ਆਦਿ ਨੂੰ ਧਿਆਨ ਵਿੱਚ ਰੱਖਦੇ ਹੋਏ ਉਹਨਾਂ ਦੀ ਸੁਵਿਧਾ ਅਤੇ ਲੋੜ ਮੁਤਾਬਿਕ ਖਾਣ-ਪੀਣ ਦੀਆਂ ਆਦਤਾਂ ਨੂੰ ਨਿਰਧਾਰਤ ਕਰਨ ਸਬੰਧੀ ਜਾਗਰੂਕ ਕੀਤਾ ਜਾਵੇਗਾ। ਇਸ ਤੋਂ ਇਲਾਵਾ ਬਜ਼ੁਰਗਾਂ ਦੇ ਮਾਨਸਿਕ ਤਣਾਅ ਨੂੰ ਘੱਟ ਕਰਨ ਲਈ ਕੌਂਸਲਰਾਂ ਦੀ ਟੀਮ ਦੁਆਰਾ ਉਹਨਾਂ ਦੀ ਲੋੜੀਂਦੀ ਕੌਂਸਲਿੰਗ ਕਰ ਕੇ ਖੇਡਾਂ ਦੀਆਂ ਰਚਨਾਤਮਕ ਕ੍ਰਿਆਵਾਂ ਵੀ ਕਰਵਾਈਆਂ ਜਾਣਗੀਆਂ।

## ਖੇਡਾਂ ਵਤਨ ਪੰਜਾਬ ਦੀਆਂ 2026 ਤਹਿਤ 9ਵੇਂ ਦਿਨ ਦੀਆਂ ਬਲਾਕ ਪੱਧਰੀ ਖੇਡਾਂ ਕਰਵਾਈਆਂ ਗਈਆਂ

**ਪਟਿਆਲਾ, 20 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਖੇਡਾਂ ਵਤਨ ਪੰਜਾਬ ਦੀਆਂ ਦੇ 9ਵੇਂ ਦਿਨ ਪਟਿਆਲਾ ਦੇ ਤਿੰਨ ਬਲਾਕਾਂ ਸਮਾਣਾ, ਪਾਤੜਾਂ ਅਤੇ ਭੁਨਰਹੇੜੀ ਵਿਖੇ ਬਲਾਕ ਪੱਧਰੀ ਖੇਡਾਂ ਕਰਵਾਈਆ ਗਈਆਂ । ਜਿਹਨਾਂ ਵਿੱਚ ਵੱਖ-ਵੱਖ ਉਮਰ ਵਰਗ ਵਿੱਚ ਐਥਲੈਟਿਕਸ, ਫੁੱਟਬਾਲ, ਖੋ-ਖੋ, ਕਬੱਡੀ ਨੈਸ਼ਨਲ ਸਟਾਇਲ, ਕਬੱਡੀ ਸਰਕਲ ਸਟਾਇਲ, ਵਾਲੀਬਾਲ ਸ਼ੂਟਿੰਗ ਅਤੇ ਵਾਲੀਬਾਲ ਸਮੈਸ਼ਿੰਗ ਖੇਡਾਂ ਕਰਵਾਈਆਂ ਗਈਆਂ। ਇਸਦੇ ਨਾਲ ਹੀ ਨਾਭਾ, ਸ਼ੰਭੂ ਕਲਾਂ, ਸਨੌਰ, ਘਨੌਰ, ਭੁਨਰਹੇੜੀ ਬਲਾਕਾਂ ਵਿੱਚ ਟੈਨਿਸ ਬਾਲ ਕ੍ਰਿਕਟ ਗੇਮ ਵੀ ਕਰਵਾਈ ਗਈ।

ਇਹਨਾਂ ਖੇਡਾਂ ਬਾਰੇ ਜਾਣਕਾਰੀ ਦਿੰਦਿਆਂ ਜਿਲ੍ਹਾ ਖੇਡ ਅਫਸਰ, ਨਵਜੋਤ ਸਿੰਘ ਧਾਲੀਵਾਲ ਨੇ ਦੱਸਿਆ ਕਿ ਬਲਾਕ ਸਮਾਣਾ ਵਿਖੇ ਬਲਾਕ ਪੱਧਰੀ ਖੇਡਾਂ ਦੌਰਾਨ ਸ੍ਰ. ਸੁਰਜੀਤ ਸਿੰਘ ਰੱਖੜਾ, ਸੀਨੀਅਰ ਆਪ ਆਗੂ ਨੇ ਸ਼ਿਰਕਤ ਕੀਤੀ। ਬਲਾਕ ਪਾਤੜਾਂ ਵਿਖੇ ਸ੍ਰੀਮਤੀ ਵਨਿੰਦਰ ਕੌਰ ਲੂੰਬਾ ਸੀਨੀਅਰ ਆਗੂ ਆਮ ਆਦਮੀ ਪਾਰਟੀ ਨੇ ਖਿਡਾਰੀਆਂ ਦੀ ਹੌਸਲਾ ਅਫਜਾਈ ਕੀਤੀ।



ਬਲਾਕ ਭੁਨਰਹੇੜੀ ਵਿਖੇ ਉਮਰ ਵਰਗ ਅੰਡਰ-14 ਲੜਕੇ ਗੇਮ ਫੁੱਟਬਾਲ ਵਿੱਚ ਪੀ.ਐਮ.ਸ੍ਰੀ ਨਵੋਦਿਆ ਵਿਦਿਆਲਿਆ ਟੀਮ ਏ ਨੇ ਪਹਿਲਾ ਸਥਾਨ ਅਤੇ ਜੇ.ਐਨ.ਵੀ ਨਵੋਦਿਆ ਵਿਦਿਆਲਿਆ ਟੀਮ ਬੀ ਨੇ ਦੂਸਰਾ ਸਥਾਨ ਹਾਸਲ ਕਰਕੇ ਜਿੱਤ ਪ੍ਰਾਪਤ ਕੀਤੀ। ਵਾਲੀਬਾਲ ਸਮੈਸ਼ਿੰਗ ਅੰਡਰ-14 ਲੜਕਿਆਂ ਵਿੱਚ ਗੁਰੂ ਗੋਬਿੰਦ ਸਿੰਘ ਦੁੱਧਨ ਕਲਾਂ ਟੀਮ ਏ ਨੇ ਪਹਿਲਾ ਸਥਾਨ, ਡਾ . ਬੀ.ਐਮ.ਸੰਧੂ ਸਕੂਲ ਦੀ ਟੀਮ ਨੇ ਦੂਸਰਾ ਸਥਾਨ ਅਤੇ ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ ਦੀ ਟੀਮ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ਅੰਡਰ -17 ਲੜਕਿਆਂ ਵਿੱਚ ਗੁਰੂ ਗੋਬਿੰਦ ਸਿੰਘ ਦੁੱਧਨ ਕਲਾਂ ਅਕੈਡਮੀ ਟੀਮ ਏ ਨੇ ਪਹਿਲਾ ਸਥਾਨ , ਗੁਰੂ ਗੋਬਿੰਦ ਸਿੰਘ ਦੁੱਧਨ ਕਲਾਂ ਅਕੈਡਮੀ ਟੀਮ ਬੀ ਨੇ ਦੂਸਰਾ ਸਥਾਨ ਅਤੇ ਜੇ.ਐਨ.ਵੀ ਨਵੋਦਿਆ ਸਕੂਲ ਦੀ ਟੀਮ ਨੇ ਤੀਸਰਾ ਸਥਾਨ ਹਾਸਲ ਕੀਤਾ। ਅੰਡਰ-21 ਲੜਕਿਆਂ ਵਿੱਚ ਗੁਰੂ ਗੋਬਿੰਦ ਸਿੰਘ ਅਕੈਡਮੀ ਦੁੱਧਨ ਕਲਾਂ ਟੀਮ ਏ ਨੇ ਪਹਿਲਾ ਸਥਾਨ, ਗੁਰੂ ਗੋਬਿੰਦ ਸਿੰਘ ਅਕੈਡਮੀ ਦੁੱਧਨ ਕਲਾਂ ਟੀਮ ਬੀ ਨੇ ਦੂਸਰਾ ਸਥਾਨ ਅਤੇ ਸਵਾਈ ਸਿੰਘ ਵਾਲਾ ਦੀ ਟੀਮ ਨੇ ਤੀਸਰਾ ਸਥਾਨ ਪ੍ਰਾਪਤ ਕਰਕੇ ਸ਼ਾਨਦਾਰ ਜਿੱਤ ਪ੍ਰਾਪਤ ਕੀਤੀ। ਕਬੱਡੀ ਸਰਕਲ ਸਟਾਇਲ ਉਮਰ ਵਰਗ ਅੰਡਰ-21 ਲੜਕੀਆਂ ਵਿੱਚ ਸ਼ਹੀਦ ਭਗਤ ਸਿੰਘ ਸਪੋਰਟਸ ਕਲੱਬ ਭੁਨਰਹੇੜੀ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਅੰਡਰ-14 ਲੜਕਿਆਂ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਹਡਾਣਾ ਦੀ ਟੀਮ ਨੇ ਪਹਿਲਾ ਸਥਾਨ ਹਾਸਲ ਕੀਤਾ। ਅੰਡਰ-17 ਲੜਕਿਆਂ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਹਡਾਣਾ ਨੇ ਪਹਿਲਾ ਸਥਾਨ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਭੁਨਰਹੇਈ ਨੇ ਦੂਸਰਾ ਸਥਾਨ ਹਾਸਲ ਕੀਤਾ।

ਬਲਾਕ ਸਮਾਣਾ ਉਮਰ ਵਰਗ 21-30 ਮੈਨ ਈਵੈਂਟ ਲੌਂਗ ਜੰਪ ਵਿੱਚ ਜੋਰਾਵਰ ਸਿੰਘ ਨੇ ਪਹਿਲਾ ਸਥਾਨ, ਮਨਿੰਦਰ ਸਿੰਘ ਨੇ ਦੂਸਰਾ ਸਥਾਨ ਅਤੇ ਲਖਵੀਰ ਸਿੰਘ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ਸ਼ਾਟਪੁੱਟ ਅੰਡਰ-17 ਲੜਕੀਆਂ ਵਿੱਚ ਹਰਸ਼ਇੰਦਰ ਕੌਰ ਨੇ ਪਹਿਲਾ ਸਥਾਨ, ਸਿਮਰਨਦੀਪ ਕੌਰ ਨੇ ਦੂਸਰਾ ਸਥਾਨ ਅਤੇ ਸੁਖਮਨਪ੍ਰੀਤ ਕੌਰ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ ਅੰਡਰ -14 ਲੜਕੀਆ ਵਿੱਚ ਕਰਮਦੀਪ ਕੌਰ ਨੇ ਪਹਿਲਾ ਸਥਾਨ ਅਤੇ ਇੰਦਰਪਾਲ ਕੌਰ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ।

ਟੈਨਿਸ ਬਾਲ ਕ੍ਰਿਕਟ ਵਿੱਚ ਬਲਾਕ ਸਨੌਰ ਵਿਖੇ ਸਨੌਰ ਸਟੇਡੀਅਮ ਦੀ ਟੀਮ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਘਨੌਰ ਦੀ ਟੀਮ ਨੂੰ ਹਰਾਇਆ, ਧਰਮਕੋਟ ਦੀ ਟੀਮ ਨੇ ਸਿਰਕੱਪੜਾ ਦੀ ਟੀਮ ਨੂੰ ਹਰਾਇਆ, ਰੈਡ ਕਾਲੀਪ ਸਕੂਲ ਦੀ ਟੀਮ ਨੇ ਸੇਂਟ ਮੇਰੀਜ ਸਕੂਲ ਦੀ ਟੀਮ ਨੂੰ ਹਰਾ ਕੇ ਸ਼ਾਨਦਾਰ ਜਿੱਤ ਦਰਜ ਕੀਤੀ। ਬਲਾਕ ਘਨੌਰ ਵਿਖੇ ਸਿੰਘਪੁਰਾ ਸਕੂਲ ਦੀ ਟੀਮ ਨੇ ਜੈਸਪਰ ਸਕੂਲ ਘਨੌਰ ਦੀ ਟੀਮ ਨੂੰ 25 ਸਕੋਰਾਂ ਨਾਲ ਹਰਾ ਕੇ ਸ਼ਾਨਦਾਰ ਜਿੱਤ ਹਾਸਲ ਕੀਤੀ।

ਸ਼ੇਰੇ ਪੰਜਾਬ ਕਲੱਬ ਘਨੌਰ ਦੀ ਟੀਮ ਨੇ ਯੂਨੀਵਰਸਿਟੀ ਕਾਲਜ ਘਨੌਰ ਦੀ ਟੀਮ ਨੂੰ 9 ਵਿਕਟਾਂ ਨਾਲ ਹਰਾਇਆ। ਬਲਾਕ ਨਾਭਾ ਵਿਖੇ ਮਾਡਰਨ ਸਕੂਲ ਨਾਭਾ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਧਾਰੋਂਕੀ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਕਰਾਲਾ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੀਨਾਹੇੜੀ ਨੇ ਜਿੱਤ ਪ੍ਰਾਪਤ ਕੀਤੀ।

## 70ਵੀਆਂ ਅੰਤਰ ਜ਼ਿਲ੍ਹਾ ਸਕੂਲ ਖੇਡਾਂ 'ਚ ਲੜਕਿਆਂ ਦੇ ਅੰਡਰ-17 ਬਾਕਸਿੰਗ ਦੇ ਮੁਕਾਬਲਿਆਂ ਦਾ ਹੋਇਆ ਆਗਾਜ਼



**ਪਟਿਆਲਾ, 20 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਸਿੱਖਿਆ ਅਫਸਰ ਸ਼ਾਲੂ ਮਹਿਰਾ ਦੀ ਯੋਗ ਅਗਵਾਈ ਤੇ ਉਪ ਜਿਲ੍ਹਾ ਸਿੱਖਿਆ ਅਫਸਰ ਡਾ ਰਵਿੰਦਰਪਾਲ ਸ਼ਰਮਾਂ ਦੇ ਦਿਸ਼ਾ ਨਿਰਦੇਸ਼ ਅਨੁਸਾਰ ਅਤੇ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਡਾ.ਦਲਜੀਤ ਸਿੰਘ ਤੇ ਜ਼ਿਲ੍ਹਾ ਸਕੂਲ ਟੂਰਨਾਮੈਂਟ ਕਮੇਟੀ ਦੇ ਸਕੱਤਰ ਚਰਨਜੀਤ ਸਿੰਘ ਭੁੱਲਰ ਦੇ ਤਾਲਮੇਲ ਨਾਲ ਅੰਡਰ-17 ਲੜਕਿਆਂ ਦੇ ਬਾਕਸਿੰਗ ਦੇ ਮੁਕਾਬਲਿਆਂ ਦਾ ਆਗਾਜ਼ ਪੀਐਮ ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਮਲਟੀਪਰਪਜ਼ ਪਾਸੀ ਰੋਡ ਪਟਿਆਲਾ ਵਿਖੇ ਹੋਇਆ।ਪਿ?ਸੀਪਲ ਜਸਪਾਲ ਸਿੰਘ ਅਤੇ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਡਾ.ਦਲਜੀਤ ਸਿੰਘ ਨੇ ਉਚੇਚੇ ਤੌਰ 'ਤੇ ਪਹੁੰਚ ਕੇ ਖਿਡਾਰੀਆਂ ਨੂੰ ਅਸ਼ੀਰਵਾਦ ਦਿੱਤਾ। ਇਸ ਅੰਤਰ ਜ਼ਿਲ੍ਹਾ ਟੂਰਨਾਮੈਂਟ ਵਿੱਚ ਵੱਖ-ਵੱਖ ਜ਼ਿਲਿਆਂ ਦੇ ਤਕਰੀਬਨ 300 ਖਿਡਾਰੀ ਹਿੱਸਾ ਲੈ ਰਹੇ ਹਨ।

ਇਸ ਮੌਕੇ ਤੇ ਰਜਿਸਟਰੇਸ਼ਨ ਕਮੇਟੀ ਇੰਚਾਰਜ ਕੁਮਾਰੀ ਹੇਮਾ ਸ਼ੇਖੂਪੁਰ,ਮੈਸ ਕਮੇਟੀ ਇੰਚਾਰਜ ਪਿ?ਸੀਪਲ ਰਾਜ ਕੁਮਾਰ ਨੌਗਾਵਾਂ,ਮੈਡੀਕਲ ਕਮੇਟੀ ਇੰਚਾਰਜ ਪਿ?ਸੀਪਲ ਰਾਜੇਸ਼ ਗਰਗ,ਗੁਰਵਿੰਦਰ ਸਿੰਘ ਸੰਧੂ, ਦਿਨੇਸ਼ ਕੁਮਾਰ ਕੋਚ,ਅਨਿਲ ਕੁਮਾਰ,ਬਿਕਰਮਜੀਤ ਸਿੰਘ, ਸਾਰੇ ਹੀ ਜੋਨਲ ਸਕੱਤਰ ਅਤੇ ਪ੍ਰੈਸ ਇੰਚਾਰਜ ਜਸਵਿੰਦਰ ਸਿੰਘ ਹਾਜਰ ਸਨ।

## ਚੰਡੀਗੜ੍ਹ ਪ੍ਰਸ਼ਾਸਨ ਦੇ ਇੰਜੀਨੀਅਰਿੰਗ ਵਿਭਾਗ ਵੱਲੋਂ 'ਇੰਜੀਨੀਅਰਸ ਦਿਵਸ' ਮਨਾਇਆ



**ਚੰਡੀਗੜ੍ਹ, 20 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਚੰਡੀਗੜ੍ਹ ਪ੍ਰਸ਼ਾਸਨ ਦੇ ਇੰਜੀਨੀਅਰਿੰਗ ਵਿਭਾਗ ਵੱਲੋਂ ਮਹਾਨ ਇੰਜੀਨੀਅਰ ਅਤੇ ਭਾਰਤ ਰਤਨ ਪੁਰਸਕਾਰ ਜੇਤੂ ਸਰ ਮੋਕਸ਼ਗੁੰਡਮ ਵਿਸ਼ਵੇਸ਼ਵਰੈਯਾ ਨੂੰ ਉਨ੍ਹਾਂ ਦੀ ਜਨਮ ਵਰ੍ਹੇਗੰਢ 'ਤੇ ਸ਼ਰਧਾਂਜਲੀ ਅਰਪਿਤ ਕਰਨ ਹਿਤ ਡੀਲਕਸ ਬਿਲਡਿੰਗ, ਸੈਕਟਰ 9, ਚੰਡੀਗੜ੍ਹ ਵਿਖੇ 'ਇੰਜੀਨੀਅਰਸ ਦਿਵਸ' ਮਨਾਇਆ ਗਿਆ। ਇੰਜੀਨੀਅਰਿੰਗ, ਰਾਸ਼ਟਰ-ਨਿਰਮਾਣ ਅਤੇ ਲੋਕ ਸੇਵਾ ਦੇ ਖੇਤਰ ਵਿੱਚ ਉਨ੍ਹਾਂ ਦੇ ਅਤੁੱਲ ਯੋਗਦਾਨ ਨੂੰ ਸੰਪੂਰਨ ਦੇਸ਼ ਵਿੱਚ ਯਾਦ ਕੀਤਾ ਜਾਂਦਾ ਹੈ। ਇਹ ਸਮਾਗਮ ਯੂ.ਟੀ. ਚੰਡੀਗੜ੍ਹ ਦੇ ਚੀਫ਼ ਇੰਜੀਨੀਅਰ ਸ਼੍ਰੀ ਸੀ.ਬੀ. ਓਝਾ ਦੀ ਗਰਿਮਾਮਈ ਮੌਜੂਦਗੀ ਵਿੱਚ ਆਯੋਜਿਤ ਹੋਇਆ। ਇਸ ਵਿੱਚ ਇੰਜੀਨੀਅਰਿੰਗ ਵਿਭਾਗ ਦੇ ਸੁਪਰਡੈਂਟਿੰਗ ਇੰਜੀਨੀਅਰਾਂ, ਕਾਰਜਕਾਰੀ ਇੰਜੀਨੀਅਰਾਂ ਅਤੇ ਉਪ-ਮੰਡਲ ਇੰਜੀਨੀਅਰਾਂ ਨੇ ਹਿੱਸਾ ਲਿਆ।

ਇਸ ਅਵਸਰ 'ਤੇ ਰਾਸ਼ਟਰ-ਨਿਰਮਾਣ ਅਤੇ ਸ਼ਹਿਰ ਦੇ ਬੁਨਿਆਦੀ ਢਾਂਚੇ ਦੇ ਵਿਕਾਸ ਵਿੱਚ ਇੰਜੀਨੀਅਰਾਂ ਦੇ ਯੋਗਦਾਨ ਨੂੰ ਰੇਖਾਂਕਿਤ ਕੀਤਾ ਗਿਆ। ਅਧਿਕਾਰੀਆਂ ਨੇ ਯੂ.ਟੀ. ਚੰਡੀਗੜ੍ਹ ਵਿੱਚ ਇੰਜੀਨੀਅਰਿੰਗ ਸੇਵਾਵਾਂ ਨੂੰ ਹੋਰ ਮਜ਼ਬੂਤ ਬਣਾਉਣ ਲਈ ਸਮਰਪਣ, ਇਨੋਵੇਸ਼ਨ ਅਤੇ ਪੇਸ਼ੇਵਰਾਨਾ ਦਕਸ਼ਤਾ ਨਾਲ ਕਾਰਜ ਕਰਦੇ ਰਹਿਣ ਦਾ ਸੰਕਲਪ ਲਿਆ। ਪ੍ਰੋਗਰਾਮ ਦੇ ਦੌਰਾਨ ਇੰਜੀਨੀਅਰਿੰਗ ਵਿਭਾਗ ਦੇ ਅਧਿਕਾਰੀਆਂ ਨੇ ਟਿਕਾਊ ਵਿਕਾਸ, ਨਵੀਆਂ ਟੈਕਨੋਲੋਜੀਆਂ ਨੂੰ ਅਪਣਾਉਣ ਅਤੇ ਪ੍ਰੋਜੈਕਟਾਂ ਨੂੰ ਗੁਣਵੱਤਾਪੂਰਨ ਅਤੇ ਸਮਾਂਬੱਧ ਢੰਗ ਨਾਲ ਪੂਰਾ ਕਰਨ ਦੀ ਜ਼ਰੂਰਤ ਬਾਰੇ ਆਯੋਜਿਤ ਵਿਚਾਰ-ਵਟਾਂਦਰੇ ਵਿੱਚ ਸਰਗਰਮੀ ਨਾਲ ਹਿੱਸਾ ਲਿਆ।

## ਪ੍ਰਧਾਨ ਮੰਤਰੀ ਆਦਰਸ਼ ਗ੍ਰਾਮ ਯੋਜਨਾ ਤਹਿਤ ਮਾਲੇਰਕੋਟਲਾ ਦੇ 32 ਪਿੰਡਾਂ ਦੇ ਵਿਕਾਸ 'ਤੇ ਖਰਚੇ ਜਾਣਗੇ ਕਰੀਬ 6 ਕਰੋੜ 40 ਲੱਖ ਰੁਪਏ-ਵਿਰਾਜ ਐਸ. ਤਿੜਕੇ

**ਮਲੇਰਕੋਟਲਾ, 20 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪ੍ਰਧਾਨ ਮੰਤਰੀ ਆਦਰਸ਼ ਗ੍ਰਾਮ ਯੋਜਨਾ ਤਹਿਤ ਜ਼ਿਲ੍ਹੇ ਦੇ ਚੁਣੇ ਪਿੰਡਾਂ ਵਿੱਚ ਬੁਨਿਆਦੀ ਸਹੂਲਤਾਂ ਦੀਆਂ ਘਾਟਾਂ ਦੂਰ ਕਰਕੇ ਵਿਕਾਸ ਨੂੰ ਨਵੀਂ ਰਫ਼ਤਾਰ ਦੇਣ ਲਈ ਡਿਪਟੀ ਕਮਿਸ਼ਨਰ ਵਿਰਾਜ ਐਸ. ਤਿੜਕੇ ਨੇ ਜ਼ਿਲ੍ਹਾ ਪੱਧਰੀ ਪ੍ਰੋਜੈਕਟ ਅਪਰੇਜ਼ਲ ਕਨਵਰਜੈਂਸ ਕਮੇਟੀ ਦੀ ਮੀਟਿੰਗ ਦੌਰਾਨ ਯੋਜਨਾ ਅਧੀਨ ਚੱਲ ਰਹੀ ਪ੍ਰਕਿਰਿਆ ਅਤੇ ਵਿਕਾਸ ਕਾਰਜਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਯੋਜਨਾ ਤਹਿਤ ਜ਼ਿਲ੍ਹੇ ਦੇ 32 ਪਿੰਡ ਚੁਣੇ ਗਏ ਹਨ, ਜਿਨ੍ਹਾਂ ਵਿੱਚ ਅਮਰਗੜ੍ਹ ਬਲਾਕ ਦੇ 17, ਅਹਿਮਦਗੜ੍ਹ ਦੇ 8 ਅਤੇ ਮਾਲੇਰਕੋਟਲਾ ਬਲਾਕ ਦੇ 7 ਪਿੰਡ ਸ਼ਾਮਲ ਹਨ। ਇਨ੍ਹਾਂ ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਕਰੀਬ 6 ਕਰੋੜ 40 ਲੱਖ ਰੁਪਏ ਖਰਚੇ ਜਾਣਗੇ।



ਉਨ੍ਹਾਂ ਦੱਸਿਆ ਕਿ ਸਾਲ 2021-22 ਦੇ ਡਿਜੀਟਲ ਸਰਵੇ ਅਨੁਸਾਰ ਪਿੰਡ ਗੀਗਾ-ਮਾਜਰਾ ਅਤੇ ਮੰਡੀਆਂ ਨੂੰ ਆਦਰਸ਼ ਗ੍ਰਾਮ ਵਜੋਂ ਵਿਕਸਤ ਕਰਨ ਲਈ 40 ਲੱਖ ਰੁਪਏ ਖਰਚੇ ਜਾਣਗੇ।

ਤਿੜਕੇ ਨੇ ਕਿਹਾ ਕਿ ਡਿਜੀਟਲ ਸਰਵੇ ਉਪਰੰਤ ਤਿਆਰ ਕੀਤੇ ਜਾਣ ਵਾਲੇ ਵਿਲੇਜ ਡਿਵੈਲਪਮੈਂਟ ਪਲਾਨ ਵਿੱਚ ਪਿੰਡ ਦੀ ਅਸਲ ਤਸਵੀਰ ਨਜ਼ਰ ਆਉਣੀ ਚਾਹੀਦੀ ਹੈ। ਸਿੱਖਿਆ, ਆਂਗਣਵਾੜੀ, ਸਕੂਲਾਂ ਵਿੱਚ ਪਖਾਨੇ, ਸੋਲਰ ਲਾਈਟਾਂ, ਪਾਣੀ ਦੀ ਨਿਕਾਸੀ ਦੇ ਪ੍ਰੋਜੈਕਟ, ਪੋਸ਼ਣ, ਡਿਜੀਟਲ ਸਹੂਲਤਾਂ ਅਤੇ ਵੱਖ-ਵੱਖ ਭਲਾਈ ਸਕੀਮਾਂ ਦੀ ਪਹੁੰਚ ਵਿੱਚ ਜਿੱਥੇ ਵੀ ਘਾਟ ਸਾਹਮਣੇ ਆਵੇ, ਉਸ ਨੂੰ ਤਰਜੀਹੀ ਆਧਾਰ 'ਤੇ ਵਿਕਾਸ ਯੋਜਨਾ ਨਾਲ ਜੋੜਿਆ ਜਾਵੇ।

ਉਨ੍ਹਾਂ ਅਧਿਕਾਰੀਆਂ ਨੂੰ ਪਿੰਡ ਪੱਧਰੀ ਕਮੇਟੀਆਂ ਰਾਹੀਂ ਹਾਊਸਹੋਲਡ ਸਰਵੇ ਮੁਕੰਮਲ ਕਰਕੇ ਸਹੀ ਵੇਰਵੇ ਪੋਰਟਲ 'ਤੇ ਅਪਡੇਟ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ, ਆਦਰਸ਼ ਪਿੰਡ ਦੀ ਪਛਾਣ ਸਿਰਫ਼ ਨਵੇਂ ਵਿਕਾਸ ਕਾਰਜਾਂ ਨਾਲ ਨਹੀਂ, ਸਗੋਂ ਇਸ ਗੱਲ ਨਾਲ ਹੋਵੇਗੀ ਕਿ ਪਿੰਡ ਦੇ ਆਖ਼ਰੀ ਯੋਗ ਪਰਿਵਾਰ ਤੱਕ ਬੁਨਿਆਦੀ ਸਹੂਲਤ ਅਤੇ ਸਰਕਾਰੀ ਸਕੀਮ ਦਾ ਲਾਭ ਪਹੁੰਚਿਆ ਹੈ।

## ਖੇਡ ਮੈਦਾਨਾਂ 'ਚ ਲਿਖੀ ਜਾ ਰਹੀ ਪੰਜਾਬ ਦੀ ਜਵਾਨੀ ਦੀ ਨਵੀਂ ਪਛਾਣ: ਪ੍ਰੋ. ਜਸਵੰਤ ਸਿੰਘ ਗੱਜਣਮਾਜਰਾ

**ਮਲੇਰਕੋਟਲਾ, 20 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਖੇਡ ਮੈਦਾਨਾਂ ਵਿੱਚ ਉਤਰੇ ਨੌਜਵਾਨਾਂ ਦੇ ਜੋਸ਼ ਅਤੇ ਜਿੱਤ ਦੇ ਜਜ਼ਬੇ ਦਰਮਿਆਨ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਹੋਰ ਮਜ਼ਬੂਤ ਕਰਨ ਲਈ ਕਰਵਾਈਆਂ ਜਾ ਰਹੀਆਂ 'ਖੇਡਾਂ ਵਤਨ ਪੰਜਾਬ ਦੀਆਂ-2026' ਤਹਿਤ ਅਹਿਮਦਗੜ੍ਹ ਬਲਾਕ ਦੀਆਂ ਖੇਡਾਂ ਦਾ ਸ਼ਾਨਦਾਰ ਆਗਾਜ਼ ਹੋਇਆ। ਵਿਧਾਇਕ ਅਮਰਗੜ੍ਹ ਪ੍ਰੋ. ਜਸਵੰਤ ਸਿੰਘ ਗੱਜਣਮਾਜਰਾ ਨੇ ਗੁਬਾਰੇ ਛੱਡ ਕੇ ਖੇਡਾਂ ਦਾ ਰਸਮੀ ਉਦਘਾਟਨ ਕੀਤਾ ਅਤੇ ਖਿਡਾਰੀਆਂ ਨਾਲ ਰੂਬਰੂ ਹੋ ਕੇ ਉਨ੍ਹਾਂ ਦਾ ਹੌਸਲਾ ਵਧਾਇਆ।

ਵਿਧਾਇਕ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਖੇਡਾਂ ਨੂੰ ਦਿੱਤੀ ਜਾ ਰਹੀ ਮੁੱਖ ਤਰਜੀਹ ਨੇ ਪਿੰਡਾਂ ਅਤੇ ਸ਼ਹਿਰਾਂ ਦੀ ਖੇਡ ਪ੍ਰਤਿਭਾ ਲਈ ਆਪਣਾ ਹੁਨਰ ਵਿਖਾਉਣ ਦਾ ਵਿਸ਼ਾਲ ਮੰਚ ਤਿਆਰ ਕੀਤਾ ਹੈ। ਉਨ੍ਹਾਂ ਕਿਹਾ ਕਿ ਜਦੋਂ ਨੌਜਵਾਨ ਦੇ ਕਦਮ ਖੇਡ ਮੈਦਾਨ ਵੱਲ ਵਧਦੇ ਹਨ ਤਾਂ ਉਨ੍ਹਾਂ ਦੀ ਊਰਜਾ ਨੂੰ ਮੰਜ਼ਿਲ, ਮਿਹਨਤ ਨੂੰ ਮਕਸਦ ਅਤੇ ਜੀਵਨ ਨੂੰ ਅਨੁਸ਼ਾਸਨ ਮਿਲਦਾ ਹੈ। ਇਹੀ ਕਾਰਨ ਹੈ ਕਿ ਖੇਡਾਂ ਨੌਜਵਾਨੀ ਨੂੰ ਨਸ਼ਿਆਂ ਤੋਂ ਦੂਰ ਰੱਖਣ ਦੀ ਇੱਕ ਮਜ਼ਬੂਤ ਸਮਾਜਿਕ ਢਾਲ ਵੀ ਬਣਦੀਆਂ ਹਨ।



ਉਨ੍ਹਾਂ ਨੌਜਵਾਨਾਂ ਨੂੰ ਸੱਦਾ ਦਿੱਤਾ ਕਿ ਉਹ ਜਿੱਤ-ਹਾਰ ਦੀ ਸੋਚ ਤੋਂ ਉੱਪਰ ਉੱਠ ਕੇ ਵੱਧ ਤੋਂ ਵੱਧ ਖੇਡਾਂ ਦਾ ਹਿੱਸਾ ਬਣਨ ਅਤੇ ਤੰਦਰੁਸਤ, ਨਸ਼ਾ-ਮੁਕਤ ਤੇ ਖੇਡਦਾ ਪੰਜਾਬ ਸਿਰਜਣ ਵਿੱਚ ਆਪਣੀ ਭੂਮਿਕਾ ਨਿਭਾਉਣ।

ਖੇਡ ਨਤੀਜਿਆਂ ਵਿੱਚ ਐਥਲੈਟਿਕਸ ਅੰਡਰ-17 ਦੀ 100 ਮੀਟਰ ਦੌੜ ਵਿੱਚ ਅਬਰਾਨ ਖਾਨ ਨੇ ਪਹਿਲਾ ਸਥਾਨ ਹਾਸਲ ਕੀਤਾ।

ਟੈਨਿਸ ਬਾਲ ਕ੍ਰਿਕਟ ਮੁਕਾਬਲਿਆਂ ਵਿੱਚ ਮਾਲੇਰਕੋਟਲਾ, ਅਮਰਗੜ੍ਹ ਅਤੇ ਅਹਿਮਦਗੜ੍ਹ ਬਲਾਕਾਂ ਦੀਆਂ ਟੀਮਾਂ ਨੇ ਸ਼ਮੂਲੀਅਤ ਕੀਤੀ। ਪਹਿਲੇ ਮੈਚ ਵਿੱਚ ਸਾਹਿਬਜ਼ਾਦਾ ਫਤਿਹ ਸਿੰਘ ਪਬਲਿਕ ਸਕੂਲ, ਮਾਲੇਰਕੋਟਲਾ ਨੇ ਕੈਮਬਰਿਜ਼ ਸਕੂਲ ਹਥਨ ਨੂੰ ਹਰਾਇਆ, ਜਦਕਿ ਦੂਜੇ ਮੈਚ ਵਿੱਚ ਪੋਨੀਅਰ ਕ੍ਰਿਕਟ ਅਕੈਡਮੀ, ਮਾਲੇਰਕੋਟਲਾ ਨੇ ਵਾਰਡ ਨੰਬਰ 3 ਮਾਲੇਰਕੋਟਲਾ ਦੀ ਟੀਮ ਨੂੰ 7 ਦੌੜਾਂ ਨਾਲ ਮਾਤ ਦਿੱਤੀ। ਖੋ-ਖੋ ਅੰਡਰ-17 ਲੜਕਿਆਂ ਵਿੱਚ ਡੀ.ਏ.ਵੀ. ਸਕੂਲ ਅਹਿਮਦਗੜ੍ਹ ਨੇ ਕਪਿਲ ਮਾਡਲ ਸਕੂਲ ਨੂੰ ਹਰਾ ਕੇ ਪਹਿਲਾ ਸਥਾਨ ਹਾਸਲ ਕੀਤਾ।

ਇਸ ਮੌਕੇ ਬਲਾਕ ਸੰਮਤੀ ਦੇ ਚੇਅਰਮੈਨ ਮੋਹਨਜੀਤ ਸਿੰਘ, ਸਰਪੰਚ ਬਲਦੇਵ ਸਿੰਘ ਦੁਲਮ੍ਹਾ, ਜ਼ਿਲ੍ਹਾ ਖੇਡ ਅਫ਼ਸਰ ਕੁਲਦੀਪ ਚੁੱਘ, ਸੀਨੀਅਰ ਫੁੱਟਬਾਲ ਕੋਚ ਹਰਪ੍ਰੀਤ ਸਿੰਘ, ਬਲਾਕ ਇੰਚਾਰਜ ਹਰਪ੍ਰੀਤ ਸਿੰਘ, ਦਾ ਟਾਊਨ ਸਕੂਲ ਦੇ ਪ੍ਰਿੰਸੀਪਲ ਮਜਾਹਿਦ ਅਤੇ ਸਪੋਰਟਸ ਕੋਆਰਡੀਨੇਟਰ ਮੁਹੰਮਦ ਰਫ਼ੀਕ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

## 9ਵੀਂ ਅਤੇ 11ਵੀਂ ਜਮਾਤ ਦੇ ਪਾਸ਼ਵ ਪ੍ਰਵੇਸ਼ ਚੋਣ ਪ੍ਰੀਖਿਆ ਲਈ ਆਵੇਦਨ ਦੀ ਆਖਰੀ ਮਿਤੀ 30 ਸਤੰਬਰ

**ਫਾਜ਼ਿਲਕਾ, 20 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੀ.ਐੱਮ. ਸ਼੍ਰੀ ਜਵਾਹਰ ਨਵੋਦਿਆ ਵਿਦਿਆਲਿਆ, ਫਾਜ਼ਿਲਕਾ ਵਿਖੇ ਸੈਸ਼ਨ 2027-28 ਲਈ ਜਮਾਤ 9ਵੀਂ ਅਤੇ 11ਵੀਂ ਵਿੱਚ ਪਾਸ਼ਵ ਪ੍ਰਵੇਸ਼ (ਲੇਟਰਲ ਐਂਟਰੀ) ਲਈ ਚੋਣ ਪ੍ਰੀਖਿਆ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਹ ਪ੍ਰੀਖਿਆ 10 ਅਪ੍ਰੈਲ 2027 ਨੂੰ ਹੋਵੇਗੀ। ਚਾਹਵਾਨ ਯੋਗ ਵਿਦਿਆਰਥੀ ਆਵੇਦਨ ਦੀ ਆਖਿਰੀ ਮਿਤੀ 30 ਸਤੰਬਰ 2026 ਤੱਕ ਆਨਲਾਈਨ ਅਪਲਾਈ ਕਰ ਸਕਦੇ ਹਨ। ਆਵੇਦਨ ਆਨ-ਲਾਈਨ ਵੈੱਬਸਾਈਟ https://cbseitms.nic.in/2026/nvsix_I ਅਤੇ https://cbseitms.nic.in/B@BF/nvsxi_AA ਤੇ ਕੀਤਾ ਜਾ ਸਕਦਾ ਹੈ। ਪ੍ਰਿੰਸੀਪਲ ਨੇ ਦੱਸਿਆ ਕਿ ਅਰਜ਼ੀ ਪ੍ਰਕਿਰਿਆ ਨਿਰਧਾਰਤ ਨਿਯਮਾਂ ਅਤੇ ਯੋਗਤਾ ਅਨੁਸਾਰ ਆਨਲਾਈਨ ਮਾਧਿਅਮ ਰਾਹੀਂ ਪੂਰੀ ਕੀਤੀ ਜਾਵੇਗੀ। ਸਾਰੇ ਮਾਪਿਆਂ ਅਤੇ ਵਿਦਿਆਰਥੀਆਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਦਾਖਲੇ ਸਬੰਧੀ ਉਮਰ ਸੀਮਾ, ਵਿੱਦਿਅਕ ਯੋਗਤਾ ਅਤੇ ਹੋਰ ਸ਼ਰਤਾਂ ਧਿਆਨ ਨਾਲ ਪੜ੍ਹ ਕੇ ਸਮੇਂ ਸਿਰ ਆਵੇਦਨ ਕਰਨ ਅਤੇ ਦਸਤਾਵੇਜ਼ ਸਹੀ ਭਰਨ।

## ਵਾਲੀਬਾਲ ਵਿੱਚ ਮਹੰਤ ਅਮਰ ਸਿੰਘ ਸਪੋਰਟਸ ਕਲੱਬ ਬੀਰ ਕਲਾਂ ਦੀ ਟੀਮ ਨੇ ਪਿੰਡ ਚੱਠਾ ਨਨਹੇੜਾ ਦੀ ਟੀਮ ਨੂੰ ਹਰਾ ਕੇ ਪਹਿਲਾ ਸਥਾਨ ਪ੍ਰਾਪਤ ਕੀਤਾ



**ਸੁਨਾਮ, 20 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

'ਖੇਡਾਂ ਵਤਨ ਪੰਜਾਬ ਦੀਆਂ' ਦੇ ਸੀਜ਼ਨ 4 ਤਹਿਤ ਬਲਾਕ ਸੁਨਾਮ ਦੀਆ ਬਲਾਕ ਪੱਧਰੀ ਖੇਡਾਂ ਦੌਰਾਨ ਅੱਜ ਪ੍ਰੀਤਮ ਸਿੰਘ ਪੀਤੂ, ਚੇਅਰਮੈਨ ਇੰਪਰੂਵਮੈਂਟ ਟਰੱਸਟ ਵਿਸ਼ੇਸ਼ ਤੌਰ 'ਤੇ ਪੁਹੰਚੇ ਅਤੇ ਖਿਡਾਰੀਆਂ ਨੂੰ ਆਸ਼ੀਰਵਾਦ ਦਿੱਤਾ ਅਤੇ ਖੇਡਾਂ ਨਾਲ ਜੁੜੇ ਰਹਿਣ ਅਤੇ ਦੇਸ਼ ਵਿਦੇਸ਼ ਵਿੱਚ ਆਪਣੇ ਇਲਾਕੇ ਅਤੇ ਮਾਪਿਆਂ ਦਾ ਨਾਮ ਰੌਸ਼ਨ ਕਰਨ ਲਈ ਕਿਹਾ।

ਨਵਦੀਪ ਸਿੰਘ ਜ਼ਿਲ੍ਹਾ ਖੇਡ ਅਫਸਰ, ਸੰਗਰੂਰ ਨੇ ਦੱਸਿਆ ਕਿ ਇਹਨਾ ਖੇਡਾਂ ਦੌਰਾਨ ਫੁਟਬਾਲ, ਖੋਹ-ਖੋਹ, ਵਾਲੀਬਾਲ ਸ਼ੂਟਿੰਗ, ਵਾਲੀਬਾਲ ਸਮੈਸ਼ਿੰਗ ਦੇ ਟੂਰਨਾਮੈਂਟ ਸ਼ਹੀਦ ਦਲੇਲ ਸਿੰਘ ਖੇਡ ਸਟੇਡੀਅਮ, ਛਾਹੜ ਵਿਖੇ ਕਰਵਾਏ ਜਾ ਰਹੇ ਹਨ ਅਤੇ ਖੇਡ ਕਬੱਡੀ ਸਰਕਲ ਸਟਾਈਲ, ਨੈਸ਼ਨਲ ਸਟਾਈਲ ਅਤੇ ਐਥਲੈਟਿਕਸ ਦਾ ਟੂਰਨਾਮੈਂਟ ਸ਼ਹੀਦ ਊਧਮ ਸਿੰਘ ਕਾਲਜ, ਸੁਨਾਮ ਵਿਖੇ ਕਰਵਾਇਆ ਜਾ ਰਿਹਾ ਹੈ।

ਖੇਡ ਵਿਭਾਗ, ਪੰਜਾਬ ਵੱਲੋਂ ਇਸ ਵਾਰ ਕ੍ਰਿਕਟ ਗੇਮ ਵੀ ਇਨ੍ਹਾਂ ਖੇਡਾਂ ਵਿੱਚ ਸ਼ਾਮਿਲ ਕਰ ਲਈ ਗਈ ਹੈ, ਜਿਸ ਤਹਿਤ ਕ੍ਰਿਕਟ ਟੂਰਨਾਮੈਂਟ ਵੀ ਕਰਵਾਇਆ ਜਾ ਰਿਹਾ ਹੈ।

ਇਹਨਾਂ ਖੇਡਾਂ ਵਿੱਚ ਖਿਡਾਰੀਆਂ ਵੱਲੋਂ ਵਧ ਚੜ੍ਹ ਕੇ ਭਾਗ ਲਿਆ ਜਾ ਰਿਹਾ ਹੈ ਅਤੇ ਵੱਖ-ਵੱਖ ਖੇਡਾਂ ਵਿੱਚ ਕੀਰਤੀਮਾਨ ਸਥਾਪਿਤ ਕੀਤੇ ਜਾ ਰਹੇ ਹਨ।

ਇਨਾਂ ਖੇਡਾਂ ਵਿੱਚ ਹਰ ਉਮਰ ਵਰਗ ਦੇ ਖਿਡਾਰੀ ਭਾਗ ਲੈ ਰਹੇ ਹਨ।

ਵਾਲੀਬਾਲ ਸ਼ੂਟਿੰਗ ਅੰ:17 (ਲੜਕੇ) ਦੇ ਹੋਏ ਖੇਡ ਮੁਕਾਬਲੇ ਦੌਰਾਨ ਮਹੰਤ ਅਮਰ ਸਿੰਘ ਸਪੋਰਟਸ ਕਲੱਬ ਬੀਰ ਕਲਾਂ ਦੀ ਟੀਮ ਨੇ ਪਿੰਡ ਚੱਠਾ ਨਨਹੇੜਾ ਦੀ ਟੀਮ ਨੂੰ ਹਰਾ ਕੇ ਪਹਿਲਾ ਸਥਾਨ ਪ੍ਰਾਪਤ ਕੀਤਾ।

ਐਥਲੈਟਿਕਸ ਦੇ ਉਮਰ ਵਰਗ (ਅੰ: 21 ਤੋਂ 30 ਸਾਲ) ਵਿੱਚ ਵਿੱਚ ਹਰਜੋਤ ਸਿੰਘ ਨੇ ਸਭ ਤੋ ਲੰਬੀ ਛਾਲ ਲਗਾ ਕੇ ਪਹਿਲਾ ਸਥਾਨ ਪ੍ਰਾਪਤ ਕੀਤਾ ਅਤੇ ਗੋਇਨਦੀਪ ਸਿੰਘ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ।

## ਲੋਕ ਮਿਲਣੀ ਦੌਰਾਨ ਵਿਧਾਇਕ ਦਿਨੇਸ਼ ਚੱਢਾ ਨੇ ਸੁਣੀਆਂ ਪਿੰਡ ਵਾਸੀਆਂ ਦੀਆਂ ਸਮੱਸਿਆਵਾਂ; ਝਾਗੜੀਆਂ ਦੇ ਗਰਾਊਂਡ ਲਈ 3 ਲੱਖ ਤੇ ਸਾਖਪੁਰ ਦੀਆਂ ਗਲੀਆਂ ਲਈ 5 ਲੱਖ ਰੁਪਏ ਦੀ ਗਰਾਂਟ

**ਨੂਰਪੁਰਬੇਦੀ, 16 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਲਕਾ ਰੂਪਨਗਰ ਦੇ ਵਿਧਾਇਕ ਐਡਵੋਕੇਟ ਦਿਨੇਸ਼ ਚੱਢਾ ਵੱਲੋਂ ਲੋਕਾਂ ਨਾਲ ਸਿੱਧਾ ਰਾਬਤਾ ਕਾਇਮ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਜਾਣਨ ਅਤੇ ਮੌਕੇ 'ਤੇ ਹੀ ਉਨ੍ਹਾਂ ਦੇ ਹੱਲ ਲਈ ਯਤਨ ਕੀਤੇ ਜਾ ਰਹੇ ਹਨ। ਇਸੇ ਤਹਿਤ ਪਿੰਡ ਝਾਗੜੀਆਂ ਅਤੇ ਸਾਖਪੁਰ ਵਿਖੇ ਲੋਕ ਮਿਲਣੀ ਦੌਰਾਨ ਵਿਧਾਇਕ ਚੱਢਾ ਨੇ ਪਿੰਡ ਵਾਸੀਆਂ ਨਾਲ ਮੁਲਾਕਾਤ ਕਰਦਿਆਂ ਉਨ੍ਹਾਂ ਦੀਆਂ ਸਮੱਸਿਆਵਾਂ ਅਤੇ ਵਿਕਾਸ ਸਬੰਧੀ ਮੰਗਾਂ ਸੁਣੀਆਂ।



ਲੋਕ ਮਿਲਣੀ ਦੌਰਾਨ ਪਿੰਡ ਵਾਸੀਆਂ ਵੱਲੋਂ ਰੱਖੀਆਂ ਗਈਆਂ ਲੋੜਾਂ ਦੇ ਮੱਦੇਨਜ਼ਰ ਪਿੰਡ ਝਾਗੜੀਆਂ ਦੇ ਗਰਾਊਂਡ ਦੇ ਵਿਕਾਸ ਲਈ 3 ਲੱਖ ਰੁਪਏ ਅਤੇ ਪਿੰਡ ਸਾਖਪੁਰ ਦੀਆਂ ਗਲੀਆਂ ਦੇ ਵਿਕਾਸ ਲਈ 5 ਲੱਖ ਰੁਪਏ ਦੀ ਗਰਾਂਟ ਮੁਹੱਈਆ ਕਰਵਾਈ ਗਈ। ਦੋਵੇਂ ਪਿੰਡਾਂ ਦੇ ਵਿਕਾਸ ਕਾਰਜਾਂ ਲਈ ਕੁੱਲ 8 ਲੱਖ ਰੁਪਏ ਦੀ ਰਾਸ਼ੀ ਜਾਰੀ ਕੀਤੀ ਗਈ ਹੈ।

ਇਸ ਮੌਕੇ ਵਿਧਾਇਕ ਦਿਨੇਸ਼ ਚੱਢਾ ਨੇ ਕਿਹਾ ਕਿ ਲੋਕ ਮਿਲਣੀਆਂ ਦਾ ਮੁੱਖ ਮਕਸਦ ਲੋਕਾਂ ਤੱਕ ਪਹੁੰਚ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਨੇੜਿਓਂ ਸਮਝਣਾ ਅਤੇ ਉਨ੍ਹਾਂ ਦੀਆਂ ਲੋੜਾਂ ਅਨੁਸਾਰ ਵਿਕਾਸ ਕਾਰਜਾਂ ਨੂੰ ਤਰਜੀਹ ਦੇਣਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਪਿੰਡਾਂ ਦੇ ਵਿਕਾਸ ਲਈ ਗਰਾਂਟਾਂ ਜਾਰੀ ਕੀਤੀਆਂ ਜਾ ਰਹੀਆਂ ਹਨ ਅਤੇ ਇਨ੍ਹਾਂ ਦੀ ਵਰਤੋਂ ਲੋਕਾਂ ਦੀਆਂ ਅਸਲ ਲੋੜਾਂ ਅਨੁਸਾਰ ਕਰਨ ਨੂੰ ਯਕੀਨੀ ਬਣਾਇਆ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਝਾਗੜੀਆਂ ਦੇ ਗਰਾਊਂਡ ਦੇ ਵਿਕਾਸ ਨਾਲ ਪਿੰਡ ਦੇ ਨੌਜਵਾਨਾਂ ਨੂੰ ਖੇਡਾਂ ਲਈ ਬਿਹਤਰ ਸਹੂਲਤ ਮਿਲੇਗੀ, ਜਦਕਿ ਸਾਖਪੁਰ ਦੀਆਂ ਗਲੀਆਂ ਦੇ ਵਿਕਾਸ ਨਾਲ ਪਿੰਡ ਵਾਸੀਆਂ ਨੂੰ ਬੁਨਿਆਦੀ ਸਹੂਲਤਾਂ ਵਿੱਚ ਹੋਰ ਸੁਧਾਰ ਮਿਲੇਗਾ।

ਵਿਧਾਇਕ ਨੇ ਕਿਹਾ ਕਿ ਪਿੰਡਾਂ ਦੇ ਵਿਕਾਸ ਨੂੰ ਸਿਰਫ਼ ਐਲਾਨਾਂ ਤੱਕ ਸੀਮਤ ਨਹੀਂ ਰੱਖਿਆ ਜਾ ਰਿਹਾ, ਸਗੋਂ ਲੋਕਾਂ ਦੀਆਂ ਮੰਗਾਂ ਅਨੁਸਾਰ ਜ਼ਮੀਨੀ ਪੱਧਰ 'ਤੇ ਕੰਮ ਕਰਵਾਉਣ ਨੂੰ ਤਰਜੀਹ ਦਿੱਤੀ ਜਾ ਰਹੀ ਹੈ।

ਵਿਧਾਇਕ ਨੇ ਕਿਹਾ ਕਿ ਲੋਕਾਂ ਨਾਲ ਸਿੱਧਾ ਸੰਪਰਕ ਉਨ੍ਹਾਂ ਦੀ ਕਾਰਜਸ਼ੈਲੀ ਦਾ ਅਹਿਮ ਹਿੱਸਾ ਹੈ। ਪਿੰਡ ਵਾਸੀਆਂ ਵੱਲੋਂ ਜਿਹੜੀਆਂ ਸਮੱਸਿਆਵਾਂ ਅਤੇ ਸੁਝਾਅ ਸਾਹਮਣੇ ਲਿਆਂਦੇ ਜਾਂਦੇ ਹਨ, ਉਨ੍ਹਾਂ ਨੂੰ ਸਬੰਧਤ ਵਿਭਾਗਾਂ ਦੇ ਧਿਆਨ ਵਿੱਚ ਲਿਆ ਕੇ ਹੱਲ ਕਰਵਾਉਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਭਰੋਸਾ ਦਿੱਤਾ ਕਿ ਹਲਕੇ ਦੇ ਪਿੰਡਾਂ ਵਿੱਚ ਵਿਕਾਸ ਕਾਰਜਾਂ ਦੀ ਰਫ਼ਤਾਰ ਨੂੰ ਅੱਗੇ ਵੀ ਜਾਰੀ ਰੱਖਿਆ ਜਾਵੇਗਾ।

ਇਸ ਮੌਕੇ ਜ਼ਿਲ੍ਹਾ ਪਰਿਸ਼ਦ ਮੈਂਬਰ ਜਰਨੈਲ ਲਾਲੀ, ਬਲਾਕ ਸੰਮਤੀ ਮੈਂਬਰ ਸਤਨਾਮ ਨਾਗਰਾ, ਸੰਮਤੀ ਮੈਂਬਰ ਅੰਜਨਾ ਰਾਣੀ, ਸੰਮਤੀ ਮੈਂਬਰ ਕਿਸ਼ਨ ਬਿੱਲਾ, ਬਲਾਕ ਸੰਮਤੀ ਮੈਂਬਰ ਕੇਵਲ ਕ੍ਰਿਸ਼ਨ ਹੈਪੀ, ਬਲਾਕ ਸੰਮਤੀ ਮੈਂਬਰ ਰਵਿੰਦਰ ਬਿੰਦੀ, ਪੰਮੂ ਸਰਪੰਚ ਸਾਖਪੁਰ, ਚੌਧਰੀ ਦੇਵਰਾਜ, ਸਾਬਕਾ ਸਰਪੰਚ ਰਜਿੰਦਰ ਕਾਲਾ, ਲੰਬਰਦਾਰ ਮਹਿੰਦਰ ਰਾਮਪੁਰ, ਬਲਾਕ ਪ੍ਰਧਾਨ ਮਾਸਟਰ ਬਿਹਾਰੀ ਲਾਲ, ਚੌਧਰੀ ਸ਼ਾਮ ਕਿਸਾਨ, ਚੌਧਰੀ ਚਮਨ ਭਾਟੀਆ, ਚੌਧਰੀ ਬਲਵੀਰ ਟੇਢੇਵਾਲ, ਮਹਿੰਦਰ ਸਿੰਘ ਝੱਜ ਅਤੇ ਚੌਧਰੀ ਪ੍ਰੇਮ ਚੰਦ ਸਮੇਤ ਹੋਰ ਪਤਵੰਤੇ ਅਤੇ ਪਿੰਡ ਵਾਸੀ ਹਾਜ਼ਰ ਸਨ।

ਪਿੰਡ ਵਾਸੀਆਂ ਅਤੇ ਪੰਚਾਇਤੀ ਨੁਮਾਇੰਦਿਆਂ ਨੇ ਲੋਕ ਮਿਲਣੀ ਕਰਕੇ ਸਮੱਸਿਆਵਾਂ ਸੁਣਨ ਅਤੇ ਵਿਕਾਸ ਕਾਰਜਾਂ ਲਈ ਗਰਾਂਟ ਮੁਹੱਈਆ ਕਰਵਾਉਣ 'ਤੇ ਵਿਧਾਇਕ ਦਿਨੇਸ਼ ਚੱਢਾ ਦਾ ਧੰਨਵਾਦ ਕੀਤਾ।

## ਵਿਧਾਇਕ ਦਿਨੇਸ਼ ਚੱਢਾ ਨੇ ਹਿਰਦਾਪੁਰ ਦੀ ਪੰਚਾਇਤ ਨੂੰ ਸੌਂਪੀ 3 ਲੱਖ ਦੀ ਗਰਾਂਟ



**ਰੂਪਨਗਰ-20 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਲਕਾ ਰੂਪਨਗਰ ਦੇ ਵਿਧਾਇਕ ਐਡਵੋਕੇਟ ਦਿਨੇਸ਼ ਚੱਢਾ ਵੱਲੋਂ ਪਿੰਡ ਪੱਧਰ 'ਤੇ ਵਿਕਾਸ ਕਾਰਜਾਂ ਨੂੰ ਲੈ ਕੇ ਕੀਤੀਆਂ ਜਾ ਰਹੀਆਂ ਲੋਕ ਮਿਲਣੀਆਂ ਤਹਿਤ ਪਿੰਡ ਹਿਰਦਾਪੁਰ ਵਿਖੇ ਪਿੰਡ ਵਾਸੀਆਂ ਨਾਲ ਮੁਲਾਕਾਤ ਕੀਤੀ ਗਈ। ਇਸ ਮੌਕੇ ਉਨ੍ਹਾਂ ਨੇ ਲੋਕਾਂ ਨਾਲ ਸਿੱਧਾ ਸੰਵਾਦ ਕਰਦਿਆਂ ਪਿੰਡ ਦੀਆਂ ਲੋੜਾਂ ਅਤੇ ਵਿਕਾਸ ਨਾਲ ਸਬੰਧਿਤ ਮਾਮਲਿਆਂ ਬਾਰੇ ਜਾਣਕਾਰੀ ਹਾਸਲ ਕੀਤੀ। ਇਸ ਦੌਰਾਨ ਪਿੰਡ ਦੇ ਵਿਕਾਸ ਕਾਰਜਾਂ ਲਈ ਗ੍ਰਾਮ ਪੰਚਾਇਤ ਹਿਰਦਾਪੁਰ ਨੂੰ 3 ਲੱਖ ਰੁਪਏ ਦੀ ਗਰਾਂਟ ਰਾਸ਼ੀ ਦਾ ਚੈੱਕ ਸੌਂਪਿਆ ਗਿਆ।

ਲੋਕ ਮਿਲਣੀ ਦੌਰਾਨ ਪਿੰਡ ਵਾਸੀਆਂ ਨੇ ਆਪਣੇ ਪੱਧਰ 'ਤੇ ਆ ਰਹੀਆਂ ਸਮੱਸਿਆਵਾਂ ਅਤੇ ਪਿੰਡ ਵਿੱਚ ਲੋੜੀਂਦੇ ਕੰਮਾਂ ਬਾਰੇ ਵਿਧਾਇਕ ਨੂੰ ਜਾਣੂ ਕਰਵਾਇਆ। ਵਿਧਾਇਕ ਦਿਨੇਸ਼ ਚੱਢਾ ਨੇ ਕਿਹਾ ਕਿ ਪਿੰਡਾਂ ਦੀਆਂ ਲੋੜਾਂ ਨੂੰ ਸਮਝਣ ਲਈ ਸਿਰਫ਼ ਦਫ਼ਤਰੀ ਪੱਧਰ 'ਤੇ ਜਾਣਕਾਰੀ ਲੈਣਾ ਕਾਫ਼ੀ ਨਹੀਂ, ਸਗੋਂ ਲੋਕਾਂ ਵਿਚਕਾਰ ਪਹੁੰਚ ਕੇ ਉਨ੍ਹਾਂ ਦੀ ਗੱਲ ਸੁਣਨੀ ਵੀ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਲੋਕਾਂ ਵੱਲੋਂ ਸਾਹਮਣੇ ਲਿਆਂਦੇ ਮਸਲਿਆਂ ਦੇ ਆਧਾਰ 'ਤੇ ਵਿਕਾਸ ਕਾਰਜਾਂ ਨੂੰ ਤਰਜੀਹ ਦੇਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।

ਵਿਧਾਇਕ ਨੇ ਕਿਹਾ ਕਿ ਪੰਚਾਇਤਾਂ ਨੂੰ ਮੁਹੱਈਆ ਕਰਵਾਈ ਜਾ ਰਹੀ ਗਰਾਂਟ ਰਾਹੀਂ ਪਿੰਡਾਂ ਵਿੱਚ ਲੋੜ ਅਨੁਸਾਰ ਵਿਕਾਸ ਦੇ ਕੰਮ ਕਰਵਾਏ ਜਾ ਰਹੇ ਹਨ। ਉਨ੍ਹਾਂ ਪੰਚਾਇਤ ਨੂੰ ਅਪੀਲ ਕੀਤੀ ਕਿ ਪ੍ਰਾਪਤ ਹੋਈ ਰਾਸ਼ੀ ਦੀ ਵਰਤੋਂ ਪਿੰਡ ਦੀਆਂ ਜ਼ਰੂਰੀ ਲੋੜਾਂ ਨੂੰ ਮੁੱਖ ਰੱਖਦਿਆਂ ਕੀਤੀ ਜਾਵੇ, ਤਾਂ ਜੋ ਇਸ ਦਾ ਲਾਭ ਵੱਧ ਤੋਂ ਵੱਧ ਲੋਕਾਂ ਤੱਕ ਪਹੁੰਚ ਸਕੇ। ਉਨ੍ਹਾਂ ਕਿਹਾ ਕਿ ਪਿੰਡ ਵਾਸੀਆਂ ਵੱਲੋਂ ਦੱਸੇ ਗਏ ਹੋਰ ਮਸਲਿਆਂ ਨੂੰ ਵੀ ਸਬੰਧਿਤ ਵਿਭਾਗਾਂ ਦੇ ਧਿਆਨ ਵਿੱਚ ਲਿਆਂਦਾ ਜਾਵੇਗਾ।

ਇਸ ਮੌਕੇ ਸਰਪੰਚ ਹਿਰਦਾਪੁਰ ਰੁਪਿੰਦਰ ਕੌਰ, ਬਲਾਕ ਸੰਮਤੀ ਰੂਪਨਗਰ ਦੇ ਚੇਅਰਮੈਨ ਮਲਕੀਤ ਸਿੰਘ ਭੰਗੂ, ਸੁਖਦੇਵ ਸਿੰਘ ਮੀਆਂਪੁਰ, ਰਵੀਨਾ ਪੰਚ, ਕਮਲਜੀਤ ਕੌਰ, ਬਲਜੀਤ ਕੌਰ, ਜਸਵੀਰ ਸਿੰਘ, ਬਲਵਿੰਦਰ ਸਿੰਘ, ਸੁਰਜੀਤ ਸਿੰਘ, ਬਲਦੇਵ ਸਿੰਘ, ਮਨਦੀਪ ਸਿੰਘ, ਸਰਬਜੀਤ ਸਿੰਘ, ਕੁਲਦੀਪ ਸਿੰਘ ਅਤੇ ਜਗੀਰ ਸਿੰਘ ਸਮੇਤ ਹੋਰ ਪਿੰਡ ਵਾਸੀ ਹਾਜ਼ਰ ਸਨ। ਪੰਚਾਇਤ ਅਤੇ ਪਿੰਡ ਵਾਸੀਆਂ ਵੱਲੋਂ ਵਿਕਾਸ ਲਈ ਗਰਾਂਟ ਦੇਣ 'ਤੇ ਵਿਧਾਇਕ ਦਿਨੇਸ਼ ਚੱਢਾ ਦਾ ਧੰਨਵਾਦ ਕੀਤਾ ਗਿਆ।

# ਅਸੀਂ ਇਹ ਯਕੀਨੀ ਬਣਾਵਾਂਗੇ ਕਿ ਨਹਿਰੀ ਪਾਣੀ ਪੰਜਾਬ ਦੇ 100% ਖੇਤਾਂ ਤੱਕ ਪਹੁੰਚੇ: ਮੁੱਖ ਮੰਤਰੀ ਭਗਵੰਤ ਸਿੰਘ ਮਾਨ

## ➢ ਆਪਣੇ ਪਾਣੀਆਂ, ਚੰਡੀਗੜ੍ਹ ਅਤੇ ਪੰਜਾਬ ਯੂਨੀਵਰਸਿਟੀ ਦੀ ਰੱਖਿਆ ਲਈ ਭਾਜਪਾ-ਅਕਾਲੀ ਦਲ ਤੋਂ ਦੂਰ ਰਹਿਣ ਦੀ ਲੋੜ ਹੈ ➢ ਕਾਂਗਰਸ, ਬੀਜੇਪੀ ਅਤੇ ਅਕਾਲੀ ਦਲ ਕੁਰਸੀ ਲਈ ਲੜ ਰਹੇ ਹਨ



**ਸ੍ਰੀ ਅਨੰਦਪੁਰ ਸਾਹਿਬ, 20 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਇੱਕ ਵਾਰ ਫਿਰ ਸਪੱਸ਼ਟ ਕੀਤਾ ਕਿ ਆਮ ਆਦਮੀ ਪਾਰਟੀ (ਆਪ) ਸਰਕਾਰ ਦੀ ਤਰਜੀਹ ਪੰਜਾਬ ਅਤੇ ਇਸਦੇ ਲੋਕ ਹਨ, ਜਦੋਂ ਕਿ ਕਾਂਗਰਸ, ਭਾਜਪਾ ਅਤੇ ਅਕਾਲੀ ਦਲ ਕੁਰਸੀ ਦੀ ਲੜਾਈ ਵਿੱਚ ਉਲਝੇ ਹੋਏ ਹਨ। ਸ੍ਰੀ ਆਨੰਦਪੁਰ ਸਾਹਿਬ ਦੇ ਪਿੰਡ ਜਿੰਦਵਾੜੀ ਵਿਖੇ ਲੋਕ ਮਿਲਣੀ ਪ੍ਰੋਗਰਾਮ ਦੌਰਾਨ, ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਨਹਿਰੀ ਪਾਣੀ ਹੁਣ ਪੰਜਾਬ ਦੇ 80% ਖੇਤਾਂ ਤੱਕ ਪਹੁੰਚ ਗਿਆ ਹੈ, ਜਦੋਂ ਕਿ 'ਆਪ' ਸਰਕਾਰ ਤੋਂ ਪਹਿਲਾਂ ਸਿਰਫ 22% ਸੀ, ਅਤੇ ਇਸਨੂੰ 100% ਤੱਕ ਲਿਜਾਣ ਦਾ ਵਾਅਦਾ ਕੀਤਾ।

ਮੁੱਖ ਮੰਤਰੀ ਨੇ ਇਹ ਵੀ ਐਲਾਨ ਕੀਤਾ ਕਿ ਪੰਜਾਬ ਨੂੰ ਆਪਣੇ ਪਾਣੀ, ਚੰਡੀਗੜ੍ਹ ਅਤੇ ਪੰਜਾਬ ਯੂਨੀਵਰਸਿਟੀ ਦੀ ਰਾਖੀ ਲਈ ਭਾਜਪਾ ਅਤੇ ਅਕਾਲੀ ਦਲ ਤੋਂ ਦੂਰ ਰਹਿਣ ਦੀ ਲੋੜ ਹੈ। ਉਨ੍ਹਾਂ ਸਰਕਾਰ ਦੇ 14,000 ਕਿਲੋਮੀਟਰ ਲੰਬੇ ਨਹਿਰ-ਪਾਣੀ ਪਾਈਪਲਾਈਨ ਨੈੱਟਵਰਕ, ਮੁਫ਼ਤ ਬਿਜਲੀ, ਯੋਗਤਾ-ਅਧਾਰਤ ਨੌਕਰੀਆਂ ਅਤੇ ਮਿਆਰੀ ਸਿੱਖਿਆ 'ਤੇ ਚਾਨਣਾ ਪਾਉਂਦਿਆਂ ਕਿਹਾ ਕਿ ਸਰਕਾਰ ਇੱਕ ਖੁਸ਼ਹਾਲ 'ਰੰਗਲਾ ਪੰਜਾਬ' ਬਣਾਉਣ ਲਈ ਕੰਮ ਕਰ ਰਹੀ ਹੈ।

ਇਸ ਲੋਕ ਮਿਲਣੀ ਦੇ ਕੁਝ ਅੰਸ਼ ਸਾਂਝੇ ਕਰਦੇ ਹੋਏ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ: ਸ੍ਰੀ ਆਨੰਦਪੁਰ ਸਾਹਿਬ ਦੇ ਜਿੰਦਵਾੜੀ ਪਿੰਡ ਦੇ ਲੋਕਾਂ ਨਾਲ ਦਿਲੋਂ ਵਿਚਾਰ ਸਾਂਝੇ ਕੀਤੇ। ਰਵਾਇਤੀ ਪਾਰਟੀਆਂ ਨੇ ਹਮੇਸ਼ਾ ਕੁਰਸੀ ਅਤੇ ਪਰਿਵਾਰ ਦੇ ਰਾਜ ਦੀ ਰਾਜਨੀਤੀ ਕੀਤੀ ਹੈ, ਪਰ ਸਾਡੀ ਸਰਕਾਰ ਆਮ ਲੋਕਾਂ ਲਈ ਕੰਮ ਕਰ ਰਹੀ ਹੈ। ਅਸੀਂ ਨੌਜਵਾਨਾਂ ਨੂੰ ਯੋਗਤਾ ਦੇ ਆਧਾਰ 'ਤੇ ਨੌਕਰੀਆਂ, ਸ਼ਾਨਦਾਰ ਸਿੱਖਿਆ, ਨਹਿਰੀ ਪਾਣੀ ਨੂੰ ਖੇਤਾਂ ਤੱਕ ਪਹੁੰਚਾਉਣ ਲਈ 14,000 ਕਿਲੋਮੀਟਰ ਪਾਈਪਲਾਈਨਾਂ ਅਤੇ ਮੁਫ਼ਤ ਬਿਜਲੀ ਪ੍ਰਦਾਨ ਕੀਤੀ ਹੈ। ਪਿੰਡ ਦੇ ਵਿਕਾਸ ਨੂੰ ਤੇਜ਼ ਕਰਨ ਲਈ, ਅਸੀਂ ਛੇ ਪੰਚਾਇਤਾਂ ਨੂੰ 20-20 ਲੱਖ ਰੁਪਏ ਦੇ ਚੈੱਕ ਵੀ ਸੌਂਪੇ। ਸਾਡਾ ਇੱਕੋ-ਇੱਕ ਉਦੇਸ਼ ਇੱਕ ਖੁਸ਼ਹਾਲ ਅਤੇ ਖੁਸ਼ਹਾਲ 'ਰੰਗਲਾ ਪੰਜਾਬ' ਬਣਾਉਣਾ ਹੈ। ਇਨਕਲਾਬ ਜ਼ਿੰਦਾਬਾਦ।

ਲੋਕ ਮਿਲਣੀ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਸਾਡੀ ਸਰਕਾਰ ਦੇ ਪਿਛਲੇ 4.5 ਸਾਲਾਂ ਤੋਂ ਵੱਧ ਸਮੇਂ ਵਿੱਚ, ਅਸੀਂ ਸੂਬੇ ਦੇ ਲੋਕਾਂ ਦੀ ਭਲਾਈ ਅਤੇ ਪੰਜਾਬ ਦੀ ਤਰੱਕੀ ਲਈ ਪੂਰੇ ਦਿਲ ਨਾਲ ਕੰਮ ਕੀਤਾ ਹੈ। ਦੂਜੇ ਪਾਸੇ, ਵਿਰੋਧੀ ਪਾਰਟੀਆਂ ਨੇ ਹਮੇਸ਼ਾ ਸੂਬੇ ਨੂੰ ਬੇਰਹਿਮੀ ਨਾਲ ਲੁੱਟਿਆ ਹੈ ਅਤੇ ਲੋਕਾਂ ਦੇ ਸਰੋਤਾਂ ਨੂੰ ਲੁੱਟ ਕੇ ਉਨ੍ਹਾਂ ਦਾ ਸ਼ੋਸ਼ਣ ਕੀਤਾ ਹੈ। ਇਹ ਲੋਕ ਕਿਸੇ ਰਹਿਮ ਦੇ ਹੱਕਦਾਰ ਨਹੀਂ ਹਨ ਅਤੇ ਜਨਤਾ ਨੂੰ ਉਨ੍ਹਾਂ ਦੇ ਪਾਪਾਂ ਲਈ ਸਬਕ ਸਿਖਾਉਣਾ ਚਾਹੀਦਾ ਹੈ।

ਉਨ੍ਹਾਂ ਕਿਹਾ, ਕੁਝ ਦਿਨ ਪਹਿਲਾਂ ਤੱਕ, ਅਕਾਲੀ ਆਗੂ ਸੁਖਬੀਰ ਬਾਦਲ ਭਾਜਪਾ ਵਿਰੁੱਧ ਖੜ੍ਹੇ ਸਨ, ਪਰ ਹੁਣ ਉਹ ਸੂਬੇ ਵਿੱਚ ਸੱਤਾ ਪ੍ਰਾਪਤ ਕਰਨ ਲਈ ਭਗਵਾ ਪਾਰਟੀ ਨਾਲ ਗੱਠਜੋੜ ਕਰਨ ਲਈ ਗੋਡੇ ਟੇਕ ਰਹੇ ਹਨ। ਉਨ੍ਹਾਂ ਦਾ ਇੱਕੋ ਇੱਕ ਮਕਸਦ ਬਿਨਾਂ ਕਿਸੇ ਵਿਚਾਰਧਾਰਕ ਵਚਨਬੱਧਤਾ ਦੇ ਸੱਤਾ ਪ੍ਰਾਪਤ ਕਰਕੇ ਸੂਬੇ ਨੂੰ ਬਰਬਾਦ ਕਰਨਾ ਹੈ, ਜੋ ਕਿ ਪੰਜਾਬ ਲਈ ਬਹੁਤ ਘਾਤਕ ਹੋਵੇਗਾ। ਇਹ ਲੋਕ ਮੌਕਾਪ੍ਰਸਤ ਹਨ ਜਿਨ੍ਹਾਂ ਦੀ ਸੂਬੇ ਨਾਲ ਕੋਈ ਵਚਨਬੱਧਤਾ ਨਹੀਂ ਹੈ। ਮੈਂ ਲੋਕਾਂ ਨੂੰ ਅਪੀਲ ਕਰਦਾ ਹਾਂ ਕਿ ਉਹ ਇਨ੍ਹਾਂ ਪਾਰਟੀਆਂ ਦੀਆਂ ਗੁੰਮਰਾਹਕੁੰਨ ਚਾਲਾਂ ਤੋਂ ਕਦੇ ਵੀ ਦੂਰ ਨਾ ਜਾਣ ਜਿਨ੍ਹਾਂ ਨੂੰ ਪੰਜਾਬ ਦੀ ਕੋਈ ਚਿੰਤਾ ਨਹੀਂ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਇਨ੍ਹਾਂ ਪਾਰਟੀਆਂ ਦਾ ਸੂਬੇ ਅਤੇ ਇਸਦੇ ਲੋਕਾਂ ਵਿਰੁੱਧ ਕੰਮ ਕਰਨ ਦਾ ਸ਼ੱਕੀ ਰਿਕਾਰਡ ਹੈ ਅਤੇ ਇਨ੍ਹਾਂ ਨੂੰ ਕਦੇ ਵੀ ਮਾਫ਼ ਨਹੀਂ ਕੀਤਾ ਜਾ ਸਕਦਾ। ਭਾਜਪਾ ਪੰਜਾਬ ਵਿਰੋਧੀ ਮਾਨਸਿਕਤਾ ਤੋਂ ਪੀੜਤ ਹੈ ਅਤੇ ਇਸਨੇ ਹਮੇਸ਼ਾ ਪੰਜਾਬ ਨਾਲ ਬੇਇਨਸਾਫ਼ੀ ਕੀਤੀ ਹੈ, ਭਾਵੇਂ ਉਹ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ, ਭਾਖੜਾ ਬਿਆਸ ਪ੍ਰਬੰਧਨ ਬੋਰਡ (22$2), ਸਤਲੁਜ ਯਮੁਨਾ ਲਿੰਕ ਨਹਿਰ, ਹਰੀਕੇ ਨਹਿਰ, ਗਣਤੰਤਰ ਦਿਵਸ ਦੀਆਂ ਝਾਕੀਆਂ, ਪੇਂਡੂ ਵਿਕਾਸ ਫੰਡ ਫੰਡ ਜਾਂ ਸਰਹੱਦੀ ਖੇਤਰ ਦੇ ਫੰਡਾਂ ਦਾ ਮੁੱਦਾ ਹੋਵੇ।

ਉਨ੍ਹਾਂ ਅੱਗੇ ਕਿਹਾ, ਭਾਜਪਾ ਦੇ ਹੱਥ ਪੰਜਾਬ ਦੇ 700 ਤੋਂ ਵੱਧ ਕਿਸਾਨਾਂ ਦੇ ਕਤਲ ਨਾਲ ਰੰਗੇ ਹੋਏ ਹਨ, ਜਿਨ੍ਹਾਂ ਨੇ ਕਠੋਰ ਕਿਸਾਨ ਕਾਨੂੰਨਾਂ ਦੇ ਵਿਰੋਧ ਵਿੱਚ ਸ਼ਹੀਦੀ ਪ੍ਰਾਪਤ ਕੀਤੀ।

ਮੁੱਖ ਮੰਤਰੀ ਨੇ ਕਿਹਾ, ਆਪ ਆਪਣੀਆਂ ਲੋਕ-ਪੱਖੀ ਅਤੇ ਵਿਕਾਸ-ਮੁਖੀ ਨੀਤੀਆਂ ਕਾਰਨ ਦੇਸ਼ ਭਰ ਵਿੱਚ ਆਪਣੇ ਖੰਭ ਫੈਲਾ ਰਹੀ ਹੈ। ਰਾਜਸਥਾਨ ਵਿੱਚ ਸਥਾਨਕ ਸਰਕਾਰਾਂ ਦੀਆਂ ਚੋਣਾਂ ਵਿੱਚ ਪਾਰਟੀ ਨੂੰ ਮਿਲੀ ਜਿੱਤ ਇਸਦਾ ਪ੍ਰਮਾਣ ਹੈ। ਰਵਾਇਤੀ ਪਾਰਟੀਆਂ ਨੇ ਹਮੇਸ਼ਾ ਆਪਣੀਆਂ ਬੇਬੁਨਿਆਦ ਅਤੇ ਵੰਡਪਾਊ ਚਾਲਾਂ ਨਾਲ ਆਮ ਆਦਮੀ ਨੂੰ ਮੂਰਖ ਬਣਾਇਆ ਹੈ। ਉਹ ਦਿਨ ਗਏ ਜਦੋਂ ਇਹ ਪਾਰਟੀਆਂ ਸੰਗੀਤਕ ਕੁਰਸੀਆਂ ਖੇਡਦੀਆਂ ਸਨ ਅਤੇ ਆਪਣੀ ਸੱਤਾ ਦੀ ਵਾਰੀ ਦੀ ਉਡੀਕ ਕਰਦੀਆਂ ਸਨ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਦਰਅਸਲ, ਇਨ੍ਹਾਂ ਪਾਰਟੀਆਂ ਨੇ ਆਪਣੇ ਸੱਤਾ ਦੇ ਦਿਨਾਂ ਦੌਰਾਨ ਇੱਕ ਦੂਜੇ ਦੇ ਹਿੱਤਾਂ ਦੀ ਰਾਖੀ ਕੀਤੀ, ਜਿਸ ਕਾਰਨ ਉਨ੍ਹਾਂ ਦੇ ਮਾੜੇ ਕੰਮਾਂ ਦਾ ਕਦੇ ਪਰਦਾਫਾਸ਼ ਨਹੀਂ ਹੋਇਆ। ਅੱਜ, ਲੋਕ 'ਆਪ' ਨੂੰ ਚੁਣ ਰਹੇ ਹਨ ਅਤੇ ਇਸ ਪਾਰਟੀ ਦਾ ਪ੍ਰਤੀਕ, ਝਾੜੂ, ਸੂਬੇ ਅਤੇ ਦੇਸ਼ ਦੀ ਰਾਜਨੀਤਿਕ ਪ੍ਰਣਾਲੀ ਨੂੰ ਸਾਫ਼ ਕਰ ਰਿਹਾ ਹੈ। ਇਸ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।

ਅਕਾਲੀ ਦਲ 'ਤੇ ਵਰ੍ਹਦਿਆਂ ਮੁੱਖ ਮੰਤਰੀ ਨੇ ਕਿਹਾ, ਆਪਣੇ ਲੰਬੇ ਕੁਸ਼ਾਸਨ ਦੌਰਾਨ, ਅਕਾਲੀਆਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਦਾ ਪਾਪ ਕੀਤਾ, ਇਸ ਘਿਨਾਉਣੇ ਅਪਰਾਧ ਦੇ ਦੋਸ਼ੀਆਂ ਨੂੰ ਬਚਾਇਆ ਅਤੇ ਮਾਸੂਮ ਲੋਕਾਂ 'ਤੇ ਗੋਲੀਬਾਰੀ ਦੀ ਇਜਾਜ਼ਤ ਦਿੱਤੀ। ਅਕਾਲੀਆਂ ਨੇ ਪੰਜਾਬੀਆਂ ਦੀ ਮਾਨਸਿਕਤਾ ਨੂੰ ਭਾਵਨਾਤਮਕ ਤੌਰ 'ਤੇ ਠੇਸ ਪਹੁੰਚਾਉਣ ਤੋਂ ਇਲਾਵਾ ਸੂਬੇ ਨੂੰ ਬੇਰਹਿਮੀ ਨਾਲ ਲੁੱਟਿਆ ਹੈ ਅਤੇ ਸੂਬੇ ਦੇ ਕਈ ਮਾਫੀਆ ਨੂੰ ਸਰਪ੍ਰਸਤੀ ਦਿੱਤੀ ਹੈ। ਅਕਾਲੀਆਂ ਨੂੰ ਹਰ ਵੋਟ ਬੇਅਦਬੀ ਦੇ ਹੱਕ ਵਿੱਚ ਫਤਵਾ ਹੋਵੇਗਾ।

ਉਨ੍ਹਾਂ ਕਿਹਾ, ਅਕਾਲੀ ਲੀਡਰਸ਼ਿਪ ਨੂੰ ਕਦੇ ਵੀ ਮੁਆਫ਼ ਨਹੀਂ ਕੀਤਾ ਜਾ ਸਕਦਾ ਕਿਉਂਕਿ ਇਹ ਸੂਬੇ ਦੀਆਂ ਕਈ ਪੀੜ੍ਹੀਆਂ ਦੇ ਕਤਲੇਆਮ ਲਈ ਜ਼ਿੰਮੇਵਾਰ ਸੀ, ਕਿਉਂਕਿ ਨਸ਼ਿਆਂ ਦੇ ਵਪਾਰ ਨੂੰ ਉਨ੍ਹਾਂ ਦੁਆਰਾ ਸਰਪ੍ਰਸਤੀ ਦਿੱਤੀ ਗਈ ਸੀ ਅਤੇ ਉਨ੍ਹਾਂ ਦੇ ਕੁਸ਼ਾਸਨ ਦੇ ਲੰਬੇ ਦੌਰ ਦੌਰਾਨ ਇਹ ਵਧਿਆ-ਫੁੱਲਿਆ ਸੀ। ਲੋਕ ਇਨ੍ਹਾਂ ਪਾਰਟੀਆਂ ਦੇ ਗੁੰਮਰਾਹਕੁੰਨ ਝਗੜਿਆਂ ਵਿੱਚ ਨਹੀਂ ਆਉਣਗੇ ਅਤੇ ਆਉਣ ਵਾਲੇ ਦਿਨਾਂ ਵਿੱਚ ਉਨ੍ਹਾਂ ਨੂੰ ਢੁਕਵਾਂ ਸਬਕ ਸਿਖਾਉਣਗੇ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਉਨ੍ਹਾਂ ਨੇ ਆਪਣੇ ਸੱਤਾ ਦੇ ਦਿਨਾਂ ਦੌਰਾਨ ਸੂਬੇ ਦੀ ਦੌਲਤ ਨੂੰ ਬੇਰਹਿਮੀ ਨਾਲ ਲੁੱਟਿਆ ਹੈ ਅਤੇ ਪੰਜਾਬ ਦੇ ਨੌਜਵਾਨਾਂ ਨੂੰ ਨਸ਼ੇ ਦਿੱਤੇ ਹਨ।

ਅਕਾਲੀ ਦਲ ਦੇ ਆਗੂ ਸੁਖਬੀਰ ਬਾਦਲ 'ਤੇ ਵਰ੍ਹਦਿਆਂ ਉਨ੍ਹਾਂ ਕਿਹਾ, ਸੁਖਬੀਰ ਬਾਦਲ ਨੂੰ ਜ਼ਮੀਨੀ ਹਕੀਕਤਾਂ ਦਾ ਪਤਾ ਨਹੀਂ ਹੈ ਕਿਉਂਕਿ ਉਹ ਆਪਣੀ ਸਾਰੀ ਜ਼ਿੰਦਗੀ ਸੁੱਖ-ਸਹੂਲਤਾਂ ਅਤੇ ਐਸ਼ੋ-ਆਰਾਮ ਦੇ ਸੁਰੱਖਿਅਤ ਵਾਤਾਵਰਣ ਵਿੱਚ ਰਿਹਾ ਹੈ। ਸੁਖਬੀਰ ਬਾਦਲ ਪੰਜਾਬ ਦੇ ਇੱਕ ਕਾਨਵੈਂਟ-ਪੜ੍ਹੇ-ਲਿਖੇ ਰਾਜਨੀਤਿਕ ਨੇਤਾ ਹਨ ਜੋ ਸੂਬੇ ਦੀ ਮੁੱਢਲੀ ਭੂਗੋਲਿਕ ਸਥਿਤੀ ਤੋਂ ਜਾਣੂ ਨਹੀਂ ਹਨ ਪਰ ਪੰਜਾਬ ਵਿੱਚ ਰਾਜਨੀਤਿਕ ਸੱਤਾ ਪ੍ਰਾਪਤ ਕਰਨਾ ਚਾਹੁੰਦੇ ਹਨ। ਸਭ ਕੁਝ ਛੱਡ ਕੇ, ਸਾਬਕਾ ਉਪ ਮੁੱਖ ਮੰਤਰੀ ਸੂਬੇ ਦੀਆਂ ਮੁੱਢਲੀਆਂ ਫਸਲਾਂ ਨੂੰ ਵੀ ਵੱਖਰਾ ਨਹੀਂ ਕਰ ਸਕਦੇ ਕਿਉਂਕਿ ਉਨ੍ਹਾਂ ਨੂੰ ਮੁੱਢਲੇ ਮੁੱਦਿਆਂ ਬਾਰੇ ਬਹੁਤ ਘੱਟ ਜਾਣਕਾਰੀ ਹੈ।

ਮੁੱਖ ਮੰਤਰੀ ਨੇ ਕਿਹਾ, ਮੈਂ ਰਾਜ ਦੇ ਬੇਮਿਸਾਲ ਵਿਕਾਸ ਨੂੰ ਯਕੀਨੀ ਬਣਾਉਣ ਲਈ ਆਪਣਾ ਪਸੀਨਾ ਅਤੇ ਮਿਹਨਤ ਲਗਾਈ ਹੈ ਅਤੇ ਹਰ ਬੀਤਦੇ ਦਿਨ ਨਾਲ ਅਸੀਂ ਲੋਕਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਲਈ ਕਈ ਨਵੇਂ ਲੋਕ-ਪੱਖੀ ਉਪਰਾਲੇ ਕਰ ਰਹੇ ਹਾਂ। ਆਪਣੇ ਪੂਰਵਜਾਂ ਦੇ ਉਲਟ, ਮੈਂ ਕਦੇ ਵੀ ਸਰਕਾਰੀ ਖਜ਼ਾਨੇ ਤੋਂ ਇੱਕ ਪੈਸਾ ਵੀ ਨਹੀਂ ਮੰਗਿਆ; ਸਗੋਂ, ਮੈਂ ਇਹ ਯਕੀਨੀ ਬਣਾਇਆ ਹੈ ਕਿ ਟੈਕਸਦਾਤਾਵਾਂ ਦਾ ਇੱਕ-ਇੱਕ ਪੈਸਾ ਜਨਤਕ ਭਲਾਈ ਲਈ ਸਮਝਦਾਰੀ ਨਾਲ ਖਰਚ ਕੀਤਾ ਜਾਵੇ।

ਉਨ੍ਹਾਂ ਕਿਹਾ, ਉਨ੍ਹਾਂ ਦਾ ਪੁੱਤਰ ਅਤੇ ਭਰਾ ਹੋਣ ਦੇ ਨਾਤੇ, ਮੈਂ ਆਪਣੇ ਪੂਰਵਜਾਂ ਵਾਂਗ ਅਮੀਰੀ ਭਰੀ ਜ਼ਿੰਦਗੀ ਜੀਉਣ ਦੀ ਬਜਾਏ ਲੋਕਾਂ ਦੀਆਂ ਮੁਸ਼ਕਲਾਂ ਅਤੇ ਮੁਸ਼ਕਲਾਂ ਨੂੰ ਸਾਂਝਾ ਕਰਨ 'ਤੇ ਧਿਆਨ ਕੇਂਦਰਿਤ ਕੀਤਾ ਹੈ। ਪਹਿਲਾਂ ਦੇ ਕੋਈ ਵੀ ਸ਼ਾਸਕ ਲੋਕਾਂ ਕੋਲ ਇਸ ਤਰੀਕੇ ਨਾਲ ਨਹੀਂ ਆਇਆ ਸੀ ਕਿ ਉਹ ਉਨ੍ਹਾਂ ਦੀਆਂ ਮੁਸ਼ਕਲਾਂ ਬਾਰੇ ਪੂਰੀ ਤਰ੍ਹਾਂ ਗੱਲਬਾਤ ਕਰ ਸਕਣ ਅਤੇ ਉਨ੍ਹਾਂ ਨੂੰ ਮਿਸ਼ਨਰੀ ਜੋਸ਼ ਨਾਲ ਹੱਲ ਕਰ ਸਕਣ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਉਨ੍ਹਾਂ ਹੰਕਾਰੀ ਸਿਆਸਤਦਾਨਾਂ ਨੇ ਹਮੇਸ਼ਾ ਲੋਕਾਂ ਨੂੰ ਮਿਲਣ ਦੀ ਬਜਾਏ ਆਪਣੇ ਵੱਡੇ ਘਰਾਂ ਦੀਆਂ ਉੱਚੀਆਂ ਕੰਧਾਂ ਵਿੱਚ ਆਪਣੇ ਆਪ ਨੂੰ ਸੀਮਤ ਰੱਖਿਆ ਹੈ ਅਤੇ ਹੁਣ ਸੂਬਾ ਸਰਕਾਰ ਦੇ ਹਰ ਕਦਮ ਤੋਂ ਹੈਰਾਨ ਹਨ। ਇਸ ਦੇ ਉਲਟ, ਮੈਂ ਹਮੇਸ਼ਾ ਵਿਕਾਸ-ਮੁਖੀ ਅਤੇ ਨਾਗਰਿਕ-ਕੇਂਦ੍ਰਿਤ ਨੀਤੀਆਂ ਬਣਾਉਣ ਲਈ ਲੋਕਾਂ ਤੋਂ ਫੀਡਬੈਕ ਲੈਣ ਲਈ ਮੈਦਾਨ ਵਿੱਚ ਰਿਹਾ ਹਾਂ, ਜਿਸ ਨਾਲ ਸੂਬੇ ਦੇ ਵਿਕਾਸ ਨੂੰ ਵੱਡਾ ਹੁਲਾਰਾ ਮਿਲਿਆ ਹੈ।

ਮੁੱਖ ਮੰਤਰੀ ਨੇ ਕਿਹਾ, ਆਪ ਸਰਕਾਰ ਸੂਬੇ ਦੇ ਲੋਕਾਂ ਦੀ ਭਲਾਈ ਲਈ ਸਰਕਾਰੀ ਖਜ਼ਾਨੇ ਦੇ ਇੱਕ-ਇੱਕ ਪੈਸੇ ਦੀ ਸੁਚੱਜੀ ਵਰਤੋਂ ਕਰ ਰਹੀ ਹੈ। ਸੂਬੇ ਦੇ 90% ਤੋਂ ਵੱਧ ਘਰਾਂ ਨੂੰ ਮੁਫ਼ਤ ਬਿਜਲੀ ਮਿਲ ਰਹੀ ਹੈ। ਅੱਜ ਕਿਸਾਨਾਂ ਨੂੰ ਵੀ ਦਿਨ ਵੇਲੇ ਬਿਜਲੀ ਮਿਲ ਰਹੀ ਹੈ, ਜੋ ਕਿ ਬੇਮਿਸਾਲ ਰਿਹਾ ਹੈ। ਉਨ੍ਹਾਂ ਕਿਹਾ, ਲੋਕਾਂ ਦੇ ਟੈਕਸ ਦਾ ਪੈਸਾ ਰਾਜ ਦਾ ਹੈ ਅਤੇ ਅਸੀਂ ਇਸਨੂੰ ਸਮਝਦਾਰੀ ਨਾਲ ਲੋਕਾਂ ਦੀ ਭਲਾਈ 'ਤੇ ਖਰਚ ਕਰ ਰਹੇ ਹਾਂ। ਲੋਕਾਂ ਦਾ ਪੈਸਾ ਵਿਕਾਸ, ਸਕੂਲਾਂ, ਹਸਪਤਾਲਾਂ ਅਤੇ ਸੜਕਾਂ ਰਾਹੀਂ ਲੋਕਾਂ ਕੋਲ ਵਾਪਸ ਆ ਰਿਹਾ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਪੰਜਾਬ ਸਰਕਾਰ ਲੋਕਾਂ ਲਈ ਕੰਮ ਕਰ ਰਹੀ ਹੈ ਅਤੇ ਘਰਾਂ ਨੂੰ ਮੁਫ਼ਤ ਬਿਜਲੀ, 70,000 ਤੋਂ ਵੱਧ ਨੌਜਵਾਨਾਂ ਨੂੰ ਭ੍ਰਿਸ਼ਟਾਚਾਰ ਤੋਂ ਬਿਨਾਂ ਨੌਕਰੀਆਂ, ਬਿਹਤਰ ਸੜਕਾਂ, ਮਿਆਰੀ ਸਿੱਖਿਆ ਅਤੇ ਸਿਹਤ ਸੰਭਾਲ ਪ੍ਰਦਾਨ ਕੀਤੀ ਹੈ, ਬੁਨਿਆਦੀ ਢਾਂਚਾ ਉਸਾਰਿਆ ਹੈ ਅਤੇ ਨਾਲ ਹੀ ਕਈ ਹੋਰ ਮੁੱਖ ਪਹਿਲਕਦਮੀਆਂ ਕੀਤੀਆਂ ਹਨ ਜਿਨ੍ਹਾਂ ਨੂੰ ਮੇਰੇ ਪੂਰਵਜਾਂ ਨੇ ਅਣਗੌਲਿਆ ਕੀਤਾ ਸੀ।

ਉਨ੍ਹਾਂ ਕਿਹਾ, ਨੌਜਵਾਨਾਂ ਨੂੰ ਨਸ਼ਿਆਂ ਦੇ ਖ਼ਤਰੇ ਤੋਂ ਦੂਰ ਕਰਨ ਲਈ, ਰਾਜ ਵਿੱਚ 3,100 ਖੇਡ ਸਟੇਡੀਅਮ ਬਣਾਏ ਜਾ ਰਹੇ ਹਨ। ਅਸੀਂ ਸਿੱਖਿਆ ਨੂੰ ਤਰਜੀਹ ਦਿੱਤੀ ਹੈ ਅਤੇ ਲੋਕਾਂ ਦੇ ਜੀਵਨ ਨੂੰ ਬਦਲਣ ਲਈ ਸਿੱਖਿਆ ਖੇਤਰ ਵਿੱਚ ਮਹੱਤਵਪੂਰਨ ਪਹਿਲਕਦਮੀਆਂ ਕੀਤੀਆਂ ਹਨ।

ਮੁੱਖ ਮੰਤਰੀ ਨੇ ਕਿਹਾ, ਕੋਈ ਵੀ ਮੁਫ਼ਤ ਜਾਂ ਰਿਆਇਤੀ ਕਾਰਡ ਸੂਬੇ ਵਿੱਚੋਂ ਗਰੀਬੀ ਜਾਂ ਹੋਰ ਸਮਾਜਿਕ ਬੁਰਾਈਆਂ ਨੂੰ ਖਤਮ ਨਹੀਂ ਕਰ ਸਕਦੇ, ਪਰ ਸਿੱਖਿਆ ਹੀ ਉਹ ਕੁੰਜੀ ਹੈ ਜੋ ਲੋਕਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕ ਕੇ ਇਸ ਦੁਸ਼ਟ ਚੱਕਰ ਵਿੱਚੋਂ ਬਾਹਰ ਕੱਢ ਸਕਦੀ ਹੈ। ਇਸ ਕਾਰਨ, ਸਾਡੀ ਸਰਕਾਰ ਆਮ ਆਦਮੀ ਨੂੰ ਸਸ਼ਕਤ ਬਣਾਉਣ ਲਈ ਸਿੱਖਿਆ ਦੇ ਮਿਆਰ ਨੂੰ ਬਿਹਤਰ ਬਣਾਉਣ ਲਈ ਅਣਥੱਕ ਯਤਨ ਕਰ ਰਹੀ ਹੈ।

ਉਨ੍ਹਾਂ ਕਿਹਾ, ਰਾਜ ਦੇ ਵਸਨੀਕਾਂ ਦੀ ਸਹੂਲਤ ਲਈ 45,000 ਕਿਲੋਮੀਟਰ ਸੜਕਾਂ ਦਾ ਨਵੀਨੀਕਰਨ ਅਤੇ ਅਪਗ੍ਰੇਡ ਕੀਤਾ ਜਾ ਰਿਹਾ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਮੇਰੇ ਅਹੁਦਾ ਸੰਭਾਲਣ ਤੋਂ ਬਾਅਦ, ਨਹਿਰੀ ਸਿੰਚਾਈ ਹੇਠ ਰਕਬਾ 26% ਤੋਂ ਵਧ ਕੇ 80% ਹੋ ਗਿਆ ਹੈ, ਜਿਸ ਨਾਲ ਕਿਸਾਨਾਂ ਨੂੰ ਬਹੁਤ ਫਾਇਦਾ ਹੋਇਆ ਹੈ। ਮੁੱਖ ਮੰਤਰੀ ਨੇ ਕਿਹਾ, ਲੋਕਾਂ ਨੂੰ ਵਿਆਪਕ ਸਿਹਤ ਸੰਭਾਲ ਪ੍ਰਦਾਨ ਕਰਨ ਲਈ, ਸੂਬਾ ਸਰਕਾਰ ਨੇ ਮੁੱਖ ਮੰਤਰੀ ਸਿਹਤ ਯੋਜਨਾ ਸ਼ੁਰੂ ਕੀਤੀ ਹੈ, ਜੋ ਕਿ ਦੇਸ਼ ਵਿੱਚ ਆਪਣੀ ਕਿਸਮ ਦੀ ਪਹਿਲੀ ਯੋਜਨਾ ਹੈ ਜੋ ਪੰਜਾਬ ਦੇ ਹਰੇਕ ਨਿਵਾਸੀ ਪਰਿਵਾਰ ਲਈ 10 ਲੱਖ ਰੁਪਏ ਤੱਕ ਦਾ ਨਕਦ ਰਹਿਤ ਡਾਕਟਰੀ ਇਲਾਜ ਪ੍ਰਦਾਨ ਕਰਦੀ ਹੈ। ਇਹ ਬਹੁਤ ਮਾਣ ਅਤੇ ਸੰਤੁਸ਼ਟੀ ਦੀ ਗੱਲ ਹੈ ਕਿ ਪੰਜਾਬ ਅਜਿਹਾ ਵਿਆਪਕ ਸਿਹਤ ਸੰਭਾਲ ਕਵਰੇਜ ਪ੍ਰਦਾਨ ਕਰਨ ਵਾਲਾ ਪਹਿਲਾ ਭਾਰਤੀ ਸੂਬਾ ਹੈ, ਜਿਸ ਨੇ ਮਿਆਰੀ ਸਿਹਤ ਸੇਵਾਵਾਂ ਨੂੰ ਯਕੀਨੀ ਬਣਾਉਂਦੇ ਹੋਏ ਜਨਤਾ 'ਤੇ ਵਿੱਤੀ ਬੋਝ ਨੂੰ ਕਾਫ਼ੀ ਹੱਦ ਤੱਕ ਘਟਾ ਦਿੱਤਾ ਹੈ।

ਮੁੱਖ ਮੰਤਰੀ ਨੇ ਅੱਗੇ ਕਿਹਾ, ਮਾਵਨ ਧੀਆਨ ਸਤਿਕਾਰ ਯੋਜਨਾ ਦੇ ਤਹਿਤ, 1 ਜੁਲਾਈ ਤੋਂ, 18 ਸਾਲ ਤੋਂ ਵੱਧ ਉਮਰ ਦੀਆਂ ਹਰ ਮਹਿਲਾ ਲਾਭਪਾਤਰੀ ਨੂੰ ਉਨ੍ਹਾਂ ਦੇ ਮੋਬਾਈਲ 'ਤੇ 1,000 ਰੁਪਏ ਅਤੇ ਅਨੁਸੂਚਿਤ ਜਾਤੀ ਦੀਆਂ ਔਰਤਾਂ ਦੇ ਮਾਮਲੇ ਵਿੱਚ 1,500 ਰੁਪਏ ਦੀ ਵਿੱਤੀ ਸਹਾਇਤਾ ਬਾਰੇ ਸੂਚਨਾਵਾਂ ਮਿਲ ਰਹੀਆਂ ਹਨ।

ਫੰਡ ਸਿੱਧੇ ਬੈਂਕ ਖਾਤਿਆਂ ਵਿੱਚ ਟ੍ਰਾਂਸਫਰ ਕੀਤੇ ਜਾਣਗੇ ਅਤੇ ਪਹਿਲਾਂ ਹੀ ਸਮਾਜਿਕ ਸੁਰੱਖਿਆ ਪੈਨਸ਼ਨ ਪ੍ਰਾਪਤ ਕਰ ਰਹੀਆਂ ਔਰਤਾਂ ਵੀ ਯੋਗ ਹੋਣਗੀਆਂ। ਪੰਜਾਬ ਵਿੱਚ 97% ਔਰਤਾਂ ਇਸ ਯੋਜਨਾ ਤੋਂ ਲਾਭ ਉਠਾ ਰਹੀਆਂ ਹਨ ਅਤੇ ਸੂਬਾ ਸਰਕਾਰ ਨੇ ਬਜਟ ਵਿੱਚ 9,300 ਕਰੋੜ ਰੁਪਏ ਅਲਾਟ ਕੀਤੇ ਹਨ।

ਇਸ ਮੌਕੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ, ਲੋਕ ਸਭਾ ਮੈਂਬਰ ਮਾਲਵਿੰਦਰ ਸਿੰਘ ਕੰਗ ਅਤੇ ਹੋਰ ਵੀ ਮੌਜੂਦ ਸਨ

# 500 ਡਰੋਨਾਂ ਨੇ ਟਾਂਡਾ ਦੇ ਅਸਮਾਨ ਨੂੰ ਕੀਤਾ ਰੌਸ਼ਨ



**ਟਾਂਡਾ, 20 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਡਰੋਨ ਸ਼ੋਅਜ ਦੀ ਲੜੀ ਤਹਿਤ ਮੰਗਲਵਾਰ ਸ਼ਾਮ ਟਾਂਡਾ ਵਿਖੇ ਸ਼ਾਨਦਾਰ ਡਰੋਨ ਸ਼ੋਅ ਕਰਾਇਆ ਗਿਆ ਜਿਸ ਵਿੱਚ 500 ਡਰੋਨਾਂ ਨੇ ਅਸਮਾਨ ਵਿੱਚ ਗੁਰੂ ਜੀ ਦੀਆਂ ਮਹਾਨ ਸਿੱਖਿਆਵਾਂ, ਸੱਚੀ ਸੁੱਚੀ ਕਿਰਤ ਅਤੇ ਫ਼ਲਸਫ਼ੇ ਬਾਰੇ ਬਾਕਮਾਲ ਪੇਸ਼ਕਾਰੀ ਕੀਤੀ।

ਵੱਡੀ ਗਿਣਤੀ ਵਿੱਚ ਮੌਜੂਦ ਸੰਗਤ ਨੇ ਵਿਲੱਖਣ ਏਰੀਅਲ ਸ਼ੋਅ ਰਾਹੀਂ ਤਕਨਾਲੋਜੀ ਅਤੇ ਅਧਿਆਤਮਿਕਤਾ ਦਾ ਸੁਮੇਲ ਬਹੁਤ ਹੀ ਭਾਵਨਾ ਨਾਲ ਦੇਖਿਆ। ਸ਼ੋਅ ਦੌਰਾਨ 500 ਡਰੋਨਾਂ ਰਾਹੀਂ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ ਅਤੇ ਫਲਸਫ਼ੇ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਦਰਸਾਇਆ ਗਿਆ ਜਿਸ ਵਿੱਚ ਗੁਰੂ ਜੀ ਦੇ ਬਰਾਬਰੀ, ਭਾਈਚਾਰਕ ਸਾਂਝ, ਦਇਆ, ਸਮਾਜਿਕ ਨਿਆਂ ਅਤੇ ਮਨੁੱਖੀ ਸਨਮਾਨ ਦਾ ਸਦੀਵੀ ਸੰਦੇਸ਼ ਦੀ ਪੇਸ਼ਕਾਰੀ ਕੀਤੀ ਗਈ।

ਸੰਗਤ ਨੂੰ ਸੰਬੋਧਨ ਕਰਦਿਆਂ ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ ਨੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਗੁਰੂ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵੱਖ-ਵੱਖ ਸਮਾਗਮਾਂ ਦੀ ਲੜੀ ਸਾਰਾ ਸਾਲ ਚਲਾਈ ਜਾ ਰਹੀ ਹੈ ਤਾਂ ਜੋ ਗੁਰੂ ਜੀ ਦੀਆਂ ਮਹਾਨ ਸਿੱਖਿਆਵਾਂ ਦਾ ਪ੍ਰਸਾਰ ਕਰਕੇ ਖ਼ਾਸਕਰ ਨੌਜਵਾਨ ਪੀੜੀ ਨੂੰ ਜਾਣੂ ਕਰਵਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਇਹ ਸ਼ਾਨਦਾਰ ਡਰੋਨ ਸ਼ੋਅ ਸ੍ਰੀ ਗੁਰੂ ਰਵਿਦਾਸ ਜੀ ਨੂੰ ਢੁਕਵੀਂ ਸ਼ਰਧਾਂਜਲੀ ਹੈ ਅਤੇ ਉਨ੍ਹਾਂ ਦੇ ਸਦੀਵੀ ਸੰਦੇਸ਼ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣ ਦਾ ਨਿਵੇਕਲਾ ਉਪਰਾਲਾ ਹੈ। ਉਨ੍ਹਾਂ ਕਿਹਾ ਕਿ ਇਹ ਸਿਰਫ਼ ਡਰੋਨ ਸ਼ੋਅ ਨਹੀਂ, ਸਗੋਂ ਨਵੀਂ ਪੀੜ੍ਹੀ ਲਈ ਗੁਰੂ ਜੀ ਦੇ ਬਰਾਬਰੀ ਅਤੇ ਮਨੁੱਖੀ ਸਨਮਾਨ ਦੇ ਸੰਦੇਸ਼ ਦੀ ਪ੍ਰਭਾਵਸ਼ਾਲੀ ਪੇਸ਼ਕਾਰੀ ਹੈ ਜਿਸ ਤੋਂ ਸਾਰਿਆਂ ਨੂੰ ਗੁਰੂ ਜੀ ਵੱਲੋਂ ਦਰਸਾਏ ਮਾਰਗ 'ਤੇ ਚੱਲਣ ਦੀ ਪ੍ਰੇਰਣਾ ਮਿਲਦੀ ਹੈ।

ਰਾਜਾ ਗਿੱਲ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪ੍ਰੋਗਰਾਮਾਂ ਲਈ 100 ਕਰੋੜ ਰੁਪਏ ਰਾਖਵੇਂ ਰੱਖੇ ਗਏ ਹਨ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ ਅਤੇ ਸਿੱਖਿਆਵਾਂ 'ਤੇ ਆਧਾਰਿਤ ਡਾਕੂਮੈਂਟਰੀ ਸ਼ੋਅ 13,000 ਪਿੰਡਾਂ ਵਿੱਚ ਦਿਖਾਏ ਜਾ ਰਹੇ ਹਨ, ਜਿਸ ਰਾਹੀਂ ਗੁਰੂ ਜੀ ਦਾ ਸੰਦੇਸ਼ ਜ਼ਮੀਨੀ ਪੱਧਰ ਤੱਕ ਪਹੁੰਚਾਇਆ ਜਾ ਰਿਹਾ ਹੈ। ਇਸ ਤੋਂ ਇਲਾਵਾ ਸੂਬੇ ਭਰ ਦੇ ਵਿੱਦਿਅਕ ਅਦਾਰਿਆਂ ਵਿੱਚ ਵਿਦਿਆਰਥੀਆਂ ਲਈ ਗੁਰੂ ਜੀ ਦੇ ਜੀਵਨ ਅਤੇ ਸਿੱਖਿਆਵਾਂ 'ਤੇ ਆਧਾਰਿਤ ਸੈਮੀਨਾਰ ਵੀ ਕਰਵਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਅਸੀਂ ਸਾਰੇ ਬਹੁਤ ਖੁਸ਼ਕਿਸਮਤ ਹਾਂ ਕਿ ਸ੍ਰੀ ਗੁਰੂ ਰਵਿਦਾਸ ਜੀ ਦਾ 650ਵਾਂ ਪ੍ਰਕਾਸ਼ ਪੁਰਬ ਸਾਲ ਭਰ ਚੱਲਣ ਵਾਲੇ ਸਮਾਗਮਾਂ ਨਾਲ ਮਨਾਉਣ ਦਾ ਮੌਕਾ ਮਿਲ ਰਿਹਾ ਹੈ, ਜਿਸ ਤਹਿਤ ਸੈਮੀਨਾਰਾਂ, ਡਾਕੂਮੈਂਟਰੀ ਸ਼ੋਅ ਅਤੇ ਧਾਰਮਿਕ ਸਮਾਗਮ ਕਰਵਾਏ ਜਾ ਰਹੇ ਹਨ। ਉਨ੍ਹਾਂ ਲੋਕਾਂ ਨੂੰ ਸੱਦਾ ਦਿੱਤਾ ਕਿ ਇਸ ਇਤਿਹਾਸਕ ਪੁਰਬ ਨੂੰ ਪੂਰੀ ਸ਼ਰਧਾ ਅਤੇ ਏਕਤਾ ਨਾਲ ਮਨਾਉਂਦਿਆਂ ਗੁਰੂ ਜੀ ਦੇ ਮਹਾਨ ਸੰਦੇਸ਼ ਨੂੰ ਹੋਰ ਅੱਗੇ ਪਹੁੰਚਾਇਆ ਜਾਵੇ।

ਵਿਧਾਇਕ ਰਾਜਾ ਗਿੱਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਪੂਰੀ ਸ਼ਰਧਾ ਨਾਲ ਮਨਾਉਂਦਿਆ ਆਧੁਨਿਕ ਮਾਧਿਅਮਾਂ ਰਾਹੀਂ ਗੁਰੂ ਜੀ ਦੇ ਸਰਬ-ਸਾਂਝੇ ਫਲਸਫ਼ੇ ਨੂੰ ਲੋਕਾਂ ਤੱਕ ਪਹੁੰਚਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਮਾਗਮਾਂ ਤਹਿਤ ਸੂਬੇ ਭਰ ਵਿੱਚ 92 ਡਰੋਨ ਸ਼ੋਅ ਕਰਵਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਇਸ ਦਾ ਉਦੇਸ਼ ਨੌਜਵਾਨ ਪੀੜ੍ਹੀ ਨੂੰ ਗੁਰੂ ਜੀ ਦੇ ਇਨਕਲਾਬੀ ਫਲਸਫ਼ੇ ਤੋਂ ਜਾਣੂ ਕਰਵਾਉਣ ਦੇ ਨਾਲ-ਨਾਲ ਉਨ੍ਹਾਂ ਦੀਆਂ ਸਿੱਖਿਆਵਾਂ ਨੂੰ ਲੋਕਾਂ ਤੱਕ ਪਹੁੰਚਾਉਣਾ ਹੈ, ਜੋ ਅੱਜ ਦੇ ਸਮੇਂ ਵਿੱਚ ਵੀ ਪੂਰੀ ਤਰ੍ਹਾਂ ਪ੍ਰਸੰਗਿਕ ਹਨ।

ਸਮਾਗਮ ਦੌਰਾਨ ਸੰਤ ਜਸਪਾਲ ਸਿੰਘ, ਸੰਤ ਬਾਬਾ ਤੇਜਾ ਸਿੰਘ ਖੁੱਡੇ ਵਾਲੇ , ਸੰਤ ਬਾਬਾ ਬਲਵੰਤ ਸਿੰਘ ਜੀ ਅਸਥਾਨ ਤੋਂ ਜਥੇਦਾਰ ਹਰਮੇਸ਼ ਪ੍ਰਕਾਸ਼ ਸਿੰਘ , ਜਥੇਦਾਰ ਗੁਰਮੀਤ ਸਿੰਘ , ਜਥੇਦਾਰ ਜ਼ੋਰਾਵਰ ਸਿੰਘ , ਬਲਜੀਤ ਸਿੰਘ , ਜਥੇਦਾਰ ਬਾਬਾ ਕੁਲਦੀਪ ਸਿੰਘ ਗੁਰਦੁਆਰਾ ਟਾਹਲੀ ਸਾਹਿਬ ਵਾਲੇ , ਸੰਤ ਚੰਦਰ ਸ਼ੇਖਰ ਦਾਸ ਸਕਰਾਲਾ , ਸੰਤ ਪ੍ਰਮਿੰਦਰ ਸਿੰਘ , ਸੰਤ ਨਰੇਸ਼ ਗਿਰੀ ਨੰਗਲ ਖੂੰਗਾ, ਸੰਤ ਸੋਢੀ ਸ਼ਾਹ ਚੋਲੀਪੁਰ ਤੋਂ ਇਲਾਵਾ ਵੱਖ-ਵੱਖ ਟਾਂਡਾ ਦੀਆਂ ਧਾਰਮਿਕ ਸਭਾਵਾਂ ਦੇ ਆਗੂ ਵੱਡੀ ਗਿਣਤੀ ਵਿਚ ਸੰਗਤ ਨਾਲ ਮੌਜੂਦ ਸਨ। ਡਰੋਨ ਸ਼ੋਅ ਦੌਰਾਨ ਰਾਗੀ ਭਾਈ ਜਸਵੀਰ ਸਿੰਘ ਜੀ ਨੇ ਗੁਰਬਾਣੀ ਦੇ ਸ਼ਬਦ ਅਤੇ ਕੀਰਤਨ ਰਾਹੀਂ ਸੰਗਤ ਨੂੰ ਨਿਹਾਲ ਕੀਤਾ।

# ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਸਿਹਤ ਵਿਭਾਗ ਨੂੰ ਐਨ.ਐਚ.ਐਮ. ਮੁਲਾਜ਼ਮਾਂ ਦੇ ਮਸਲੇ ਹੱਲ ਕਰਨ ਲਈ ਸਾਂਝੀ ਕਮੇਟੀ ਬਣਾਉਣ ਦੇ ਨਿਰਦੇਸ਼

**ਚੰਡੀਗੜ੍ਹ, 20 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁਲਾਜ਼ਮਾਂ ਦੀਆਂ ਸ਼ਿਕਾਇਤਾਂ ਦੇ ਹੱਲ ਲਈ ਅਹਿਮ ਉਪਰਾਲਾ ਕਰਦਿਆਂ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਜੋ ਮੁਲਾਜ਼ਮਾਂ ਦੇ ਮਸਲੇ ਹੱਲ ਕਰਨ ਲਈ ਬਣਾਈ ਗਈ ਕੈਬਨਿਟ ਸਬ-ਕਮੇਟੀ ਦੇ ਚੇਅਰਮੈਨ ਵੀ ਹਨ, ਨੇ ਅੱਜ ਇੱਥੇ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਨੂੰ ਨਿਰਦੇਸ਼ ਦਿੱਤੇ ਕਿ ਨੈਸ਼ਨਲ ਹੈਲਥ ਮਿਸ਼ਨ (ਐਨ.ਐਚ.ਐਮ.) ਦੇ ਮੁਲਾਜ਼ਮਾਂ ਨੂੰ ਦਰਪੇਸ਼ ਮਸਲਿਆਂ ਨੂੰ ਹੱਲ ਕਰਨ ਲਈ ਇੱਕ ਸਾਂਝੀ ਕਮੇਟੀ ਗਠਿਤ ਕੀਤੀ ਜਾਵੇ। ਇਸ ਕਮੇਟੀ ਵਿੱਚ ਸਿਹਤ, ਵਿੱਤ ਅਤੇ ਸਮਾਜ ਭਲਾਈ ਵਿਭਾਗਾਂ ਦੇ ਅਧਿਕਾਰੀ, ਸਿੱਖਿਆ ਵਿਭਾਗ ਤੋਂ ਇੱਕ ਵਿਸ਼ੇਸ਼ ਇਨਵਾਈਟੀ ਅਤੇ ਐਨ.ਐਚ.ਐਮ. ਇੰਪਲਾਈਜ਼ ਯੂਨੀਅਨ ਦੇ ਦੋ ਮੈਂਬਰ ਸ਼ਾਮਲ ਹੋਣਗੇ। ਇਸ ਦੌਰਾਨ, ਵਿੱਤ ਮੰਤਰੀ ਨੇ ਸਿੱਖਿਆ ਵਿਭਾਗ ਨੂੰ ਵੱਖ-ਵੱਖ ਅਧਿਆਪਕ ਯੂਨੀਅਨਾਂ ਦੀਆਂ ਤਨਖਾਹਾਂ ਅਤੇ ਬਦਲੀਆਂ ਦੀਆਂ ਅਹਿਮ ਚਿੰਤਾਵਾਂ ਨੂੰ ਸਮਾਂਬੱਧ ਤਰੀਕੇ ਨਾਲ ਹੱਲ ਕਰਨ ਦੇ ਵੀ ਨਿਰਦੇਸ਼ ਦਿੱਤੇ।



ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਦੀ ਮੌਜੂਦਗੀ ਵਿੱਚ ਹੋਈ ਮੀਟਿੰਗ ਦੌਰਾਨ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਸਿਹਤ ਵਿਭਾਗ ਨੂੰ ਨਿਰਦੇਸ਼ ਦਿੱਤੇ ਕਿ ਨੈਸ਼ਨਲ ਹੈਲਥ ਮਿਸ਼ਨ (ਐਨ.ਐਚ.ਐਮ.) ਅਧੀਨ ਆਉਂਦੀਆਂ ਹੋਰਨਾਂ ਯੂਨੀਅਨਾਂ ਨਾਲ ਸਲਾਹ-ਮਸ਼ਵਰਾ ਕਰਨ ਤੋਂ ਬਾਅਦ ਇੱਕ ਵਿਆਪਕ ਏਜੰਡਾ ਤਿਆਰ ਕੀਤਾ ਜਾਵੇ, ਤਾਂ ਜੋ ਨਵੀਂ ਬਣੀ ਕਮੇਟੀ ਉਨ੍ਹਾਂ ਦੇ ਮਸਲਿਆਂ ਦਾ ਸੁਖਾਵਾਂ ਹੱਲ ਕੱਢ ਸਕੇ। ਵਿੱਤ ਮੰਤਰੀ ਨੇ ਜ਼ੋਰ ਦਿੰਦਿਆਂ ਕਿਹਾ, ਸਾਂਝੀ ਕਮੇਟੀ ਨੂੰ ਯੂਨੀਅਨਾਂ ਦੀਆਂ ਮੰਗਾਂ ਨਾਲ ਜੁੜੀਆਂ ਵਿੱਤੀ ਦੇਣਦਾਰੀਆਂ ਅਤੇ ਕਾਨੂੰਨੀ ਜ਼ਿੰਮੇਵਾਰੀਆਂ ਬਾਰੇ ਵਿਚਾਰ-ਵਟਾਂਦਰਾ ਕਰਕੇ ਇਸ ਮਸਲੇ ਨੂੰ ਹੱਲ ਕਰਨਾ ਚਾਹੀਦਾ ਹੈ। ਉਨ੍ਹਾਂ ਸਿਹਤ ਵਿਭਾਗ ਨੂੰ ਅਗਲੇਰੀ ਕਰਵਾਈ ਲਈ ਅੰਤਿਮ ਤਜਵੀਜ਼ ਕੈਬਨਿਟ ਸਬ-ਕਮੇਟੀ ਅੱਗੇ ਪੇਸ਼ ਕਰਨ ਦੇ ਨਿਰਦੇਸ਼ ਦਿੱਤੇ।

ਇਸ ਦੌਰਾਨ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ 4161 ਮਾਸਟਰ ਕਾਡਰ ਅਧਿਆਪਕ ਯੂਨੀਅਨ, 3704 ਅਧਿਆਪਕ ਯੂਨੀਅਨ, ਕੰਪਿਊਟਰ ਟੀਚਰਜ਼ ਯੂਨੀਅਨ ਅਤੇ 180 ਈ.ਟੀ.ਟੀ. ਟੈੱਟ ਪਾਸ ਅਧਿਆਪਕ ਐਸੋਸੀਏਸ਼ਨ (ਜੈ ਸਿੰਘ ਵਾਲਾ) ਸਮੇਤ ਅਧਿਆਪਕ ਯੂਨੀਅਨਾਂ ਦੀਆਂ ਚਿੰਤਾਵਾਂ ਵੀ ਸੁਣੀਆਂ। ਉਨ੍ਹਾਂ ਦੇ ਜ਼ਿਆਦਾਤਰ ਮਸਲੇ ਬਦਲੀਆਂ ਅਤੇ ਤਨਖਾਹਾਂ ਨਾਲ ਸਬੰਧਿਤ ਸਨ। ਉਨ੍ਹਾਂ ਸਿੱਖਿਆ ਵਿਭਾਗ ਨੂੰ ਉਨ੍ਹਾਂ ਦੀਆਂ ਜਾਇਜ਼ ਮੰਗਾਂ ਨੂੰ ਸਮਾਂਬੱਧ ਤਰੀਕੇ ਨਾਲ ਹੱਲ ਕਰਨ ਦੇ ਨਿਰਦੇਸ਼ ਦਿੱਤੇ, ਜਿਸ ਨਾਲ ਸੂਬੇ ਦਾ ਭਵਿੱਖ ਘੜਨ ਵਾਲੇ ਅਧਿਆਪਕਾਂ ਨੂੰ ਵੱਡੀ ਰਾਹਤ ਮਿਲ ਸਕੇ। ਵਿੱਤ ਮੰਤਰੀ ਨੇ ਦੁਹਰਾਇਆ, ਭਗਵੰਤ ਸਿੰਘ ਮਾਨ ਸਰਕਾਰ ਮੁਲਾਜ਼ਮਾਂ ਦੀਆਂ ਜਾਇਜ਼ ਚਿੰਤਾਵਾਂ ਨੂੰ ਹੱਲ ਕਰਨ ਲਈ ਹਰ ਸੰਭਵ ਯਤਨ ਕਰਨ ਲਈ ਵਚਨਬੱਧ ਹੈ, ਜਿਸ ਨਾਲ ਸੂਬਾ ਸਰਕਾਰ ਅਤੇ ਇਸਦੇ ਕਰਮਚਾਰੀਆਂ ਵਿਚਕਾਰ ਵਿਸ਼ਵਾਸ ਹੋਰ ਮਜ਼ਬੂਤ ਹੋਵੇਗਾ।

ਇਹਨਾਂ ਮੀਟਿੰਗਾਂ ਵਿੱਚ ਐਨ.ਐਚ.ਐਮ. ਇੰਪਲਾਈਜ਼ ਯੂਨੀਅਨ ਵੱਲੋਂ ਡਾ. ਵਾਹਿਦ ਮੁਹੰਮਦ, ਡਾ. ਅਮਨਦੀਪ ਕੌਰ, ਡਾ. ਜਤਿੰਦਰ ਸੰਧੂ ਅਤੇ ਰਣਜੀਤ ਕੌਰ; 4161 ਮਾਸਟਰ ਕਾਡਰ ਅਧਿਆਪਕ ਯੂਨੀਅਨ ਵੱਲੋਂ ਸੰਦੀਪ ਸਿੰਘ, ਬਲਕਾਰ ਸਿੰਘ ਅਤੇ ਕੁਲਦੀਪ ਸਿੰਘ; 3704 ਅਧਿਆਪਕ ਯੂਨੀਅਨ ਵੱਲੋਂ ਜਗਜੀਵਨਜੋਤ ਸਿੰਘ, ਰਾਜੇਸ਼ਵਰ ਰਾਏ, ਰਾਕੇਸ਼ ਕੁਮਾਰ ਅਤੇ ਸੁਮੀਤਪਾਲ ਸਿੰਘ; ਕੰਪਿਊਟਰ ਟੀਚਰਜ਼ ਯੂਨੀਅਨ ਵੱਲੋਂ ਗੁਰਵਿੰਦਰ ਸਿੰਘ, ਸੁਨੀਤ ਸਰੀਨ, ਗਗਨਦੀਪ ਸਿੰਘ ਅਤੇ ਸੀਤਲ ਸਿੰਘ; ਅਤੇ 180 ਈ.ਟੀ.ਟੀ. ਟੈੱਟ ਪਾਸ ਅਧਿਆਪਕ ਐਸੋਸੀਏਸ਼ਨ (ਜੈ ਸਿੰਘ ਵਾਲਾ) ਵੱਲੋਂ ਕਮਲ ਠਾਕੁਰ, ਸੋਹਣ ਸਿੰਘ, ਗੁਰਮੁਖ ਸਿੰਘ, ਗੁਰਪ੍ਰੀਤ ਸਿੰਘ, ਗੌਰਵ ਕਾਂਤ ਅਤੇ ਪਰਸ਼ੋਤਮ ਸਮੇਤ ਨੁਮਾਇੰਦਿਆਂ ਨੇ ਸਰਗਰਮੀ ਨਾਲ ਹਿੱਸਾ ਲਿਆ।

# ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ ਅਤੇ ਫਲਸਫ਼ੇ ਦੀ ਹੋਵੇਗੀ ਬਾਕਮਾਲ ਪੇਸ਼ਕਾਰੀ: ਡਾ ਰਵਜੋਤ ਸਿੰਘ



**ਸ਼ਾਮਚੁਰਾਸੀ, 20 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪੰਜਾਬ ਸਰਕਾਰ ਵੱਲੋਂ ਬੁੱਧਵਾਰ ਸ਼ਾਮ ਨੂੰ ਵਿਧਾਨ ਸਭਾ ਹਲਕਾ ਸ਼ਾਮਚੁਰਾਸੀ ਦੇ ਕਸਬਾ ਹਰਿਆਣਾ ਦੀ ਦੁਸਿਹਰਾ ਗਰਾਂਊਡ ਵਿਖੇ ਸ਼ਾਨਦਾਰ ਡਰੋਨ ਸ਼ੋਅ ਕਰਵਾਇਆ ਜਾਵੇਗਾ।

ਇਹ ਜਾਣਕਾਰੀਆਂ ਦਿੰਦਿਆਂ ਪੰਜਾਬ ਦੇ ਜੇਲਾਂ ਅਤੇ ਪ੍ਰਵਾਸੀ ਭਾਰਤੀ ਮਾਮਲੇ ਮੰਤਰੀ ਡਾ. ਰਵਜੋਤ ਸਿੰਘ ਨੇ ਦੱਸਿਆ ਕਿ 500 ਡਰੋਨ ਅਸਮਾਨ ਨੂੰ ਰੁਸ਼ਨਾਉਂਦਿਆਂ ਗੁਰੂ ਜ ੀ ਦੇ ਜੀਵਨ ਅਤੇ ਸਿੱਖਿਆਵਾਂ ਬਾਰੇ ਬਾਕਮਾਲ ਪੇਸ਼ਕਾਰੀ ਕਰਨਗੇ। ਉਨ੍ਹਾਂ ਦੱਸਿਆ ਕਿ ਇਸ ਨਿਵੇਕਲੇ ਏਰੀਅਲ ਸ਼ੋਅ ਰਾਹੀਂ ਤਕਨਾਲੋਜੀ ਅਤੇ ਅਧਿਆਤਮਿਕਤਾ ਦਾ ਸੁਮੇਲ ਸੰਗਤ ਧਾਰਮਿਕ ਭਾਵਨਾ ਨਾਲ ਦੇਖੇਗੀ। ਸ਼ੋਅ ਦੌਰਾਨ ਡਰੋਨਾਂ ਰਾਹੀਂ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ ਅਤੇ ਫਲਸਫ਼ੇ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਦਰਸਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਪੂਰੀ ਸ਼ਰਧਾ ਨਾਲ ਮਨਾਉਂਦਿਆ ਆਧੁਨਿਕ ਮਾਧਿਅਮਾਂ ਰਾਹੀਂ ਗੁਰੂ ਜੀ ਦੇ ਸਰਬ-ਸਾਂਝੇ ਫਲਸਫ਼ੇ ਨੂੰ ਲੋਕਾਂ ਤੱਕ ਪਹੁੰਚਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਮਾਗਮਾਂ ਤਹਿਤ ਸੂਬੇ ਭਰ ਵਿੱਚ 92 ਡਰੋਨ ਸ਼ੋਅ ਕਰਵਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਇਸ ਦਾ ਉਦੇਸ਼ ਨੌਜਵਾਨ ਪੀੜ੍ਹੀ ਨੂੰ ਗੁਰੂ ਜੀ ਦੇ ਇਨਕਲਾਬੀ ਫਲਸਫ਼ੇ ਤੋਂ ਜਾਣੂ ਕਰਵਾਉਣ ਦੇ ਨਾਲ-ਨਾਲ ਉਨ੍ਹਾਂ ਦੀਆਂ ਸਿੱਖਿਆਵਾਂ ਨੂੰ ਲੋਕਾਂ ਤੱਕ ਪਹੁੰਚਾਉਣਾ ਹੈ, ਜੋ ਅੱਜ ਦੇ ਸਮੇਂ ਵਿੱਚ ਵੀ ਪੂਰੀ ਤਰ੍ਹਾਂ ਪ੍ਰਸੰਗਿਕ ਹਨ।

# ਨਸ਼ਾ ਪੀੜਤਾਂ ਲਈ ਸਿਵਲ ਹਸਪਤਾਲ 'ਚ ਮੈਥਾਡੋਨ ਕਲੀਨਿਕ ਸ਼ੁਰੂ



**ਤਰਨਤਾਰਨ, 20 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਖ਼ਾਤਮੇ ਲਈ ਚਲਾਈ ਜਾ ਰਹੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਨਸ਼ਾ ਪੀੜਤਾਂ ਨੂੰ ਇਲਾਜ ਅਤੇ ਪੁਨਰਵਾਸ ਦੀਆਂ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਸਿਵਲ ਹਸਪਤਾਲ ਤਰਨ ਤਾਰਨ ਵਿਖੇ ਮੈਥਾਡੋਨ ਮੇਨਟੇਨੈਂਸ ਥੈਰੇਪੀ ਕਲੀਨਿਕ ਦੀ ਸ਼ੁਰੂਆਤ ਕੀਤੀ ਗਈ। ਕਲੀਨਿਕ ਦਾ ਉਦਘਾਟਨ ਏ.ਡੀ.ਸੀ(ਜ) ਡਾ. ਆਦਿੱਤਿਆ ਸ਼ਰਮਾ ਅਤੇ ਸਿਵਲ ਸਰਜਨ ਡਾ. ਸੰਦੀਪ ਧਵਨ ਵੱਲੋਂ ਡਿਪਟੀ ਮੈਡੀਕਲ ਕਮਿਸ਼ਨਰ ਡਾ. ਰੂਪਮ ਚੌਧਰੀ ਦੀ ਮੌਜੂਦਗੀ ਵਿੱਚ ਕੀਤਾ ਗਿਆ।

ਇਸ ਮੌਕੇ ਸੰਬੋਧਨ ਕਰਦਿਆਂ ਏ.ਡੀ.ਸੀ. (ਜ) ਡਾ. ਆਦਿਤਿਆ ਸ਼ਰਮਾ ਨੇ ਕਿਹਾ ਕਿ ਮੈਥਾਡੋਨ ਮੇਨਟੇਨੈਂਸ ਥੈਰੇਪੀ ਨਸ਼ੇ ਦੀ ਨਿਰਭਰਤਾ ਨਾਲ ਜੂਝ ਰਹੇ ਯੋਗ ਵਿਅਕਤੀਆਂ ਨੂੰ ਡਾਕਟਰੀ ਨਿਗਰਾਨੀ ਹੇਠ ਇਲਾਜ ਮੁਹੱਈਆ ਕਰਵਾਉਣ ਦੀ ਇਕ ਮਹੱਤਵਪੂਰਨ ਸਹੂਲਤ ਹੈ। ਇਸ ਥੈਰੇਪੀ ਦਾ ਉਦੇਸ਼ ਮਰੀਜ਼ਾਂ ਨੂੰ ਹੌਲੀ-ਹੌਲੀ ਨਸ਼ੇ ਦੀ ਨਿਰਭਰਤਾ ਤੋਂ ਬਾਹਰ ਕੱਢ ਕੇ ਉਨ੍ਹਾਂ ਨੂੰ ਆਮ ਅਤੇ ਸਿਹਤਮੰਦ ਜੀਵਨ ਵੱਲ ਲਿਜਾਣਾ ਹੈ।

ਉਨ੍ਹਾਂ ਕਿਹਾ ਕਿ ਨਸ਼ਾ ਸਿਰਫ਼ ਵਿਅਕਤੀ ਦੀ ਸਿਹਤ ਨੂੰ ਹੀ ਪ੍ਰਭਾਵਿਤ ਨਹੀਂ ਕਰਦਾ, ਸਗੋਂ ਇਸ ਦਾ ਅਸਰ ਪਰਿਵਾਰ ਅਤੇ ਸਮਾਜ 'ਤੇ ਵੀ ਪੈਂਦਾ ਹੈ।

ਇਸ ਲਈ ਨਸ਼ਾ ਪੀੜਤ ਵਿਅਕਤੀਆਂ ਨਾਲ ਹਮਦਰਦੀ ਅਤੇ ਸਤਿਕਾਰ ਨਾਲ ਪੇਸ਼ ਆਉਂਦਿਆਂ ਉਨ੍ਹਾਂ ਨੂੰ ਇਲਾਜ ਨਾਲ ਜੋੜਨਾ ਸਮੇਂ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਢੁੱਕਵੇਂ ਇਲਾਜ ਅਤੇ ਲਗਾਤਾਰ ਕਾਊਂਸਲਿੰਗ ਰਾਹੀਂ ਮਰੀਜ਼ਾਂ ਨੂੰ ਮੁੜ ਆਪਣੀ ਪੜ੍ਹਾਈ, ਰੋਜ਼ਗਾਰ ਅਤੇ ਪਰਿਵਾਰਕ ਜ਼ਿੰਮੇਵਾਰੀਆਂ ਵੱਲ ਪਰਤਣ ਵਿੱਚ ਸਹਾਇਤਾ ਮਿਲ ਸਕਦੀ ਹੈ।

ਸਿਵਲ ਸਰਜਨ ਡਾ. ਸੰਦੀਪ ਧਵਨ ਨੇ ਇਸ ਮੌਕੇ ਦੱਸਿਆ ਕਿ ਕਲੀਨਿਕ ਵਿੱਚ ਯੋਗ ਮਰੀਜ਼ਾਂ ਨੂੰ ਮੈਥਾਡੋਨ ਥੈਰੇਪੀ ਡਾਕਟਰੀ ਨਿਗਰਾਨੀ ਹੇਠ ਦਿੱਤੀ ਜਾਵੇਗੀ। ਇਸ ਦੇ ਨਾਲ ਮਰੀਜ਼ਾਂ ਨੂੰ ਕਾਊਂਸਲਿੰਗ ਅਤੇ ਮਨੋਵਿਗਿਆਨਕ ਸਹਾਇਤਾ ਵੀ ਮੁਹੱਈਆ ਕਰਵਾਈ ਜਾਵੇਗੀ, ਤਾਂ ਜੋ ਨਸ਼ਾ ਛੱਡਣ ਦੀ ਪ੍ਰਕਿਰਿਆ ਨੂੰ ਹੋਰ ਪ੍ਰਭਾਵਸ਼ਾਲੀ ਬਣਾਇਆ ਜਾ ਸਕੇ। ਸਿਹਤ ਵਿਭਾਗ ਦੀ ਟੀਮ ਵੱਲੋਂ ਲੋੜਵੰਦ ਵਿਅਕਤੀਆਂ ਤੱਕ ਪਹੁੰਚ ਕਰਕੇ ਉਨ੍ਹਾਂ ਨੂੰ ਇਲਾਜ ਦੀ ਸਹੂਲਤ ਨਾਲ ਜੋੜਨ ਲਈ ਲਗਾਤਾਰ ਯਤਨ ਕੀਤੇ ਜਾਣਗੇ।

ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਦੀ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਮੈਥਾਡੋਨ ਮੇਨਟੇਨੈਂਸ ਥੈਰੇਪੀ ਦੀ ਇਹ ਸਹੂਲਤ ਤਰਨ ਤਾਰਨ ਸਮੇਤ ਸੂਬੇ ਵਿੱਚ ਪੰਜ ਥਾਵਾਂ 'ਤੇ ਸ਼ੁਰੂ ਕੀਤੀ ਗਈ ਹੈ। ਇਸ ਨਾਲ ਤਰਨ ਤਾਰਨ ਜ਼ਿਲ੍ਹੇ ਦੇ ਨਸ਼ਾ ਪੀੜਤਾਂ ਨੂੰ ਆਪਣੇ ਜ਼ਿਲ੍ਹੇ ਵਿੱਚ ਹੀ ਇਲਾਜ ਅਤੇ ਪੁਨਰਵਾਸ ਸੇਵਾਵਾਂ ਹਾਸਲ ਕਰਨ ਦਾ ਮੌਕਾ ਮਿਲੇਗਾ ਅਤੇ ਉਨ੍ਹਾਂ ਨੂੰ ਇਲਾਜ ਲਈ ਦੂਰ-ਦੁਰਾਡੇ ਜਾਣ ਦੀ ਲੋੜ ਨਹੀਂ ਪਵੇਗੀ।

ਇਸ ਮੌਕੇ ਸਿਹਤ ਵਿਭਾਗ ਅਤੇ ਪੁਲਿਸ ਵਿਭਾਗ ਵਿਚਕਾਰ ਤਾਲਮੇਲ ਨੂੰ ਵੀ ਮਹੱਤਵਪੂਰਨ ਦੱਸਿਆ ਗਿਆ। ਉਨ੍ਹਾਂ ਨੇ ਕਿਹਾ ਕਿ ਨਸ਼ਿਆਂ ਦੀ ਸਮੱਸਿਆ ਨਾਲ ਪ੍ਰਭਾਵਸ਼ਾਲੀ ਢੰਗ ਨਾਲ ਨਜਿੱਠਣ ਲਈ ਇਲਾਜ, ਪੁਨਰਵਾਸ, ਜਾਗਰੂਕਤਾ ਅਤੇ ਕਾਨੂੰਨੀ ਕਾਰਵਾਈ ਦੇ ਖੇਤਰਾਂ ਵਿੱਚ ਆਪਸੀ ਤਾਲਮੇਲ ਨਾਲ ਕੰਮ ਕਰਨਾ ਜ਼ਰੂਰੀ ਹੈ।

ਇਸ ਮੌਕੇ ਐੱਸ.ਐੱਮ.ਓ. ਡਾ. ਸੁਰਿੰਦਰ ਕੁਮਾਰ, ਨੋਡਲ ਸਾਈਕਿਆਟ੍ਰਿਸਟ ਡਾ. ਗੁਰਿੰਦਰਬੀਰ, ਜਸਮੀਨ ਕੌਰ, ਸੁਰਜੀਤ, ਰਾਜੀਵ, ਵਰਿੰਦਰ ਸਿੰਘ ਨੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਾ ਪੀੜਤਾਂ ਨੂੰ ਸਮਾਜ ਤੋਂ ਦੂਰ ਕਰਨ ਦੀ ਬਜਾਏ ਉਨ੍ਹਾਂ ਨੂੰ ਇਲਾਜ ਲਈ ਪ੍ਰੇਰਿਤ ਕਰਨ ਅਤੇ ਨਸ਼ਾ ਮੁਕਤੀ ਦੀ ਪ੍ਰਕਿਰਿਆ ਵਿੱਚ ਉਨ੍ਹਾਂ ਦਾ ਸਹਿਯੋਗ ਕਰਨ।

# ਆਉਣ ਵਾਲੇ ਦਿਨਾਂ ਵਿੱਚ ਵੀ ਅਨੇਕਾਂ ਹੋਰ ਵਿਕਾਸ ਦੇ ਕੰਮ ਕੀਤੇ ਜਾਣਗੇ : ਵਿਧਾਇਕ ਫਾਜ਼ਿਲਕਾ

**ਫਾਜ਼ਿਲਕਾ, 20 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਫਾਜ਼ਿਲਕਾ ਦੇ ਵਿਧਾਇਕ ਸ੍. ਨਰਿੰਦਰਪਾਲ ਸਿੰਘ ਸਵਨਾ ਨੇ ਹਲਕੇ ਦੇ ਪਿੰਡ ਆਲਮਸ਼ਾਹ, ਖਿਓਵਾਲੀ ਢਾਬ, ਖੁਈਖੇੜਾ, ਘੁਰਕਾ ਤੇ ਕਾਂਵਾਂਵਾਲੀ ਵਿਖੇ ਆਮ ਆਦਮੀ ਪਾਰਟੀ ਦੇ ਵਰਕਰਾਂ, ਸਰਪੰਚਾਂ/ਪੰਚਾਂ ਨਾਲ ਵਿਸ਼ੇਸ਼ ਮੀਟਿੰਗ ਕਰਕੇ ਪੰਜਾਬ ਸਰਕਾਰ ਦੇ ਵਿਕਾਸ ਕਾਰਜਾਂ ਬਾਰੇ ਚਰਚਾ ਕੀਤੀ। ਇਸ ਮੌਕੇ ਉਨ੍ਹਾਂ ਦੀ ਧਰਮਪਤਨੀ ਖੁਸ਼ਬੂ ਸਾਵਨਸੁੱਖਾ ਸਵਨਾ ਵੀ ਉਨ੍ਹਾਂ ਨਾਲ ਮੌਜੂਦ ਸਨ।

ਵਿਧਾਇਕ ਨਰਿੰਦਰਪਾਲ ਸਿੰਘ ਸਵਨਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਪੰਜਾਬ ਸਰਕਾਰ ਨੇ ਆਪਣੇ 4 ਸਾਲਾਂ ਦੇ ਕਾਰਜਕਾਲ ਵਿੱਚ ਆਪਣੀਆਂ ਸਾਰੀਆਂ ਗਰੰਟੀਆਂ ਪੂਰੀਆਂ ਕੀਤੀਆਂ ਹਨ। ਪੰਜਾਬ ਸਰਕਾਰ ਵੱਲੋਂ 600 ਯੂਨਿਟ ਬਿਜਲੀ ਮੁਆਫ, ਮੁੱਖ ਮੰਤਰੀ ਮਾਵਾਂ ਧੀਆ ਸਤਿਕਾਰ ਯੋਜਨਾ ਤਹਿਤ ਐੱਸ.ਸੀ. ਵਰਗ ਦੀਆਂ ਮਹਿਲਾਵਾਂ ਨੂੰ 1500 ਰੁਪਏ ਤੇ ਬਾਕੀ ਵਰਗਾਂ ਦੀਆਂ ਮਹਿਲਾਵਾਂ ਨੂੰ 1000 ਰੁਪਏ ਪ੍ਰਤੀ ਮਹੀਨਾ, ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ 10 ਲੱਖ ਦਾ ਮੁਫ਼ਤ ਇਲਾਜ, ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ, ਰਾਸ਼ਨ ਸਹੂਲਤ, ਸਰਕਾਰੀ ਨੌਕਰੀਆਂ, ਸੜਕ ਸੁਰੱਖਿਆ ਯੋਜਨਾ, ਸਕੂਲਾਂ ਦਾ ਆਧੁਨਿਕੀਕਰਨ ਤੇ ਇੰਟਰੈਕਟਿਵ ਟੀਵੀ ਪੈਨਲ, ਨਹਿਰਾਂ ਤੇ ਖਾਲਿਆਂ ਦਾ ਸੁਧਾਰ, ਪਿੰਡਾਂ ਦੀਆਂ ਗਲੀਆਂ, ਨਾਲੀਆਂ ਤੇ ਸੜਕਾਂ ਦਾ ਸੁਧਾਰ, ਵਾਲੀਵਾਲ ਦੇ ਗ੍ਰਾਊਂਡ ਆਦਿ ਅਨੇਕਾਂ ਕੰਮ ਸੰਪੂਰਨ ਕੀਤੇ ਗਏ ਤੇ ਆਉਣ ਵਾਲੇ ਮਹੀਨਿਆਂ ਵਿੱਚ ਰਹਿੰਦੇ ਸਾਰੇ ਵਿਕਾਸ ਦੇ ਕੰਮ ਨੇਪਰੇ ਚਾੜ੍ਹੇ ਜਾਣਗੇ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਸੂਬੇ ਦੇ ਸਰਵਪੱਖੀ ਵਿਕਾਸ ਲਈ ਸਿਰਤੋੜ ਯਤਨ ਕਰ ਰਹੀ ਹੈ ਤੇ ਅਨੇਕਾਂ ਹੀ ਵਿਕਾਸ ਦੇ ਕੰਮ ਸਰਕਾਰ ਨੇ ਆਪਣੇ ਹੁਣ ਤੱਕ ਦੇ ਕਾਰਜਕਾਲ ਦੌਰਾਨ ਕੀਤੇ ਹਨ। ਉਨ੍ਹਾਂ ਕਿਹਾ ਕਿ ਇਹ ਪਹਿਲੀ ਵਾਰ ਹੈ ਕਿ ਤੁਹਾਡੇ ਹਲਕੇ ਦੇ ਵਿਧਾਇਕ ਦੀ ਪਤਨੀ ਤੁਹਾਡੇ ਵਿੱਚ ਵਿਚਰ ਕੇ ਤੁਹਾਡੀ ਸੇਵਾ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਜੋ ਕਿਹਾ ਸੀ ਉਹ ਕਰਕੇ ਦਿਖਾਇਆ ਹੈ, ਲੋਕਾਂ ਨਾਲ ਕੀਤੇ ਹਰ ਵਾਅਦੇ ਪੂਰੇ ਕੀਤੇ ਹਨ। ਉਨ੍ਹਾਂ ਕਿਹਾ ਕਿ ਇੱਥੇ ਸਰਕਾਰੀ ਹਸਪਤਾਲ ਵਿੱਚ ਸੀ.ਟੀ.ਸਕੈਨ ਸਮੇਤ ਅਨੇਕਾਂ ਨਵੀਆਂ ਮਸ਼ੀਨਾਂ ਲਗਾਈਆਂ ਤੇ ਨਵੇਂ ਡਾਕਟਰ ਤੈਨਾਤ ਕੀਤੇ ਤੇ ਅਨੇਕਾਂ ਹਸਪਤਾਲਾਂ ਦਾ ਆਧੁਨੀਕੀਕਰਨ ਕੀਤਾ ਹੈ। ਉਨ੍ਹਾਂ ਕਿਹਾ ਕਿ ਹੁਣ ਹਸਪਤਾਲਾਂ ਵਿੱਚ ਗਰਭਵਤੀ ਮਹਿਲਾਵਾਂ ਦਾ ਮੁਫ਼ਤ ਆਧੁਨਿਕ ਸਹੂਲਤਾਂ ਨਾਲ ਇਲਾਜ ਕੀਤਾ ਜਾ ਰਿਹਾ ਹੈ। ਉਨ੍ਹਾਂ ਪਾਰਟੀ ਵਰਕਰਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਲੋਕਾਂ ਦੀ ਸੇਵਾ ਵਿੱਚ ਕਦੇ ਵੀ ਪਿੱਛੇ ਨਾ ਹਟਣ ਤੇ ਲੋਕਾਂ ਦੇ ਕੰਮ ਕਰਵਾਉਣ ਵਿੱਚ ਜੇਕਰ ਮੇਰੀ ਲੋੜ ਹੈ ਤਾਂ ਮੈਨੂੰ ਬੇਝਿਜਕ ਹੋ ਕੇ ਦੱਸਣ ਤਾਂ ਜੋ ਲੋਕਾਂ ਦੇ ਹਰ ਕੰਮ ਕੀਤੇ ਜਾ ਸਕਣ। ਉਨ੍ਹਾਂ ਵਰਕਰਾਂ ਦੀਆਂ ਸਮੱਸਿਆਵਾਂ ਵੀ ਸੁਣੀਆਂ ਤੇ ਸਮੱਸਿਆਵਾਂ ਦੇ ਹੱਲ ਦਾ ਵੀ ਭਰੋਸਾ ਦਿੱਤਾ। ਉਨ੍ਹਾਂ ਕਿਹਾ ਕਿ ਆਉਣ ਵਾਲੀਆਂ ਚੋਣਾਂ ਜਿੱਤਣ ਲਈ ਵਰਕਰ ਪੂਰੀ ਮਿਹਨਤ ਲਗਾ ਦੇਣ ਤੇ ਕੋਈ ਕਸਰ ਨਾ ਛੱਡਣ।ਇਸ ਮੌਕੇ ਵੱਖ -ਵੱਖ ਪਿੰਡਾਂ ਦੇ ਮੌਜੂਦਾ ਸਰਪੰਚ, ਸਾਬਕਾ ਸਰਪੰਚ, ਬਲਾਕ ਸਮਿਤੀ ਮੇਂਬਰ, ਬਲਾਕ ਪ੍ਰਧਾਨ, ਵਰਕਰ ਜ਼ਿਲਾ ਪ੍ਰੀਸ਼ਦ ਮੈਂਬਰ, ਚੇਅਰਮੈਨ ਅਤੇ ਹੋਰ ਆਮ ਆਦਮੀ ਪਾਰਟੀ ਦੇ ਅਹੁਦੇਦਾਰ ਸਨ ।

# ਜਨਵਰੀ ਤੋਂ ਅਗਸਤ ਮਹੀਨੇ ਤੱਕ ਟ੍ਰੈਫਿਕ ਨਿਯਮਾਂ ਦੀ ਉਲੰਘਣਾਂ ਕਰਨ ਵਾਲਿਆਂ ਦੇ 54,339 ਚਲਾਨ ਕੱਟੇ ਗਏ

**ਬਠਿੰਡਾ, 20 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਬਠਿੰਡਾ ਵਿੱਚ ਟ੍ਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਖ਼ਿਲਾਫ਼ ਸਖ਼ਤ ਕਾਰਵਾਈ ਕਰਦਿਆਂ ਜਨਵਰੀ ਤੋਂ ਅਗਸਤ ਮਹੀਨੇ ਤੱਕ 54,339 ਚਲਾਨ ਕੱਟੇ ਗਏ ਹਨ ਅਤੇ ਇਨ੍ਹਾਂ ਰਾਹੀਂ 1,04,87,200 ਰੁਪਏ ਦੇ ਜੁਰਮਾਨੇ ਕੀਤੇ ਗਏ ਹਨ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ਼੍ਰੀ ਰਾਜੇਸ਼ ਧੀਮਾਨ ਨੇ ਅੱਜ ਜ਼ਿਲ੍ਹਾ ਪੱਧਰੀ ਰੋਡ ਸੁਰੱਖਿਆ ਕਮੇਟੀ ਦੀ ਬੈਠਕ ਦੀ ਪ੍ਰਧਾਨਗੀ ਕਰਦਿਆਂ ਸਾਂਝੀ ਕੀਤੀ।

ਬੈਠਕ ਦੌਰਾਨ ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਵਿੱਚ ਸੜਕ ਸੁਰੱਖਿਆ ਪ੍ਰਬੰਧਾਂ ਦੀ ਸਮੀਖਿਆ ਕੀਤੀ ਅਤੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਟ੍ਰੈਫਿਕ ਨਿਯਮਾਂ ਦੀ ਪਾਲਣਾ ਯਕੀਨੀ ਬਣਾਉਣ ਲਈ ਲੋੜੀਂਦੀਆਂ ਹਦਾਇਤਾਂ ਜਾਰੀ ਕੀਤੀਆਂ। ਉਨ੍ਹਾਂ ਕਿਹਾ ਕਿ ਸੜਕ ਹਾਦਸਿਆਂ ਨੂੰ ਘਟਾਉਣ ਲਈ ਟ੍ਰੈਫਿਕ ਨਿਯਮਾਂ ਦੀ ਸਖ਼ਤੀ ਨਾਲ ਪਾਲਣਾ ਕਰਵਾਉਣ ਦੇ ਨਾਲ-ਨਾਲ ਲੋਕਾਂ ਵਿੱਚ ਰੋਡ ਸੇਫਟੀ ਸਬੰਧੀ ਜਾਗਰੂਕਤਾ ਪੈਦਾ ਕਰਨਾ ਵੀ ਬਹੁਤ ਜ਼ਰੂਰੀ ਹੈ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਟ੍ਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਵਿਰੁੱਧ ਨਿਯਮਾਂ ਅਨੁਸਾਰ ਬਣਦੀ ਕਾਰਵਾਈ ਕੀਤੀ ਜਾਵੇ ਅਤੇ ਬਲੈਕ ਸਪਾਟਸ, ਅਤੇ ਟ੍ਰੈਫਿਕ ਸਮੱਸਿਆਵਾਂ ਵਾਲੇ ਖੇਤਰਾਂ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਵੇ।

ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਸੜਕ ਸੁਰੱਖਿਆ ਸਿਰਫ਼ ਪ੍ਰਸ਼ਾਸਨ ਦੀ ਜ਼ਿੰਮੇਵਾਰੀ ਨਹੀਂ, ਸਗੋਂ ਹਰ ਨਾਗਰਿਕ ਦੀ ਸਾਂਝੀ ਜ਼ਿੰਮੇਵਾਰੀ ਹੈ। ਇਸ ਲਈ ਵਾਹਨ ਚਲਾਉਂਦੇ ਸਮੇਂ ਟ੍ਰੈਫਿਕ ਨਿਯਮਾਂ ਦੀ ਪਾਲਣਾ ਕੀਤੀ ਜਾਵੇ, ਸੀਟ ਬੈਲਟ ਅਤੇ ਹੈਲਮੈਟ ਦੀ ਵਰਤੋਂ ਕੀਤੀ ਜਾਵੇ ਅਤੇ ਸੜਕ 'ਤੇ ਆਪਣੀ ਤੇ ਦੂਜਿਆਂ ਦੀ ਸੁਰੱਖਿਆ ਨੂੰ ਪਹਿਲ ਦਿੱਤੀ ਜਾਵੇ। ਇਸ ਮੌਕੇ ਡੀ.ਐੱਸ.ਪੀ. ਕਰਮਜੀਤ ਸਿੰਘ ਸੰਧਾਵਾਲੀਆ, ਟ੍ਰੈਫਿਕ ਇੰਚਾਰਜ ਮੇਜਰ ਸਿੰਘ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਤੇ ਉਨ੍ਹਾਂ ਦੇ ਨੁਮਾਇੰਦੇ ਆਦਿ ਹਾਜ਼ਰ ਸਨ।



*ਇਹ ਮੌਸਮ ਸਦਾਬਹਾਰ ਫਲਦਾਰ ਬੂਟੇ ਲਗਾਉਣ ਲਈ ਬਹੁਤ ਢੁੱਕਵਾਂ ਹੈ। ਜੇ ਤੁਸੀਂ ਪਹਿਲਾਂ ਫਲਦਾਰ ਬੂਟੇ ਨਹੀਂ ਲਗਾਏ ਤਾਂ ਹੁਣ ਲਗਾਏ ਜਾ ਸਕਦੇ ਹਨ...*

**ਬਾਗ਼-ਬਗ਼ੀਚਾ**

# ਸਤੰਬਰ ਮਹੀਨੇ ਦੇ ਬਾਗ਼ਬਾਨੀ ਕਾਰਜ

• ਡਾ. ਸੁਖਦੀਪ ਸਿੰਘ ਹੁੰਦਲ
75080-18842

ਸਤੰਬਰ ਮਹੀਨੇ ਬਾਰਿਸ਼ਾਂ ਲਗਪਗ ਖ਼ਤਮ ਹੋ ਜਾਂਦੀਆਂ ਹਨ ਤੇ ਗਰਮੀ ਦਾ ਪ੍ਰਕੋਪ ਘਟ ਜਾਂਦਾ ਹੈ। ਮੌਸਮੀ ਤਬਦੀਲੀ ਦੇ ਨਾਲ ਹੀ ਬਾਗ਼ਬਾਨੀ ਫ਼ਸਲਾਂ ਦੀਆਂ ਲੋੜਾਂ ਵੀ ਕਾਫ਼ੀ ਹੱਦ ਤਕ ਬਦਲ ਜਾਂਦੀਆਂ ਹਨ। ਜ਼ਮੀਨ ਕੰਮ ਕਰਨ ਦੇ ਯੋਗ ਹੋ ਜਾਂਦੀ ਹੈ ਤੇ ਇਸ ਵਿੱਚੋਂ ਨਦੀਨ ਖ਼ਤਮ ਕਰਨ ਲਈ ਇਹ ਢੁੱਕਵਾਂ ਸਮਾਂ ਹੈ। ਇਹ ਮੌਸਮ ਸਦਾਬਹਾਰ ਫਲਦਾਰ ਬੂਟੇ ਲਗਾਉਣ ਲਈ ਵੀ ਢੁੱਕਵਾਂ ਹੈ। ਜੇ ਪਹਿਲਾਂ ਫਲਦਾਰ ਬੂਟੇ ਨਹੀਂ ਲਗਾਏ ਤਾਂ ਹੁਣ ਲਗਾ ਦਿੱਤੇ ਜਾਣ ਅਤੇ ਪਿਛਲੇ ਮਹੀਨੇ ਲਗਾਏ ਨਵੇਂ ਫਲਦਾਰ ਬੂਟਿਆਂ ਦੀ ਦੇਖਭਾਲ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਵੇ। ਵਾਧੂ ਖੜ੍ਹੇ ਪਾਣੀ ਦੀ ਨਿਕਾਸੀ ਦਾ ਉਚਿਤ ਪ੍ਰਬੰਧ ਕਰਨਾ ਚਾਹੀਦਾ ਹੈ ਤਾਂ ਕਿ ਬੂਟਿਆਂ ਦਾ ਨੁਕਸਾਨ ਨਾ ਹੋਵੇ।

## ਫਲਦਾਰ ਬੂਟਿਆਂ ਦੀ ਸੰਭਾਲ

ਨਾਸ਼ਪਾਤੀ ਦੀ 'ਪੰਜਾਬ ਬਿਊਟੀ' ਦੇ ਵੱਡੇ ਦਰੱਖ਼ਤਾਂ ਨੂੰ ਅੱਧਾ ਕਿੱਲੋ ਯੂਰੀਆ ਖਾਦ ਪਾ ਦਿਉ। ਅਮਰੂਦ ਦੇ ਦਰੱਖ਼ਤਾਂ ਨੂੰ ਅੱਧਾ ਕਿੱਲੋ ਯੂਰੀਆ, ਸਵਾ ਕਿੱਲੋ ਸਿੰਗਲ ਸੁਪਰਫਾਸਫੇਟ, ਪੌਣਾ ਕਿੱਲੋ ਮਿਊਰੇਟ ਆਫ ਪੋਟਾਸ਼ ਖਾਦਾਂ ਦੀ ਦੂਜੀ ਕਿਸ਼ਤ ਪਾ ਦਿਉ।



## ਫੁੱਲਦਾਰ ਬੂਟੇ

ਇਸ ਮਹੀਨੇ ਗਲੈਡੀਓਲਸ, ਨਰਗਿਸ, ਫਰੀਜ਼ੀਆ ਦੇ ਗੰਢਿਆਂ ਦੀ ਬਿਜਾਈ ਕੀਤੀ ਜਾ ਸਕਦੀ ਹੈ। ਗੰਢੀਆਂ ਦੀ ਬਿਜਾਈ ਤੋਂ ਪਹਿਲਾਂ 2 ਗ੍ਰਾਮ ਬਾਵਿਸਟਨ ਪ੍ਰਤੀ ਲੀਟਰ ਪਾਣੀ ਦੇ ਘੋਲ ਵਿਚ ਅੱਧਾ ਘੰਟਾ ਰੱਖ ਕੇ ਸੋਧ ਲਵੋ। ਇਹ ਸਰਦ ਰੁੱਤ ਦੇ ਮੌਸਮੀ ਫੁੱਲਾਂ ਦੀ ਪਨੀਰੀ ਤਿਆਰ ਕਰਨ ਲਈ ਬਹੁਤ ਢੁੱਕਵਾਂ ਸਮਾਂ ਹੈ, ਇਸ ਲਈ ਪਨੀਰੀ ਲਗਾਉਣ ਲਈ ਬੀਜ ਬੀਜਣ ਉਪਰੰਤ ਹਲਕਾ ਪਾਣੀ ਲਗਾ ਦਿਉ। ਗੁਲਾਬ ਦੇ ਬੂਟਿਆਂ ਨੂੰ ਪਾਣੀ ਦੇਣਾ ਬੰਦ ਕਰ ਦਿਉ ਤਾਂ ਜੋ ਇਸ ਮਹੀਨੇ ਦੇ ਚੌਥੇ ਹਫ਼ਤੇ ਕਾਂਟ-ਛਾਂਟ ਕੀਤੀ ਜਾ ਸਕੇ। ਗੁਲਦਾਉਦੀ ਤੇ ਗੇਂਦੇ ਉੱਪਰ ਪੱਤਾ ਧੱਬਾ ਰੋਗ ਦੀ ਰੋਕਥਾਮ ਲਈ 2 ਗ੍ਰਾਮ ਇੰਡੋਫਿਲ ਐੱਮ-45 ਦਵਾਈ ਪ੍ਰਤੀ ਲੀਟਰ ਪਾਣੀ ਦੇ ਹਿਸਾਬ ਨਾਲ ਛਿੜਕਾਅ ਕਰੋ। ਪੱਕੇ ਬੂਟਿਆਂ ਤੇ ਵੇਲਾਂ ਦੀ ਕਾਂਟ-ਛਾਂਟ ਕਰ ਕੇ ਇਨ੍ਹਾਂ ਨੂੰ ਲੋੜੀਂਦਾ ਆਕਾਰ ਦਿੱਤਾ ਜਾ ਸਕਦਾ ਹੈ। ਘਾਹ ਦੇ ਲਾਅਨ ਦੀ ਕਟਾਈ ਕਰਦੇ ਰਹੋ ਤੇ ਇਸ ਨੂੰ ਹਰਾ ਭਰਿਆ ਰੱਖਣ ਲਈ ਇਕ ਕਿੱਲੋ ਕਿਸਾਨ ਖਾਦ ਜਾਂ ਅੱਧਾ ਕਿੱਲੋ ਯੂਰੀਆ ਖਾਦ ਪ੍ਰਤੀ 1,000 ਵਰਗ ਫੁੱਟ ਦੇ ਹਿਸਾਬ ਨਾਲ ਪਾਉ।



ਲੁਕਾਠ ਦੇ ਦਰੱਖ਼ਤਾਂ ਨੂੰ 50 ਕਿੱਲੋ ਰੂੜੀ, ਦੋ ਕਿੱਲੋ ਸਿੰਗਲ ਸੁਪਰਫਾਸਫੇਟ, ਡੇਢ ਕਿੱਲੋ ਮਿਊਰੇਟ ਆਫ ਪੋਟਾਸ਼ ਖਾਦ ਪਾਉ। ਮੌਸਮ 'ਚ ਨਮੀਂ ਜ਼ਿਆਦਾ ਹੋਣ ਕਰਕੇ ਨਿੰਬੂ ਜਾਤੀ ਦੇ ਫਲਾਂ 'ਤੇ ਕਈ ਕੀੜਿਆਂ ਤੇ ਬਿਮਾਰੀਆਂ ਦਾ ਹਮਲਾ ਵੇਖਣ ਨੂੰ ਮਿਲਦਾ ਹੈ।

ਫਲਾਂ ਦਾ ਕੇਰਾ ਰੋਕਣ ਲਈ 2.5 ਮਿਲੀਲਿਟਰ ਜੀਰਮ 27 ਐੱਸਸੀ ਜਾਂ 1 ਮਿਲੀਲਿਟਰ ਪ੍ਰੋਪੀਕੋਨਾਜੋਲ 25 ਈਸੀ ਜਾਂ 1 ਗ੍ਰਾਮ ਬਾਵਿਸਟਨ+0.01 ਗ੍ਰਾਮ 2,4 ਡੀ (ਸੋਡੀਅਮ ਸਾਲਟ ਹਾਰਟੀਕਲਚਰ ਗਰੇਡ), ਸੁਰੰਗੀ ਕੀੜੇ ਤੇ ਸਿਟਰਸ ਸਿੱਲਾ ਦੀ ਰੋਕਥਾਮ ਲਈ 0.32 ਗ੍ਰਾਮ ਐਕਟਾਰਾ 25 ਡਬਲਿਊਜੀ ਜਾਂ 0.4 ਮਿਲੀਲਿਟਰ ਕਰੋਕੋਡਾਈਲ, ਚਿੱਟੀ ਮੱਖੀ ਦੀ ਰੋਕਥਾਮ ਲਈ 2 ਮਿਲੀਲਿਟਰ ਫੌਸਮਾਈਟ, ਟਾਹਣੀਆਂ ਸੁੱਕਣ ਅਤੇ ਫਲ ਗਲਣ ਦੀ ਰੋਕਥਾਮ ਲਈ 3 ਗ੍ਰਾਮ ਕਾਪਰ ਔਕਸੀਕਲੋਰਾਈਡ ਪ੍ਰਤੀ ਲੀਟਰ ਪਾਣੀ ਦੇ ਹਿਸਾਬ ਸਪਰੇਅ ਕਰੋ।

ਅੰਗੂਰ ਦੇ ਬੂਟਿਆਂ ਨੂੰ ਸੁੱਕਣ ਤੋਂ ਬਚਾਉਣ ਲਈ 1 ਮਿਲੀਲਿਟਰ ਸਕੋਰ ਪ੍ਰਤੀ ਲੀਟਰ ਪਾਣੀ ਅਤੇ ਪੀਲੇ ਧੱਬਿਆਂ ਦੇ ਰੋਗ ਦੀ ਰੋਕਥਾਮ ਲਈ ਬੋਰਡੋ ਮਿਸ਼ਰਣ 2:2:250 ਦੇ ਹਿਸਾਬ ਨਾਲ ਸਪਰੇਅ ਕਰੋ। ਬੇਰਾਂ ਵਿਚ ਲਾਖ ਦੇ ਕੀੜੇ ਦੀ ਰੋਕਥਾਮ ਲਈ 1 ਮਿਲੀਲਿਟਰ ਰੋਗਰ, ਚਿੱਟੋ ਰੋਗ ਦੀ ਰੋਕਥਾਮ ਲਈ 0.5 ਮਿਲੀਲਿਟਰ ਕੈਰਾਥੇਨ ਜਾਂ 0.5 ਗ੍ਰਾਮ ਬੈਲੇਟਾਨ ਜਾਂ 2.5 ਗ੍ਰਾਮ ਘੁਲਣਸ਼ੀਲ ਗੰਧਕ, ਪੱਤਿਆਂ ਦੇ ਧੱਬਿਆਂ ਦੀ ਰੋਕਥਾਮ ਲਈ 3 ਗ੍ਰਾਮ ਕਾਪਰ ਆਕਸੀਕਲੋਰਾਈਡ ਪ੍ਰਤੀ ਲੀਟਰ ਪਾਣੀ ਦੇ ਹਿਸਾਬ ਨਾਲ ਸਪਰੇਅ ਕਰੋ।

## ਘਰੇਲੂ ਬਗ਼ੀਚੀ ਤੇ ਸਬਜ਼ੀਆਂ

ਸਰਦ ਰੁੱਤ ਦੀਆਂ ਸਬਜ਼ੀਆਂ ਦੀ ਘਰੇਲੂ ਬਗ਼ੀਚੀ 'ਚ ਲਗਾਉਣ ਲਈ ਬਾਗ਼ਬਾਨੀ ਵਿਭਾਗ ਜਾਂ ਪੀਏਯੂ ਲੁਧਿਆਣਾ ਤੋਂ ਸਬਜ਼ੀ ਬੀਜਾਂ ਦੀ ਕਿੱਟ ਲੈ ਕੇ ਬਿਜਾਈ ਕਰ ਦਿਉ। ਵਪਾਰਕ ਪੱਧਰ ਲਈ ਮੂਲੀ ਦੀ ਪੂਸਾ ਚੇਤਕੀ ਕਿਸਮ, ਗਾਜਰ ਦੀ ਪੰਜਾਬ ਕੈਰਟ ਰੈੱਡ/ਬਲੈਕ ਬਿਊਟੀ ਅਤੇ ਸ਼ਲਗਮ ਦੀ ਐੱਲ-1 ਦੇਸੀ ਕਿਸਮਾਂ ਦੀ ਬਿਜਾਈ ਸ਼ੁਰੂ ਕਰ ਦਿਉ।।ਮੂਲੀ ਅਤੇ ਗਾਜਰ ਲਈ 25-30 ਗ੍ਰਾਮ ਅਤੇ ਸ਼ਲਗਮ ਲਈ 13 ਗ੍ਰਾਮ ਬੀਜ ਪ੍ਰਤੀ ਮਰਲਾ ਵਰਤੋ।

ਬੀਜਣ ਤੋਂ ਪਹਿਲਾਂ 100 ਕਿੱਲੋ ਰੂੜੀ, 350 ਗ੍ਰਾਮ ਯੂਰੀਆ, 470 ਗ੍ਰਾਮ ਸਿੰਗਲ ਸੁਪਰਫਾਸਫੇਟ ਖਾਦ ਪ੍ਰਤੀ ਮਰਲਾ ਪਾਉ।।ਗਾਜਰ ਲਈ 312 ਗ੍ਰਾਮ ਮਿਊਰੇਟ ਆਫ ਪੋਟਾਸ਼ ਖਾਦ ਪਾਉ। 45 ਸੈਂਟੀਮੀਟਰ ਦੀ ਦੂਰੀ 'ਤੇ ਵੱਟਾਂ ਬਣਾ ਕੇ 7.5 ਸੈਂਟੀਮੀਟਰ ਬੂਟੇ ਤੋਂ ਬੂਟੇ ਦਾ ਫ਼ਾਸਲਾ ਰੱਖ ਕੇ ਚੰਗੇ ਵੱਤਰ ਵਿਚ ਬੀਜ ਲਗਾਉ। ਫੁੱਲ ਗੋਭੀ, ਬੰਦ ਗੋਭੀ ਲਈ 280 ਗ੍ਰਾਮ ਯੂਰੀਆ, 970 ਗ੍ਰਾਮ ਸਿੰਗਲ ਸੁਪਰਫਾਸਫੇਟ ਤੇ 250 ਗ੍ਰਾਮ ਮਿਊਰੇਟ ਆਫ ਪੋਟਾਸ਼ ਖਾਦ ਪ੍ਰਤੀ ਮਰਲਾ ਪਾਉ ਅਤੇ।ਫਿਰ ਵੱਟਾਂ 'ਤੇ 4-6 ਹਫ਼ਤੇ ਦੀ ਪਨੀਰੀ ਲਗਾ ਦਿਉ। ਆਲੂ ਦੀਆਂ ਅਗੇਤੀਆਂ ਕਿਸਮਾਂ ਲਗਾਉਣ ਲਈ ਬੀਜ ਸਟੋਰ ਵਿੱਚੋਂ ਕੱਢ ਕੇ ਹਵਾਦਾਰ ਕਮਰੇ 'ਚ ਪਤਲੀ ਤਹਿ ਵਿਚ ਵਿਛਾ ਦਿਉ ਤੇ ਦਿਨ ਵਿਚ ਇਕ ਵਾਰ ਹਿਲਾਉ।

ਬੀਜ ਨੂੰ ਰੋਗ ਰਹਿਤ ਕਰਨ ਲਈ 2.5 ਮਿਲੀਲਿਟਰ ਮੋਨਸਰਨ ਦਵਾਈ ਪ੍ਰਤੀ ਲੀਟਰ ਪਾਣੀ 'ਚ ਘੋਲ ਕੇ 10 ਮਿੰਟ ਲਈ ਭਿਉਂ ਕੇ ਸੋਧ ਲਵੋ। ਬਿਜਾਈ ਸਮੇਂ 125 ਕੁਇੰਟਲ ਰੂੜੀ ਖਾਦ, 500 ਗ੍ਰਾਮ ਯੂਰੀਆ, 970 ਗ੍ਰਾਮ ਸਿੰਗਲ ਸੁਪਰਫਾਸਫੇਟ ਤੇ 250 ਗ੍ਰਾਮ ਮਿਊਰੇਟ ਆਫ ਪੋਟਾਸ਼ ਖਾਦ ਪ੍ਰਤੀ ਮਰਲਾ ਪਾਉ ਅਤੇ ਫਿਰ ਵੱਟਾਂ 'ਤੇ ਆਲੂ ਲਗਾ ਦਿਉ। ਮਟਰ ਲਈ ਜਲਦੀ ਪੱਕਣ ਵਾਲੀਆਂ ਕਿਸਮਾਂ ਏਪੀ-3, ਅਗੇਤਾ-6, ਅਗੇਤਾ-7 ਜਾਂ ਅਰਕਲ ਦਾ 280 ਗ੍ਰਾਮ ਬੀਜ ਰਾਈਜ਼ੋਬੀਅਮ ਟੀਕੇ ਨਾਲ ਸੋਧ ਕੇ ਲਗਾਉਣ ਤੋਂ ਪਹਿਲਾਂ 280 ਗ੍ਰਾਮ ਯੂਰੀਆ, 970 ਗ੍ਰਾਮ ਸਿੰਗਲ ਸੁਪਰਫਾਸਫੇਟ ਖਾਦ ਪ੍ਰਤੀ ਮਰਲਾ ਪਾਉ।

ਪਾਲਕ ਦੀ ਪੰਜਾਬ ਗਰੀਨ ਜਾਂ ਸੁਪਰੀਮ ਕਿਸਮ ਦਾ 25-40 ਗ੍ਰਾਮ ਬੀਜ ਪ੍ਰਤੀ ਮਰਲਾ ਪਾ ਕੇ ਕਤਾਰਾਂ ਵਿਚ 20 ਸੈਂਟੀਮੀਟਰ ਦਾ ਫ਼ਾਸਲਾ ਰੱਖ ਕੇ 3-4 ਸੈਂਟੀਮੀਟਰ ਡੂੰਘਾ ਬੀਜ ਦਿਉ। ਲਸਣ ਦੀ ਬਿਜਾਈ ਤੋਂ ਪਹਿਲਾਂ 125 ਕਿੱਲੋ ਰੂੜੀ ਖਾਦ, 250 ਗ੍ਰਾਮ ਯੂਰੀਆ, 970 ਗ੍ਰਾਮ ਸਿੰਗਲ ਸੁਪਰਫਾਸਫੇਟ ਖਾਦ ਪ੍ਰਤੀ ਮਰਲਾ ਪਾ ਕੇ ਡੇਢ ਕਿੱਲੋ ਤੁਰੀਆਂ ਕਤਾਰ ਤੋਂ ਕਤਾਰ 15 ਸੈਂਟੀਮੀਟਰ ਤੇ ਬੂਟਿਆਂ ਵਿਚ ਫ਼ਾਸਲਾ 7.5 ਸੈਂਟੀਮੀਟਰ ਰੱਖ ਕੇ ਪ੍ਰਤੀ ਮਰਲਾ ਬਿਜਾਈ ਕਰ ਦਿਉ। •

### ਖੁੰਬਾਂ ਦੀ ਕਾਸ਼ਤ

ਪਰਾਲੀ ਵਾਲੀ ਖੁੰਬ ਦੀ ਗਰਮੀਆਂ 'ਚ ਕਾਸ਼ਤ ਕਰਨ ਲਈ ਪਰਾਲੀ ਇਕੱਠੀ ਕਰ ਲਵੋ ਤੇ ਛੋਟੇ ਪੂਲੇ ਬਣਾ ਕੇ ਸ਼ੈੱਡ ਵਿਚ ਰੱਖ ਦਿਉ। ਬਟਨ ਖੁੰਬ ਲਈ ਕੰਪੋਸਟ ਤਿਆਰ ਕਰਨ ਵਾਸਤੇ ਤੀਸਰੇ ਹਫ਼ਤੇ ਕੰਮ ਸ਼ੁਰੂ ਕਰ ਦਿਉ ਤੇ ਲੋੜ ਅਨੁਸਾਰ ਖੁੰਬ ਸਪਾਨ (ਬੀਜ) ਵੀ ਬੁੱਕ ਕਰਵਾ ਦਿਉ।

### ਸ਼ਹਿਦ ਦੀਆਂ ਮੱਖੀਆਂ ਦੀ ਸਾਂਭ-ਸੰਭਾਲ

ਸ਼ਹਿਦ ਮੱਖੀਆਂ ਦੇ ਬਕਸਿਆਂ ਦਾ ਨਰੀਖਣ ਕਰਦੇ ਰਹੋ ਤੇ ਬਕਸਿਆਂ ਵਿੱਚੋਂ ਪੱਕਿਆ ਹੋਇਆ ਸ਼ਹਿਦ ਕੱਢ ਲਵੋ।।ਵਰੋਆ ਚਿੱਚੜੀ ਦਾ ਹਮਲਾ ਧਿਆਨ ਵਿਚ ਆਉਣ 'ਤੇ ਅਗਜ਼ੈਲਿਕ ਐਸਿਡ ਦਾ ਘੋਲ ਤਿਆਰ ਕਰ ਕੇ ਹਫ਼ਤੇ ਦੇ ਵਕਫੇ 'ਤੇ ਤਿੰਨ ਵਾਰ ਸ਼ਾਮ ਨੂੰ ਸਪਰੇਅ ਕਰੋ। ਸਟੋਰ ਕੀਤੇ ਵਾਧੂ ਛੱਤਿਆਂ ਨੂੰ ਮੋਮੀ ਕੀੜੇ ਤੋਂ ਬਚਾਉਣ ਲਈ ਲੋੜੀਂਦੇ ਪ੍ਰਬੰਧ ਕਰੋ। ਰਾਣੀ ਮੱਖੀ ਤਿਆਰ ਕਰਨ ਲਈ ਮਾਹਿਰਾਂ ਦੀ ਸਲਾਹ ਲਵੋ।



• ਡਾ. ਅਮਰੀਕ ਸਿੰਘ
94630-71919

*ਸਿੰਥੈਟਿਕ ਪਰਿਥਰਾਇਡ ਜ਼ਹਿਰਾਂ ਦੀ ਵਰਤੋਂ ਨਾਲ ਚਿੱਟੀ ਪਿੱਠ ਵਾਲੇ ਤੇ ਭੂਰੇ ਟਿੱਡਿਆਂ ਦੀ ਗਿਣਤੀ ਵਧ ਜਾਂਦੀ ਹੈ। ਫ਼ਸਲ ਉੱਪਰ ਇਨ੍ਹਾਂ ਜ਼ਹਿਰਾਂ ਦੀ ਵਰਤੋਂ ਨਹੀਂ ਕਰਨੀ ਚਾਹੀਦੀ। ਪੱਕਣ 'ਚ ਜ਼ਿਆਦਾ ਸਮਾਂ ਲੈਣ ਵਾਲੀਆਂ ਕਿਸਮਾਂ ਉੱਪਰ ਕਾਲੇ ਤੇਲੇ ਦੀ ਸਮੱਸਿਆ ਵਧੇਰੇ ਆਉਂਦੀ ਹੈ। ਕਿਸਾਨਾਂ ਨੂੰ ਘੱਟ ਸਮੇਂ 'ਚ ਪੱਕਣ ਵਾਲੀਆਂ ਕਿਸਮਾਂ ਦੀ ਹੀ ਚੋਣ ਕਰਨੀ ਚਾਹੀਦੀ ਹੈ ਤੇ ਮਾਹਿਰਾਂ ਦੀ ਰਾਇ ਅਨੁਸਾਰ ਹੀ ਖੇਤੀ ਰਸਾਇਣਾਂ ਦੀ ਵਰਤੋਂ ਕਰਨੀ ਚਾਹੀਦੀ ਹੈ...*



**ਝੋਨਾ/ਬਾਸਮਤੀ**

# ਕਾਲੇ ਤੇਲੇ ਤੇ ਭੂਰੇ ਟਿੱਡਿਆਂ ਦੀ ਰੋਕਥਾਮ

ਪੰਜਾਬ ਖੇਤੀਬਾੜੀ ਯੂਨੀਵਰਸਿਟੀ ਤੇ ਖੇਤੀਬਾੜੀ ਵਿਭਾਗ ਵੱਲੋਂ ਕਿਸਾਨਾਂ ਨੂੰ ਫ਼ਸਲੀ ਸਮੱਸਿਆਵਾਂ ਦੀਆਂ ਸੰਭਾਵਨਾਵਾਂ ਪ੍ਰਤੀ ਜਾਗਰੂਕ ਕਰਨ ਤੇ ਕੀੜਿਆਂ ਦੀ ਸੁਚੱਜੀ ਰੋਕਥਾਮ ਲਈ ਸਮੇ-ਸਮੇਂ ਸੁਚੇਤ ਕੀਤਾ ਜਾਂਦਾ ਹੈ। ਕਪਾਹ ਪੱਟੀ 'ਚ ਇਸ ਦੇ ਸਾਰਥਕ ਨਤੀਜੇ ਮਿਲੇ ਹਨ। ਮੌਸਮ ਅਨਕੂਲ ਰਹਿਣ ਕਾਰਨ ਝੋਨੇ ਦੀ ਫ਼ਸਲ ਵੀ ਤਕਰੀਬਨ ਕੀੜਿਆਂ ਤੇ ਬਿਮਾਰੀਆਂ ਤੋਂ ਰਹਿਤ ਹੈ।

ਕੁਝ ਦਿਨਾਂ ਤੋਂ ਕੁਝ ਕਿਸਾਨ ਝੋਨੇ ਉੱਪਰ ਕਾਲੇ ਤੇਲੇ ਦੀ ਰੋਕਥਾਮ ਬਾਰੇ ਪੁੱਛ ਰਹੇ ਹਨ। ਮਾਹਿਰਾਂ ਵੱਲੋਂ ਸੁਚੇਤ ਕਰਨ ਦੇ ਬਾਵਜੂਦ ਕੁਝ ਕਿਸਾਨ, ਸਿਫਾਰਸ਼ ਅਨੁਸਾਰ ਕੀਟਨਾਸ਼ਕਾਂ ਦੀ ਵਰਤੋਂ ਨਾ ਕਰ ਕੇ ਆਂਢੀਆਂ-ਗੁਆਂਢੀਆਂ ਦੇ ਕਹਿਣ 'ਤੇ ਗ਼ੈਰ ਸਿਫਾਰਸ਼ੀ ਕੀਟਨਾਸ਼ਕਾਂ ਦੀ ਵਰਤੋਂ ਕਰ ਕੇ ਸਮੱਸਿਆ ਨੂੰ ਵਧਾ ਲੈਂਦੇ ਹਨ।

ਜਾਣਕਾਰੀ ਅਨੁਸਾਰ ਕਿਸਾਨਾਂ ਵੱਲੋਂ ਬੂਫਰਾਫਾਈਜ਼ਨ, ਡੈਂਟਾਫ, ਥਿਮਟ, ਡਾਈਕਲੋਰੋਵਾਸ, ਨੁਵਾਨ, ਸਾਈਪਰ ਮੈਥਾਰਿਨ, ਲੈਂਬਡਾਸਾਈਹੈਲੋਥਰਿਨ, ਡੈਲਟਾਮੈਥਰਿਨ ਤੇ ਕੀਟਨਾਸ਼ਕਾਂ ਦੇ ਮਿਸ਼ਰਣ ਦੀ ਵਰਤੋਂ, ਛਿੜਕਾਅ ਦੇ ਗ਼ਲਤ ਤਰੀਕੇ, ਵਧੇਰੇ ਮਾਤਰਾ, ਯੂਰੀਆ ਖਾਦ ਦੀ ਵਧੇਰੇ ਵਰਤੋਂ (ਤਿੰਨ ਤੋਂ ਚਾਰ ਬੈਗ ਪ੍ਰਤੀ ਏਕੜ), ਸਿੰਥੈਟਿਕ ਪੈਰਾਥਾਇਡ ਤੇ ਦੋ ਜਾਂ ਜੋ ਤੋਂ ਵੱਧ ਕੀਟਨਾਸ਼ਕਾਂ ਦੇ ਮਿਸ਼ਰਣ ਦਾ ਛਿੜਕਾਅ ਕਰਨਾ ਅਜਿਹੇ ਕਾਰਨ ਹਨ, ਜੋ ਸਮੱਸਿਆ ਨੂੰ ਘਟਾਉਣ ਦੀ ਥਾਂ ਵਧਾਉਂਦੇ ਹਨ। ਸਿੰਥੈਟਿਕ ਪੈਰਾਥਰਾਇਡ ਦੀ ਵਰਤੋਂ ਨਾਲ ਖੇਤ 'ਚ ਕਾਲੇ ਤੇਲੇ ਦੇ ਵਾਧੇ ਲਈ ਮਾਹੌਲ ਅਨਕੂਲ ਬਣ ਜਾਂਦਾ ਹੈ ਤੇ ਤੇਲੇ ਦੀ ਗਿਣਤੀ ਤੇਜ਼ੀ ਨਾਲ ਵਧਦੀ ਹੈ।

### ਸਿੰਥੈਟਿਕ ਪਰਿਥਰਾਇਡ ਜ਼ਹਿਰਾਂ ਨਾ ਵਰਤੋ

ਬਹੁਤ ਸਾਰੇ ਕੀੜੇ ਜੁਲਾਈ ਤੋਂ ਅਕਤੂਬਰ ਤਕ ਬੂਟਿਆਂ ਦੇ ਹੇਠਲੇ ਪਾਸਿਓਂ ਝੁੰਡਾਂ ਦੇ ਰੂਪ 'ਚ ਰਸ ਚੂਸਦੇ ਹਨ। ਇਸ ਨਾਲ ਫ਼ਸਲ ਧੌੜੀਆਂ 'ਚ ਸੁੱਕਣੀ ਸ਼ੁਰੂ ਹੋ ਜਾਂਦੀ ਹੈ। ਆਮ ਕਿਸਾਨ ਇਸ ਨੂੰ ਝੁਲਸ ਰੋਗ ਸਮਝ ਕੇ ਉੱਲੀ ਨਾਸ਼ਕ ਦਵਾਈਆਂ ਜਾਂ ਦਾਣੇਦਾਰ ਕੀਟਨਾਸ਼ਕ ਰਸਾਇਣਾਂ ਦੀ ਵਰਤੋਂ ਸ਼ੁਰੂ ਕਰ ਦਿੰਦੇ ਹਨ। 2013-14 ਦੌਰਾਨ ਝੋਨੇ ਤੇ ਬਾਸਮਤੀ ਦੀ ਫ਼ਸਲ ਦਾ ਕੀੜਿਆਂ ਨੇ ਬਹੁਤ ਨੁਕਸਾਨ ਕੀਤਾ ਸੀ। ਸਿੰਥੈਟਿਕ ਪਰਿਥਰਾਇਡ ਜ਼ਹਿਰਾਂ ਦੀ ਵਰਤੋਂ ਨਾਲ ਚਿੱਟੀ ਪਿੱਠ ਵਾਲੇ ਤੇ ਭੂਰੇ ਟਿੱਡਿਆਂ ਦੀ ਗਿਣਤੀ ਵਧ ਜਾਂਦੀ ਹੈ। ਇਸ ਲਈ ਫ਼ਸਲ ਉੱਪਰ ਇਨ੍ਹਾਂ ਜ਼ਹਿਰਾਂ ਦੀ ਵਰਤੋਂ ਨਹੀਂ ਕਰਨੀ ਚਾਹੀਦੀ।

### ਦਵਾਈਆਂ ਦੇ ਮਿਸ਼ਰਣ

ਕਿਸਾਨਾਂ ਵੱਲੋਂ ਕਾਲੇ ਤੇਲੇ ਦੀ ਰੋਕਥਾਮ ਲਈ ਵਰਤੇ ਜਾ ਰਹੇ ਕੀਟਨਾਸ਼ਕ ਤੇ ਮਾਹਿਰਾਂ ਦੀਆਂ ਸਿਫਾਰਸ਼ਾਂ ਦੇ ਉਲਟ ਹਨ। ਬੀਤੇ ਵਰ੍ਹਿਆ ਦੌਰਾਨ ਕਾਲੇ ਤੇਲੇ ਦਾ ਵਧੇਰੇ ਜ਼ੋਰ ਮਾਲਵੇ ਦੇ ਜ਼ਿਲ੍ਹਿਆਂ ਵਿਚ ਅਤੇ ਵੱਧ ਸਮੇਂ ਵਾਲੀਆਂ ਕਿਸਮਾਂ ਪੂਸਾ-44, ਮੁੱਛਲ, ਬਾਸਮਤੀ-1121 ਉੱਪਰ ਵਧੇਰੇ ਰਿਹਾ। ਘੱਟ ਸਮਾਂ ਲੈਣ ਵਾਲੀਆਂ ਕਿਸਮਾਂ 'ਤੇ ਕੋਈ ਸਮੱਸਿਆ ਨਹੀਂ ਆਈ ਕਿਉਂਕਿ ਕਾਲਾ ਤੇਲਾ ਸਤੰਬਰ ਦੇ ਅਖ਼ੀਰ ਤੇ ਅਕਤੂਬਰ ਦੇ ਪਹਿਲੇ ਹਫ਼ਤੇ ਦੌਰਾਨ ਹਮਲਾ ਕਰਦਾ ਹੈ ਜਿਸ ਕਾਰਨ ਲੰਬੇ ਸਮੇਂ ਵਾਲੀਆਂ ਕਿਸਮਾਂ ਦਾ ਵਧੇਰੇ ਨੁਕਸਾਨ ਹੁੰਦਾ ਹੈ। ਥੋੜ੍ਹੇ ਸਮੇਂ 'ਚ ਪੱਕਣ ਵਾਲੀਆਂ ਕਿਸਮਾਂ ਸਤੰਬਰ ਦੇ ਅਖ਼ੀਰ ਜਾਂ ਅਕਤੂਬਰ ਦੇ ਪਹਿਲੇ ਹਫ਼ਤੇ ਪੱਕ ਜਾਂਦੀਆਂ ਹਨ। ਮਾਝੇ 'ਚ ਕਾਲੇ ਤੇਲੇ ਦੀ ਸਮੱਸਿਆ ਗੰਭੀਰ ਨਾ ਹੋਣ ਦੇ ਕਾਰਨਾਂ 'ਚ ਕਿਸਾਨਾਂ ਵੱਲੋਂ ਘੱਟ ਸਮੇਂ ਵਾਲੀਆਂ ਸਿਫਾਰਸ਼ ਕੀਤੀਆਂ ਕਿਸਮਾਂ ਦੀ ਕਾਸ਼ਤ, ਪੂਸਾ-44 ਕਿਸਮ ਹੇਠ ਨਾਮਾਤਰ ਰਕਬਾ, ਯੂਰੀਆ ਖਾਦ ਦੀ ਲੋੜ ਅਨੁਸਾਰ ਵਰਤੋਂ ਤੇ ਕੀਟਨਾਸ਼ਕਾਂ ਦੇ ਮਿਸ਼ਰਣ ਬਣਾ ਕੇ ਛਿੜਕਾਅ ਨਾ ਕਰਨਾ ਹੈ। ਕਿਸਾਨਾਂ ਨੂੰ ਝੋਨੇ ਤੇ ਦੂਸਰੀਆਂ ਫ਼ਸਲਾਂ ਦੇ ਕੀੜਿਆਂ ਦੀ ਪਛਾਣ, ਹੋਣ ਵਾਲੇ ਨੁਕਸਾਨ ਤੇ ਕੀੜਿਆਂ ਦੀ ਸਹੀ ਰੋਕਥਾਮ ਬਾਰੇ ਜਾਣਕਾਰੀ ਹੋਣੀ ਲਾਜ਼ਮੀ ਹੈ। ਜਿਹੜੇ ਕਿਸਾਨ ਸਮੱਸਿਆ ਦੇ ਹੱਲ ਲਈ ਦੁਕਾਨਦਾਰਾਂ 'ਤੇ ਨਿਰਭਰ ਕਰਦੇ ਹਨ ਉਹ ਫ਼ਾਇਦੇ ਦੀ ਥਾਂ ਨੁਕਸਾਨ ਕਰ ਬੈਠਦੇ ਹਨ। ਦੁਕਾਨਦਾਰ ਵਧੇਰੇ ਮੁਨਾਫ਼ੇ ਲਈ ਕਿਸਾਨਾਂ ਨੂੰ ਸਿਫਾਰਸ਼ ਤੋਂ ਉਲਟ ਤੇ ਦੋ ਕੀਟਨਾਸ਼ਕ ਦਵਾਈਆਂ ਇਸਤੇਮਾਲ ਕਰਨ ਦੀ ਸਲਾਹ ਦੇ ਦਿੰਦੇ ਹਨ। ਇਸ ਨਾਲ ਕਿਸਾਨ ਦਾ ਵਿੱਤੀ ਸ਼ੋਸ਼ਣ ਵੀ ਹੁੰਦਾ ਹੈ ਤੇ ਫ਼ਸਲ ਉੱਪਰ ਕੀੜਿਆਂ ਦੀ ਰੋਕਥਾਮ ਵੀ ਨਹੀਂ ਹੁੰਦੀ।

### ਸਰਬਪੱਖੀ ਕੀਟ ਪ੍ਰਬੰਧ

ਕਾਲੇ ਤੇਲੇ ਦੀ ਰੋਕਥਾਮ ਲਈ ਇਕੱਲੇ ਕੀਟਨਾਸ਼ਕਾਂ ਤੇ ਨਿਰਭਰ ਰਹਿਣ ਦੀ ਬਿਜਾਏ ਸਰਬਪੱਖੀ ਕੀਟ ਪ੍ਰਬੰਧ ਵਿਧੀ ਵਰਤਣ ਦੀ ਜ਼ਰੂਰਤ ਹੈ। ਇਸ ਨਾਲ ਵਾਤਾਵਰਨ ਵੀ ਦੂਸ਼ਿਤ ਨਹੀਂ ਹੋਵੇਗਾ ਅਤੇ ਲਾਗਤ ਖ਼ਰਚੇ ਵੀ ਘਟਣਗੇ। ਕਿਸਾਨਾਂ ਨੂੰ ਚਾਹੀਦਾ ਹੈ ਕਿ ਜਦ ਕਿਸੇ ਫ਼ਸਲ ਉੱਪਰ ਕੋਈ ਸਮੱਸਿਆ ਆਵੇ ਤਾਂ ਉਹ ਖੇਤੀ ਮਾਹਿਰਾਂ ਨਾਲ ਸੰਪਰਕ ਕਰ ਕੇ ਸਿਫਾਰਸ਼ ਕੀਤੇ ਕੀਟਨਾਸ਼ਕਾਂ ਦਾ ਹੀ ਛਿੜਕਾਅ ਕਰਨ ਤਾਂ ਜੋ ਕੀੜਿਆਂ ਦੀ ਸੁਚੱਜੀ ਰੋਕਥਾਮ ਹੋ ਸਕੇ। ਕਾਲੇ ਤੇਲੇ ਦੀ ਸਹੀ ਰੋਕਥਾਮ ਲਈ ਜਿੱਥੇ ਸਿਫਾਰਸ਼ ਕੀਤੇ ਗਏ ਕੀਟਨਾਸ਼ਕਾਂ ਦਾ ਛਿੜਕਾਅ ਕਰਨਾ ਜ਼ਰੂਰੀ ਹੈ, ਉੱਥੇ ਛਿੜਕਾਅ ਕਾਰਨ ਦਾ ਸਮਾਂ ਤੇ ਤਰੀਕਾ ਵੀ ਸਹੀ ਹੋਣਾ ਚਾਹੀਦਾ ਹੈ ਅਤੇ ਕੁਝ ਸਾਵਧਾਨੀਆਂ ਵਰਤਣੀਆਂ ਵੀ ਬਹੁਤ ਅਹਿਮ ਹਨ। ਕਾਲੇ ਤੇਲੇ ਦੀ ਸਰਬਪੱਖੀ ਰੋਕਥਾਮ ਲਈ ਘੱਟ ਸਮੇਂ 'ਚ ਪੱਕਣ ਵਾਲੀਆਂ ਕਿਸਮਾਂ ਦੀ ਕਾਸ਼ਤ ਕਰਨੀ ਚਾਹੀਦੀ ਹੈ। ਯੂਰੀਆ ਖਾਦ ਦੀ ਵਰਤੋਂ ਸਿਫਾਰਸ਼ਾਂ ਕੀਤੀ ਗਈ ਮਾਤਰਾ ਅਨੁਸਾਰ ਹੀ ਕਰੋ। ਵਧੇਰੇ ਯੂਰੀਆ ਵਰਤਣ ਨਾਲ ਬੂਟੇ ਦਾ ਪਤਰਾਲ ਵਧੇਰੇ ਵਧਦਾ ਹੈ, ਜੋ ਕਾਲੇ ਤੇਲੇ ਲਈ ਆਕਰਸ਼ਣ ਦਾ ਕਾਰਨ ਬਣਦਾ ਹੈ

### ਰੋਕਥਾਮ

ਪਨੀਰੀ ਪੁੱਟ ਕੇ ਖੇਤ 'ਚ ਲਗਾਉਣ ਤੋਂ ਇਕ ਮਹੀਨੇ ਬਾਅਦ ਬੂਟਿਆਂ ਨੂੰ ਟੇਢੇ ਕਰ ਕੇ ਨਿਰੀਖਣ ਕਰਦੇ ਰਹੋ। ਜੇ ਮੁੱਢਾਂ ਵਾਲੇ ਪਾਸੇ ਪ੍ਰਤੀ ਪੌਦਾ 5 ਜਾਂ ਵੱਧ ਟਿੱਡੇ ਮੌਜੂਦ ਹੋਣ ਤਾਂ 120 ਗ੍ਰਾਮ ਪਾਈਮੇਟਰੋਜ਼ਿਨ (50 ਡਬਲਿਊਜੀ ਜਾਂ 40 ਮਿਲੀਲਿਟਰ ਇਮੀਡਾਕਲੋਪਰਿਡ 17.8 ਐੱਸਐੱਲ ਜਾਂ 800 ਮਿਲੀਲਿਟਰ ਕੁਈਨਲਫਾਸ 25 ਈਸੀ ਜਾਂ 1 ਲੀਟਰ ਕਲੋਰੋਪਾਈਰੀਫਾਸ 20 ਈਸੀ ਪ੍ਰਤੀ ਏਕੜ ਨੂੰ 100 ਲੀਟਰ ਪਾਣੀ 'ਚ ਘੋਲ ਕੇ ਛਿੜਕਾਅ ਕਰੋ। ਲੋੜ ਪਵੇ ਤਾਂ ਦੁਬਾਰਾ ਛਿੜਕਾਅ ਕਰੋ। ਚੰਗੇ ਨਤੀਜਿਆਂ ਲਈ ਫ਼ਸਲ ਦੇ ਮੁੱਢਾਂ ਵਾਲੇ ਪਾਸੇ ਦਵਾਈ ਦਾ ਛਿੜਕਾਅ ਕਰੋ। ਟਿੱਡੇ ਦੇ ਹਮਲੇ ਵਾਲੀਆਂ ਧੌੜੀਆਂ ਉੱਪਰ ਤੇ ਧੌੜੀ ਦੇ 3 ਤੋਂ 4 ਮੀਟਰ ਆਲੇ ਦੁਆਲੇ ਵੀ ਦਵਾਈ ਦੀ ਵਰਤੋਂ ਕਰੋ ਕਿਉਂਕਿ ਟਿੱਡਿਆਂ ਦੀ ਵਧੇਰੇ ਗਿਣਤੀ ਮੁੱਢਾਂ ਵਾਲੇ ਪਾਸੇ ਹੀ ਹੁੰਦੀ ਹੈ। •

**ਸਾੜੀਂ ਨਾ ਪਰਾਲੀ**

*ਪਰਾਲੀ ਦੀ ਸੁਚੱਜੀ ਸੰਭਾਲ ਲਈ ਸ਼ੁਰੂ ਕੀਤੀ ਮੁਹਿੰਮ ਤਹਿਤ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵੱਲੋਂ ਰਿਕਾਰਡ ਕਰਵਾਇਆ ਗਿਆ ਥੀਮ ਗੀਤ :*

ਘਰ ਫੂਕ ਆਪਣਾ ਨਾ ਦੇਖੀਏ ਦੀਵਾਲੀ।
ਸਾੜੀਂ ਨਾ ਪਰਾਲੀ, ਵੀਰਾ ਸਾੜੀਂ ਨਾ ਪਰਾਲੀ।

ਕਿੰਨੇ ਜੀਵ ਜੰਤੂਆਂ ਦੀ ਮਿੱਟੀ ਵਿਚ ਠਾਹਰ ਏ,
ਰੁੱਖਾਂ ਪੌਦਿਆਂ 'ਤੇ ਜਿਵੇਂ ਨੱਚਦੀ ਬਹਾਰ ਏ,
ਬਚੇ ਰਹਿਣ ਘੁੱਗੀਆਂ ਦੇ ਬੱਚੇ ਸਣੇ ਟਾਹਲੀ।
ਸਾੜੀਂ ਨਾ ਪਰਾਲੀ, ਵੀਰਾ ਸਾੜੀਂ ਨਾ ਪਰਾਲੀ।

ਦੇਖ ਧੂੰਏਂ ਨਾਲ ਹਾਲ ਹੋਇਆ ਕੀ ਚੁਫ਼ੇਰ ਦਾ,
ਸਿਖ਼ਰ ਦੁਪਹਿਰੇ ਦਿਸੇ ਮੰਜ਼ਰ ਹਨੇਰ ਦਾ,
ਸਾਰੀ ਕਾਇਨਾਤ ਜਾਪੇ ਹੋਈ ਕਾਲੀ-ਕਾਲੀ।
ਸਾੜੀਂ ਨਾ ਪਰਾਲੀ, ਵੀਰਾ ਸਾੜੀਂ ਨਾ ਪਰਾਲੀ।

ਮੰਡੀ ਵਿਚ ਪਿਆ ਤੇਰਾ ਝੋਨਾ ਵਿਕ ਲੈਣ ਦੇ,
ਧਰਤੀ ਦਾ ਥੋੜ੍ਹਾ ਜਿੰਨਾ ਸਾਹ ਟਿਕ ਲੈਣ ਦੇ,
ਅਗਲੀ ਫ਼ਸਲ ਲਈ ਐਡੀ ਕਾਹਦੀ ਕਾਹਲੀ।
ਸਾੜੀਂ ਨਾ ਪਰਾਲੀ ਵੀਰਾ, ਸਾੜੀਂ ਨਾ ਪਰਾਲੀ।

ਕਿੰਨੀਆਂ ਮਸ਼ੀਨਾਂ ਆਈਆਂ ਕਿੰਨੀ ਤਕਨੀਕ ਵੀ,
ਕੁਤਰੇ ਪਰਾਲੀ, ਬੀਜੇ ਕਣਕ ਜੋ ਠੀਕ ਵੀ,
ਪੌਣ-ਪਾਣੀ ਵਾਲੀ ਜਾਵੇ ਗੱਲ ਵੀ ਸੰਭਾਲੀ।
ਸਾੜੀਂ ਨਾ ਪਰਾਲੀ ਵੀਰਾ, ਸਾੜੀਂ ਨਾ ਪਰਾਲੀ।

ਵਿੱਚੇ ਵਾਹ ਪਰਾਲੀ ਤੇਰੀ ਖੇਤੀ ਸਾਵੀ ਰਹੇਗੀ,
ਪਾਣੀ ਬਚ ਜਾਏਗਾ ਤੇ ਖਾਦ ਘੱਟ ਪਏਗੀ,
ਦੋਵੇਂ ਹੱਥੀਂ ਲੱਡੂ ਤੇਰੇ, ਦੋਵੇਂ ਹੱਥੀਂ ਤਾਲੀ।
ਸਾੜੀਂ ਨਾ ਪਰਾਲੀ, ਵੀਰਾ ਸਾੜੀਂ ਨਾ ਪਰਾਲੀ।

ਪੀਏਯੂ ਦੇ ਮਾਹਿਰਾਂ ਨੇ ਕੱਢੇ ਬੜੇ ਹੱਲ ਬਈ,
ਸੁਪਰ ਐੱਸਐੱਮਐੱਸ, ਹੈਪੀਸੀਡਰ ਲੈ ਚੱਲ ਬਈ,
ਤੇਰੀ ਇਹ ਮੁਸੀਬਤ ਵੀ ਹੋ ਗਈ ਸੁਖਾਲੀ।
ਸਾੜੀਂ ਨਾ ਪਰਾਲੀ, ਵੀਰਾ ਸਾੜੀਂ ਨਾ ਪਰਾਲੀ।

• ਜਗਵਿੰਦਰ ਜੋਧਾ





• ਡਾ. ਹਰੀਸ਼ ਕੁਮਾਰ ਵਰਮਾ
0161-2553364

*ਗੁਰੂ ਅੰਗਦ ਦੇਵ ਵੈਟਰਨਰੀ ਅਤੇ ਐਨੀਮਲ ਸਾਇੰਸਿਜ਼ ਯੂਨੀਵਰਸਿਟੀ ਲੁਧਿਆਣਾ ਵੱਲੋਂ 25 ਵਾਂ ਪਸ਼ੂ ਪਾਲਣ ਮੇਲਾ 20 ਅਤੇ 21 ਸਤੰਬਰ ਨੂੰ ਲੁਧਿਆਣਾ ਕੈਂਪਸ ਵਿਖੇ ਲਗਾਇਆ ਜਾ ਰਿਹਾ ਹੈ...*

# ਵੈਟਰਨਰੀ ਯੂਨੀਵਰਸਿਟੀ ਦਾ ਸਿਲਵਰ ਜੁਬਲੀ ਪਸ਼ੂ ਪਾਲਣ ਮੇਲਾ

ਗੁਰੂ ਅੰਗਦ ਦੇਵ ਵੈਟਰਨਰੀ ਅਤੇ ਐਨੀਮਲ ਸਾਇੰਸਿਜ਼ ਯੂਨੀਵਰਸਿਟੀ ਲੁਧਿਆਣਾ ਸਾਲ 'ਚ ਦੋ ਵਾਰ ਯੂਨੀਵਰਸਿਟੀ ਕੈਂਪਸ 'ਚ 'ਪਸ਼ੂ ਪਾਲਣ ਮੇਲਾ' ਲਗਾਉਂਦੀ ਹੈ। ਇਹ ਮੇਲਾ ਮਾਰਚ ਤੇ ਸਤਬਰ ਮਹੀਨੇ ਲਗਾਇਆ ਜਾਂਦਾ ਹੈ। ਇਸ ਵਾਰ ਸਿਲਵਰ ਜੁਬਲੀ ਮੇਲਾ 20-21 ਸਤੰਬਰ 2018 ਨੂੰ ਲਗਾਇਆ ਜਾਵੇਗਾ।

### ਸੰਤੁਲਿਤ ਪਸ਼ੂ ਖ਼ੁਰਾਕ ਦੀ ਮਹੱਤਤਾ

ਪਸ਼ੂਆਂ ਲਈ ਅਰਾਮਦੇਹ ਤੇ ਸਸਤੇ ਸ਼ੈੱਡ ਬਣਾਉਣ ਬਾਰੇ ਪਸ਼ੂ ਪਾਲਕਾਂ ਨੂੰ ਜਾਣਕਾਰੀ ਦਿੱਤੀ ਜਾਵੇਗੀ। ਸਾਫ਼ ਸੁਥਰੇ ਦੁੱਧ ਦੀ ਪੈਦਾਵਾਰ, ਚੁਆਈ ਦਾ ਸਹੀ ਤਰੀਕਾ ਤੇ ਮਸ਼ੀਨ ਨਾਲ ਦੁੱਧ ਦੀ ਚੁਆਈ ਤੋਂ ਇਲਾਵਾ ਕਟੜੂਆਂ-ਵਛੜੂਆਂ ਦੇ ਸੁਚੱਜੇ ਪ੍ਰਬੰਧ ਬਾਰੇ ਮਾਹਿਰ ਜਾਣਕਾਰੀ ਦੇਣਗੇ। ਪਸ਼ੂਆਂ ਦੀ ਸਾਂਭ-ਸੰਭਾਲ ਦੇ ਤਰੀਕੇ ਤੇ ਸੰਤੁਲਿਤ ਵੰਡ-ਦਾਣਾ ਬਣਾਉਣ ਦੀਆਂ ਤਕਨੀਕਾਂ ਦੱਸੀਆਂ ਜਾਣਗੀਆਂ। ਪਸ਼ੂ ਖ਼ੁਰਾਕ 'ਚ ਧਾਤਾਂ ਦੀ ਮਹੱਤਤਾ ਬਾਰੇ ਚਾਨਣਾ ਪਾਇਆ ਜਾਏਗਾ। ਦੁਧਾਰੂਆਂ ਲਈ ਧਾਤਾਂ ਦਾ ਮਿਸ਼ਰਣ ਵੀ ਸਸਤੀ ਕੀਮਤ 'ਤੇ ਉਪਲੱਬਧ ਹੋਵੇਗਾ। ਇਸ ਤੋਂ ਇਲਾਵਾ ਪਸ਼ੂ ਪਾਲਕਾਂ ਨੂੰ ਯੂਰੋਮਿਨ ਚਾਟ ਤੇ ਸੁਬਾਬੂਲ ਚਾਟ ਬਣਾਉਣ ਦੀ ਵਿਧੀ ਦੱਸੀ ਜਾਵੇਗੀ। ਤੂੜੀ ਤੇ ਪਰਾਲੀ ਦੀ ਯੂਰੀਏ ਨਾਲ ਸੋਧ ਤੋਂ ਇਲਾਵਾ ਹਰੇ ਚਾਰੇ ਦੀ ਮਹੱਤਤਾ ਬਾਰੇ ਜਾਗਰੂਕ ਕੀਤਾ ਜਾਏਗਾ। ਵਾਧੂ ਹਰੇ ਚਾਰੇ ਨੂੰ ਲੰਬੇ ਸਮੇਂ ਤਕ ਸੰਭਾਲਣ ਦੇ ਤਰੀਕੇ ਤੇ ਸੁੱਕੇ ਚਾਰੇ ਤੋਂ ਅਚਾਰ ਬਣਾਉਣ ਬਾਰੇ ਪ੍ਰਦਰਸ਼ਨੀ ਲਗਾ ਕੇ ਜਾਣਕਾਰੀ ਮੁਹੱਈਆ ਕਰਵਾਈ ਜਾਵੇਗੀ। ਪਸ਼ੂ ਖ਼ੁਰਾਕ ਤੇ ਖ਼ੁਰਾਕੀ ਵਸਤਾਂ ਨੂੰ ਪ੍ਰਯੋਗਸ਼ਾਲਾ 'ਚ ਪਰਖਣ ਦੀ ਸਹੂਲਤ ਵੀ ਮੇਲੇ 'ਚ ਪ੍ਰਦਾਨ ਕੀਤੀ ਜਾਵੇਗੀ। ਚਾਰਿਆਂ ਦੇ ਜ਼ਹਿਰਬਾਦ ਤੇ ਹੋਰ ਜ਼ਹਿਰਾਂ ਤੋਂ ਬਚਾਅ ਦੀਆਂ ਵਿਧੀਆਂ ਦੱਸੀਆਂ ਜਾਣਗੀਆਂ।

### ਪ੍ਰਦਰਸ਼ਨੀਆਂ

ਮੇਲੇ ਵਿਚ ਵਧੀਆ ਨਸਲ ਦੇ ਜਾਨਵਰਾਂ ਜਿਵੇਂ ਮੱਝਾਂ, ਗਾਵਾਂ, ਬੱਕਰੀਆਂ, ਸੂਰ, ਖਰਗੋਸ਼, ਬਰਾਇਲਰ, ਬਟੇਰੇ, ਮੁਰਗੀਆਂ ਤੇ ਮੱਛੀਆਂ ਆਦਿ ਦੀ ਪ੍ਰਦਰਸ਼ਨੀ ਲਗਾਈ ਜਾਵੇਗੀ। ਇਸ ਤੋਂ ਇਲਾਵਾ ਮੱਝਾਂ, ਵਲਾਇਤੀ ਗਾਵਾਂ, ਬੀਟਲ ਬੱਕਰੀਆਂ, ਸਤਲੁਜ ਮੁਰਗੀਆਂ, ਆਈਬੀਐੱਲ-80 ਬਰਾਇਲਰ, ਪੰਜਾਬ ਬਟੇਰ ਆਦਿ ਵੀ ਪ੍ਰਦਰਸ਼ਿਤ ਕੀਤੇ ਜਾਣਗੇ। ਪਸ਼ੂਆਂ ਦੇ ਨਸਲ ਸੁਧਾਰ ਲਈ ਵਰਤੇ ਜਾਣ ਵਾਲੇ ਸਾਨ੍ਹਾਂ, ਝੋਟਿਆਂ, ਬੱਕਰਿਆਂ ਆਦਿ ਦੀ ਵੀ ਨੁਮਾਇਸ਼ ਲਗਾਈ ਜਾਵੇਗੀ। ਇਸ ਤੋਂ ਇਲਾਵਾ ਮਨਸੂਈ ਗਰਭਦਾਨ ਤੇ ਭਰੂਣ ਤਬਾਦਲੇ ਦੀ ਵਿਧੀ ਬਾਰੇ ਜਾਣਕਾਰੀ ਦਿੱਤੀ ਜਾਵੇਗੀ।



### ਪਸ਼ੂਆਂ ਦੀ ਸਿਹਤ ਸੰਭਾਲ

ਪਸ਼ੂਆਂ ਨੂੰ ਮੁਢਲੀ ਸਹਾਇਤਾ, ਪਸ਼ੂਆਂ 'ਚ ਅਫ਼ਾਰਾ, ਲੰਙ ਮਾਰਨਾ, ਖੁਰ ਵਧਣੇ, ਲੇਵੇ ਦੀ ਸੋਜ਼ਿਸ਼, ਲਹੂ ਮੂਤਣਾ, ਧਾਤਾਂ ਦੀ ਘਾਟ ਤੋਂ ਬਚਾਅ ਬਾਰੇ ਮਾਹਿਰ ਜਾਣਕਾਰੀ ਦੇਣਗੇ। ਮਲ੍ਹੱਪਾਂ ਤੇ ਚਿੱਚੜਾਂ ਕਾਰਨ ਹੋਣ ਵਾਲੀਆਂ ਬਿਮਾਰੀਆਂ ਤੋਂ ਛੁਟਕਾਰੇ ਦੇ ਉਪਾਅ ਦੱਸੇ ਜਾਣਗੇ। ਆਪ੍ਰੇਸ਼ਨ ਰਾਹੀਂ ਇਲਾਜਯੋਗ ਰੋਗਾਂ ਸਬੰਧੀ ਸਹੂਲਤਾਂ ਜਿਵੇਂ, ਰਸੌਲੀ, ਸਰਨ, ਟੁੱਟੀ ਹੱਡੀ, ਬੰਨ੍ਹ ਪੈਣਾ, ਹਰਨੀਆਂ, ਪਿਸ਼ਾਬ ਦਾ ਬੰਨ੍ਹ, ਥਣ ਦਾ ਬੰਦ ਹੋਣਾ ਆਦਿ ਬਾਰੇ ਮੌਕੇ 'ਤੇ ਇਲਾਜ ਦੱਸੇ ਜਾਣਗੇ। ਇਸ ਤੋਂ ਇਲਾਵਾ ਜਣੇਪੇ ਦੀਆਂ ਸਮੱਸਿਆਵਾਂ, ਗੂੰਗਾ ਹੇਹਾ, ਪਸ਼ੂ ਦਾ ਹੇਹੇ 'ਚ ਨਾ ਆਉਣਾ, ਵਾਰ-ਵਾਰ ਫਿਰਨਾ, ਪਿੱਛਾ ਮਾਰਨਾ, ਜ਼ੇਰ ਨਾ ਪੈਣਾ, ਬੱਚੇਦਾਨੀ ਦਾ ਵਲੇਵਾਂ ਆਦਿ ਤੋਂ ਬਚਾਅ ਤੇ ਇਲਾਜ ਬਾਰੇ ਜਾਣਕਾਰੀ ਦਿੱਤੀ ਜਾਵੇਗੀ।

### ਜਾਂਚ ਸਹੂਲਤਾਂ

ਪਸ਼ੂਆਂ ਦੇ ਬਿਮਾਰੀਆਂ ਦੇ ਬਚਾਅ ਲਈ ਟੀਕਾਕਰਨ ਦੇ ਤਰੀਕਿਆਂ ਤੇ ਸਮਾਂ-ਸਾਰਣੀ ਬਾਰੇ ਜਾਣਕਾਰੀ ਦਿੱਤੀ ਜਾਵੇਗੀ। ਇਸ ਤੋਂ ਇਲਾਵਾ ਬਿਮਾਰੀਆਂ ਦਾ ਕਾਰਨ ਲੱਭਣ ਲਈ ਦੁੱਧ, ਗੋਹਾ, ਖ਼ੂਨ, ਪਿਸ਼ਾਬ ਆਦਿ ਦੀ ਮੌਕੇ 'ਤੇ ਜਾਂਚ ਦੀ ਸਹੂਲਤ ਵੀ ਹੋਵੇਗੀ। ਯੂਨੀਵਰਸਿਟੀ ਦੇ ਪਸ਼ੂ ਹਸਪਤਾਲ ਵੱਲੋਂ ਮੁਹੱਈਆ ਕਰਵਾਈਆਂ ਜਾਂਦੀਆਂ ਇਲਾਜ, ਐਕਸਰੇ, ਅਲਟਰਾਸਾਊਂਡ, ਪ੍ਰਯੋਗਸ਼ਾਲਾ, ਪੋਸਟ ਮਾਰਟਮ ਆਦਿ ਸੇਵਾਵਾਂ ਬਾਰੇ ਚਾਨਣਾ ਪਾਇਆ ਜਾਵੇਗਾ। ਪਸ਼ੂਆਂ ਤੋਂ ਇਨਸਾਨਾਂ ਨੂੰ ਹੋਣ ਵਾਲੀਆਂ ਬਿਮਾਰੀਆਂ ਹਲਕਾਅ, ਤਪਦਿਕ ਆਦਿ ਦੀ ਜਾਂਚ ਤੇ ਬਚਾਅ ਬਾਰੇ ਵੀ ਕਿਸਾਨਾਂ ਨੂੰ ਜਾਗਰੂਕ ਕੀਤਾ ਜਾਵੇਗਾ।

### ਸਹਾਇਕ ਧੰਦੇ

ਨਵੀਆਂ ਤੇ ਉੱਭਰ ਰਹੀਆਂ ਬਿਮਾਰੀਆਂ, ਜਿਵੇਂ ਸਵਾਈਨ ਫਲੂ, ਮੈਡ ਕਾਉ ਆਦਿ ਬਾਰੇ ਗਿਆਨ ਦਿੱਤਾ ਜਾਏਗਾ। ਉੱਲੀ ਰੋਗਾਂ ਤੋਂ ਬਚਾਅ ਦੇ ਉਪਾਅ ਦੱਸੇ ਜਾਣਗੇ। ਮੁਰਗੀਆਂ ਦੀਆਂ ਬਿਮਾਰੀਆਂ, ਬਰਡ ਫਲੂ ਬਾਰੇ ਚਾਨਣਾ ਪਾਇਆ ਜਾਏਗਾ। ਦੁੱਧ, ਆਂਡਿਆਂ ਤੇ ਮਾਸ ਤੋਂ ਖ਼ੁਰਾਕੀ ਪਦਾਰਥ ਬਣਾਉਣ ਬਾਰੇ ਗਿਆਨ ਦਿੱਤਾ ਜਾਏਗਾ। ਵੱਖ-ਵੱਖ ਤਕਨੀਕਾਂ, ਜਿਵੇਂ ਥਣਾਂ ਨੂੰ ਡੋਬਾ ਦੇਣਾ, ਦੁੱਧ ਦੀ ਸਹੀ ਚੁਆਈ, ਖੁਰਾਂ ਦੀ ਕਟਾਈ ਆਦਿ ਬਾਰੇ ਪ੍ਰਦਰਸ਼ਨੀ ਲਗਾਈ ਜਾਏਗੀ। ਇਸ ਤੋਂ ਇਲਾਵਾ ਮੱਛੀ ਪਾਲਣ, ਝੀਂਗਾ ਮੱਛੀ ਤੇ ਸਜਾਵਟੀ ਮੱਛੀਆਂ ਦੀ ਸਾਂਭ ਸੰਭਾਲ, ਬਿਮਾਰੀਆਂ ਆਦਿ ਬਾਰੇ ਮਾਹਿਰਾਂ ਵੱਲੋਂ ਜਾਣਕਾਰੀ ਦਿੱਤੀ ਜਾਵੇਗੀ। ਪਸ਼ੂ ਪਾਲਣ, ਬੱਕਰੀ ਪਾਲਣ, ਸੂਰ ਪਾਲਣ, ਮੁਰਗੀ ਬਟੇਰ ਤੇ ਬਰਾਇਲਰ ਪਾਲਣ ਤੇ ਮੱਛੀ ਪਾਲਣ ਧੰਦਿਆਂ ਬਾਰੇ ਲਗਾਏ ਜਾਣ ਵਾਲੇ ਸਿਖਲਾਈ ਕੋਰਸਾਂ 'ਚ ਦਾਖ਼ਲੇ ਬਾਰੇ ਵੀ ਸੂਚਿਤ ਕੀਤਾ ਜਾਵੇਗਾ।



### ਸਹਿਯੋਗੀ ਵਿਭਾਗਾਂ ਦੀਆਂ ਸੇਵਾਵਾਂ

ਮੇਲੇ 'ਚ ਪਸ਼ੂ ਪਾਲਕਾਂ ਦੀਆਂ ਸਮੱਸਿਆਵਾਂ ਦੇ ਜਵਾਬ 'ਸਵਾਲ-ਜਵਾਬ' ਸੈਸ਼ਨ 'ਚ ਦਿੱਤੇ ਜਾਣਗੇ। ਪਸ਼ੂਧਨ ਨਾਲ ਸਬੰਧਤ ਵੱਖ-ਵੱਖ ਸਰਕਾਰੀ ਵਿਭਾਗ, ਜਿਵੇਂ ਪਸ਼ੂ ਪਾਲਣ ਵਿਭਾਗ, ਡੇਅਰੀ ਵਿਕਾਸ ਵਿਭਾਗ, ਮੱਛੀ ਪਾਲਣ ਵਿਭਾਗ, ਮਿਲਕਫੈੱਡ, ਮਾਰਕਫੈੱਡ ਵੀ ਆਪਣੇ ਵਿਭਾਗਾਂ ਬਾਰੇ ਜਾਣਕਾਰੀ ਦੇਣਗੇ। ਯੂਨੀਵਰਸਿਟੀ ਦੇ ਸਹਿਯੋਗ ਨਾਲ ਕੰਮ ਕਰਦੀਆਂ ਪਸ਼ੂ ਪਾਲਕਾਂ ਦੀਆਂ ਜਥੇਬੰਦੀਆਂ ਵੱਲੋਂ ਮੇਲੇ ਵਿਚ ਆਪਣੇ ਸਟਾਲ ਲਗਾਏ ਜਾਣਗੇ। ਯੂਨੀਵਰਸਿਟੀ ਵਿਚ ਪੜ੍ਹਾਈ ਅਤੇ ਵਿਦਿਆਰਥੀਆਂ ਦੇ ਦਾਖ਼ਲੇ ਬਾਰੇ ਵੀ ਜਾਣਕਾਰੀ ਮੁਹੱਈਆ ਕਰਵਾਈ ਜਾਵੇਗੀ। •



• ਡਾ. ਬਲਵਿੰਦਰ ਸਿੰਘ ਢਿੱਲੋਂ
94654-20097

*ਮੱਕੀ ਸਾਉਣੀ ਦਾ ਮੁੱਖ ਚਾਰਾ ਹੈ। ਪੰਜਾਬ 'ਚ ਕਰੀਬ 0.77 ਲੱਖ ਹੈਕਟੇਅਰ 'ਚ ਮੱਕੀ ਬੀਜੀ ਜਾਂਦੀ ਹੈ। ਇਹ 50-60 ਦਿਨਾਂ 'ਚ ਕਟਾਈ ਲਈ ਤਿਆਰ ਹੋ ਜਾਂਦੀ ਹੈ ਤੇ ਦੁਧਾਰੂ ਪਸ਼ੂਆਂ ਲਈ ਮਿਆਰੀ ਚਾਰਾ ਹੈ। ਛੱਲੀਆਂ ਵਿਚ ਮੌਜੂਦ ਪੌਸ਼ਟਿਕ ਤੱਤ ਪਸ਼ੂਆਂ ਨੂੰ ਸਿਹਤਮੰਦ ਰੱਖਦੇ ਹਨ...*

# ਹਰੇ ਚਾਰੇ ਲਈ ਮੱਕੀ ਦੀ ਕਾਸ਼ਤ

ਡੇਅਰੀ ਦੇ ਧੰਦੇ ਵਿਚ 70 ਤੋਂ 75 ਫ਼ੀਸਦੀ ਖ਼ਰਚੇ ਪਸ਼ੂ ਖ਼ੁਰਾਕ ਉੱਪਰ ਹੁੰਦੇ ਹਨ ਤੇ ਇਸ ਵਿਚ ਹਰਾ ਚਾਰਾ ਅਹਿਮ ਹੈ। ਪੰਜਾਬ 'ਚ ਇਸ ਸਮੇਂ ਪਸ਼ੂਆਂ ਦੀ ਗਿਣਤੀ ਲਗਪਗ 81.2 ਲੱਖ ਹੈ, ਜਿਨ੍ਹਾਂ ਵਿਚ 62.4 ਲੱਖ ਵੱਡੇ ਪਸ਼ੂ ਹਨ। ਪਸ਼ੂਆਂ ਨੂੰ ਮਿਆਰੀ ਚਾਰਾ ਦੇਣ ਲਈ ਹਰੇ ਚਾਰੇ ਦੀ ਵਰਤਮਾਨ ਉਪਜ 'ਚ ਚੋਖੇ ਵਾਧੇ ਦੀ ਲੋੜ ਹੈ। ਮੱਕੀ ਸਾਉਣੀ ਦਾ ਮੁੱਖ ਚਾਰਾ ਹੈ। ਪੰਜਾਬ 'ਚ ਕਰੀਬ 0.77 ਲੱਖ ਹੈਕਟੇਅਰ 'ਚ ਮੱਕੀ ਬੀਜੀ ਜਾਂਦੀ ਹੈ। ਇਹ 50-60 ਦਿਨਾਂ 'ਚ ਕਟਾਈ ਲਈ ਤਿਆਰ ਹੋ ਜਾਂਦੀ ਹੈ ਤੇ ਦੁਧਾਰੂ ਪਸ਼ੂਆਂ ਲਈ ਮਿਆਰੀ ਚਾਰਾ ਹੈ।

### ਖਾਦ ਪ੍ਰਬੰਧ

ਖੇਤ ਤਿਆਰ ਕਰਨ ਤੋਂ ਪਹਿਲਾਂ 10 ਟਨ ਰੂੜੀ ਖਾਦ ਪਾਉ। ਰੂੜੀ ਜ਼ਿੰਕ, ਫਾਸਫੋਰਸ, ਪੋਟਾਸ਼ ਤੇ ਇਕ-ਤਿਹਾਈ ਨਾਈਟ੍ਰੋਜਨ ਦੀ ਘਾਟ ਪੂਰੀ ਕਰਦੀ ਹੈ। ਚਾਰੇ ਵਾਲੀ ਮੱਕੀ ਨਾਈਟ੍ਰੋਜਨ ਖਾਦ ਨੂੰ ਬਹੁਤ ਮੰਨਦੀ ਹੈ। ਅੱਧੀ ਨਾਈਟ੍ਰੋਜਨ, ਸਾਰੀ ਫਾਸਫੋਰਸ ਤੇ ਪੋਟਾਸ਼ ਖਾਦ ਬਿਜਾਈ ਸਮੇਂ ਪਾਉ ਤੇ ਅੱਧੀ ਨਾਈਟ੍ਰੋਜਨ ਖਾਦ 3-4 ਹਫ਼ਤੇ ਮਗਰੋਂ ਪਾਉ।

### ਨਦੀਨਾਂ ਦੀ ਰੋਕਥਾਮ


ਐਟਰਾਟਾਫ 50 ਡਬਲਿਊਪੀ (ਐਟਰਾਜ਼ੀਨ) 800 ਗ੍ਰਾਮ ਪ੍ਰਤੀ ਏਕੜ ਦੇ ਹਿਸਾਬ ਨਾਲ ਦਰਮਿਆਨੀਆਂ ਤੋਂ ਭਾਰੀਆਂ ਜ਼ਮੀਨਾਂ ਵਿਚ ਤੇ 500 ਗ੍ਰਾਮ ਹਲਕੀਆਂ ਜ਼ਮੀਨਾਂ 'ਚ ਬਿਜਾਈ ਤੋਂ 10 ਦਿਨਾਂ ਦੇ ਅੰਦਰ 200 ਲੀਟਰ ਪਾਣੀ 'ਚ ਘੋਲ ਕੇ ਛਿੜਕੋ। ਆਮ ਤੌਰ 'ਤੇ ਕਿਸਾਨ ਮੱਕੀ ਦਾ ਚਾਰਾ ਸਤੰਬਰ ਦੇ ਅਖ਼ੀਰ ਤਕ ਬੀਜਦੇ ਹਨ ਤੇ ਬਾਅਦ 'ਚ ਉੱਥੇ ਕਣਕ ਬੀਜਦੇ ਹਨ। ਐਟਰਾਜ਼ੀਨ ਦੀ ਵਰਤੋਂ ਸਤੰਬਰ ਦੇ ਪਹਿਲੇ ਪੰਦਰਵਾੜੇ ਤਕ ਵੀ ਕੀਤੀ ਜਾ ਸਕਦੀ ਹੈ। ਜੇ ਮੱਕੀ ਦੇ ਚਾਰੇ 'ਚ ਰਵਾਂਹ ਰਲਾ ਕੇ ਬੀਜਿਆ ਹੋਵੇ ਤਾਂ ਐਟਰਾਜ਼ੀਨ ਦੀ ਵਰਤੋਂ ਨਾ ਕਰੋ। ਮੱਕੀ ਤੇ ਰਵਾਂਹ ਦੇ ਮਿਸ਼ਰਤ ਚਾਰੇ 'ਚ ਸਟੌਂਪ-30 ਈਸੀ (ਪੈਂਡੀਮੈਥਾਲੀਨ) ਇਕ ਲੀਟਰ ਪ੍ਰਤੀ ਏਕੜ ਦੇ ਹਿਸਾਬ 200 ਲੀਟਰ ਪਾਣੀ 'ਚ ਘੋਲ ਕੇ ਬਿਜਾਈ ਤੋਂ ਦੋ ਦਿਨ ਦੇ ਅੰਦਰ ਛਿੜਕਾਅ ਕਰੋ।

### ਕੀੜੇ-ਮਕੌੜਿਆਂ ਦੀ ਰੋਕਥਾਮ

ਮੱਕੀ ਦਾ ਗੜੂੰਆਂ ਮਾਰਚ ਤੋਂ ਅਕਤੂਬਰ ਤਕ ਨੁਕਸਾਨ ਕਰਦਾ ਹੈ। ਇਸ ਦੀ ਰੋਕਥਾਮ ਲਈ ਗੜੂੰਏਂ ਦੇ ਹਮਲੇ ਵਾਲੇ ਬੂਟੇ ਪੁੱਟ ਕੇ ਨਸ਼ਟ ਕਰ ਦੇਵੋ। ਗੜੂੰਏਂ ਤੋਂ ਬਚਾਅ ਲਈ 40 ਮਿਲੀਲਿਟਰ ਕੋਰਾਜ਼ਨ 18.5 ਐੱਸਸੀ (ਕਲੋਰਐਂਟਰਾਨਿਲੀਪਰੋਲ) ਪ੍ਰਤੀ ਏਕੜ 60-80 ਲੀਟਰ ਪਾਣੀ 'ਚ ਘੋਲ ਕੇ ਸਪਰੇਅ ਕਰੋ। ਟਰਾਈਕੋਗਰਾਮਾ (ਮਿੱਤਰ ਕੀੜਾ) ਰਾਹੀਂ ਪਰਜੀਵੀ ਕਿਰਿਆ ਕੀਤੇ ਹੋਏ ਕੋਰਸਾਇਰਾ ਦੇ 50 ਹਜ਼ਾਰ ਆਂਡੇ ਪ੍ਰਤੀ ਏਕੜ ਦੋ ਵਾਰੀ, ਪਹਿਲੀ ਵਾਰ 10 ਦਿਨਾਂ ਦੀ ਫ਼ਸਲ ਤੇ ਦੂਜੀ ਵਾਰ ਇਕ ਹਫ਼ਤੇ ਬਾਅਦ ਵਰਤੋ। ਇਹ ਆਂਡੇ ਟਰਾਈਕੋਕਾਰਡਾਂ 'ਤੇ ਚਿਪਕਾਏ ਹੁੰਦੇ ਹਨ। ਇਨ੍ਹਾਂ ਕਾਰਡਾਂ ਨੂੰ 50 ਬਰਾਬਰ ਹਿੱਸਿਆਂ 'ਚ ਕੱਟ ਲਵੋ। ਹਰ ਛੋਟੇ ਹਿੱਸੇ ਉੱਪਰ ਕਰੀਬ 1,000 ਆਂਡੇ ਹੁੰਦੇ ਹਨ। ਇਨ੍ਹਾਂ ਹਿੱਸਿਆਂ ਨੂੰ ਸ਼ਾਮ ਸਮੇਂ ਖੇਤ 'ਚ ਇਕਸਾਰ ਦੂਰੀ 'ਤੇ ਬੂਟਿਆਂ ਦੀ ਗੋਭ 'ਚ ਰੱਖੋ। ਤੇਲੇ ਅਤੇ ਘੋੜੇ ਦੀ ਰੋਕਥਾਮ ਲਈ 250 ਤੋਂ 400 ਮਿਲੀਲਿਟਰ ਮੈਲਾਥੀਆਨ 50 ਈਸੀ ਪ੍ਰਤੀ ਏਕੜ ਛਿੜਕੋ ਤੇ ਵਾਲਾਂ ਵਾਲੀ ਸੁੰਡੀ ਦੀ ਰੋਕਥਾਮ ਲਈ 15 ਕਿੱਲੋ ਮੈਲਾਥੀਆਨ 5 ਫ਼ੀਸਦੀ ਪ੍ਰਤੀ ਏਕੜ ਦੇ ਹਿਸਾਬ ਧੂੜਾ ਦੇਵੋ।

### ਬੀਜ ਦੀ ਮਾਤਰਾ ਤੇ ਬਿਜਾਈ ਦਾ ਸਮਾਂ

ਬੀਜ ਦੀ ਮਾਤਰਾ 30 ਕਿੱਲੋ ਪ੍ਰਤੀ ਏਕੜ ਹੈ। ਇਸ ਦੀ ਬਿਜਾਈ ਮਾਰਚ ਦੇ ਪਹਿਲੇ ਹਫ਼ਤੇ ਤੋਂ ਲੈ ਕੇ ਅੱਧ ਸਤੰਬਰ ਤਕ ਕੀਤੀ ਜਾ ਸਕਦੀ ਹੈ। ਬਿਜਾਈ ਕੇਰੇ ਜਾਂ ਪੋਰੇ ਨਾਲ ਕਰੋ ਤੇ ਕਤਾਰਾਂ ਵਿਚਕਾਰ ਫ਼ਾਸਲਾ 30 ਸੈਂਟੀਮੀਟਰ ਰੱਖੋ। ਬਿਜਾਈ ਖਾਦ-ਬੀਜ ਡਰਿੱਲ ਨਾਲ ਵੀ ਕੀਤੀ ਜਾ ਸਕਦੀ ਹੈ। ਜੇ ਮੱਕੀ ਅਤੇ ਰਵਾਂਹ ਰਲਾ ਕੇ ਬੀਜਣੇ ਹੋਣ ਤਾਂ ਮੱਕੀ ਅਤੇ ਰਵਾਂਹ-88 ਦਾ ਬੀਜ 15-15 ਕਿੱਲੋ ਅਤੇ ਮੱਕੀ ਤੇ ਰਵਾਂਹ-367 ਕਿਸਮ ਦਾ ਬੀਜ 15 ਅਤੇ 6 ਕਿੱਲੋ ਪ੍ਰਤੀ ਏਕੜ ਕ੍ਰਮਵਾਰ ਪਾਓ।



### ਉੱਨਤ ਕਿਸਮ

ਜੇ-1006 : ਹਰੇ ਚਾਰੇ ਲਈ ਮੱਕੀ ਦੀ ਇਸ ਕਿਸਮ ਦੇ ਬੂਟੇ ਫੈਲਵੇਂ ਤੇ ਚੌੜੇ ਪੱਤਿਆਂ ਵਾਲੇ ਹੁੰਦੇ ਹਨ। ਇਸ ਕਿਸਮ ਨੂੰ ਝੁਲਸ ਰੋਗ ਤੇ ਭੂਰੀਆਂ ਧਾਰੀਆਂ ਦਾ ਰੋਗ ਘੱਟ ਲਗਦਾ ਹੈ। ਇਹ ਕਿਸਮ ਕਰੀਬ 165 ਕੁਇੰਟਲ ਹਰਾ ਚਾਰਾ ਪ੍ਰਤੀ ਏਕੜ ਦਿੰਦੀ ਹੈ।

### ਕਟਾਈ

ਬਿਜਾਈ ਤੋਂ 50-60 ਦਿਨਾਂ ਪਿੱਛੋਂ ਜਦੋਂ ਮੱਕੀ ਦੀ ਫ਼ਸਲ ਦੋਧੇ 'ਤੇ ਹੋਵੇ ਤੇ ਦਾਣੇ ਨਰਮ ਹੋਣ ਤਾਂ ਇਹ ਕਟਾਈ ਲਈ ਤਿਆਰ ਹੋ ਜਾਂਦੀ ਹੈ। ਚਾਰੇ ਵਾਲੀ ਫ਼ਸਲ ਵਿੱਚੋਂ ਛੱਲੀਆਂ ਨਹੀਂ ਉਤਾਰਨੀਆਂ ਚਾਹੀਦੀਆਂ। ਇਨ੍ਹਾਂ ਵਿਚ ਬਹੁਤ ਸਾਰੇ ਪੌਸ਼ਟਿਕ ਤੱਤ ਹੁੰਦੇ ਹਨ ਜੋ ਪਸ਼ੂ ਦੀ ਸਿਹਤ ਲਈ ਲਾਹੇਵੰਦ ਹੁੰਦੇ ਹਨ।

### ਸਾਵਧਾਨੀਆਂ

- ਮੱਕੀ ਦੀ ਚਾਰੇ ਵਾਲੀ ਫ਼ਸਲ ਉੱਪਰ ਉਹ ਕੀਟਨਾਸ਼ਕ ਨਹੀਂ ਵਰਤਣੇ ਚਾਹੀਦੇ, ਜੋ ਮੱਕੀ ਦੀ ਦਾਣਿਆਂ ਵਾਲੀ ਫ਼ਸਲ ਲਈ ਸਿਫਾਰਿਸ਼ ਕੀਤੇ ਗਏ ਹਨ।
- ਕੋਰਾਜ਼ਨ 18.5 ਐੱਸਸੀ (ਕਲੋਰਐਂਟਰਾਨਿਲੀਪਰੋਲ) ਛਿੜਕਾਂ ਤੋਂ 21 ਦਿਨ ਬਾਅਦ ਚਾਰੇ ਨੂੰ ਵਰਤੋ।
- ਮੈਲਾਥੀਆਨ ਦੇ ਛਿੜਕਾਅ ਤੋਂ 14 ਦਿਨ ਬਾਅਦ ਤਕ ਫ਼ਸਲ ਨੂੰ ਚਾਰੇ ਲਈ ਨਾ ਵਰਤੋ। •



# ਨੌਜਵਾਨਾਂ ਦੇ ਸੁਪਨਿਆਂ ਨੂੰ ਉਡਾਣ ਦੇ ਰਹੀ ਹੈ ਪੰਜਾਬ ਸਰਕਾਰ : ਮੁੱਖ ਮੰਤਰੀ ਭਗਵੰਤ ਸਿੰਘ ਮਾਨ

**ਮੁਹਾਲੀ, 20 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਨੌਜਵਾਨਾਂ ਨੂੰ ਆਪਣੇ ਵਿਚਾਰਾਂ ਨੂੰ ਕਾਰੋਬਾਰ, ਨਵੀਨਤਾ ਅਤੇ ਰੁਜ਼ਗਾਰ ਦੇ ਮੌਕਿਆਂ ਵਿੱਚ ਬਦਲਣ ਲਈ ਵਿੱਤੀ ਅਤੇ ਸੰਸਥਾਗਤ ਸਹਾਇਤਾ ਦੇਣ ਵੱਲ ਕੰਮ ਕਰ ਰਹੀ ਹੈ। ਉਹ ਮੁਹਾਲੀ ਸਥਿਤ ਇੰਡੀਅਨ ਸਕੂਲ ਆਫ਼ ਬਿਜ਼ਨਸ (ਆਈਐਸਬੀ) ਦੇ ਲੀਡਰਸ਼ਿਪ ਸਮਿਟ -2026 ਵਿੱਚ ਮੁੱਖ ਮਹਿਮਾਨ ਵਜੋਂ ਸੰਬੋਧਨ ਕਰ ਰਹੇ ਸਨ। ਮੁੱਖ ਮੰਤਰੀ ਨੇ ਦੱਸਿਆ ਕਿ ਨੌਜਵਾਨਾਂ ਦੇ ਨਵੇਂ ਵਿਚਾਰਾਂ ਨੂੰ ਅੱਗੇ ਵਧਾਉਣ ਲਈ ਸਟਾਰਟਅੱਪ ਸੈਂਟਰ ਸਥਾਪਿਤ ਕੀਤਾ ਗਿਆ ਹੈ। ਇਸ ਤੋਂ ਇਲਾਵਾ ਸਕੂਲਜ਼ ਆਫ ਐਮੀਨੈਂਸ ਵਿੱਚ ਚਲਾਏ ਜਾ ਰਹੇ ਬਿਜ਼ਨੈਸ ਬਲਾਸਟਰਜ਼ ਪ੍ਰੋਗਰਾਮ ਤਹਿਤ ਵਿਦਿਆਰਥੀਆਂ ਨੂੰ ਕਾਰੋਬਾਰੀ ਵਿਚਾਰ ਵਿਕਸਿਤ ਕਰਨ ਲਈ ਸੀਡ ਮਨੀ ਦਿੱਤੀ ਜਾ ਰਹੀ ਹੈ। ਸਰਕਾਰ ਵੱਲੋਂ ਬਿਹਤਰ ਵਿਚਾਰਾਂ ਨੂੰ ਪੇਟੈਂਟ ਕਰਵਾਉਣ ਲਈ ਵੀ ਕਦਮ ਚੁੱਕੇ ਜਾ ਰਹੇ ਹਨ।

ਮਾਨ ਨੇ ਉਦਯੋਗਪਤੀਆਂ ਅਤੇ ਨਿਵੇਸ਼ਕਾਂ ਨੂੰ ਪੰਜਾਬ ਵਿੱਚ ਨਿਵੇਸ਼ ਕਰਨ ਦਾ ਸੱਦਾ ਦਿੰਦਿਆਂ ਕਿਹਾ ਕਿ ਸਰਕਾਰ ਸੂਬੇ ਨੂੰ ਉਦਯੋਗ, ਨਿਵੇਸ਼ ਅਤੇ ਨਵੀਨਤਾ ਦਾ ਕੇਂਦਰ ਬਣਾਉਣ ਵੱਲ ਕੰਮ ਕਰ ਰਹੀ ਹੈ।

ਉਨ੍ਹਾਂ ਮੁਤਾਬਕ ਨੌਜਵਾਨਾਂ ਨੂੰ ਰੁਜ਼ਗਾਰ ਲੱਭਣ ਵਾਲਿਆਂ ਦੇ ਨਾਲ-ਨਾਲ ਰੁਜ਼ਗਾਰ ਪੈਦਾ ਕਰਨ ਵਾਲੇ ਉੱਦਮੀ ਬਣਾਉਣ 'ਤੇ ਧਿਆਨ ਦਿੱਤਾ ਜਾ ਰਿਹਾ ਹੈ। ਇਹ ਮੁੱਖ ਮੰਤਰੀ ਦਾ ਸਰਕਾਰ ਦੀ ਨੀਤੀ ਬਾਰੇ ਬਿਆਨ ਹੈ। ਇਸੇ ਦਿਸ਼ਾ ਵਿੱਚ ਪੰਜਾਬ ਸਰਕਾਰ ਨੇ ਜੂਨ 2026 ਵਿੱਚ 31 ਸਟਾਰਟਅਪਸ ਨੂੰ ਕੁੱਲ ?1.07 ਕਰੋੜ ਦੀ ਸੀਡ ਫੰਡਿੰਗ ਦਿੱਤੀ ਸੀ। ਪੰਜਾਬ ਸਟਾਰਟਅੱਪ ਐਂਡ ਇੰਡਸਟਰੀਅਲ ਪਾਲਿਸੀ -2026 ਤਹਿਤ ਸੀਡ ਗਰਾਂਟ ਦੀ ਸਹਾਇਤਾ ਨੂੰ ?3 ਲੱਖ ਤੋਂ ਵਧਾ ਕੇ ?5 ਲੱਖ ਕੀਤਾ ਗਿਆ ਹੈ।

ਰਾਸ਼ਟਰੀ ਪੱਧਰ 'ਤੇ ਵੀ ਸਟਾਰਟਅੱਪ ਇੰਡੀਆ ਦੇ ਅੰਕੜਿਆਂ ਮੁਤਾਬਕ 31 ਮਾਰਚ 2026 ਤੱਕ 2.23 ਲੱਖ ਤੋਂ ਵੱਧ ਸਟਾਰਟਅਪਸ ਨੂੰ ਮਾਨਤਾ ਮਿਲ ਚੁੱਕੀ ਸੀ ਅਤੇ ਇਨ੍ਹਾਂ ਨਾਲ 23.36 ਲੱਖ ਤੋਂ ਵੱਧ ਸਿੱਧੀਆਂ ਨੌਕਰੀਆਂ ਪੈਦਾ ਹੋਈਆਂ ਸਨ। ਮੁੱਖ ਮੰਤਰੀ ਨੇ ਆਈਐਸਬੀ ਦੇ 25 ਸਾਲ ਪੂਰੇ ਹੋਣ 'ਤੇ ਸੰਸਥਾ ਨੂੰ ਵਧਾਈ ਦਿੰਦਿਆਂ ਕਿਹਾ ਕਿ ਅਜਿਹੀਆਂ ਸੰਸਥਾਵਾਂ ਨੌਜਵਾਨਾਂ ਦੀ ਪ੍ਰਤਿਭਾ ਨੂੰ ਸਹੀ ਦਿਸ਼ਾ ਦੇਣ ਵਿੱਚ ਭੂਮਿਕਾ ਨਿਭਾ ਸਕਦੀਆਂ ਹਨ।

# ਦਿੱਲੀ ਯੂਨੀਵਰਸਿਟੀ ਵਿਦਿਆਰਥੀ ਚੋਣਾਂ ਵਿੱਚ ਏ ਬੀ ਵੀ ਪੀ ਦੀ ਝੰਡੀ

**ਨਵੀਂ ਦਿੱਲੀ, 20 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਦਿੱਲੀ ਯੂਨੀਵਰਸਿਟੀ ਵਿਦਿਆਰਥੀ ਯੂਨੀਅਨ (ਡੀ ਯੂ ਐੱਸ ਯੂ) ਚੋਣਾਂ ਦੇ ਅਧਿਕਾਰਤ ਨਤੀਜੇ ਐਲਾਨ ਦਿੱਤੇ ਗਏ ਹਨ। ਇਨ੍ਹਾਂ ਚੋਣਾਂ ਵਿੱਚ ਅਖਿਲ ਭਾਰਤੀ ਵਿਦਿਆਰਥੀ ਪਰਿਸ਼ਦ (ਏ ਬੀ ਵੀ ਪੀ) ਦਾ ਦਬਦਬਾ ਦੇਖਣ ਨੂੰ ਮਿਲਿਆ ਹੈ, ਜਿਸ ਨੇ ਚਾਰ ਵਿੱਚੋਂ ਤਿੰਨ ਪ੍ਰਮੁੱਖ ਅਹੁਦਿਆਂ 'ਤੇ ਸ਼ਾਨਦਾਰ ਜਿੱਤ ਪ੍ਰਾਪਤ ਕੀਤੀ ਹੈ।

ਚੋਣ ਨਤੀਜਿਆਂ ਮੁਤਾਬਕ ਏ ਬੀ ਵੀ ਪੀ ਦੇ ਉਮੀਦਵਾਰ ਯਸ਼ ਡਬਾਸ ਨੇ ਪ੍ਰਧਾਨਗੀ ਦੇ ਅਹੁਦੇ ਉੱਤੇ ਬਾਜ਼ੀ ਮਾਰੀ ਹੈ। ਇਸੇ ਤਰ੍ਹਾਂ ਸਕੱਤਰ ਦੇ ਅਹੁਦੇ 'ਤੇ ਏ ਬੀ ਵੀ ਪੀ ਦੀ ਹੀ ਰੀਆ ਛਾਬੜੀ ਜੇਤੂ ਰਹੀ। ਸੰਯੁਕਤ ਸਕੱਤਰ ਵਜੋਂ ਪਾਰਟੀ ਦੇ ਹੀ ਲਕਸ਼ਣ ਰਾਜ ਸਿੰਘ ਨੇ ਜਿੱਤ ਹਾਸਲ ਕੀਤੀ ਹੈ। ਉੱਥੇ ਹੀ, ਉਪ-ਪ੍ਰਧਾਨ ਦੇ ਅਹੁਦੇ ਉੱਤੇ ਆਜ਼ਾਦ ਉਮੀਦਵਾਰ ਦੀਪਾਂਸ਼ੂ ਸ਼ੌਕੀਨ ਨੇ ਜਿੱਤ ਦਰਜ ਕਰਕੇ ਸਭ ਦਾ ਧਿਆਨ ਖਿੱਚਿਆ ਹੈ। ਇਹ ਪਿਛਲੇ 17 ਸਾਲਾਂ ਵਿੱਚ ਇਹ ਪਹਿਲੀ ਵਾਰ ਹੈ ਜਦੋਂ ਡੀ ਯੂ ਐੱਸ ਯੂ ਦੇ ਕੇਂਦਰੀ ਪੈਨਲ ਵਿੱਚ ਕੋਈ ਆਜ਼ਾਦ ਉਮੀਦਵਾਰ ਜਿੱਤਿਆ ਹੋਵੇ। ਨਤੀਜੇ ਸਾਹਮਣੇ ਆਉਂਦਿਆਂ ਹੀ ਯੂਨੀਵਰਸਿਟੀ ਕੈਂਪਸ ਦਾ ਮਾਹੌਲ ਪੂਰੀ ਤਰ੍ਹਾਂ ਬਦਲ ਗਿਆ। ਜੇਤੂ ਉਮੀਦਵਾਰਾਂ ਦੇ ਸਮਰਥਕਾਂ ਅਤੇ ਵਿਦਿਆਰਥੀਆਂ ਨੇ ਢੋਲ ਦੀ ਤਾਲ 'ਤੇ ਨੱਚ ਕੇ ਅਤੇ ਨਾਅਰੇਬਾਜ਼ੀ ਕਰਕੇ ਜਸ਼ਨ ਮਨਾਇਆ, ਜਿਸ ਨਾਲ ਪੂਰਾ ਮਾਹੌਲ ਜੋਸ਼ ਅਤੇ ਉਤਸ਼ਾਹ ਨਾਲ ਭਰਿਆ ਨਜ਼ਰ ਆਇਆ।

ਪ੍ਰਧਾਨਗੀ ਦੇ ਅਹੁਦੇ ਲਈ ਯਸ਼ ਡਬਾਸ ਨੇ 24,576 ਵੋਟਾਂ ਲੈ ਕੇ ਐੱਨ ਐੱਸ ਯੂ ਆਈ ਉਮੀਦਵਾਰ ਨੂੰ ਹਰਾਇਆ। ਉੱਥੇ ਹੀ ਮੀਤ ਪ੍ਰਧਾਨਗੀ ਲਈ ਆਜ਼ਾਦ ਉਮੀਦਵਾਰ ਦੀਪਾਂਸ਼ੂ ਸ਼ੌਕੀਨ ਨੇ 30,615 ਵੋਟਾਂ ਲੈ ਕੇ ਜਿੱਤ ਹਾਸਲ ਕੀਤੀ। ਜਦਕਿ ਸਕੱਤਰ ਦੇ ਅਹੁਦੇ ਲਈ ਏ ਬੀ ਵੀ ਪੀ ਦੀ ਰੀਆ ਛਾਵੜੀ 21,650 ਵੋਟਾਂ ਲੈ ਕੇ ਜੇਤੂ ਰਹੀ। ਉੱਥੇ ਹੀ ਸੰਯੁਕਤ ਸਕੱਤਰ ਲਈ ਏ ਬੀ ਵੀ ਪੀ ਦੇ ਹੀ ਉਮੀਦਵਾਰ ਲਕਸ਼ਣ ਰਾਜ ਸਿੰਘ 16,615 ਵੋਟਾਂ ਲੈ ਕੇ ਜੇਤੂ ਰਹੇ। ਇਸ ਤੋਂ ਪਹਿਲਾਂ ਸਵੇਰੇ 90 ਮਿੰਟ ਦੀ ਦੇਰੀ ਨਾਲ ਵੋਟਾਂ ਦੀ ਗਿਣਤੀ ਸ਼ੁਰੂ ਹੋਈ। ਇਸ ਦੌਰਾਨ ਪ੍ਰਧਾਨਗੀ ਦੇ ਅਹੁਦੇ ਲਈ ਏ ਬੀ ਵੀ ਪੀ ਅਤੇ ਐੱਨ ਐੱਸ ਯੂ ਆਈ ਦੇ ਉਮੀਦਵਾਰਾਂ ਦਰਮਿਆਨ ਸਖ਼ਤ ਮੁਕਾਬਲਾ ਚੱਲਿਆ। ਇਸ ਵਾਰ ਐੱਨ ਐੱਸ ਯੂ ਆਈ ਲਈ ਕਾਂਗਰਸ ਦੇ ਆਗੂ ਕਨ੍ਹਈਆ ਕੁਮਾਰ ਨੇ ਖ਼ਾਸੀ ਮਿਹਨਤ ਵੀ ਕੀਤੀ ਸੀ, ਪਰ ਉਹ ਵੀ ਵਿਦਿਆਰਥੀ ਵਿੰਗ ਨੂੰ ਜਿਤਾ ਨਹੀਂ ਸਕੇ।

# ਅੰਮ੍ਰਿਤਸਰ ਪਹੁੰਚੇ ਕੇਂਦਰੀ ਮੰਤਰੀ ਹਰਦੀਪ ਸਿੰਘ ਪੁਰੀ, ਵਪਾਰੀਆਂ ਨਾਲ ਵਪਾਰਕ ਮੁੱਦਿਆਂ 'ਤੇ ਚਰਚਾ

**ਅੰਮ੍ਰਿਤਸਰ, 20 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਕੇਂਦਰੀ ਪੈਟਰੋਲੀਅਮ ਅਤੇ ਕੁਦਰਤੀ ਗੈਸ ਮੰਤਰੀ ਹਰਦੀਪ ਸਿੰਘ ਪੁਰੀ ਸ਼ਨੀਵਾਰ ਨੂੰ ਅੰਮ੍ਰਿਤਸਰ ਪਹੁੰਚੇ। ਉਹ ਦਿੱਲੀ ਤੋਂ ਸ੍ਰੀ ਗੁਰੂ ਰਾਮਦਾਸ ਜੀ ਅੰਤਰਰਾਸ਼ਟਰੀ ਹਵਾਈ ਅੱਡੇ, ਰਾਜਾਸਾਂਸੀ ਪਹੁੰਚੇ, ਜਿੱਥੇ ਭਾਜਪਾ ਆਗੂਆਂ ਅਤੇ ਵਰਕਰਾਂ ਵੱਲੋਂ ਉਨ੍ਹਾਂ ਦਾ ਸਵਾਗਤ ਕੀਤਾ ਗਿਆ। ਹਰਦੀਪ ਸਿੰਘ ਪੁਰੀ ਨੇ ਦੱਸਿਆ ਕਿ ਉਹ ਅੰਮ੍ਰਿਤਸਰ ਵਿੱਚ 20ਵੇਂ ਰੁਜ਼ਗਾਰ ਮੇਲੇ ਵਿੱਚ ਸ਼ਾਮਲ ਹੋਣ ਅਤੇ ਪੰਜਾਬ ਦੇ ਨੌਜਵਾਨਾਂ ਨਾਲ ਗੱਲਬਾਤ ਕਰਨ ਲਈ ਪਹੁੰਚੇ ਹਨ। ਇਸ ਤੋਂ ਬਾਅਦ ਉਹ ਅੰਮ੍ਰਿਤਸਰ ਸ਼ਹਿਰ ਵੱਲ ਰਵਾਨਾ ਹੋਏ।

ਦੌਰੇ ਦੌਰਾਨ ਪੁਰੀ ਨੇ ਕਨਫੈਡਰੇਸ਼ਨ ਆਫ ਆਲ ਇੰਡੀਆ ਟ੍ਰੇਡਰਜ਼ (ਸੀਏਆਈਟੀ) ਵੱਲੋਂ ਕਰਵਾਏ 'ਵਪਾਰੀ ਸੰਵਾਦ' ਵਿੱਚ ਸ੍ਰੀ ਅੰਮ੍ਰਿਤਸਰ ਦੇ ਵਪਾਰੀਆਂ ਅਤੇ ਕਾਰੋਬਾਰੀਆਂ ਨਾਲ ਮੁਲਾਕਾਤ ਕੀਤੀ। ਉਨ੍ਹਾਂ ਦੇ ਅਧਿਕਾਰਤ ਅਪਡੇਟ ਮੁਤਾਬਕ ਮੀਟਿੰਗ ਵਿੱਚ ਸਥਾਨਕ ਵਪਾਰ ਅਤੇ ਕਾਰੋਬਾਰ ਨਾਲ ਸਬੰਧਤ ਮੁੱਦਿਆਂ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ। ਅੰਮ੍ਰਿਤਸਰ ਦੇ ਵਪਾਰੀ ਵਰਗ ਵੱਲੋਂ ਪਹਿਲਾਂ ਵੀ ਕਿਰਾਏ, ਬਾਜ਼ਾਰਾਂ ਨਾਲ ਜੁੜੇ ਮਾਮਲਿਆਂ, ਫਾਇਰ ਹਾਦਸਿਆਂ ਕਾਰਨ ਹੋਏ ਨੁਕਸਾਨ, ਮੱਛੀ ਮੰਡੀ ਵਿਵਾਦ, ਵਿਰਾਸਤੀ ਸ਼ਹਿਰ ਵਿੱਚ ਹੋਟਲਾਂ ਦੀ ਰੈਗੂਲਰਾਈਜ਼ੇਸ਼ਨ ਅਤੇ ਵਪਾਰਕ ਸੁਰੱਖਿਆ ਵਰਗੇ ਮੁੱਦੇ ਸਰਕਾਰੀ ਪੱਧਰ 'ਤੇ ਉਠਾਏ ਜਾਂਦੇ ਰਹੇ ਹਨ। ਪੁਰੀ ਦਾ ਇਹ ਦੌਰਾ ਰੁਜ਼ਗਾਰ ਮੇਲੇ ਦੇ ਨਾਲ-ਨਾਲ ਸਥਾਨਕ ਵਪਾਰੀ ਭਾਈਚਾਰੇ ਨਾਲ ਸਿੱਧੀ ਗੱਲਬਾਤ ਦੇ ਪੱਖੋਂ ਵੀ ਮਹੱਤਵਪੂਰਨ ਰਿਹਾ। ਹਾਲਾਂਕਿ, ਵਪਾਰੀਆਂ ਵੱਲੋਂ ਰੱਖੀਆਂ ਗਈਆਂ ਮੰਗਾਂ 'ਤੇ ਕੇਂਦਰ ਸਰਕਾਰ ਵੱਲੋਂ ਕੀਤੇ ਜਾਣ ਵਾਲੇ ਖਾਸ ਫੈਸਲਿਆਂ ਬਾਰੇ ਅਗਲੀ ਅਧਿਕਾਰਤ ਜਾਣਕਾਰੀ ਦੀ ਉਡੀਕ ਰਹੇਗੀ।

# 9ਵੇਂ ਰਾਸ਼ਟਰੀ ਪੋਸ਼ਣ ਮਾਹ 2026 ਦੇ ਤਹਿਤ ਜਾਗਰੂਕਤਾ ਗਤੀਵਿਧੀਆਂ ਦਾ ਆਯੋਜਨ




**ਚੰਡੀਗੜ੍ਹ, 20 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

9ਵੇਂ ਰਾਸ਼ਟਰੀ ਪੋਸ਼ਣ ਮਾਹ 2026 ਦੇ ਅਵਸਰ 'ਤੇ ਬੱਚਿਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਵਿੱਚ ਪੋਸ਼ਣ, ਹੱਥਾਂ ਦੀ ਸਵੱਛਤਾ, ਖੁਰਾਕ ਸੁਰੱਖਿਆ ਅਤੇ ਤੰਦਰੁਸਤ ਖਾਣ-ਪੀਣ ਦੀਆਂ ਆਦਤਾਂ ਨੂੰ ਹੁਲਾਰਾ ਦੇਣ ਦੇ ਉਦੇਸ਼ ਨਾਲ ਭਾਈਚਾਰੇ ਪੱਧਰ 'ਤੇ ਵਿਭਿੰਨ ਜਾਗਰੂਕਤਾ ਗਤੀਵਿਧੀਆਂ ਦਾ ਆਯੋਜਨ ਕੀਤਾ ਗਿਆ।

ਖੁੱਡਾ ਜੱਸੂ ਵਿਖੇ ਆਂਗਣਵਾੜੀ ਸੁਪਰਵਾਇਜ਼ਰ ਦੇ ਤਾਲਮੇਲ ਨਾਲ ਹੱਥ ਧੋਣ ਅਤੇ ਸੰਤੁਲਿਤ ਆਹਾਰ ਵਿਸ਼ੇ 'ਤੇ ਜਾਗਰੂਕਤਾ ਗਤੀਵਿਧੀ ਆਯੋਜਿਤ ਕੀਤੀ ਗਈ। ਇਸ ਪ੍ਰੋਗਰਾਮ ਵਿੱਚ ਏਐੱਨਐੱਮ, ਪ੍ਰੋਫੈਸਰ ਖੁਸ਼ਬੂ ਸਿੰਘ, ਆਂਗਣਵਾੜੀ ਵਰਕਰਾਂ, ਆਂਗਣਵਾੜੀ ਹੈਲਪਰਾਂ ਅਤੇ ਪੀਜੀਜੀਸੀਜੀ, ਸੈਕਟਰ-11 ਦੀਆਂ ਵਿਦਿਆਰਥਣਾਂ ਨੇ ਸਰਗਰਮ ਭਾਗੀਦਾਰੀ ਕੀਤੀ। ਪ੍ਰਤੀਭਾਗੀਆਂ ਨੂੰ ਚੰਗੀ ਸਿਹਤ ਅਤੇ ਉਚਿਤ ਵਾਧੇ ਤੇ ਵਿਕਾਸ ਲਈ ਸੰਤੁਲਿਤ ਅਤੇ ਪੌਸ਼ਟਿਕ ਆਹਾਰ ਦੇ ਮਹੱਤਵ ਬਾਰੇ ਜਾਗਰੂਕ ਕੀਤਾ ਗਿਆ। ਇਸ ਤੋਂ ਬਾਅਦ ਹੱਥ ਧੋਣ ਦਾ ਵਿਵਹਾਰਿਕ ਪ੍ਰਦਰਸ਼ਨ ਕੀਤਾ ਗਿਆ, ਜਿਸ ਵਿੱਚ ਸਥਾਨਕ ਲਾਭਾਰਥੀਆਂ ਨੂੰ ਹੱਥ ਧੋਣ ਦੇ ਸਹੀ ਤਰੀਕਿਆਂ ਅਤੇ ਸੰਕ੍ਰਮਣ ਤੇ ਬਿਮਾਰੀਆਂ ਦੀ ਰੋਕਥਾਮ ਵਿੱਚ ਹੱਥਾਂ ਦੀ ਸਵੱਛਤਾ ਦੇ ਮਹੱਤਵ ਬਾਰੇ ਜਾਣਕਾਰੀ ਦਿੱਤੀ ਗਈ।

ਬਾਪੂਧਾਮ ਕਲੋਨੀ ਵਿਖੇ, ਆਂਗਣਵਾੜੀ ਕੇਂਦਰ ਵਿੱਚ ਆਉਣ ਵਾਲੇ ਅਤੇ ਗਰਮ ਪਕਾਇਆ ਹੋਇਆ ਭੋਜਨ (ਐੱਚਸੀਐੱਮ) ਪ੍ਰਾਪਤ ਕਰਨ ਵਾਲੇ 3-6 ਵਰ੍ਹਿਆਂ ਉਮਰ ਵਰਗ ਦੇ ਬੱਚਿਆਂ ਦੇ ਮਾਪਿਆਂ ਲਈ ਖੁਰਾਕ ਸਵੱਛਤਾ ਅਤੇ ਸੁਰੱਖਿਅਤ ਭੋਜਨ ਬਣਾਉਣ ਦੇ ਤਰੀਕਿਆਂ ਬਾਰੇ ਇੱਕ ਹੋਰ ਜਾਗਰੂਕਤਾ ਸੈਸ਼ਨ ਆਯੋਜਿਤ ਕੀਤਾ ਗਿਆ। ਇਸ ਸੈਸ਼ਨ ਦਾ ਸੰਚਾਲਨ ਆਂਗਣਵਾੜੀ ਸੁਪਰਵਾਇਜ਼ਰ ਦੁਆਰਾ ਕੀਤਾ ਗਿਆ। ਉਨ੍ਹਾਂ ਨੇ ਮਾਪਿਆਂ ਨੂੰ ਛੋਟੇ ਬੱਚਿਆਂ ਦੀਆਂ ਪੋਸ਼ਣ ਸਬੰਧੀ ਜ਼ਰੂਰਤਾਂ ਨੂੰ ਪੂਰਾ ਕਰਨ ਵਿੱਚ ਗਰਮ ਪਕਾਏ ਹੋਏ ਭੋਜਨ (ਐੱਚਸੀਐੱਮ) ਦੇ ਮਹੱਤਵ, ਉਮਰ-ਅਨੁਕੂਲ ਖਾਣ-ਪੀਣ ਦੀਆਂ ਆਦਤਾਂ, ਭੋਜਨ ਦੀ ਪੌਸ਼ਟਿਕ ਗੁਣਵੱਤਾ ਅਤੇ ਖੁਰਾਕ ਸਵੱਛਤਾ ਤੇ ਸੁਰੱਖਿਅਤ ਭੋਜਨ ਬਣਾਉਣ ਦੇ ਤਰੀਕਿਆਂ ਨੂੰ ਅਪਣਾਉਣ ਦੀ ਜ਼ਰੂਰਤ ਬਾਰੇ ਜਾਗਰੂਕ ਕੀਤਾ।

ਮਾਤਾਵਾਂ ਨੇ ਇਸ ਸੈਸ਼ਨ ਵਿੱਚ ਸਰਗਰਮੀ ਨਾਲ ਹਿੱਸਾ ਲਿਆ ਅਤੇ ਉਨ੍ਹਾਂ ਨੂੰ ਘਰ ਵਿੱਚ ਤੰਦਰੁਸਤ, ਪੌਸ਼ਟਿਕ ਅਤੇ ਸਵੱਛ ਖਾਣ-ਪੀਣ ਦੀਆਂ ਆਦਤਾਂ ਅਪਣਾਉਣ ਲਈ ਪ੍ਰੋਤਸਾਹਿਤ ਕੀਤਾ ਗਿਆ। ਬੱਚਿਆਂ ਦੀ ਸਿਹਤ ਅਤੇ ਤੰਦਰੁਸਤੀ ਨੂੰ ਸੁਨਿਸ਼ਚਿਤ ਕਰਨ ਅਤੇ ਉਨ੍ਹਾਂ ਦੇ ਉਚਿਤ ਵਾਧੇ ਤੇ ਵਿਕਾਸ ਵਿੱਚ ਸਹਿਯੋਗ ਦੇਣ ਲਈ ਭੋਜਨ ਦੇ ਸੁਰੱਖਿਅਤ ਰੱਖ-ਰਖਾਅ, ਤਿਆਰੀ ਅਤੇ ਪਰੋਸਣ 'ਤੇ ਵਿਸ਼ੇਸ਼ ਬਲ ਦਿੱਤਾ ਗਿਆ।

ਇਨ੍ਹਾਂ ਗਤੀਵਿਧੀਆਂ ਦੇ ਜ਼ਰੀਏ ਸਮੁਦਾਇਕ ਭਾਗੀਦਾਰੀ ਨੂੰ ਹੁਲਾਰਾ ਦਿੰਦੇ ਹੋਏ ਰਾਸ਼ਟਰੀਯ ਪੋਸ਼ਣ ਮਾਹ ਦੇ ਸੰਦੇਸ਼ ਨੂੰ ਮਜ਼ਬੂਤ ਕੀਤਾ ਗਿਆ ਅਤੇ ਪਰਿਵਾਰਾਂ ਨੂੰ ਪੋਸ਼ਣ, ਸਵੱਛਤਾ ਅਤੇ ਖੁਰਾਕ ਸੁਰੱਖਿਆ ਨੂੰ ਆਪਣੇ ਰੋਜ਼ਾਨਾ ਜੀਵਨ ਦਾ ਅਭਿੰਨ ਹਿੱਸਾ ਬਣਾਉਣ ਲਈ ਪ੍ਰੇਰਿਤ ਕੀਤਾ ਗਿਆ।

# ਆਈਸੀਆਈਸੀਆਈ ਪ੍ਰੂਡੈਂਸ਼ੀਅਲ ਲਾਈਫ ਨੇ 2027 ਦੀ ਪਹਿਲੀ ਤਿਮਾਹੀ ਲਈ 99.31% ਦਾ ਸ਼ਾਨਦਾਰ ਦਾਅਵਾ ਨਿਪਟਾਰਾ ਅਨੁਪਾਤ ਦਰਜ ਕੀਤਾ,

**ਜਲੰਧਰ, 20 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਆਈਸੀਆਈਸੀਆਈ ਪ੍ਰੂਡੈਂਸ਼ੀਅਲ ਲਾਈਫ ਇੰਸ਼ੋਰੈਂਸ ਨੇ ਵਿੱਤੀ ਸਾਲ 2027 ਦੀ ਪਹਿਲੀ ਤਿਮਾਹੀ ਲਈ 99.31% ਦਾ ਦਾਅਵਾ ਨਿਪਟਾਰਾ ਅਨੁਪਾਤ ਐਲਾਨਿਆ ਹੈ, ਜੋ ਕਿ ਅਧਿਕਾਰਤ ਡੇਟਾ (ਫਾਰਮ ∗-39 ਅਤੇ ∗-40) ਦੇ ਆਧਾਰ 'ਤੇ ਭਾਰਤ ਦੀਆਂ ਚੋਟੀ ਦੀਆਂ ਜੀਵਨ ਬੀਮਾ ਕੰਪਨੀਆਂ ਵਿੱਚੋਂ ਸਭ ਤੋਂ ਵੱਧ ਹੈ। ਤਿਮਾਹੀ ਦੌਰਾਨ, ਕੰਪਨੀ ਨੇ ?414.08 ਕਰੋੜ ਦੇ ਵਿਅਕਤੀਗਤ ਮੌਤ ਦੇ ਦਾਅਵਿਆਂ ਦਾ ਨਿਪਟਾਰਾ ਕੀਤਾ। ਧਿਆਨ ਦੇਣ ਯੋਗ ਹੈ ਕਿ ਵਿੱਤੀ ਸਾਲ 2027 ਦੀ ਪਹਿਲੀ ਤਿਮਾਹੀ ਵਿੱਚ ਕੰਪਨੀ ਦਾ ਪ੍ਰਤੀ ਦਾਅਵਾ ਔਸਤ ਮੁੱਲ ਲਗਭਗ ?15 ਲੱਖ ਸੀ, ਜੋ ਕਿ ਪ੍ਰਮੁੱਖ ਜੀਵਨ ਬੀਮਾਕਰਤਾਵਾਂ ਵਿੱਚ ਸਭ ਤੋਂ ਵੱਧ ਹੈ। ਆਈਸੀਆਈਸੀਆਈ ਪ੍ਰੂਡੈਂਸ਼ੀਅਲ ਲਾਈਫ ਇੰਸ਼ੋਰੈਂਸ ਦੇ ਅੰਡਰਰਾਈਟਿੰਗ ਅਤੇ ਰਿਟੇਲ ਕਲੇਮਜ਼ ਦੇ ਮੁਖੀ ਸ਼੍ਰੀ ਸਾਰੰਗ ਗੋਖਲੇ ਨੇ ਕਿਹਾ: ਆਈਸੀਆਈਸੀਆਈ ਪ੍ਰੂਡੈਂਸ਼ੀਅਲ ਲਾਈਫ ਵਿਖੇ, ਅਸੀਂ ਆਪਣੇ ਗਾਹਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਲਈ ਇੱਕ ਸਰਲ, ਸੁਚਾਰੂ ਅਤੇ ਸਮੇਂ ਸਿਰ ਦਾਅਵਾ ਪ੍ਰਕਿਰਿਆ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਹਾਂ। ਵਿੱਤੀ ਸਾਲ 2027 ਦੀ ਪਹਿਲੀ ਤਿਮਾਹੀ ਵਿੱਚ, ਸਾਡਾ ਦਾਅਵਾ ਨਿਪਟਾਰਾ ਅਨੁਪਾਤ ਉਦਯੋਗ ਵਿੱਚ ਸਭ ਤੋਂ ਵੱਧ 99.31% ਸੀ। ਇਸ ਤੋਂ ਇਲਾਵਾ, ਗੈਰ-ਪ੍ਰਮਾਣਿਤ ਮਾਮਲਿਆਂ ਵਿੱਚ ਆਖਰੀ ਦਸਤਾਵੇਜ਼ ਪ੍ਰਾਪਤ ਹੋਣ ਦੀ ਮਿਤੀ ਤੋਂ ਸਾਡਾ ਔਸਤ ਦਾਅਵਾ ਨਿਪਟਾਰਾ ਸਮਾਂ ਸਿਰਫ 1 ਦਿਨ ਸੀ। ਇਸ ਤੋਂ ਇਲਾਵਾ, ਅਸੀਂ ਮੌਤ ਦੇ ਦਾਅਵਿਆਂ ਵਿੱਚ 414.08 ਕਰੋੜ ਦਾ ਭੁਗਤਾਨ ਕੀਤਾ।

# ਏਸ਼ੀਆਈ ਖੇਡਾਂ ਦੀ ਓਪਨਿੰਗ ਸੈਰੇਮਨੀ 'ਚ ਪਵਨ ਸਹਿਰਾਵਤ ਤੇ ਮਨੂ ਭਾਕਰ ਨੇ ਲਹਿਰਾਇਆ ਤਿਰੰਗਾ

**ਨਾਗੋਯਾ, ਜਾਪਾਨ, 19 ਸਤੰਬਰ,**
**-ਕੌਮੀ ਪੱਤ੍ਰਿਕਾ ਬਿਊਰੋ-**

ਜਾਪਾਨ ਦੇ ਆਇਚੀ-ਨਾਗੋਯਾ ਵਿੱਚ 20ਵੀਆਂ ਏਸ਼ੀਆਈ ਖੇਡਾਂ ਦੀ ਅਧਿਕਾਰਤ ਸ਼ੁਰੂਆਤ ਸ਼ਨੀਵਾਰ ਨੂੰ ਸ਼ਾਨਦਾਰ ਉਦਘਾਟਨੀ ਸਮਾਰੋਹ ਨਾਲ ਹੋਈ। ਪਾਲੋਮਾ ਮਿਜ਼ੂਹੋ ਸਟੇਡੀਅਮ ਵਿੱਚ ਹੋਏ ਸਮਾਰੋਹ ਦੌਰਾਨ ਕਬੱਡੀ ਸਟਾਰ ਪਵਨ ਸਹਿਰਾਵਤ ਅਤੇ ਦੋ ਵਾਰ ਦੀ ਓਲੰਪਿਕ ਤਮਗਾ ਜੇਤੂ ਨਿਸ਼ਾਨੇਬਾਜ਼ ਮਨੂ ਭਾਕਰ ਨੇ ਭਾਰਤੀ ਦਲ ਦੀ ਅਗਵਾਈ ਕਰਦਿਆਂ ਤਿਰੰਗਾ ਫੜਿਆ।

ਭਾਰਤ ਵੱਲੋਂ ਇਸ ਵਾਰ 503 ਖਿਡਾਰੀਆਂ ਦਾ ਦਲ 36 ਖੇਡਾਂ ਵਿੱਚ ਹਿੱਸਾ ਲੈ ਰਿਹਾ ਹੈ। ਮਨੂ ਭਾਕਰ 10 ਮੀਟਰ ਏਅਰ ਪਿਸਟਲ, 25 ਮੀਟਰ ਪਿਸਟਲ ਅਤੇ 10 ਮੀਟਰ ਏਅਰ ਪਿਸਟਲ ਮਿਕਸਡ ਟੀਮ ਮੁਕਾਬਲਿਆਂ ਵਿੱਚ ਹਿੱਸਾ ਲਵੇਗੀ। ਪੈਰਿਸ 2024 ਓਲੰਪਿਕ ਵਿੱਚ ਉਸ ਨੇ ਦੋ ਕਾਂਸੀ ਦੇ ਤਮਗੇ ਜਿੱਤੇ ਸਨ। ਪਵਨ ਸਹਿਰਾਵਤ ਭਾਰਤੀ ਪੁਰਸ਼ ਕਬੱਡੀ ਟੀਮ ਦਾ ਹਿੱਸਾ ਹੈ। ਭਾਰਤ ਨੇ ਪਿਛਲੀਆਂ ਏਸ਼ੀਆਈ ਖੇਡਾਂ ਵਿੱਚ ਪੁਰਸ਼ ਕਬੱਡੀ ਦਾ ਸੋਨ ਤਮਗਾ ਜਿੱਤਿਆ ਸੀ ਅਤੇ ਇਸ ਵਾਰ ਵੀ ਟੀਮ ਖਿਤਾਬ ਬਰਕਰਾਰ ਰੱਖਣ ਲਈ ਮੈਦਾਨ ਵਿੱਚ ਉਤਰੇਗੀ।

# ਚੰਡੀਗੜ੍ਹ 'ਚ 16.5 ਕਿਲੋ ਚਰਸ ਤਸਕਰੀ ਮਾਮਲੇ ਦਾ ਫ਼ੈਸਲਾ, ਦੋ ਨੂੰ 12-12 ਸਾਲ ਦੀ ਸਜ਼ਾ

**ਚੰਡੀਗੜ੍ਹ, 20 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਦੇ 16.5 ਕਿਲੋ ਚਰਸ ਤਸਕਰੀ ਮਾਮਲੇ ਵਿੱਚ ਨਾਰਕੋਟਿਕਸ ਕੰਟਰੋਲ ਬਿਊਰੋ (ਐਨਸੀਬੀ) ਚੰਡੀਗੜ੍ਹ ਜ਼ੋਨਲ ਯੂਨਿਟ ਨੇ ਤਿੰਨ ਵਿਅਕਤੀਆਂ ਨੂੰ ਦੋਸ਼ੀ ਕਰਾਰ ਦਿਵਾਉਣ ਵਿੱਚ ਸਫਲਤਾ ਹਾਸਲ ਕੀਤੀ ਹੈ। ਵਿਸ਼ੇਸ਼ ਐਨਡੀਪੀਐਸ ਅਦਾਲਤ, ਚੰਡੀਗੜ੍ਹ ਨੇ 15 ਸਤੰਬਰ 2026 ਦੇ ਫ਼ੈਸਲੇ ਵਿੱਚ ਤਿੰਨਾਂ ਨੂੰ ਦੋਸ਼ੀ ਠਹਿਰਾਇਆ। ਮਾਮਲਾ 18 ਦਸੰਬਰ 2018 ਦਾ ਹੈ। ਐਨਸੀਬੀ ਨੂੰ ਮਿਲੀ ਸੂਚਨਾ ਦੇ ਆਧਾਰ 'ਤੇ ਖੁੱਡਾ ਲਾਹੌਰਾ ਪੁਲ ਨੇੜੇ ਇੱਕ ਹੁੰਡਈ ਵਰਨਾ ਨੂੰ ਰੋਕਿਆ ਗਿਆ ਸੀ। ਤਲਾਸ਼ੀ ਦੌਰਾਨ 16.5 ਕਿਲੋ ਚਰਸ ਬਰਾਮਦ ਹੋਈ। ਮੌਕੇ ਤੋਂ ਕੁੱਲੂ ਵਾਸੀ ਜੋਗਿੰਦਰ ਸਿੰਘ ਅਤੇ ਮੰਡੀ ਵਾਸੀ ਅਨਿਲ ਕੁਮਾਰ ਨੂੰ ਗ੍ਰਿਫ਼ਤਾਰ ਕੀਤਾ ਗਿਆ।

ਜਾਂਚ ਦੌਰਾਨ ਐਨਸੀਬੀ ਨੇ ਕੁੱਲੂ ਦੇ ਰਾਜ ਕੁਮਾਰ ਉਰਫ਼ ਰਾਜੂ ਨੂੰ ਵੀ ਮਾਮਲੇ ਨਾਲ ਜੋੜਿਆ। ਏਜੰਸੀ ਮੁਤਾਬਕ ਉਸ ਨੂੰ 20 ਦਸੰਬਰ 2018 ਨੂੰ ਗ੍ਰਿਫ਼ਤਾਰ ਕੀਤਾ ਗਿਆ ਅਤੇ ਭੁੰਤਰ ਸਥਿਤ ਉਸ ਦੇ ਘਰ ਤੋਂ ਹੋਰ 80 ਗ੍ਰਾਮ ਚਰਸ ਬਰਾਮਦ ਹੋਈ।

ਐਨਸੀਬੀ ਦਾ ਕਹਿਣਾ ਸੀ ਕਿ ਇਹ ਨੈੱਟਵਰਕ ਚਰਸ ਨੂੰ ਮੁੰਬਈ, ਗੋਆ, ਬੈਂਗਲੁਰੂ ਅਤੇ ਚੇਨਈ ਵਰਗੇ ਸ਼ਹਿਰਾਂ ਤੱਕ ਪਹੁੰਚਾਉਣ ਨਾਲ ਜੁੜਿਆ ਸੀ। ਅਦਾਲਤ ਨੇ ਜੋਗਿੰਦਰ ਸਿੰਘ ਅਤੇ ਅਨਿਲ ਕੁਮਾਰ ਨੂੰ 12-12 ਸਾਲ ਦੀ ਸਖ਼ਤ ਕੈਦ ਅਤੇ ਹਰੇਕ ਨੂੰ 1 ਲੱਖ ਰੁਪਏ ਜੁਰਮਾਨੇ ਦੀ ਸਜ਼ਾ ਸੁਣਾਈ। ਰਾਜ ਕੁਮਾਰ ਉਰਫ਼ ਰਾਜੂ ਨੂੰ 1 ਸਾਲ ਦੀ ਸਖ਼ਤ ਕੈਦ ਅਤੇ 10 ਹਜ਼ਾਰ ਰੁਪਏ ਜੁਰਮਾਨਾ ਕੀਤਾ ਗਿਆ।

ਅਦਾਲਤੀ ਕਾਰਵਾਈ ਦੌਰਾਨ ਬਰਾਮਦ ਨਸ਼ੀਲੇ ਪਦਾਰਥ ਦੀ ਸੀਲ, ਕਸਟਡੀ ਦੀ ਲੜੀ ਅਤੇ ਰਸਾਇਣਕ ਜਾਂਚ ਨਾਲ ਸਬੰਧਤ ਸਬੂਤ ਵੀ ਪੇਸ਼ ਕੀਤੇ ਗਏ। ਜਾਂਚ ਵਿੱਚ ਨਮੂਨੇ ਸੀਆਰਸੀਐਲ, ਨਵੀਂ ਦਿੱਲੀ ਭੇਜੇ ਗਏ ਸਨ, ਜਿੱਥੇ ਉਹ ਚਰਸ ਵਜੋਂ ਪਾਜ਼ੀਟਿਵ ਪਾਏ ਗਏ। ਐਨਸੀਬੀ ਨੇ ਇਸ ਫ਼ੈਸਲੇ ਨੂੰ ਅੰਤਰ-ਰਾਜੀ ਨਸ਼ਾ ਤਸਕਰੀ ਮਾਮਲਿਆਂ ਦੀ ਜਾਂਚ ਅਤੇ ਕਾਨੂੰਨੀ ਕਾਰਵਾਈ ਵਿੱਚ ਮਹੱਤਵਪੂਰਨ ਨਤੀਜਾ ਦੱਸਿਆ ਹੈ। ਏਜੰਸੀ ਨੇ ਕਿਹਾ ਕਿ ਅਜਿਹੀ ਕਾਰਵਾਈ ਕੇਂਦਰ ਦੀ ਨਸ਼ਾ ਮੁਕਤ ਭਾਰਤ ਮੁਹਿੰਮ ਦੇ ਉਦੇਸ਼ਾਂ ਨਾਲ ਵੀ ਜੁੜੀ ਹੋਈ ਹੈ।

# ਸੀਐਮ ਮਾਨ ਦੇ ਕਾਫ਼ਲੇ ਨੇੜੇ ਰਵਨੀਤ ਬਿੱਟੂ ਦਾ ਪ੍ਰਦਰਸ਼ਨ, ਸ਼ਰਾਬ ਦੀ ਬੋਤਲ-ਆਂਡੇ-ਟਮਾਟਰ ਲੈ ਕੇ ਪਹੁੰਚੇ

**ਲੁਧਿਆਣਾ, 20 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਭਾਜਪਾ ਆਗੂ ਅਤੇ ਸਾਬਕਾ ਕੇਂਦਰੀ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੂੰ ਪੰਜਾਬ ਪੁਲਿਸ ਨੇ ਸ਼ਨੀਵਾਰ ਨੂੰ ਲੁਧਿਆਣਾ ਵਿੱਚ ਹਿਰਾਸਤ ਵਿੱਚ ਲੈ ਲਿਆ। ਬਿੱਟੂ ਨੇ ਪੰਜਾਬ ਐਗਰੀਕਲਚਰਲ ਯੂਨੀਵਰਸਿਟੀ (ਪੀ ਏ ਯੂ) ਦੇ ਗੇਟ ਨੰਬਰ-8 ਨੇੜੇ ਮੁੱਖ ਮੰਤਰੀ ਭਗਵੰਤ ਮਾਨ ਦੇ ਕਾਫ਼ਲੇ ਦੇ ਲੰਘਣ ਸਮੇਂ ਪ੍ਰਦਰਸ਼ਨ ਕੀਤਾ।

ਬਿੱਟੂ ਆਪਣੇ ਨਾਲ ਸ਼ਰਾਬ ਦੀ ਬੋਤਲ, ਆਂਡੇ ਅਤੇ ਟਮਾਟਰ ਲੈ ਕੇ ਪਹੁੰਚੇ ਸਨ। ਉਨ੍ਹਾਂ ਨੇ ਬੋਤਲ ਅਤੇ ਹੋਰ ਚੀਜ਼ਾਂ ਦਿਖਾਉਂਦਿਆਂ ਕਿਹਾ ਕਿ ਇਹ ਪਿਛਲੇ ਦਿਨ ਉਨ੍ਹਾਂ ਦੇ ਕਾਫ਼ਲੇ 'ਤੇ ਹੋਏ ਕਥਿਤ ਹਮਲੇ ਦੇ ਜਵਾਬ ਵਜੋਂ ਵਾਪਸ ਕੀਤੀਆਂ ਜਾ ਰਹੀਆਂ ਹਨ। ਰਿਪੋਰਟਾਂ ਮੁਤਾਬਕ ਉਨ੍ਹਾਂ ਨੇ ਕਾਫ਼ਲੇ ਵੱਲ ਟਮਾਟਰ ਸੁੱਟਣ ਦੀ ਕੋਸ਼ਿਸ਼ ਵੀ ਕੀਤੀ, ਜਿਸ ਤੋਂ ਬਾਅਦ ਪੁਲਿਸ ਨੇ ਉਨ੍ਹਾਂ ਨੂੰ ਰੋਕ ਕੇ ਹਿਰਾਸਤ ਵਿੱਚ ਲੈ ਲਿਆ। ਇਹ ਘਟਨਾ ਉਸ ਮਾਮਲੇ ਤੋਂ ਇੱਕ ਦਿਨ ਬਾਅਦ ਵਾਪਰੀ ਜਿਸ ਵਿੱਚ ਬਿੱਟੂ ਨੇ ਦਾਅਵਾ ਕੀਤਾ ਸੀ ਕਿ ਬਟਾਲਾ ਨੇੜੇ ਉਨ੍ਹਾਂ ਦੇ ਕਾਫ਼ਲੇ 'ਤੇ ਆਂਡੇ ਅਤੇ ਪੱਥਰ ਸੁੱਟੇ ਗਏ। ਬਿੱਟੂ ਨੇ ਇਸ ਘਟਨਾ ਲਈ ਆਮ ਆਦਮੀ ਪਾਰਟੀ ਨਾਲ ਜੁੜੇ ਲੋਕਾਂ 'ਤੇ ਦੋਸ਼ ਲਗਾਏ ਸਨ । ਜਦਕਿ ਆਪ ਨੇ ਇਨ੍ਹਾਂ ਦੋਸ਼ਾਂ ਤੋਂ ਇਨਕਾਰ ਕੀਤਾ ਹੈ। ਇਸ ਮਾਮਲੇ ਬਾਰੇ ਪੁਲਿਸ ਦੀ ਜਾਂਚ ਅਤੇ ਦੋਸ਼ਾਂ ਦੀ ਸੁਤੰਤਰ ਪੁਸ਼ਟੀ ਸਬੰਧੀ ਜਾਣਕਾਰੀ ਸੀਮਤ ਹੈ।

ਬਿੱਟੂ ਦਾ ਪ੍ਰਦਰਸ਼ਨ ਉਸ ਸਮੇਂ ਹੋਇਆ ਜਦੋਂ ਮੁੱਖ ਮੰਤਰੀ ਭਗਵੰਤ ਮਾਨ ਪੀ ਏ ਯੂ ਵਿੱਚ ਕਿਸਾਨ ਮੇਲੇ ਦੇ ਪ੍ਰੋਗਰਾਮ ਲਈ ਪਹੁੰਚ ਰਹੇ ਸਨ। ਪੁਲਿਸ ਨੇ ਸੁਰੱਖਿਆ ਦੇ ਮੱਦੇਨਜ਼ਰ ਬਿੱਟੂ ਨੂੰ ਮੌਕੇ ਤੋਂ ਹਟਾ ਦਿੱਤਾ। ਬਿੱਟੂ ਨੇ ਬਾਅਦ ਵਿੱਚ ਕਿਹਾ ਕਿ ਭਾਜਪਾ ਪੰਜਾਬ ਨਾਲ ਜੁੜੇ ਮੁੱਦਿਆਂ ਨੂੰ ਲੈ ਕੇ ਲੋਕਤੰਤਰਿਕ ਤਰੀਕੇ ਨਾਲ ਪ੍ਰਦਰਸ਼ਨ ਜਾਰੀ ਰੱਖੇਗੀ। ਇਸ ਘਟਨਾ ਨਾਲ ਪੰਜਾਬ ਵਿੱਚ ਆਪ ਅਤੇ ਬੀਜੇਪੀ ਵਿਚਕਾਰ ਸਿਆਸੀ ਤਕਰਾਰ ਮੁੜ ਚਰਚਾ ਵਿੱਚ ਆ ਗਈ ਹੈ। ਹਾਲਾਂਕਿ, ਬਿੱਟੂ ਦੀ ਹਿਰਾਸਤ ਨੂੰ ਲੈ ਕੇ ਪੁਲਿਸ ਵੱਲੋਂ ਇਸ ਸਮੇਂ ਤੱਕ ਕਿਸੇ ਐਫ ਆਈ ਆਰ ਜਾਂ ਲਾਗੂ ਕੀਤੀਆਂ ਧਾਰਾਵਾਂ ਬਾਰੇ ਵਿਸਥਾਰਤ ਅਧਿਕਾਰਤ ਜਾਣਕਾਰੀ ਸਾਹਮਣੇ ਨਹੀਂ ਆਈ।

# ਗੱਤਕਾ ਸਿੱਖ ਵਿਰਾਸਤ ਤੇ ਅਨੁਸ਼ਾਸਨ ਦਾ ਪ੍ਰਤੀਕ: ਹਰਮੀਤ ਸਿੰਘ ਕਾਲਕਾ



**ਨਵੀਂ ਦਿੱਲੀ, 20 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਦਿੱਲੀ ਗੱਤਕਾ ਐਸੋਸੀਏਸ਼ਨ ਵੱਲੋਂ ਭਾਰਤੀ ਪਬਲਿਕ ਸਕੂਲ, ਸਵਾਸਥਿਆ ਵਿਹਾਰ, ਨਿਰਮਾਣ ਵਿਹਾਰ ਵਿਖੇ ਕਰਵਾਈ ਜਾ ਰਹੀ ਦੋ ਰੋਜ਼ਾ 11ਵੀਂ ਦਿੱਲੀ ਸਟੇਟ ਗੱਤਕਾ ਚੈਂਪੀਅਨਸ਼ਿਪ ਦਾ ਅੱਜ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਵੱਲੋਂ ਉਦਘਾਟਨ ਕੀਤਾ ਗਿਆ।

ਇਸ ਮੌਕੇ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਗੱਤਕਾ ਖਿਡਾਰੀਆਂ ਵੱਲੋਂ ਦਿਖਾਏ ਸ਼ਾਨਦਾਰ ਹੁਨਰ, ਅਨੁਸ਼ਾਸਨ ਅਤੇ ਜਜ਼ਬੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਗੱਤਕਾ ਸਿੱਖ ਵਿਰਾਸਤ, ਬਹਾਦਰੀ ਅਤੇ ਆਤਮ-ਅਨੁਸ਼ਾਸਨ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ ਅਜਿਹੇ ਮੁਕਾਬਲੇ ਨੌਜਵਾਨਾਂ ਨੂੰ ਸਿੱਖ ਵਿਰਾਸਤ ਨਾਲ ਜੋੜਨ ਦੇ ਨਾਲ-ਨਾਲ ਉਨ੍ਹਾਂ ਵਿੱਚ ਆਤਮ-ਵਿਸ਼ਵਾਸ ਅਤੇ ਖੇਡ ਭਾਵਨਾ ਨੂੰ ਵੀ ਮਜ਼ਬੂਤ ਕਰਦੇ ਹਨ। ਸਰਦਾਰ ਕਾਲਕਾ ਨੇ ਚੈਂਪੀਅਨਸ਼ਿਪ ਦੇ ਸਫਲ ਆਯੋਜਨ ਵਿੱਚ ਯੋਗਦਾਨ ਲਈ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਸ. ਸੁਖਵਿੰਦਰ ਸਿੰਘ ਬੱਬਰ ਅਤੇ ਸ. ਜ਼ੋਰਾਵਰ ਸਿੰਘ ਦਾ ਦਿਲੋਂ ਧੰਨਵਾਦ ਕੀਤਾ ਅਤੇ ਉਨ੍ਹਾਂ ਦੇ ਵਡਮੁੱਲੇ ਯੋਗਦਾਨ ਦੀ ਭਰਪੂਰ ਸ਼ਲਾਘਾ ਕੀਤੀ। ਉਨ੍ਹਾਂ ਦਿੱਲੀ ਗੱਤਕਾ ਐਸੋਸੀਏਸ਼ਨ ਦਾ ਵੀ ਨਿੱਘੇ ਸਵਾਗਤ, ਮਾਣ-ਸਨਮਾਨ ਅਤੇ ਪਿਆਰ ਲਈ ਧੰਨਵਾਦ ਕਰਦਿਆਂ ਚੈਂਪੀਅਨਸ਼ਿਪ ਵਿੱਚ ਭਾਗ ਲੈ ਰਹੇ ਸਾਰੇ ਖਿਡਾਰੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ।

# 22 ਸਤੰਬਰ ਤੋਂ ਪੰਜਾਬ ਰੋਡਵੇਜ਼, ਪਨਬੱਸ ਤੇ ਪੀਆਰਟੀਸੀ ਦੇ ਕੱਚੇ ਮੁਲਾਜ਼ਮਾਂ ਦੀ ਅਣਮਿੱਥੇ ਸਮੇਂ ਲਈ ਹੜਤਾਲ




**ਚੰਡੀਗੜ੍ਹ, 20 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਰੋਡਵੇਜ਼, ਪਨਬੱਸ ਅਤੇ ਪੀਆਰਟੀਸੀ ਦੇ ਕਾਂਟਰੈਕਟ ਮੁਲਾਜ਼ਮਾਂ ਨੇ ਆਪਣੀਆਂ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਨੂੰ ਲੈ ਕੇ 22 ਸਤੰਬਰ ਤੋਂ ਅਣਮਿੱਥੇ ਸਮੇਂ ਲਈ ਹੜਤਾਲ 'ਤੇ ਜਾਣ ਦਾ ਐਲਾਨ ਕੀਤਾ ਹੈ। ਯੂਨੀਅਨ ਦੇ ਮੁਤਾਬਕ ਹੜਤਾਲ ਨਾਲ ਸੂਬੇ ਵਿੱਚ ਸਰਕਾਰੀ ਬੱਸ ਸੇਵਾ ਪ੍ਰਭਾਵਿਤ ਹੋ ਸਕਦੀ ਹੈ। ਯੂਨੀਅਨ ਅਨੁਸਾਰ ਕਰੀਬ 6,500 ਕਾਂਟਰੈਕਟ ਅਤੇ ਅਸਥਾਈ ਮੁਲਾਜ਼ਮ ਇਸ ਸੰਘਰਸ਼ ਵਿੱਚ ਸ਼ਾਮਲ ਹੋਣਗੇ। ਬਾਬੂਸ਼ਾਹੀ ਮੁਤਾਬਕ ਹੜਤਾਲ ਹੋਣ ਦੀ ਸੂਰਤ ਵਿੱਚ 2,700 ਤੋਂ ਵੱਧ ਬੱਸਾਂ ਦੀ ਆਵਾਜਾਈ ਪ੍ਰਭਾਵਿਤ ਹੋਣ ਦੀ ਸੰਭਾਵਨਾ ਹੈ, ਜਿਸ ਨਾਲ ਰੋਜ਼ਾਨਾ ਬੱਸਾਂ 'ਤੇ ਨਿਰਭਰ ਯਾਤਰੀਆਂ ਨੂੰ ਮੁਸ਼ਕਲਾਂ ਆ ਸਕਦੀਆਂ ਹਨ।

ਕੀ ਹਨ ਮੁੱਖ ਮੰਗਾਂ ?: ਮੁਲਾਜ਼ਮਾਂ ਦੀਆਂ ਮੁੱਖ ਮੰਗਾਂ ਵਿੱਚ ਕਾਂਟਰੈਕਟ ਮੁਲਾਜ਼ਮਾਂ ਨੂੰ ਪੱਕਾ ਕਰਨਾ, ਆਊਟਸੋਰਸਿੰਗ ਪ੍ਰਣਾਲੀ ਖਤਮ ਕਰਨਾ, ਬਰਖ਼ਾਸਤ ਮੁਲਾਜ਼ਮਾਂ ਦੀ ਬਹਾਲੀ ਅਤੇ ਪਿਛਲੇ ਧਰਨਿਆਂ ਦੌਰਾਨ ਦਰਜ ਪੁਲਸ ਕੇਸ ਵਾਪਸ ਲੈਣਾ ਸ਼ਾਮਲ ਹਨ। ਯੂਨੀਅਨ ਦਾ ਦੋਸ਼ ਹੈ ਕਿ ਸਰਕਾਰ ਨਾਲ ਲੰਬੇ ਸਮੇਂ ਤੋਂ ਮੀਟਿੰਗਾਂ ਦੇ ਬਾਵਜੂਦ ਮੰਗਾਂ 'ਤੇ ਠੋਸ ਫੈਸਲਾ ਨਹੀਂ ਹੋਇਆ। ਯੂਨੀਅਨ ਆਗੂਆਂ ਮੁਤਾਬਕ ਪਿਛਲੇ ਚਾਰ ਸਾਲਾਂ ਵਿੱਚ ਸਰਕਾਰ ਨਾਲ ਕਰੀਬ 59 ਮੀਟਿੰਗਾਂ ਹੋ ਚੁੱਕੀਆਂ ਹਨ। ਉਨ੍ਹਾਂ ਨੇ ਕਾਂਟਰੈਕਟ ਪ੍ਰਣਾਲੀ ਤਹਿਤ ਕਥਿਤ ਕਮਿਸ਼ਨਾਂ, ਕਟੌਤੀਆਂ ਅਤੇ ਈਪੀਐਫ /ਈ ਐੱਸ ਆਈ ਨਾਲ ਸਬੰਧਤ ਸ਼ਿਕਾਇਤਾਂ ਦਾ ਵੀ ਮੁੱਦਾ ਚੁੱਕਿਆ ਹੈ। ਇਹ ਦਾਅਵੇ ਯੂਨੀਅਨ ਵੱਲੋਂ ਕੀਤੇ ਗਏ ਹਨ।

ਪਹਿਲਾਂ ਵੀ ਹੋ ਚੁੱਕਾ ਹੈ ਸਮਝੌਤਾ: ਇਸੇ ਸਾਲ ਅਗਸਤ ਵਿੱਚ ਕਰੀਬ 7,500 ਕਾਂਟਰੈਕਟ ਮੁਲਾਜ਼ਮਾਂ ਦੀ ਹੜਤਾਲ ਸਰਕਾਰ ਵੱਲੋਂ ਲਿਖਤੀ ਭਰੋਸੇ ਦਿੱਤੇ ਜਾਣ ਤੋਂ ਬਾਅਦ ਵਾਪਸ ਲਈ ਗਈ ਸੀ। ਉਸ ਸਮੇਂ ਟਰਾਂਸਪੋਰਟ ਵਿਭਾਗ ਨੇ ਪਨਬੱਸ ਦੇ ਕਾਂਟਰੈਕਟ ਮੁਲਾਜ਼ਮਾਂ ਨੂੰ ਪੀਆਰਟੀਸੀ ਦੇ ਸਰਵਿਸ ਰੂਲਜ਼ ਅਨੁਸਾਰ ਰੈਗੂਲਰ ਕਰਨ ਦੀ ਤਜਵੀਜ਼, ਸਿੱਧੇ ਕਾਂਟਰੈਕਟ ਸਿਸਟਮ ਸਬੰਧੀ ਕਾਨੂੰਨੀ ਕਦਮ ਅਤੇ ਪਿਛਲੇ ਕੇਸਾਂ ਦੀ ਸਮੀਖਿਆ ਬਾਰੇ ਭਰੋਸੇ ਦਿੱਤੇ ਸਨ। ਹੁਣ ਯੂਨੀਅਨ ਦਾ ਕਹਿਣਾ ਹੈ ਕਿ ਮੰਗਾਂ 'ਤੇ ਉਮੀਦ ਮੁਤਾਬਕ ਕਾਰਵਾਈ ਨਾ ਹੋਣ ਕਾਰਨ ਦੁਬਾਰਾ ਹੜਤਾਲ ਦਾ ਫੈਸਲਾ ਲਿਆ ਗਿਆ ਹੈ। ਜੇਕਰ 22 ਸਤੰਬਰ ਨੂੰ ਹੜਤਾਲ ਸ਼ੁਰੂ ਹੁੰਦੀ ਹੈ ਤਾਂ ਪੰਜਾਬ ਦੇ ਵੱਖ-ਵੱਖ ਬੱਸ ਅੱਡਿਆਂ 'ਤੇ ਸੇਵਾਵਾਂ ਪ੍ਰਭਾਵਿਤ ਹੋਣ ਦੀ ਸੰਭਾਵਨਾ ਹੈ। ਸਰਕਾਰ ਅਤੇ ਯੂਨੀਅਨ ਵਿਚਕਾਰ ਅਗਲੀ ਗੱਲਬਾਤ ਇਸ ਮਾਮਲੇ ਵਿੱਚ ਮਹੱਤਵਪੂਰਨ ਰਹੇਗੀ।

# ਦਿੱਲੀ ਹਾਈ ਕੋਰਟ ਵਿੱਚ 7 ਨਵੀਆਂ ਨਿਯੁਕਤੀਆਂ, ਦੋ ਜੱਜ ਤੇ ਪੰਜ ਐਡੀਸ਼ਨਲ ਜੱਜ ਬਣੇ

**ਨਵੀਂ ਦਿੱਲੀ, 20 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਕੇਂਦਰ ਸਰਕਾਰ ਨੇ ਦਿੱਲੀ ਹਾਈ ਕੋਰਟ ਵਿੱਚ ਸੱਤ ਨਿਆਂਇਕ ਅਧਿਕਾਰੀਆਂ ਦੀ ਜੱਜ ਅਤੇ ਐਡੀਸ਼ਨਲ ਜੱਜ ਵਜੋਂ ਨਿਯੁਕਤੀ ਨੂੰ ਨੋਟੀਫਾਈ ਕਰ ਦਿੱਤਾ ਹੈ। ਇਹ ਨਿਯੁਕਤੀਆਂ ਸੁਪਰੀਮ ਕੋਰਟ ਕਾਲੇਜਿਅਮ ਦੀਆਂ ਸਿਫ਼ਾਰਸ਼ਾਂ ਤੋਂ ਬਾਅਦ ਰਾਸ਼ਟਰਪਤੀ ਵੱਲੋਂ ਸੰਵਿਧਾਨਕ ਅਧਿਕਾਰਾਂ ਤਹਿਤ ਕੀਤੀਆਂ ਗਈਆਂ ਹਨ। ਨੋਟੀਫਿਕੇਸ਼ਨ ਅਨੁਸਾਰ ਨਿਵੇਦਿਤਾ ਅਨਿਲ ਸ਼ਰਮਾ ਅਤੇ ਨਿਸ਼ਾ ਸਹਾਇ ਸਕਸੇਨਾ ਨੂੰ ਦਿੱਲੀ ਹਾਈ ਕੋਰਟ ਦੇ ਜੱਜ ਨਿਯੁਕਤ ਕੀਤਾ ਗਿਆ ਹੈ। ਜਦਕਿ ਸੰਜੇ ਸ਼ਰਮਾ, ਭਰਤ ਪਰਾਸ਼ਰ, ਅਦਿਤੀ ਚੌਧਰੀ, ਦਿਨੇਸ਼ ਭੱਟ ਅਤੇ ਅਰੁਣ ਭਾਰਦਵਾਜ ਨੂੰ ਐਡੀਸ਼ਨਲ ਜੱਜ ਬਣਾਇਆ ਗਿਆ ਹੈ। ਅਰੁਣ ਭਾਰਦਵਾਜ ਇਸ ਸਮੇਂ ਦਿੱਲੀ ਹਾਈ ਕੋਰਟ ਦੇ ਰਜਿਸਟਰਾਰ ਜਨਰਲ ਵਜੋਂ ਸੇਵਾ ਨਿਭਾ ਰਹੇ ਹਨ।ਇਹ ਨਿਯੁਕਤੀਆਂ 10 ਸਤੰਬਰ 2026 ਨੂੰ ਸੁਪਰੀਮ ਕੋਰਟ ਕਾਲੇਜਿਅਮ ਵੱਲੋਂ ਕੀਤੀ ਸਿਫ਼ਾਰਸ਼ ਤੋਂ ਬਾਅਦ ਹੋਈਆਂ ਹਨ। ਕਾਲੇਜਿਅਮ ਨੇ ਦਿੱਲੀ ਹਾਈ ਕੋਰਟ ਲਈ ਕੁੱਲ ਅੱਠ ਨਿਆਂਇਕ ਅਧਿਕਾਰੀਆਂ ਦੇ ਨਾਮ ਸਿਫ਼ਾਰਸ਼ ਕੀਤੇ ਸਨ, ਪਰ ਕੇਂਦਰ ਵੱਲੋਂ ਹੁਣ ਸੱਤ ਨਾਮਾਂ ਨੂੰ ਮਨਜ਼ੂਰੀ ਦਿੱਤੀ ਗਈ ਹੈ। ਗੁਰਵਿੰਦਰ ਪਾਲ ਸਿੰਘ ਦਾ ਨਾਮ ਇਸ ਨੋਟੀਫਿਕੇਸ਼ਨ ਵਿੱਚ ਸ਼ਾਮਲ ਨਹੀਂ ਹੈ।

ਦਿੱਲੀ ਹਾਈ ਕੋਰਟ ਦੀ ਮਨਜ਼ੂਰਸ਼ੁਦਾ ਜੱਜਾਂ ਦੀ ਗਿਣਤੀ 60 ਹੈ। ਨਿਯੁਕਤੀਆਂ ਤੋਂ ਪਹਿਲਾਂ ਅਦਾਲਤ ਵਿੱਚ 44 ਜੱਜ ਕੰਮ ਕਰ ਰਹੇ ਸਨ ਅਤੇ 16 ਅਸਾਮੀਆਂ ਖਾਲੀ ਸਨ। ਸੱਤ ਨਿਯੁਕਤੀਆਂ ਤੋਂ ਬਾਅਦ ਕਾਰਜਸ਼ੀਲ ਗਿਣਤੀ 51 ਹੋਣ ਅਤੇ ਖਾਲੀ ਅਸਾਮੀਆਂ ਦੀ ਗਿਣਤੀ 9 ਰਹਿਣ ਦੀ ਸਥਿਤੀ ਬਣਦੀ ਹੈ। ਕੇਂਦਰ ਨੇ ਇਸੇ ਨੋਟੀਫਿਕੇਸ਼ਨ ਰਾਹੀਂ ਜੰਮੂ-ਕਸ਼ਮੀਰ ਅਤੇ ਲੱਦਾਖ, ਝਾਰਖੰਡ ਅਤੇ ਕਰਨਾਟਕ ਹਾਈ ਕੋਰਟਾਂ ਲਈ ਵੀ ਨਿਆਂਇਕ ਅਧਿਕਾਰੀਆਂ ਦੀਆਂ ਨਿਯੁਕਤੀਆਂ ਕੀਤੀਆਂ ਹਨ। ਕੁੱਲ 14 ਨਿਆਂਇਕ ਅਧਿਕਾਰੀਆਂ ਨੂੰ ਇਨ੍ਹਾਂ ਚਾਰ ਹਾਈ ਕੋਰਟਾਂ ਵਿੱਚ ਜੱਜ/ਐਡੀਸ਼ਨਲ ਜੱਜ ਨਿਯੁਕਤ ਕੀਤਾ ਗਿਆ ਹੈ।

# ਆਪ ਵੱਲੋਂ ਪੰਜਾਬ 'ਚ 2027 ਚੋਣਾਂ ਲਈ ਘਰ-ਘਰ ਮੁਹਿੰਮ ਦਾ ਆਗਾਜ਼, 2.68 ਲੱਖ ਵਰਕਰ ਸੰਭਾਲਣਗੇ ਮੋਰਚਾ



**ਲੁਧਿਆਣਾ, 20 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

:ਆਮ ਆਦਮੀ ਪਾਰਟੀ (ਆਪ ) ਨੇ ਪੰਜਾਬ ਵਿੱਚ 2027 ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਆਪਣੀ ਸੂਬਾ ਪੱਧਰੀ ਚੋਣ ਮੁਹਿੰਮ ਦਾ ਰਸਮੀ ਆਗਾਜ਼ ਕਰ ਦਿੱਤਾ ਹੈ। ਮੁੱਖ ਮੰਤਰੀ ਭਗਵੰਤ ਮਾਨ ਨੇ ਲੁਧਿਆਣਾ ਵਿੱਚ ਪਾਰਟੀ ਦਾ ਚੋਣ ਪੰਫ਼ਲੈਟ ਜਾਰੀ ਕੀਤਾ। ਇਸ ਤੋਂ ਬਾਅਦ 20 ਸਤੰਬਰ ਤੋਂ ਸੂਬੇ ਭਰ ਵਿੱਚ ਘਰ-ਘਰ ਸੰਪਰਕ ਮੁਹਿੰਮ ਸ਼ੁਰੂ ਕੀਤੀ ਜਾਵੇਗੀ। ਪਾਰਟੀ ਅਨੁਸਾਰ ਇਸ ਮੁਹਿੰਮ ਵਿੱਚ 2,68,553 ਬੂਥ ਕਮੇਟੀ ਮੈਂਬਰ ਸ਼ਾਮਲ ਹੋਣਗੇ ਅਤੇ ਉਹ ਪੰਜਾਬ ਦੇ 25,332 ਪੋਲਿੰਗ ਬੂਥਾਂ ਅਧੀਨ ਘਰਾਂ ਤੱਕ ਪਹੁੰਚ ਕਰਨਗੇ। ਮੁਹਿੰਮ ਦੌਰਾਨ ਸਰਕਾਰ ਦੇ ਪਿਛਲੇ ਸਾਢੇ ਚਾਰ ਸਾਲ ਦੇ ਕੰਮਕਾਜ ਬਾਰੇ ਲੋਕਾਂ ਨੂੰ ਜਾਣਕਾਰੀ ਦੇਣ ਦੇ ਨਾਲ-ਨਾਲ ਸਥਾਨਕ ਮੁੱਦਿਆਂ ਅਤੇ ਲੋਕਾਂ ਦੀਆਂ ਸਮੱਸਿਆਵਾਂ ਬਾਰੇ ਫੀਡਬੈਕ ਲੈਣ ਦੀ ਗੱਲ ਵੀ ਕਹੀ ਗਈ ਹੈ।

ਮੁੱਖ ਮੰਤਰੀ ਭਗਵੰਤ ਮਾਨ 20 ਸਤੰਬਰ ਨੂੰ ਆਪਣੇ ਵਿਧਾਨ ਸਭਾ ਹਲਕੇ ਧੂਰੀ ਤੋਂ ਖੁਦ ਘਰ-ਘਰ ਮੁਹਿੰਮ ਵਿੱਚ ਸ਼ਾਮਲ ਹੋਣਗੇ। ਪਾਰਟੀ ਨੇ ਇਸ ਦੇ ਨਾਲ ਮੈਂਬਰਸ਼ਿਪ ਮੁਹਿੰਮ ਚਲਾਉਣ ਦਾ ਵੀ ਐਲਾਨ ਕੀਤਾ ਹੈ। ਰਿਪੋਰਟਾਂ ਮੁਤਾਬਕ ਇਹ ਸੰਪਰਕ ਮੁਹਿੰਮ ਕਰੀਬ ਇੱਕ ਮਹੀਨੇ ਤੱਕ ਚੱਲਣ ਦੀ ਯੋਜਨਾ ਹੈ। ਆਪ ਪੰਜਾਬ ਇੰਚਾਰਜ ਮਨੀਸ਼ ਸਿਸੋਦੀਆ ਨੇ ਕਿਹਾ ਹੈ ਕਿ ਪਾਰਟੀ ਵਰਕਰ ਸਰਕਾਰ ਵੱਲੋਂ ਕੀਤੇ ਕੰਮ ਲੋਕਾਂ ਤੱਕ ਲੈ ਕੇ ਜਾਣਗੇ। ਪਾਰਟੀ ਵੱਲੋਂ ਬਿਜਲੀ, ਕਿਸਾਨੀ, ਨਹਿਰੀ ਪਾਣੀ, ਸਰਕਾਰੀ ਸਕੂਲਾਂ, ਰੁਜ਼ਗਾਰ, ਖੇਡਾਂ ਅਤੇ ਵਪਾਰ ਨਾਲ ਸਬੰਧਤ ਕੰਮਾਂ ਨੂੰ ਮੁਹਿੰਮ ਦਾ ਹਿੱਸਾ ਬਣਾਉਣ ਦੀ ਗੱਲ ਕਹੀ ਗਈ ਹੈ। ਮੁਹਿੰਮ ਦੀ ਸ਼ੁਰੂਆਤ ਅਜਿਹੇ ਸਮੇਂ ਹੋ ਰਹੀ ਹੈ ਜਦੋਂ ਪੰਜਾਬ ਵਿੱਚ 2027 ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਵੱਖ-ਵੱਖ ਸਿਆਸੀ ਪਾਰਟੀਆਂ ਆਪਣੀਆਂ ਗਤੀਵਿਧੀਆਂ ਤੇਜ਼ ਕਰ ਰਹੀਆਂ ਹਨ। ਬੀਜੇਪੀ ਨੇ ਵੀ 18 ਸਤੰਬਰ ਤੋਂ 'ਨਸ਼ਾ ਮੁਕਤ ਪੰਜਾਬ ਯਾਤਰਾ' ਸ਼ੁਰੂ ਕਰਨ ਦਾ ਐਲਾਨ ਕੀਤਾ ਹੈ।

# ਨੰਦੀਗ੍ਰਾਮ ਜ਼ਿਮਨੀ ਚੋਣ ਤੋਂ ਪਹਿਲਾਂ ਸਿਆਸੀ ਤਣਾਅ ਵਧਿਆ, ਕਾਂਗਰਸ ਉਮੀਦਵਾਰ ਦੀ ਗ੍ਰਿਫ਼ਤਾਰੀ 'ਤੇ ਰਾਹੁਲ ਗਾਂਧੀ ਦਾ ਤਿੱਖਾ ਵਿਰੋਧ

**ਨਵੀਂ ਦਿੱਲੀ, 20 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੱਛਮੀ ਬੰਗਾਲ ਦੀ ਨੰਦੀਗ੍ਰਾਮ ਵਿਧਾਨ ਸਭਾ ਸੀਟ 'ਤੇ 6 ਅਕਤੂਬਰ ਨੂੰ ਹੋਣ ਵਾਲੀ ਜ਼ਿਮਨੀ ਚੋਣ ਤੋਂ ਪਹਿਲਾਂ ਸਿਆਸੀ ਮਾਹੌਲ ਕਾਫ਼ੀ ਗਰਮਾ ਗਿਆ ਹੈ। ਕਾਂਗਰਸ ਉਮੀਦਵਾਰ ਮਿਲਨ ਪ੍ਰਧਾਨ ਦੀ ਇੱਕ ਪੁਰਾਣੇ ਕਤਲ ਮਾਮਲੇ ਵਿੱਚ ਗ੍ਰਿਫ਼ਤਾਰੀ ਤੋਂ ਬਾਅਦ ਕਾਂਗਰਸ ਨੇ ਇਸ ਕਾਰਵਾਈ ਦੇ ਸਮੇਂ 'ਤੇ ਸਵਾਲ ਚੁੱਕੇ ਹਨ। ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਅਤੇ ਕਾਂਗਰਸ ਸੰਸਦ ਮੈਂਬਰ ਰਾਹੁਲ ਗਾਂਧੀ ਨੇ ਦੋਸ਼ ਲਗਾਇਆ ਕਿ ਮਿਲਨ ਪ੍ਰਧਾਨ ਦੀ ਗ੍ਰਿਫ਼ਤਾਰੀ ਸਿਆਸੀ ਬਦਲੇ ਦੀ ਕਾਰਵਾਈ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਨਾ ਤਾਂ ਡਰੇਗੀ ਅਤੇ ਨਾ ਹੀ ਪਿੱਛੇ ਹਟੇਗੀ, ਸਗੋਂ ਚੋਣੀ ਲੜਾਈ ਜਾਰੀ ਰੱਖੇਗੀ।


ਰਾਹੁਲ ਗਾਂਧੀ ਨੇ ਸੋਸ਼ਲ ਮੀਡੀਆ ਪੋਸਟ ਵਿੱਚ ਦਾਅਵਾ ਕੀਤਾ ਕਿ ਕਾਂਗਰਸ ਉਮੀਦਵਾਰ ਦੀ ਗ੍ਰਿਫ਼ਤਾਰੀ ਨੂੰ ਆਮ ਘਟਨਾ ਨਹੀਂ ਮੰਨਿਆ ਜਾ ਸਕਦਾ। ਉਨ੍ਹਾਂ ਨੇ ਭਾਜਪਾ 'ਤੇ ਚੋਣੀ ਮੁਕਾਬਲੇ ਨੂੰ ਪ੍ਰਭਾਵਿਤ ਕਰਨ ਦੀ ਕੋਸ਼ਿਸ਼ ਕਰਨ ਦੇ ਦੋਸ਼ ਲਗਾਉਂਦਿਆਂ ਕਿਹਾ ਕਿ ਕਾਂਗਰਸ ਲੜੇਗੀ ਅਤੇ ਜਿੱਤੇਗੀ । ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਵੀ ਗ੍ਰਿਫ਼ਤਾਰੀ ਦੀ ਨਿੰਦਾ ਕੀਤੀ। ਉਨ੍ਹਾਂ ਦੋਸ਼ ਲਗਾਇਆ ਕਿ ਵਿਰੋਧੀ ਧਿਰ ਦੇ ਉਮੀਦਵਾਰ ਨੂੰ ਨਿਸ਼ਾਨਾ ਬਣਾਉਣ ਲਈ ਸਰਕਾਰੀ ਏਜੰਸੀਆਂ ਦੀ ਦੁਰਵਰਤੋਂ ਕੀਤੀ ਜਾ ਰਹੀ ਹੈ। ਖੜਗੇ ਨੇ ਕਿਹਾ ਕਿ ਕਾਂਗਰਸ ਅਤੇ ਉਸਦੇ ਸਹਿਯੋਗੀ ਇਸ ਮਾਮਲੇ ਵਿੱਚ ਪਿੱਛੇ ਨਹੀਂ ਹਟਣਗੇ।

ਕਾਂਗਰਸ ਦੇ ਸੀਨੀਅਰ ਆਗੂ ਅਧੀਰ ਰੰਜਨ ਚੌਧਰੀ ਨੇ ਵੀ ਗ੍ਰਿਫ਼ਤਾਰੀ ਦੇ ਸਮੇਂ 'ਤੇ ਸਵਾਲ ਉਠਾਏ। ਉਨ੍ਹਾਂ ਕਿਹਾ ਕਿ ਮਿਲਨ ਪ੍ਰਧਾਨ ਨੇ ਨਾਮਜ਼ਦਗੀ ਦਾਖ਼ਲ ਕੀਤੀ ਅਤੇ ਰਿਟਰਨਿੰਗ ਅਫ਼ਸਰ ਦੇ ਸਾਹਮਣੇ ਪ੍ਰਕਿਰਿਆ ਪੂਰੀ ਕੀਤੀ ਸੀ, ਪਰ ਉਸ ਸਮੇਂ ਉਨ੍ਹਾਂ ਨੂੰ ਗ੍ਰਿਫ਼ਤਾਰ ਨਹੀਂ ਕੀਤਾ ਗਿਆ। ਚੌਧਰੀ ਨੇ ਦਾਅਵਾ ਕੀਤਾ ਕਿ ਹੋਰ ਪਾਰਟੀਆਂ ਵੱਲੋਂ ਸਮਰਥਨ ਮਿਲਣ ਤੋਂ ਬਾਅਦ ਇਹ ਕਾਰਵਾਈ ਕੀਤੀ ਗਈ। ਇਸ ਮਾਮਲੇ ਵਿੱਚ ਤ੍ਰਿਣਮੂਲ ਕਾਂਗਰਸ ਦੇ ਵਿਰੋਧੀ ਧੜੇ ਦੇ ਆਗੂ ਰਿਤਬਰਤਾ ਬੈਨਰਜੀ ਨੇ ਕਾਂਗਰਸ ਦੇ ਦੋਸ਼ਾਂ ਨੂੰ ਰੱਦ ਕਰਦਿਆਂ ਕਿਹਾ ਕਿ ਮਿਲਨ ਪ੍ਰਧਾਨ ਖ਼ਿਲਾਫ਼ ਤਿੰਨ ਕਤਲ ਮਾਮਲੇ ਲੰਬਿਤ ਹਨ ਅਤੇ ਚੋਣਾਂ ਦੌਰਾਨ ਵਾਰੰਟ ਦੀ ਤਾਮੀਲ ਕਰਨਾ ਕਾਨੂੰਨੀ ਪ੍ਰਕਿਰਿਆ ਦਾ ਹਿੱਸਾ ਹੈ। ਉਨ੍ਹਾਂ ਰਾਹੁਲ ਗਾਂਧੀ ਨੂੰ ਮਾਮਲੇ ਦੇ ਵੇਰਵਿਆਂ ਦੀ ਜਾਣਕਾਰੀ ਲੈਣ ਦੀ ਗੱਲ ਵੀ ਕਹੀ। ਨੰਦੀਗ੍ਰਾਮ ਜ਼ਿਮਨੀ ਚੋਣ ਦਾ ਵਿਵਾਦ ਸਿਰਫ਼ ਉਮੀਦਵਾਰ ਦੀ ਗ੍ਰਿਫ਼ਤਾਰੀ ਤੱਕ ਸੀਮਤ ਨਹੀਂ ਹੈ। ਚੋਣ ਕਮਿਸ਼ਨ ਨੇ ਅੰਤਰਿਮ ਹੁਕਮ ਰਾਹੀਂ ਟੀਐਮਸੀ ਦੇ ਦੋਵੇਂ ਧੜਿਆਂ ਨੂੰ ਮੂਲ ਪਾਰਟੀ ਨਾਮ 'ਆਲ ਇੰਡੀਆ ਤ੍ਰਿਣਮੂਲ ਕਾਂਗਰਸ' ਅਤੇ ਰਵਾਇਤੀ ਚੋਣ ਨਿਸ਼ਾਨ ਦੀ ਵਰਤੋਂ ਤੋਂ ਰੋਕ ਦਿੱਤਾ ਹੈ।

# ਮੁੱਖ ਮੰਤਰੀ ਨਾਇਬ ਸਿੰਘ ਸੈਣੀ ਮਹਿੰਦਰਗੜ੍ਹ ਤੋਂ ਅੱਜ ਕਰਨਗੇ ਅਭਿਆਨ ਦੀ ਸ਼ੁਰੂਆਤ

**ਚੰਡੀਗੜ੍ਹ, 20 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਉਦਯੋਗ ਅਤੇ ਵਣਜ ਮੰਤਰੀ ਰਾਵ ਨਰਬੀਰ ਸਿੰਘ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦਾ ਪੂਰਾ ਜੀਵਨ ਰਾਸ਼ਟਰ ਸੇਵਾ ਨੂੰ ਸਮਰਪਿਤ ਰਿਹਾ ਹੈ। ਉਨ੍ਹਾਂ ਦੇ ਜਨਮ ਦਿਨ ਨੂੰ ਇਸ ਵਾਰ ਸੇਵਾ ਸੰਕਲਪ ਮਹੀਨੇ ਵਜੋਂ ਮਨਾਇਆ ਜਾਵੇਗਾ ਅਤੇ ਹਰਿਆਣਾ ਵਿੱਚ ਇਸ ਅਭਿਆਨ ਦੀ ਸ਼ੁਰੂਆਤ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਮਹਿੰਦਰਗੜ੍ਹ ਵਿੱਚ ਆਯੋਜਿਤ ਰਾਜ ਪੱਧਰੀ ਪ੍ਰੋਗਰਾਮ ਤੋਂ ਕਰਨਗੇ।



ਉਦਯੋਗ ਅਤੇ ਵਣਜ ਮੰਤਰੀ ਮੰਗਲਵਾਰ ਨੂੰ ਨਾਰਨੌਲ ਵਿੱਚ ਪੀਡਬਲਿਊਡੀ ਰੈਸਟ ਹਾਊਸ ਵਿੱਚ ਸੇਵਾ ਸੰਕਲਪ ਅਭਿਆਨ ਨੂੰ ਲੈ ਕੇ ਆਯੋਜਿਤ ਪ੍ਰੈਸ ਕਾਨਫਰੰਸ ਨੂੰ ਸੰਬੋਧਿਤ ਕਰ ਰਹੇ ਸਨ।

ਉਨ੍ਹਾਂ ਦੱਸਿਆ ਕਿ ਪ੍ਰਧਾਨ ਮੰਤਰੀ ਦੇ ਜਨਤਕ ਜੀਵਨ ਵਿੱਚ ਸੇਵਾ ਦੇ 25 ਸਾਲ ਪੂਰੇ ਹੋਣ ਦੇ ਮੌਕੇ ਵਿੱਚ ਇਹ ਰਾਸ਼ਟਰੀ ਪੱਧਰ ਦਾ ਪ੍ਰੋਗਰਾਮ ਆਯੋਜਿਤ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਸ਼੍ਰੀ ਨਰਿੰਦਰ ਮੋਦੀ 13 ਸਾਲ ਤੱਕ ਗੁਜਰਾਤ ਦੇ ਮੁੱਖ ਮੰਤਰੀ ਰਹੇ ਅਤੇ ਪਿਛਲੇ 12 ਸਾਲਾਂ ਤੋਂ ਲਗਾਤਾਰ ਦੇਸ਼ ਦੇ ਪ੍ਰਧਾਨ ਮੰਤਰੀ ਦੀ ਜ਼ਿੰਮੇਵਾਰੀ ਸੰਭਾਲ ਰਹੇ ਹਨ। ਉਨ੍ਹਾਂ ਕਿਹਾ ਕਿ ਗੁਜਰਾਤ ਮਾਡਲ ਨੂੰ ਦੇਸ਼ ਦੇ ਨਾਗਰਿਕਾਂ ਨੇ ਪੂਰੀ ਤਰ੍ਹਾਂ ਅਪਣਾਇਆ ਹੈ, ਅਤੇ ਇਹੋ ਵਜ੍ਹਾ ਹੈ ਕਿ ਜਨਤਾ ਲਗਾਤਾਰ ਸ਼੍ਰੀ ਨਰਿੰਦਰ ਮੋਦੀ ਨੂੰ ਦੇਸ਼ ਸੇਵਾ ਦਾ ਮੌਕਾ ਦੇ ਰਹੀ ਹੈ।

ਰਾਵ ਨਰਬੀਰ ਨੇ ਕਿਹਾ ਦੱਖਣੀ ਹਰਿਆਣਾ ਨਾਲ ਪ੍ਰਧਾਨ ਮੰਤਰੀ ਦਾ ਵਿਸ਼ੇਸ਼ ਲਗਾਅ ਰਿਹਾ ਹੈ। 13 ਸਤੰਬਰ ਨੂੰ ਨਰਿੰਦਰ ਮੋਦੀ ਨੂੰ ਪ੍ਰਧਾਨ ਮੰਤਰੀ ਅਹੁਦੇ ਦੇ ਉਮੀਦਵਾਰ ਵਜੋਂ ਘੋਸ਼ਿਤ ਕੀਤਾ ਗਿਆ ਸੀ ਅਤੇ ਠੀਕ ਦੋ ਦਿਨ ਬਾਅਦ, 15 ਸਤੰਬਰ ਨੂੰ ਰੇਵਾੜੀ ਵਿੱਚ ਇੱਕ ਵਿਸ਼ਾਲ ਜਨਸਭਾ ਆਯੋਜਿਤ ਹੋਈ ਸੀ।

ਉਨ੍ਹਾਂ ਕਿਹਾ ਕਿ ਭਾਰਤੀ ਜਨਤਾ ਪਾਰਟੀ ਦਾ ਮੂਲ ਨਿਸ਼ਾਨਾ ਸਮਾਜ ਦੇ ਆਖਰੀ ਛੋਰ 'ਤੇ ਖੜ੍ਹੇ ਵਿਅਕਤੀ ਤੱਕ ਪਹੁੰਚਣਾ ਹੈ। ਇਸੇ ਉਦੇਸ਼ ਨਾਲ ਇਸ ਅਭਿਆਨ ਦੌਰਾਨ ਸਰਕਾਰੀ ਸੇਵਾਵਾਂ ਨੂੰ ਜਨ-ਜਨ ਤੱਕ ਪਹੁੰਚਾਉਣ ਦਾ ਨਿਸ਼ਾਨਾ ਰੱਖਿਆ ਗਿਆ ਹੈ, ਜਿਸ ਲਈ 12 ਵੱਖ-ਵੱਖ ਮਾਡਲ ਤਿਆਰ ਕੀਤੇ ਗਏ ਹਨ।

# ਮੁੱਖ ਮੰਤਰੀ ਨਾਇਬ ਸਿੰਘ ਸੈਣੀ ਹੋਣਗੇ ਸੰਤ ਨਾਮਦੇਵ ਜੀ ਮਹਾਰਾਜ ਦੇ 756ਵੇਂ ਪ੍ਰਕਾਸ਼ ਦਿਹਾੜੇ ਸਮਾਗਮ ਦੇ ਮੁੱਖ ਮਹਿਮਾਨ

**ਚੰਡੀਗੜ੍ਹ, 20 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸੰਤ ਸ਼ਿਰੋਮਣੀ ਨਾਮਦੇਵ ਜੀ ਮਹਾਰਾਜ ਦੇ 756ਵੇਂ ਪ੍ਰਕਾਸ਼ ਦਿਹਾੜੇ ਦੇ ਮੌਕੇ 'ਤੇ 18 ਅਕਤੂਬਰ ਨੂੰ ਚੰਡੀਗੜ੍ਹ ਦੇ ਸੈਕਟਰ-21 ਸਥਿਤ ਸੰਤ ਨਾਮਦੇਵ ਭਵਨ ਵਿੱਚ ਸ਼ਾਨਦਾਰ ਸਮਾਗਮ ਆਯੋਜਿਤ ਕੀਤਾ ਜਾਵੇਗਾ। ਸਮਾਗਮ ਵਿੱਚ ਹਰਿਆਣਾ ਦੇ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਣਗੇ।

ਮੁੱਖ ਮੰਤਰੀ ਦੀ ਗੌਰਵਮਈ ਮੌਜੂਦਗੀ ਨੂੰ ਲੈ ਕੇ ਨਾਮਦੇਵ ਸਮਾਜ ਵਿੱਚ ਵਿਸ਼ੇਸ਼ ਉਤਸ਼ਾਹ ਹੈ ਅਤੇ ਪੰਜਾਬ ਸਮੇਤ ਵੱਖ-ਵੱਖ ਖੇਤਰਾਂ ਤੋਂ ਵੱਡੀ ਗਿਣਤੀ ਵਿੱਚ ਸ਼ਰਧਾਲੂਆਂ ਦੇ ਚੰਡੀਗੜ੍ਹ ਪਹੁੰਚਣ ਦੀ ਉਮੀਦ ਹੈ।

ਨਾਮਦੇਵ ਸਭਾ ਹਰਿਆਣਾ ਦੇ ਪ੍ਰਧਾਨ ਅਤੇ ਸਾਬਕਾ ਚੇਅਰਮੈਨ ਸ਼੍ਰੀ ਸਤਬੀਰ ਵਰਮਾ ਨੇ ਕਿਹਾ ਕਿ ਸੰਤ ਨਾਮਦੇਵ ਜੀ ਮਹਾਰਾਜ ਦੇ ਪ੍ਰਕਾਸ਼ ਦਿਹਾੜੇ ਸਮਾਗਮ ਵਿੱਚ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਦਾ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਣਾ ਸਮਾਜ ਲਈ ਖੁਸ਼ੀ ਅਤੇ ਮਾਣ ਦਾ ਵਿਸ਼ਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਦੀ ਮੌਜੂਦਗੀ ਨਾਲ ਸਮਾਗਮ ਨੂੰ ਲੈ ਕੇ ਸਮਾਜ ਦੇ ਲੋਕਾਂ ਵਿੱਚ ਉਤਸ਼ਾਹ ਹੋਰ ਵਧਿਆ ਹੈ। ਉਨ੍ਹਾਂ ਦੱਸਿਆ ਕਿ ਸਮਾਗਮ ਵਿੱਚ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਸਮੇਤ ਹੋਰ ਖੇਤਰਾਂ ਤੋਂ ਹਜ਼ਾਰਾਂ ਦੀ ਗਿਣਤੀ ਵਿੱਚ ਸ਼ਰਧਾਲੂ ਪਹੁੰਚਣਗੇ।



ਸਮਾਗਮ ਵਿੱਚ ਹਰਿਆਣਾ ਦੇ ਜਨ ਸਿਹਤ ਇੰਜੀਨੀਅਰਿੰਗ ਅਤੇ ਲੋਕ ਨਿਰਮਾਣ ਮੰਤਰੀ ਸ਼੍ਰੀ ਰਣਬੀਰ ਗੰਗਵਾ ਅਤੇ ਉੱਤਰਾਖੰਡ ਆਫਤ ਪ੍ਰਬੰਧਨ ਬੋਰਡ ਦੇ ਚੇਅਰਮੈਨ ਸ਼੍ਰੀ ਵਿਨੈ ਰੋਹਿਲਾ ਵੀ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਣਗੇ। ਪ੍ਰੋਗਰਾਮ 18 ਅਕਤੂਬਰ ਨੂੰ ਸਵੇਰੇ 11 ਵਜੇ ਸੰਤ ਨਾਮਦੇਵ ਭਵਨ, ਸੈਕਟਰ-21, ਚੰਡੀਗੜ੍ਹ ਵਿੱਚ ਹੋਵੇਗਾ।

ਟਾਂਕ ਕਸ਼ੱਤਰੀ ਸਭਾ ਨਾਮਦੇਵ ਸਮਾਜ ਦੇ ਸਕੱਤਰ ਸ਼੍ਰੀ ਨਰੇਸ਼ ਮਰਜਾਰਾ ਨੇ ਦੱਸਿਆ ਕਿ ਪ੍ਰਕਾਸ਼ ਦਿਹਾੜੇ ਸਮਾਗਮ ਦੀਆਂ ਤਿਆਰੀਆਂ ਨੂੰ ਲੈ ਕੇ ਮੀਟਿੰਗ ਆਯੋਜਿਤ ਕੀਤੀ ਗਈ। ਮੀਟਿੰਗ ਵਿੱਚ ਸਮਾਗਮ ਨੂੰ ਸਫਲ ਬਣਾਉਣ ਲਈ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਪ੍ਰਚਾਰ-ਪ੍ਰਸਾਰ ਦੀਆਂ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਤੋਂ ਸਭਾ ਪ੍ਰਤੀਨਿਧੀਆਂ ਸਮੇਤ ਹਜ਼ਾਰਾਂ ਦੀ ਗਿਣਤੀ ਵਿੱਚ ਸ਼ਰਧਾਲੂਆਂ ਦੇ ਸਮਾਗਮ ਵਿੱਚ ਸ਼ਾਮਲ ਹੋਣ ਦੀ ਉਮੀਦ ਹੈ।

ਉਨ੍ਹਾਂ ਦੱਸਿਆ ਕਿ ਸੰਤ ਨਾਮਦੇਵ ਭਵਨ ਦੇ ਆਡੀਟੋਰੀਅਮ ਵਿੱਚ ਗੁਰੂ ਨਾਮਦੇਵ ਜੀ ਦੀਆਂ ਸਿੱਖਿਆਵਾਂ, ਚਮਤਕਾਰਾਂ ਅਤੇ ਗੁਰੂ ਸੰਦੇਸ਼ 'ਤੇ ਅਧਾਰਿਤ ਪ੍ਰਦਰਸ਼ਨੀ ਵੀ ਲਗਾਈ ਜਾਵੇਗੀ। ਸਮਾਗਮ ਵਿੱਚ ਗੁਰੂ ਪਾਠ ਅਤੇ ਗੁਰੂ ਲੰਗਰ ਪ੍ਰਸਾਦਿ ਦੀ ਵਿਵਸਥਾ ਵੀ ਰਹੇਗੀ।

ਮੀਟਿੰਗ ਵਿੱਚ ਸੁਰੇਸ਼ ਰੋਹਿਲਾ ਗੁੜਗਾਓਂ, ਸਰਣਜੀਤ ਸਿੰਘ ਮੁੱਕਰ, ਓਮਪ੍ਰਕਾਸ਼ ਗਾਰਚਾ, ਜੋਗਾ ਸਿੰਘ ਧੁਰਾਲੀ, ਜਰਨੈਲ ਸਿੰਘ, ਹਰਵਿੰਦਰ ਸਿੰਘ ਪੂਰਵਾ, ਸਰਦਾਰ ਜਗਤਾਰ ਸਿੰਘ, ਮਲਕੀਤ ਸਿੰਘ ਸਮੇਤ ਅਨੇਕਾਂ ਅਹੁਦੇਦਾਰ ਅਤੇ ਪ੍ਰਤੀਨਿਧੀ ਮੌਜੂਦ ਰਹੇ।

# ਹਰਿਆਣਾ ਅਨੁਸੂਚਿਤ ਜਾਤੀ ਵਿੱਤ ਅਤੇ ਵਿਕਾਸ ਨਿਗਮ ਨੇ 59 ਲਾਭਪਾਤਰੀਆਂ ਨੂੰ 176.50 ਲੱਖ ਰੁਪਏ ਦੀ ਵਿੱਤੀ ਸਹਾਇਤਾ ਮੁਹੱਈਆ ਕਰਵਾਈ

**ਚੰਡੀਗੜ੍ਹ, 20 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਅਨੁਸੂਚਿਤ ਜਾਤੀ ਵਿੱਤ ਅਤੇ ਵਿਕਾਸ ਨਿਗਮ ਨੇ ਮੌਜੂਦਾ ਵਿੱਤ ਸਾਲ ਦੌਰਾਨ ਅਗਸਤ, 2026 ਤੱਕ ਵੱਖ-ਵੱਖ ਯੋਜਨਾਵਾਂ ਤਹਿਤ 59 ਲਾਭਪਾਤਰੀਆਂ ਨੂੰ 176.50 ਲੱਖ ਰੁਪਏ ਦੀ ਵਿੱਤੀ ਸਹਾਇਤਾ ਮੁਹੱਈਆ ਕਰਵਾਈ ਹੈ, ਜਿਸ ਵਿੱਚ 138.75 ਲੱਖ ਰੁਪਏ ਦੀ ਸਬਸਿਡੀ ਵੀ ਸ਼ਾਮਲ ਹੈ।

ਨਿਗਮ ਦੇ ਬੁਲਾਰੇ ਨੇ ਇਸ ਸੰਬੰਧ ਵਿੱਚ ਵਿਸਤ੍ਰਿਤ ਜਾਣਕਾਰੀ ਦਿੰਦਿਆਂ ਦੱਸਿਆ ਕਿ ਨਿਗਮ ਵੱਲੋਂ ਅਨੁਸੂਚਿਤ ਜਾਤੀਆਂ ਨਾਲ ਸੰਬੰਧਿਤ ਲੋਕਾਂ ਨੂੰ ਵੱਖ-ਵੱਖ ਸ਼੍ਰੇਣੀਆਂ ਤਹਿਤ ਕਰਜ਼ਾ ਮੁਹੱਈਆ ਕਰਵਾਇਆ ਜਾਂਦਾ ਹੈ ਤਾਂ ਜੋ ਉਹ ਆਪਣਾ ਕਾਰੋਬਾਰ ਅਤੇ ਸਵੈ-ਰੋਜ਼ਗਾਰ ਸਥਾਪਿਤ ਕਰ ਸਕਣ। ਇਨ੍ਹਾਂ ਸ਼੍ਰੇਣੀਆਂ ਵਿੱਚ ਖੇਤੀਬਾੜੀ ਅਤੇ ਸਹਾਇਕ ਖੇਤਰ, ਉਦਯੋਗਿਕ ਖੇਤਰ, ਵਪਾਰ ਅਤੇ ਕਾਰੋਬਾਰ ਖੇਤਰ ਅਤੇ ਸਵੈ-ਰੋਜ਼ਗਾਰ ਖੇਤਰ ਸ਼ਾਮਲ ਹਨ। ਰਾਸ਼ਟਰੀ ਅਨੁਸੂਚਿਤ ਜਾਤੀ ਵਿੱਤ ਅਤੇ ਵਿਕਾਸ ਨਿਗਮ ਦੀ ਸਹਾਇਤਾ ਨਾਲ ਲਾਗੂ ਯੋਜਨਾਵਾਂ ਤਹਿਤ ਵੀ ਉਨ੍ਹਾਂ ਨੂੰ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਜਾ ਰਹੀ ਹੈ।

ਉਨ੍ਹਾਂ ਦੱਸਿਆ ਕਿ ਵਪਾਰ ਅਤੇ ਕਾਰੋਬਾਰ ਖੇਤਰ ਤਹਿਤ 58 ਲਾਭਪਾਤਰੀਆਂ ਨੂੰ 53 ਲੱਖ ਰੁਪਏ ਦੀ ਰਕਮ ਮੁਹੱਈਆ ਕਰਵਾਈ ਗਈ ਜਿਸ ਵਿੱਚੋਂ 26.60 ਲੱਖ ਰੁਪਏ ਬੈਂਕ ਕਰਜ਼ਾ, 20.25 ਲੱਖ ਰੁਪਏ ਸਬਸਿਡੀ ਅਤੇ 6.15 ਲੱਖ ਰੁਪਏ ਮਾਰਜਿਨ ਮਨੀ ਵਜੋਂ ਜਾਰੀ ਕੀਤੇ ਗਏ ਹਨ।

ਬੁਲਾਰੇ ਨੇ ਦੱਸਿਆ ਕਿ ਰਾਸ਼ਟਰੀ ਅਨੁਸੂਚਿਤ ਵਿੱਤ ਅਤੇ ਵਿਕਾਸ ਨਿਗਮ ਦੀ ਸਹਾਇਤਾ ਨਾਲ ਲਘੂ ਕਾਰੋਬਾਰ ਤਹਿਤ ਇਸ ਮਿਆਦ ਲਈ ਇੱਕ ਲਾਭਪਾਤਰੀ ਨੂੰ 11 ਲੱਖ ਰੁਪਏ ਜਾਰੀ ਕੀਤੇ ਗਏ।

ਇਸ ਵਿੱਚ ਰਾਸ਼ਟਰੀ ਅਨੁਸੂਚਿਤ ਵਿੱਤ ਅਤੇ ਵਿਕਾਸ ਨਿਗਮ ਤੇ ਸਫ਼ਾਈ ਕਰਮਚਾਰੀ ਵਿੱਤ ਵਿਕਾਸ ਨਿਗਮ ਦਾ ਸਿੱਧਾ ਕਰਜ਼ਾ ਹਿੱਸਾ 3.96 ਲੱਖ ਰੁਪਏ ਹੈ। ਇਸ ਤੋਂ ਇਲਾਵਾ, 109.50 ਲੱਖ ਰੁਪਏ ਦੀ ਸਬਸਿਡੀ ਵੀ ਵੰਡੀ ਗਈ।

# ਸੀਵਰੇਜ਼ ਸਬੰਧੀ ਸ਼ਿਕਾਇਤ ਅਮਨ ਕੁਮਾਰ ਜੇ.ਈ ਦੇ ਮੋਬਾਈਲ ਨੰਬਰ ਤੇ ਸ਼ਿਕਾਇਤ ਦਰਜ ਕਰਵਾਈ ਜਾ ਸਕਦੀ

**ਬਟਾਲਾ, 20 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਵਾਟਰ ਸਪਲਾਈ ਅਤੇ ਸੀਵਰੇਜ, ਉਪ ਮੰਡਲ-2, ਬਟਾਲਾ, ਰਾਜ ਮਸੀਹ ਨੇ ਦੱਸਿਆ ਕਿ ਵਿਆਹ ਪੁਰਬ ਸਮਾਗਮ ਨੂੰ ਮੁੱਖ ਰੱਖਦਿਆਂ ਵਿਭਾਗ ਵਲੋਂ ਸੀਵਰੇਜ਼ ਦੀ ਸਫਾਈ ਲਈ ਲਗਾਤਾਰ ਕਰਮਚਾਰੀਆਂ ਵਲੋਂ ਕਾਰਜ ਜਾਰੀ ਹਨ।ਉਨ੍ਹਾਂ ਬਟਾਲਾ ਸ਼ਹਿਰ ਵਾਸੀਆ ਨੂੰ ਅਪੀਲ ਕਰਦਿਆਂ ਕਿਹਾ ਕਿ ਬਟਾਲਾ ਸ਼ਹਿਰ ਵਿਖੇ ਕਿਸੇ ਵੀ ਇਲਾਕੇ ਵਿੱਚ ਸੀਵਰੇਜ਼ ਸਬੰਧੀ ਸ਼ਿਕਾਇਤ ਜਾਂ ਸ਼ਹਿਰ ਵਿੱਚ ਕਿਸੇ ਵੀ ਮੈਨਹੋਲ ਦਾ ਢੱਕਣ ਲੱਗਣ ਵਾਲਾ ਹੋਵੇ ਤਾਂ ਪੰਜਾਬ ਵਾਟਰ ਸਪਲਾਈ ਅਤੇ ਸੀਵਰੇਜ ਬੋਰਡ ਦੇ ਸ਼ਿਕਾਇਤ ਕੇਂਦਰ ਨੰਬਰ 84273-66323 ਜਾਂ ਅਮਨ ਕੁਮਾਰ ਜੂਨੀਅਰ ਇੰਜੀਨੀਅਰ ਦੇ ਸੰਪਰਕ ਨੰਬਰ 88377- 96662 'ਤੇ ਸੰਪਰਕ ਕਰਕੇ ਸ਼ਿਕਾਇਤ ਦਰਜ ਕਰਵਾਈ ਜਾ ਸਕਦੀ ਹੈ।



# ਜ਼ਿਲ੍ਹੇ ਦੇ ਸਮੂਹ ਚੋਣਕਾਰ ਰਜਿਸਟ੍ਰੇਸ਼ਨ ਅਫਸਰਾਂ ਵੱਲੋਂ ਦਾਅਵਿਆਂ ਅਤੇ ਇਤਰਾਜ਼ਾਂ ਦੀਆਂ ਸੂਚੀਆਂ ਰਾਜਨੀਤਿਕ ਪਾਰਟੀਆਂ ਨਾਲ ਕੀਤੀਆਂ ਗਈਆਂ ਸਾਂਝੀਆਂ



**ਫਾਜ਼ਿਲਕਾ, 20 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜਿਲ੍ਹਾ ਚੋਣ ਅਫਸਰ - ਕਮ - ਡਿਪਟੀ ਕਮਿਸ਼ਨਰ ਸ਼੍ਰੀਮਤੀ ਅਮਰਪ੍ਰੀਤ ਕੌਰ ਸੰਧੂ ਨੇ ਦੱਸਿਆ ਕਿ ਵਿਸ਼ੇਸ ਗਹਿਰੀ ਸੁਧਾਈ (ਐਸ.ਆਈ.ਆਰ. ) 2026 ਤਹਿਤ 12 ਸਤੰਬਰ 2026 ਤੱਕ ਦਾਅਵੇ ਅਤੇ ਇਤਰਾਜ ਪ੍ਰਾਪਤ ਕਰਨ ਦਾ ਕੰਮ ਪਾਰਦਰਸ਼ੀ ਢੰਗ ਨਾਲ ਕੀਤਾ ਗਿਆ ਹੈ । ਉਨ੍ਹਾਂ ਕਿਹਾ ਕਿ ਜ਼ਿਲ੍ਹੇ ਦੇ ਸਮੂਹ ਵਿਧਾਨ ਸਭਾ ਹਲਕਿਆਂ ਵਿੱਚ 12 ਸਤੰਬਰ 2026ਤੱਕ ਪ੍ਰਾਪਤ ਹੋਏ ਸਾਰੇ ਦਾਅਵੇ ਅਤੇ ਇਤਰਾਜਾਂ ਨੂੰ 100 ਫੀਸਦੀ ਡਿਜੀਟਾਈਜ਼ ਕਰ ਦਿੱਤਾ ਗਿਆ ਹੈ ਅਤੇ ਈ.ਆਰ.ਓ ਦੇ ਦਫ਼ਤਰ ਜਾਂ ਕਿਸੇ ਵੀ ਬੀ.ਐੱਲ.ਓ ਕੋਲ ਵੀ ਫਾਰਮ ਬਕਾਇਆ ਨਹੀਂ ਹੈ ।

ਉਨ੍ਹਾਂ ਦੱਸਿਆ ਕਿ ਵਿਧਾਨ ਸਭਾ ਚੋਣ ਹਲਕਾ 079-ਜਲਾਲਾਬਾਦ ਦੇ ਚੋਣਕਾਰ ਰਜਿਸਟਰੇਸ਼ਨ ਅਫਸਰ, ਵਿਧਾਨ ਸਭਾਂ ਚੋਣ ਹਲਕਾ 080- ਫਾਜ਼ਿਲਕਾ ਦੇ ਚੋਣਕਾਰ ਰਜਿਸਟਰੇਸ਼ਨ ਅਫਸਰ, ਵਿਧਾਨ ਸਭਾਂ ਚੋਣ ਹਲਕਾ 081- ਅਬੋਹਰ ਦੇ ਚੋਣਕਾਰ ਰਜਿਸਟਰੇਸ਼ਨ ਅਫਸਰ ਅਤੇ ਵਿਧਾਨ ਸਭਾ ਚੋਣ ਹਲਕਾ 082-ਬੱਲੂਆਣਾ ਦੇ ਚੋਣਕਾਰ ਰਜਿਸਟਰੇਸ਼ਨ ਅਫ਼ਸਰ ਵੱਲੋਂ ਸਮੂਹ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਦੇ ਪ੍ਰਧਾਨਾਂ/ਨੁਮਾਇੰਦਿਆਂ ਨੂੰ ਪ੍ਰਾਪਤ ਹੋਏ ਦਾਅਵਿਆਂ ਅਤੇ ਇਤਰਾਜਾਂ ਦੀਆਂ ਸੂਚੀਆਂ (ਫਾਰਮ 9, 10, 11, 111 ਅਤੇ 112) ਮੁਹੱਈਆ ਕਰਵਾਈਆਂ ਗਈਆਂ ਹਨ।

# ਕਿਸਾਨਾਂ ਨੂੰ ਆਪਣਾ ਝੋਨੇ ਦੀ ਫ਼ਸਲ ਵੇਚਣ ਵਿੱਚ ਕਿਸੇ ਵੀ ਕਿਸਮ ਦੀ ਅਸੁਵਿਧਾ ਨਹੀਂ ਹੋਣੀ ਚਾਹੀਦੀ: ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ

**ਚੰਡੀਗੜ੍ਹ, 20 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਵਿੱਚ ਆਉਂਦੀ 1 ਅਕਤੂਬਰ ਤੋਂ ਸ਼ੁਰੂ ਹੋ ਰਹੀ ਝੋਨੇ ਦੀ ਸਰਕਾਰੀ ਖ਼ਰੀਦ ਨੂੰ ਲੈ ਕੇ ਰਾਜ ਸਰਕਾਰ ਨੇ ਪ੍ਰਸ਼ਾਸਕੀ ਤਿਆਰੀਆਂ ਤੇਜ਼ ਕਰ ਦਿੱਤੀਆਂ ਹਨ।



ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼੍ਰੀ ਸ਼ਿਆਮ ਸਿੰਘ ਰਾਣਾ ਦੀ ਪ੍ਰਧਾਨਗੀ ਹੇਠ ਹੋਈ ਉੱਚ-ਪੱਧਰੀ ਸਮੀਖਿਆ ਮੀਟਿੰਗ ਵਿੱਚ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਗਏ ਹਨ ਕਿ ਰਾਜ ਭਰ ਦੀਆਂ ਮੰਡੀਆਂ ਵਿੱਚ ਵਿਆਪਕ ਅਤੇ ਢੁਕਵੇਂ ਪ੍ਰਬੰਧ ਯਕੀਨੀ ਬਣਾਏ ਜਾਣ, ਤਾਂ ਜੋ ਕਿਸਾਨਾਂ ਨੂੰ ਆਪਣੀ ਉਪਜ ਵੇਚਣ ਵਿੱਚ ਕਿਸੇ ਵੀ ਕਿਸਮ ਦੀ ਅਸੁਵਿਧਾ ਦਾ ਸਾਹਮਣਾ ਨਾ ਕਰਨਾ ਪਵੇ।

ਇਸ ਮੀਟਿੰਗ ਵਿੱਚ ਖੇਤੀਬਾੜੀ ਵਿਭਾਗ, ਹਰਿਆਣਾ ਰਾਜ ਖੇਤੀਬਾੜੀ ਮਾਰਕੀਟਿੰਗ ਬੋਰਡ ਅਤੇ ਹਰਿਆਣਾ ਸਟੇਟ ਵੇਅਰਹਾਊਸਿੰਗ ਕਾਰਪੋਰੇਸ਼ਨ ਸਮੇਤ ਝੋਨੇ ਦੀ ਖ਼ਰੀਦ ਪ੍ਰਕਿਰਿਆ ਨਾਲ ਜੁੜੇ ਵੱਖ-ਵੱਖ ਵਿਭਾਗਾਂ ਦੇ ਸੀਨੀਅਰ ਅਧਿਕਾਰੀ ਮੌਜੂਦ ਸਨ।

ਖ਼ਰੀਦ ਪ੍ਰਕਿਰਿਆ ਨੂੰ ਪਾਰਦਰਸ਼ੀ ਬਣਾਉਣ ਅਤੇ ਸਿਰਫ਼ ਅਸਲ ਕਿਸਾਨਾਂ ਨੂੰ ਲਾਭ ਪਹੁੰਚਾਉਣ ਲਈ ਇਸ ਵਾਰ ਵੀ ਵਿਸ਼ੇਸ਼ ਤਕਨੀਕੀ ਮਾਪਦੰਡ ਅਪਣਾਏ ਜਾ ਰਹੇ ਹਨ। ਰਾਜ ਵਿੱਚ 'ਮੇਰੀ ਫ਼ਸਲ ਮੇਰਾ ਬਿਉਰਾ' ਪੋਰਟਲ 'ਤੇ ਰਜਿਸਟਰਡ ਅਤੇ ਤਸਦੀਕਸ਼ੁਦਾ ਅੰਕੜਿਆਂ ਦੇ ਆਧਾਰ 'ਤੇ ਹੀ ਯੋਗ ਕਿਸਾਨਾਂ ਦਾ ਝੋਨਾ ਖ਼ਰੀਦਿਆ ਜਾਵੇਗਾ। ਅਧਿਕਾਰੀਆਂ ਨੇ ਜਾਣੂ ਕਰਵਾਇਆ ਕਿ ਮੰਡੀਆਂ ਵਿੱਚ ਝੋਨਾ ਲਿਆਉਣ ਵਾਲੇ ਕਿਸਾਨਾਂ ਦੀ ਜੀਓ-ਫੈਂਸਿੰਗ ਤਕਨੀਕ ਰਾਹੀਂ ਤਸਦੀਕ ਕਰਨ ਤੋਂ ਬਾਅਦ ਹੀ ਗੇਟ ਪਾਸ ਜਾਰੀ ਕੀਤੇ ਜਾਣਗੇ। ਇਸ ਤੋਂ ਇਲਾਵਾ, ਕਿਸਾਨ ਵੱਲੋਂ ਪੋਰਟਲ 'ਤੇ ਦਰਜ ਕਰਵਾਏ ਗਏ ਫ਼ਸਲ ਦੇ ਬਿਉਰੇ ਅਤੇ ਸਬੰਧਤ ਖੇਤਰ ਦੀ ਤੈਅ ਔਸਤ ਉਪਜ ਦੇ ਮੇਲ ਹੋਣ ਤੋਂ ਬਾਅਦ ਹੀ ਫ਼ਸਲ ਦੀ ਅੰਤਿਮ ਖ਼ਰੀਦ ਮਨਜ਼ੂਰ ਹੋਵੇਗੀ।

ਖੇਤੀਬਾੜੀ ਮੰਤਰੀ ਨੇ ਸਪੱਸ਼ਟ ਕੀਤਾ ਕਿ ਗੇਟ ਪਾਸ ਜਾਰੀ ਹੋਣ ਤੋਂ ਲੈ ਕੇ ਫ਼ਸਲ ਦੀ ਤੁਲਾਈ ਅਤੇ ਵਿਕਰੀ ਤੋਂ ਬਾਅਦ ਸਿੱਧਾ ਕਿਸਾਨ ਦੇ ਬੈਂਕ ਖਾਤੇ ਵਿੱਚ ਭੁਗਤਾਨ ਪਹੁੰਚਣ ਤੱਕ ਦੀ ਪੂਰੀ ਵਿਵਸਥਾ ਸਰਲ ਅਤੇ ਪਾਰਦਰਸ਼ੀ ਹੋਣੀ ਚਾਹੀਦੀ ਹੈ।

ਮੌਜੂਦਾ ਝੋਨਾ ਖ਼ਰੀਦ ਪ੍ਰਬੰਧਾਂ ਦੇ ਨਾਲ-ਨਾਲ ਖੇਤੀਬਾੜੀ ਮੰਤਰੀ ਨੇ ਆਉਂਦੇ ਰਬੀ ਸੀਜ਼ਨ, ਖਾਸ ਕਰਕੇ ਕਣਕ ਦੀ ਬਿਜਾਈ ਲਈ ਵੀ ਪਹਿਲਾਂ ਤੋਂ ਤਿਆਰੀਆਂ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਕਿਸਾਨਾਂ ਨੂੰ ਬਿਜਾਈ ਦੇ ਸਮੇਂ ਕਿਸੇ ਵੀ ਤਰ੍ਹਾਂ ਦੀ ਕਿੱਲਤ ਦਾ ਸਾਹਮਣਾ ਨਾ ਕਰਨਾ ਪਵੇ, ਇਸ ਲਈ ਯੂਰੀਆ ਅਤੇ ਡੀ.ਏ.ਪੀ. ਵਰਗੀਆਂ ਜ਼ਰੂਰੀ ਖਾਦਾਂ ਦਾ ਪਹਿਲਾਂ ਤੋਂ ਹੀ ਸਟਾਕ ਤਿਆਰ ਰੱਖਿਆ ਜਾਵੇ ਅਤੇ ਉੱਚ ਗੁਣਵੱਤਾ ਵਾਲੇ ਪ੍ਰਮਾਣਿਤ ਬੀਜਾਂ ਦੀ ਸਮੇਂ ਸਿਰ ਉਪਲਬਧਤਾ ਯਕੀਨੀ ਬਣਾਈ ਜਾਵੇ।

# ਹਰਿਆਣਾ ਵਿੱਚ ਸੰਕਲਪ ਮੁਹਿੰਮ ਭਲਕੇ ਤੋਂ: ਕ੍ਰਿਸ਼ਨ ਲਾਲ ਪੰਵਾਰ



**ਜੀਂਦ, 20 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਵਿਕਾਸ ਅਤੇ ਪੰਚਾਇਤ ਮੰਤਰੀ ਕ੍ਰਿਸ਼ਨ ਲਾਲ ਪੰਵਾਰ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਸ਼ੁਰੂ ਕੀਤੀ ਜਨ ਸੇਵਾ ਮੁਹਿੰਮ ਦੇ 25 ਸਾਲ ਪੂਰੇ ਹੋਣ 'ਤੇ 17 ਸਤੰਬਰ ਤੋਂ 17 ਅਕਤੂਬਰ ਤੱਕ ਸੂਬੇ ਭਰ ਵਿੱਚ ਸੰਕਲਪ ਮੁਹਿੰਮ ਸ਼ੁਰੂ ਕੀਤੀ ਜਾਵੇਗੀ। ਇਸ ਮੁਹਿੰਮ ਦਾ ਉਦੇਸ਼ 'ਜਨ ਸੇਵਾ ਤੋਂ ਰਾਸ਼ਟਰ ਸੇਵਾ' ਦੀ ਭਾਵਨਾ ਨੂੰ ਮਜ਼ਬੂਤ ਕਰਦੇ ਹੋਏ ਸਰਕਾਰ ਦੀਆਂ ਲੋਕ ਭਲਾਈ ਯੋਜਨਾਵਾਂ ਅਤੇ ਵੱਖ-ਵੱਖ ਵਿਭਾਗਾਂ ਵੱਲੋਂ ਦਿੱਤੀਆਂ ਜਾ ਰਹੀਆਂ ਸੇਵਾਵਾਂ ਨੂੰ ਲੋਕਾਂ ਤੱਕ ਪਹੁੰਚਾਉਣਾ ਹੈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਕਾਸ ਤੇ ਪੰਚਾਇਤ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਪਿਛਲੇ ਸਾਲਾਂ ਵਿੱਚ ਦੇਸ਼ ਵਿੱਚ ਕਈ ਲੋਕ ਭਲਾਈ ਯੋਜਨਾਵਾਂ ਲਾਗੂ ਕੀਤੀਆਂ ਗਈਆਂ ਹਨ। ਇਨ੍ਹਾਂ ਯੋਜਨਾਵਾਂ ਦਾ ਅਸਲ ਮੰਤਵ ਉਦੋਂ ਹੀ ਪੂਰਾ ਹੋਵੇਗਾ ਜਦੋਂ ਹਰ ਵਿਅਕਤੀ ਤੱਕ ਇਨ੍ਹਾਂ ਦਾ ਲਾਭ ਪਹੁੰਚੇਗਾ। ਇਸੇ ਦਿਸ਼ਾ ਵਿੱਚ ਸੰਕਲਪ ਮੁਹਿੰਮ ਨੂੰ ਲੋਕਾਂ ਦੀ ਭਾਗੀਦਾਰੀ ਨਾਲ ਪ੍ਰਭਾਵੀ ਢੰਗ ਨਾਲ ਸੰਚਾਲਿਤ ਕੀਤਾ ਜਾਵੇਗਾ। ਉਨ੍ਹਾਂ ਨੇ ਇੱਕ ਮਹੀਨੇ ਦੀ ਰੂਪ-ਰੇਖਾ ਦੱਸਦਿਆਂ ਕਿਹਾ ਕਿ ਇਸ ਪ੍ਰੋਗਰਾਮ ਰਾਹੀਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ 25 ਸਾਲਾਂ ਦੇ ਕੰਮਾਂ, ਭਲਾਈ ਯੋਜਨਾਵਾਂ ਨਾਟਕਾਂ ਆਦਿ ਰਾਹੀਂ ਲੋਕਾਂ ਤੱਕ ਪਹੁੰਚਾਇਆ ਜਾਵੇਗਾ। ਇਸੇ ਦੌਰਾਨ ਸਕੂਲ, ਕਾਲਜ, ਪੰਚਾਇਤ ਅਤੇ ਜਨਤਕ ਥਾਵਾਂ 'ਤੇ ਨੁੱਕੜ ਨਾਟਕ ਖੇਡੇ ਜਾਣਗੇ। ਇਸ ਮੌਕੇ ਡਿਪਟੀ ਕਮਿਸ਼ਨਰ ਡਾ. ਵੈਸ਼ਾਲੀ ਸ਼ਰਮਾ, ਐੱਸ ਪੀ ਕੁਲਦੀਪ ਸਿੰਘ, ਏ ਡੀ ਸੀ ਪ੍ਰਦੀਪ ਕੌਸ਼ਿਕ, ਭਾਜਪਾ ਆਗੂ ਡਾ. ਰਾਜ ਸੈਣੀ, ਇਨ੍ਹਾਂ ਯੋਜਨਾਵਾਂ ਦਾ ਅਸਲ ਮੰਤਵ ਉਦੋਂ ਹੀ ਪੂਰਾ ਹੋਵੇਗਾ ਜਦੋਂ ਹਰ ਵਿਅਕਤੀ ਤੱਕ ਇਨ੍ਹਾਂ ਦਾ ਲਾਭ ਪਹੁੰਚੇਗਾ। ਇਸੇ ਦਿਸ਼ਾ ਵਿੱਚ ਸੰਕਲਪ ਮੁਹਿੰਮ ਨੂੰ ਲੋਕਾਂ ਦੀ ਭਾਗੀਦਾਰੀ ਨਾਲ ਪ੍ਰਭਾਵੀ ਢੰਗ ਨਾਲ ਸੰਚਾਲਿਤ ਕੀਤਾ ਜਾਵੇਗਾ। ਉਨ੍ਹਾਂ ਨੇ ਪੁਸ਼ਪਾ ਤਾਇਲ, ਤਜਿੰਦਰ ਢੁੱਲ, ਮਨੀਸ਼ ਗੋਇਲ, ਰਾਕੇਸ਼ ਬੈਰਾਗੀ ਆਦਿ ਹਾਜ਼ਰ ਸਨ।

# ਝੋਨੇ ਦੇ ਖ਼ਰੀਦ ਪ੍ਰਬੰਧਾਂ ਦਾ ਜਾਇਜ਼ਾ

**ਪਟਿਆਲਾ, 20 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਝੋਨੇ ਦੀ ਖਰੀਦ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਸਿਰੇ ਚਾੜ੍ਹਨ ਲਈ ਪਟਿਆਲਾ ਦੀ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਵੱਖ-ਵੱਖ ਖਰੀਦ ਏਜੰਸੀਆਂ ਤੇ ਹੋਰ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਜਾਇਜ਼ਾ ਲਿਆ। ਇਸ ਦੌਰਾਨ ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਖਰੀਦੀ ਫ਼ਸਲ ਦੀ ਨਾਲੋ-ਨਾਲ ਅਦਾਇਗੀ ਤੇ ਲਿਫ਼ਟਿੰਗ ਕਰਵਾਈ ਜਾਵੇ।

ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਮੰਡੀਆਂ ਵਿੱਚ ਸੁੱਕੀ ਫ਼ਸਲ ਹੀ ਲਿਆਉਣ ਤਾਂ ਕਿ ਉਹਨਾਂ ਨੂੰ ਕੋਈ ਪ੍ਰੇਸ਼ਾਨੀ ਨਾ ਆਵੇ। ਉਨ੍ਹਾਂ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਾਉਣ ਦਾ ਵੀ ਸੱਦਾ ਦਿੱਤਾ ਹੈ। ਡਿਪਟੀ ਕਮਿਸ਼ਨਰ ਨੇ ਸਮੂਹ ਕੰਬਾਇਨ ਚਾਲਕਾਂ ਨੂੰ ਹਦਾਇਤ ਕੀਤੀ।

# ਨੌਸ਼ਹਿਰਾ ਢਾਲਾ ਵਿਖੇ ਲੱਗੇ ਮੁਫ਼ਤ ਆਯੂਸ਼ ਕੈਂਪ ਦੌਰਾਨ 701 ਮਰੀਜ਼ਾਂ ਦੀ ਜਾਂਚ

**ਤਰਨਤਾਰਨ, 20 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਆਯੂਸ਼ ਮੰਤਰਾਲੇ ਵੱਲੋਂ ਲੋਕਾਂ ਨੂੰ ਆਯੁਰਵੇਦ ਅਤੇ ਹੋਮਿਓਪੈਥੀ ਇਲਾਜ ਪ੍ਰਤੀ ਜਾਗਰੂਕ ਕਰਨ ਅਤੇ ਉਨ੍ਹਾਂ ਨੂੰ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਦੇ ਮਕਸਦ ਨਾਲ ਜ਼ਿਲ੍ਹੇ ਦੇ ਵੱਖ-ਵੱਖ ਸਥਾਨਾਂ 'ਤੇ ਲਗਾਏ ਜਾ ਰਹੇ 10 ਆਯੂਸ਼ ਕੈਂਪਾਂ ਦੀ ਲੜੀ ਤਹਿਤ ਗੁਰਦੁਆਰਾ ਬਾਬਾ ਜਲਣ ਦਾਸ ਜੀ, ਨੌਸ਼ਹਿਰਾ ਢਾਲਾ ਵਿਖੇ ਮੁਫ਼ਤ ਆਯੁਸ਼ ਕੈਂਪ ਲਗਾਇਆ ਗਿਆ।



ਡਾਇਰੈਕਟਰ ਆਯੁਰਵੇਦਾ ਪੰਜਾਬ ਡਾ. ਰਮਨ ਖੰਨਾ ਦੇ ਦਿਸ਼ਾ-ਨਿਰਦੇਸ਼ਾਂ ਅਤੇ ਡਿਪਟੀ ਕਮਿਸ਼ਨਰ ਤਰਨ ਤਾਰਨ ਸ੍ਰੀ ਰਾਹੁਲ ਦੀ ਰਹਿਨੁਮਾਈ ਹੇਠ ਜ਼ਿਲ੍ਹਾ ਆਯੁਰਵੇਦਿਕ/ਯੂਨਾਨੀ ਅਫ਼ਸਰ ਡਾ. ਸੰਦੀਪ ਸ਼੍ਰੀਧਰ ਅਤੇ ਜ਼ਿਲ੍ਹਾ ਹੋਮਿਓਪੈਥਿਕ ਅਫ਼ਸਰ ਡਾ. ਰੁਪਿੰਦਰ ਕੌਰ ਦੀ ਅਗਵਾਈ ਵਿੱਚ ਲਗਾਏ ਗਏ ਇਸ ਕੈਂਪ ਦੌਰਾਨ ਆਯੁਰਵੇਦਿਕ ਅਤੇ ਹੋਮਿਓਪੈਥਿਕ ਮਾਹਿਰ ਡਾਕਟਰਾਂ ਵੱਲੋਂ ਵੱਡੀ ਗਿਣਤੀ ਵਿੱਚ ਪਹੁੰਚੇ ਲੋਕਾਂ ਦੀ ਸਿਹਤ ਜਾਂਚ ਕੀਤੀ ਗਈ। ਇਸ ਮੌਕੇ ਆਯੁਰਵੇਦਿਕ ਵਿਭਾਗ ਵੱਲੋਂ 403 ਅਤੇ ਹੋਮਿਓਪੈਥਿਕ ਵਿਭਾਗ ਵੱਲੋਂ 298, ਕੁੱਲ 701 ਮਰੀਜ਼ਾਂ ਦਾ ਚੈੱਕਅਪ ਕੀਤਾ ਗਿਆ। ਜਾਂਚ ਉਪਰੰਤ ਮਰੀਜ਼ਾਂ ਨੂੰ ਲੋੜ ਅਨੁਸਾਰ ਮੁਫ਼ਤ ਆਯੁਰਵੇਦਿਕ ਅਤੇ ਹੋਮਿਓਪੈਥਿਕ ਦਵਾਈਆਂ ਵੀ ਮੁਹੱਈਆ ਕਰਵਾਈਆਂ ਗਈਆਂ।ਕੈਂਪ ਦਾ ਉਦਘਾਟਨ ਜ਼ਿਲ੍ਹਾ ਆਯੁਰਵੇਦਿਕ/ਯੂਨਾਨੀ ਅਫ਼ਸਰ ਤਰਨ ਤਾਰਨ ਡਾ. ਸੰਦੀਪ ਸ਼੍ਰੀਧਰ, ਸਰਪੰਚ ਜਗੀਰ ਸਿੰਘ ਅਤੇ ਸਾਬਕਾ ਸਰਪੰਚ ਜਗਬੀਰ ਸਿੰਘ ਟਿੰਮੀ, ਹਰਭਜਨ ਸਿੰਘ, ਹਰਭਾਲ ਸਿੰਘ ਅਤੇ ਸਰਤਾਜ ਸਿੰਘ ਵੱਲੋਂ ਕੀਤਾ ਗਿਆ।

ਇਸ ਦੌਰਾਨ ਲੋਕਾਂ ਨੂੰ ਸਿਹਤ ਪ੍ਰਤੀ ਜਾਗਰੂਕ ਕਰਨ ਦੇ ਨਾਲ-ਨਾਲ ਲੱਗਭਗ 1000 ਔਸ਼ਧੀ ਪੌਦੇ ਵੀ ਮੁਫ਼ਤ ਵੰਡੇ ਗਏ, ਤਾਂ ਜੋ ਲੋਕ ਇਨ੍ਹਾਂ ਪੌਦਿਆਂ ਦੀ ਵਰਤੋਂ ਕਰਕੇ ਕੁਦਰਤੀ ਢੰਗ ਨਾਲ ਸਿਹਤ ਸੰਭਾਲ ਨੂੰ ਉਤਸ਼ਾਹਿਤ ਕਰ ਸਕਣ।

ਕੈਂਪ ਨੂੰ ਸਫ਼ਲ ਬਣਾਉਣ ਵਿੱਚ ਆਯੁਰਵੇਦਿਕ ਵਿਭਾਗ ਵੱਲੋਂ ਡਾ. ਮਨਵਿੰਦਰ ਕੌਰ, ਡਾ. ਚਾਰੂ ਅਰੋੜਾ, ਅਮਨਪ੍ਰੀਤ ਸਿੰਘ ਅਤੇ ਮਹਾਂਵੀਰ ਸਿੰਘ ਅਤੇ ਹੋਮਿਓਪੈਥਿਕ ਵਿਭਾਗ ਵੱਲੋਂ ਡਾ. ਦਿਲਬਾਗ ਸਿੰਘ, ਡਾ. ਹਰਿੰਦਰਪਾਲ ਵੇਗਲ, ਸੁਖਵਿੰਦਰ ਕੌਰ ਅਤੇ ਹਰਜੀਤ ਕੌਰ ਫਾਰਮਾਸਿਸਟ ਤੋਂ ਇਲਾਵਾ ਅਮਰਜੀਤ ਕੌਰ, ਮਹਿੰਦਰ ਕੌਰ ਅਤੇ ਹਰਪ੍ਰੀਤ ਕੌਰ ਨੇ ਆਪਣੀਆਂ ਸੇਵਾਵਾਂ ਨਿਭਾਈਆਂ।

ਕੈਂਪ ਦੌਰਾਨ ਲੋਕਾਂ ਵੱਲੋਂ ਆਯੂਸ਼ ਵਿਭਾਗ ਵੱਲੋਂ ਮੁਹੱਈਆ ਕਰਵਾਈਆਂ ਜਾ ਰਹੀਆਂ ਮੁਫ਼ਤ ਸਿਹਤ ਸੇਵਾਵਾਂ ਅਤੇ ਔਸ਼ਧੀ ਪੌਦਿਆਂ ਦੀ ਵੰਡ ਲਈ ਵਿਭਾਗ ਦਾ ਧੰਨਵਾਦ ਕੀਤਾ ਗਿਆ।

# ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਬਾਰੇ ਉੱਚ-ਪੱਧਰੀ ਸਮੀਖਿਆ ਮੀਟਿੰਗ

**ਚੰਡੀਗੜ੍ਹ, 20 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਐਲਾਨ ਕੀਤਾ ਕਿ ਪੰਜਾਬ ਦੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਆਪਣੇ ਅੰਤਿਮ ਪੜਾਅ ਵਿੱਚ ਦਾਖਲ ਹੋ ਗਈ ਹੈ। ਉਨ੍ਹਾਂ ਨੇ ਸੂਬੇ ਵਿੱਚੋਂ ਇਸ ਅਲਾਮਤ ਨੂੰ ਜੜ੍ਹੋਂ ਪੁੱਟਣ ਲਈ ਫੈਸਲਾਕੁੰਨ ਕਦਮ ਚੁੱਕਣ ਲਈ ਕਿਹਾ। ਇਸ ਸਬੰਧੀ ਉੱਚ-ਪੱਧਰੀ ਮੀਟਿੰਗ ਦੌਰਾਨ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੀ ਸਮੀਖਿਆ ਕਰਦਿਆਂ ਮੁੱਖ ਮੰਤਰੀ ਨੇ ਪੁਲਿਸ ਨੂੰ ਹਦਾਇਤ ਕੀਤੀ ਕਿ ਉਹ ਲੋਕਾਂ ਨਾਲ ਮਿਲ ਕੇ ਨਸ਼ਾ ਵੇਚਣ ਵਾਲਿਆਂ, ਸਪਲਾਇਰਾਂ ਅਤੇ ਤਸਕਰਾਂ ਵਿਰੁੱਧ ਜ਼ਮੀਨੀ ਪੱਧਰ 'ਤੇ ਕਾਰਵਾਈ ਵਿੱਚ ਤੇਜ਼ੀ ਲਿਆਉਣ। ਉਨ੍ਹਾਂ ਕਿਹਾ ਕਿ ਇਹ ਲੜਾਈ ਹੁਣ ਸਿਰਫ਼ ਪੁਲਿਸ ਤੱਕ ਸੀਮਤ ਨਹੀਂ ਰਹੀ ਸਗੋਂ 'ਲੋਕ-ਲਹਿਰ' ਬਣ ਗਈ ਹੈ, ਜਿਸ ਦਾ ਸਬੂਤ 'ਵਿਲੇਜ ਡਿਫੈਂਸ ਕਮੇਟੀਆਂ' ਵੱਲੋਂ ਮਿਲਣ ਵਾਲੀ ਫੀਡਬੈਕ ਵਿੱਚ ਹੋਏ 41 ਫੀਸਦੀ ਵਾਧੇ ਤੋਂ ਮਿਲਦਾ ਹੈ, ਜੋ ਇਸ ਮੁਹਿੰਮ ਵਿੱਚ ਲੋਕਾਂ ਦੀ ਵਧ ਰਹੀ ਸ਼ਮੂਲੀਅਤ ਨੂੰ ਦਰਸਾਉਂਦਾ ਹੈ।

'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੀ ਸਮੀਖਿਆ ਕਰਨ ਲਈ ਕੀਤੀ ਉੱਚ-ਪੱਧਰੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਨੇ ਸੂਬੇ ਭਰ ਦੇ ਡਿਪਟੀ ਕਮਿਸ਼ਨਰਾਂ, ਸੀਨੀਅਰ ਪੁਲਿਸ ਕਪਤਾਨਾਂ (ਐਸ.ਐਸ.ਪੀਜ਼), ਪੁਲਿਸ ਕਮਿਸ਼ਨਰਾਂ ਅਤੇ ਆਈ.ਜੀ.ਪੀਜ਼/ਡੀ.ਆਈ.ਜੀਜ਼ ਨਾਲ ਵਰਚੁਅਲ ਤੌਰ 'ਤੇ ਗੱਲਬਾਤ ਕੀਤੀ। ਉਨ੍ਹਾਂ ਨੇ ਨਸ਼ਾ-ਵਿਰੋਧੀ ਮੁਹਿੰਮ ਦੀ ਪ੍ਰਗਤੀ, ਵਿਲੇਜ ਡਿਫੈਂਸ ਕਮੇਟੀਆਂ (ਵੀ.ਡੀ.ਸੀਜ਼) ਦੀ ਭੂਮਿਕਾ, ਤਸਕਰਾਂ ਵਿਰੁੱਧ ਪੁਲਿਸ ਦੀ ਕਾਰਵਾਈ ਅਤੇ ਜ਼ਮੀਨੀ ਪੱਧਰ 'ਤੇ ਪ੍ਰਾਪਤ ਹੋਈਆਂ ਸ਼ਿਕਾਇਤਾਂ 'ਤੇ ਕਾਰਵਾਈ ਕਰਨ ਸਬੰਧੀ ਪ੍ਰਣਾਲੀ ਦੀ ਸਮੀਖਿਆ ਕੀਤੀ।

ਇਸ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, 'ਯੁੱਧ ਨਸ਼ਿਆਂ ਵਿਰੁੱਧ' ਹੁਣ ਆਪਣੇ ਅੰਤਿਮ ਪੜਾਅ ਵਿੱਚ ਹੈ ਅਤੇ ਪੁਲਿਸ ਨੂੰ ਹੁਣ ਜ਼ਮੀਨੀ ਪੱਧਰ 'ਤੇ ਕਾਰਵਾਈ ਹੋਰ ਤੇਜ਼ ਕਰਨੀ ਚਾਹੀਦੀ ਹੈ। ਹੁਣ ਆਖਰੀ ਵਾਰ ਕਰਨ ਦਾ ਸਮਾਂ ਆ ਗਿਆ ਹੈ ਅਤੇ ਬਿਹਤਰ ਨਤੀਜਿਆਂ ਲਈ ਜ਼ਮੀਨੀ ਪੱਧਰ 'ਤੇ ਨਸ਼ਿਆਂ ਤੋਂ ਵੱਧ ਪ੍ਰਭਾਵਿਤ ਖੇਤਰਾਂ (ਹੌਟਸਪੌਟਸ) ਨੂੰ ਨਿਸ਼ਾਨਾ ਬਣਾਉਣ ਦੀ ਲੋੜ ਹੈ।ਮੁੱਖ ਮੰਤਰੀ ਨੇ ਕਿਹਾ, ਅਜਿਹਾ ਪੰਜਾਬ ਸਿਰਜਣਾ ਬੇਹੱਦ ਜ਼ਰੂਰੀ ਹੈ ਜਿੱਥੇ ਨੌਜਵਾਨ ਪੀੜ੍ਹੀ ਨਸ਼ਿਆਂ ਦੀ ਲਾਹਨਤ ਤੋਂ ਮੁਕਤ ਹੋ ਕੇ ਜੀਅ ਸਕੇ। ਉਨ੍ਹਾਂ ਕਿਹਾ, ਸਾਡੀ ਸਰਕਾਰ ਉਦੋਂ ਤੱਕ ਆਰਾਮ ਨਾਲ ਨਹੀਂ ਬੈਠੇਗੀ, ਜਦੋਂ ਤੱਕ ਪੰਜਾਬ ਵਿੱਚੋਂ ਨਸ਼ਿਆਂ ਦਾ ਪੂਰੀ ਤਰ੍ਹਾਂ ਸਫ਼ਾਇਆ ਨਹੀਂ ਹੋ ਜਾਂਦਾ।

ਮੁੱਖ ਮੰਤਰੀ ਨੇ ਦੱਸਿਆ ਕਿ ਇਸ ਸਮੇਂ ਪੰਜਾਬ ਵਿੱਚ 74,230 ਸਰਗਰਮ ਮੈਂਬਰਾਂ ਵਾਲੀਆਂ 14,846 ਵਿਲੇਜ ਡਿਫੈਂਸ ਕਮੇਟੀਆਂ ਕਾਰਜਸ਼ੀਲ ਹਨ। ਇਹ ਕਮੇਟੀਆਂ ਨਸ਼ਿਆਂ ਵਿਰੁੱਧ ਲੋਕਾਂ ਦੀ ਇਸ ਸਾਂਝੀ ਲੜਾਈ ਦਾ ਇੱਕ ਅਹਿਮ ਥੰਮ੍ਹ ਬਣ ਗਈਆਂ ਹਨ। ਉਨ੍ਹਾਂ ਦੱਸਿਆ ਕਿ ਸਰਹੱਦੀ ਖੇਤਰਾਂ ਵਿੱਚ 36,814 ਮੈਂਬਰਾਂ ਵਾਲੀਆਂ 3,808 ਵਿਲੇਜ ਡਿਫੈਂਸ ਕਮੇਟੀਆਂ ਕਾਰਜਸ਼ੀਲ ਹਨ। ਇਨ੍ਹਾਂ ਖੇਤਰਾਂ ਵਿੱਚ ਨਸ਼ਾ ਤਸਕਰੀ ਦੇ ਨੈੱਟਵਰਕਾਂ ਦੀ ਪਛਾਣ ਕਰਨ ਅਤੇ ਉਨ੍ਹਾਂ ਨੂੰ ਤੋੜਨ ਲਈ ਭਾਈਚਾਰਕ ਸ਼ਮੂਲੀਅਤ ਬੇਹੱਦ ਅਹਿਮ ਹੈ।



ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਸੂਬਾ ਵਾਸੀਆਂ ਦੀ ਵਧ ਰਹੀ ਸ਼ਮੂਲੀਅਤ ਜ਼ਮੀਨੀ ਪੱਧਰ 'ਤੇ ਸਰਕਾਰ ਦੀ ਖੁਫੀਆ ਅਤੇ ਫੀਡਬੈਕ ਪ੍ਰਣਾਲੀ ਨੂੰ ਮਜ਼ਬੂਤ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਲੋਕਾਂ ਦੀ ਵਧਦੀ ਸ਼ਮੂਲੀਅਤ ਸੂਬਾ ਭਰ ਵਿੱਚ ਨਸ਼ਿਆਂ ਵਿਰੁੱਧ ਲੜਾਈ ਨੂੰ ਮਜ਼ਬੂਤ ਕਰ ਰਹੀ ਹੈ।

ਮੁੱਖ ਮੰਤਰੀ ਨੇ ਦੱਸਿਆ ਕਿ ਸੂਬੇ ਭਰ ਵਿੱਚ ਨਸ਼ਿਆਂ ਸਬੰਧੀ ਵੀ.ਡੀ.ਸੀਜ਼ ਤੋਂ ਲਈ ਗਈ ਫੀਡਬੈਕ ਵਿੱਚ 41 ਫ਼ੀਸਦ ਵਾਧਾ ਹੋਇਆ ਹੈ, ਜੋ ਕਿ ਮੁਹਿੰਮ ਵਿੱਚ ਵੱਧ ਰਹੀ ਜਨਤਕ ਸ਼ਮੂਲੀਅਤ ਨੂੰ ਦਰਸਾਉਂਦਾ ਹੈ। ਉਨ੍ਹਾਂ ਕਿਹਾ ਕਿ ਵੀ.ਡੀ.ਸੀਜ਼ ਰਾਹੀਂ ਪ੍ਰਾਪਤ ਸ਼ਿਕਾਇਤਾਂ ਦੇ ਆਧਾਰ 'ਤੇ ਪੁਲਿਸ ਵੱਲੋਂ ਨਸ਼ਾ ਤਸਕਰਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਦੱਸਿਆ, ਇਸ ਸਾਲ ਜਨਵਰੀ ਤੋਂ ਲੈ ਕੇ ਹੁਣ ਤੱਕ ਵੀ.ਡੀ.ਸੀਜ਼ ਤੋਂ ਪ੍ਰਾਪਤ ਸ਼ਿਕਾਇਤਾਂ ਦੇ ਆਧਾਰ 'ਤੇ 4,129 ਐਫ.ਆਰ.ਆਰਜ਼ ਦਰਜ ਕੀਤੀਆਂ ਗਈਆਂ ਹਨ ਅਤੇ 5,589 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ।

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ 'ਸੇਫ ਪੰਜਾਬ ਐਪ' ਨਸ਼ਿਆਂ ਨਾਲ ਸਬੰਧਤ ਗਤੀਵਿਧੀਆਂ ਦੀ ਸੂਚਨਾ ਦੇਣ ਲਈ ਨਾਗਰਿਕਾਂ ਵਾਸਤੇ ਅਹਿਮ ਸਾਧਨ ਵਜੋਂ ਉੱਭਰੀ ਹੈ। ਉਨ੍ਹਾਂ ਦੱਸਿਆ ਕਿ ਪਿਛਲੇ ਇੱਕ ਸਾਲ ਤੋਂ ਵੱਧ ਸਮੇਂ ਦੌਰਾਨ ਇਸ ਐਪ ਰਾਹੀਂ ਪ੍ਰਾਪਤ ਸ਼ਿਕਾਇਤਾਂ ਦੇ ਆਧਾਰ 'ਤੇ ਲਗਭਗ 19,310 ਐਫ.ਆਰ.ਆਰਜ਼ ਦਰਜ ਕੀਤੀਆਂ ਗਈਆਂ ਹਨ ਅਤੇ 25,138 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ।ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਇਹ ਅੰਕੜੇ ਦਰਸਾਉਂਦੇ ਹਨ ਕਿ ਨਸ਼ਿਆਂ ਵਿਰੁੱਧ ਲੜਾਈ ਹੁਣ ਸਿਰਫ਼ ਥਾਣਿਆਂ ਜਾਂ ਸਰਕਾਰੀ ਦਫ਼ਤਰਾਂ ਤੱਕ ਸੀਮਤ ਨਹੀਂ ਰਹੀ, ਸਗੋਂ ਇਹ ਲੋਕ-ਲਹਿਰ ਦਾ ਰੂਪ ਲੈ ਕਰ ਚੁੱਕੀ ਹੈ ਜੋ ਹਰ ਪਿੰਡ ਅਤੇ ਮੁਹੱਲੇ ਵਿੱਚ ਲੜੀ ਜਾ ਰਹੀ ਹੈ।ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰ ਪਹਿਲਾਂ ਹੀ ਨਸ਼ਿਆਂ ਦੀ ਸਪਲਾਈ ਦੇ ਨੈੱਟਵਰਕ ਦਾ ਲੱਕ ਤੋੜਨ ਵਿੱਚ ਸਫ਼ਲ ਹੋ ਚੁੱਕੀ ਹੈ ਅਤੇ ਵੱਡੀ ਗਿਣਤੀ ਵਿੱਚ ਤਸਕਰਾਂ ਤੇ ਸਪਲਾਇਰਾਂ ਨੂੰ ਜੇਲ੍ਹਾਂ ਵਿੱਚ ਸੁੱਟਿਆ ਜਾ ਚੁੱਕਿਆ ਹੈ। ਉਨ੍ਹਾਂ ਨੇ ਚਿਤਾਵਨੀ ਦਿੱਤੀ ਕਿ ਇਸ ਲੜਾਈ ਨੂੰ ਉਦੋਂ ਤੱਕ ਖਤਮ ਨਹੀਂ ਮੰਨਿਆ ਜਾ ਸਕਦਾ, ਜਦੋਂ ਤੱਕ ਸਪਲਾਈ ਲੜੀ ਨੂੰ ਮੁਕੰਮਲ ਤੌਰ 'ਤੇ ਤੋੜ ਨਹੀਂ ਦਿੱਤਾ ਜਾਂਦਾ ਅਤੇ ਹਰ ਪਿੰਡ ਨੂੰ ਨਸ਼ਾ-ਮੁਕਤ ਨਹੀਂ ਬਣਾਇਆ ਜਾਂਦਾ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਸੂਬਾ ਸਰਕਾਰ ਨੇ ਨਸ਼ਿਆਂ ਦੀ ਸਪਲਾਈ ਨੂੰ ਪੂਰੀ ਤਰ੍ਹਾਂ ਤੋੜ ਦਿੱਤਾ ਹੈ, ਪਰ ਇਹ ਚੌਕਸੀ ਘਟਾਉਣ ਦਾ ਸਮਾਂ ਨਹੀਂ ਹੈ।

ਉਨ੍ਹਾਂ ਨੇ ਸਪੱਸ਼ਟ ਤੌਰ 'ਤੇ ਕਿਹਾ, ਨਸ਼ਾ ਵੇਚਣ ਵਾਲਿਆਂ, ਸਪਲਾਈ ਕਰਨ ਵਾਲਿਆਂ ਅਤੇ ਤਸਕਰਾਂ ਨੂੰ ਇਹ ਸਮਝ ਲੈਣਾ ਚਾਹੀਦਾ ਹੈ ਕਿ ਪੰਜਾਬ ਵਿੱਚ ਉਨ੍ਹਾਂ ਲਈ ਕੋਈ ਥਾਂ ਨਹੀਂ ਹੈ ਅਤੇ ਪੰਜਾਬ ਸਰਕਾਰ ਉਨ੍ਹਾਂ ਵਿਰੁੱਧ ਸਖ਼ਤ ਕਾਰਵਾਈ ਕਰੇਗੀ। ਮੁੱਖ ਮੰਤਰੀ ਨੇ ਸਿਵਲ ਅਤੇ ਪੁਲਿਸ ਪ੍ਰਸ਼ਾਸਨ ਨੂੰ ਪਿੰਡ ਸੁਰੱਖਿਆ ਕਮੇਟੀਆਂ (ਵੀ.ਡੀ.ਸੀ.) ਦੀ ਫੀਡਬੈਕ ਪ੍ਰਣਾਲੀ ਨੂੰ ਹੋਰ ਮਜ਼ਬੂਤ ਕਰਨ ਅਤੇ ਹੇਠਲੇ ਪੱਧਰ ਤੋਂ ਮਿਲੀ ਜਾਣਕਾਰੀ 'ਤੇ ਤੁਰੰਤ ਕਾਰਵਾਈ ਯਕੀਨੀ ਬਣਾਉਣ ਲਈ ਕਿਹਾ।

ਮੁੱਖ ਮੰਤਰੀ ਨੇ ਕਿਹਾ ਕਿ ਨਸ਼ਿਆਂ ਨਾਲ ਸਬੰਧਤ ਗਤੀਵਿਧੀਆਂ ਦੀ ਰਿਪੋਰਟਿੰਗ ਕਰਨ ਦੀ ਸਮੁੱਚੀ ਪ੍ਰਣਾਲੀ ਨੂੰ ਹੋਰ ਸਰਲ ਅਤੇ ਸੁਖਾਲਾ ਬਣਾਇਆ ਜਾਣਾ ਚਾਹੀਦਾ ਹੈ ਤਾਂ ਜੋ ਬਿਨਾਂ ਕਿਸੇ ਝਿਜਕ ਦੇ ਅਸਲ ਸ਼ਿਕਾਇਤਾਂ ਦਰਜ ਕੀਤੀਆਂ ਜਾ ਸਕਣ ਅਤੇ ਨਸ਼ਾ ਤਸਕਰਾਂ ਵਿਰੁੱਧ ਤੁਰੰਤ ਕਾਰਵਾਈ ਕੀਤੀ ਜਾ ਸਕੇ। ਇਸ ਦੇ ਨਾਲ ਹੀ ਉਨ੍ਹਾਂ ਨੇ ਵੀ.ਡੀ.ਸੀ. ਦੇ ਜ਼ਿੰਮੇਵਾਰਾਨਾ ਕੰਮਕਾਜ ਦੀ ਲੋੜ 'ਤੇ ਜ਼ੋਰ ਦਿੰਦਿਆਂ ਮੈਂਬਰਾਂ ਨੂੰ ਆਪਣੀ ਜ਼ਿੰਮੇਵਾਰੀ ਨਿਭਾਉਂਦੇ ਸਮੇਂ ਯੋਗ ਰਵੱਈਆ ਅਪਣਾਉਣ ਦੇ ਨਿਰਦੇਸ਼ ਦਿੱਤੇ।

# ਕੁਰੂਕਸ਼ੇਤਰ ਦੀ ਫਲਾਵਰ ਸਿਟੀ ਵਿਵਾਦਾਂ ਵਿੱਚ ਘਿਰੀ



**ਕੁਰੂਕਸ਼ੇਤਰ, 20 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਕੁਰੂਕਸ਼ੇਤਰ ਵਿੱਚ ਬਣੀ ਫਲਾਵਰ ਸਿਟੀ ਇੱਕ ਵਾਰ ਫਿਰ ਵਿਵਾਦਾਂ ਵਿੱਚ ਘਿਰ ਗਈ ਹੈ। ਛੇ ਮਹੀਨਿਆਂ ਤੋਂ ਚਰਚਾ ਵਿੱਚ ਚੱਲ ਰਹੇ ਡੀ ਬਲਾਕ ਦੇ ਦਰਜਨਾਂ ਰਿਹਾਇਸ਼ੀ ਪਲਾਟ ਮਾਲਕਾਂ ਨੂੰ ਪੂਰੀ ਜ਼ਮੀਨ ਨਾ ਦੇਣ ਦਾ ਮਾਮਲਾ ਹੁਣ ਮੁੱਖ ਮੰਤਰੀ ਦਰਬਾਰ ਤੱਕ ਪਹੁੰਚ ਗਿਆ ਹੈ। ਪਲਾਟ ਮਾਲਕਾਂ ਨੇ ਫਲਾਵਰ ਸਿਟੀ ਪ੍ਰਬੰਧਨ 'ਤੇ ਮਾਮਲਾ ਲਟਕਾਉਣ ਦੇ ਦੋਸ਼ ਲਾਏ ਹਨ। ਅੱਜ ਪਲਾਟ ਮਾਲਕਾਂ ਜ਼ਿਲ੍ਹੇ ਸਿੰਘ ਸਭਰਵਾਲ, ਬਲਵੰਤ ਸੈਣੀ, ਉਮੰਗ ਕਟਾਰੀਆ, ਪੁਸ਼ਕਰ, ਜਸਮੇਰ ਸਿੰਘ, ਦੀਪਕ, ਗੁਲਜ਼ਾਰ, ਓਮ ਪ੍ਰਕਾਸ਼, ਸੰਜੀਵ ਚੌਹਾਨ, ਜਗਮਾਲ ਸਿੰਘ ਚੰਦੇਲ ਅਤੇ ਰਾਜਿੰਦਰ ਕੰਬੋਜ ਆਦਿ ਨੇ ਫਲਾਵਰ ਸਿਟੀ ਦਫ਼ਤਰ ਵਿੱਚ ਜ਼ੋਰਦਾਰ ਪ੍ਰਦਰਸ਼ਨ ਕੀਤਾ ਅਤੇ ਪ੍ਰਬੰਧਨ ਖ਼ਿਲਾਫ਼ ਨਾਅਰੇਬਾਜ਼ੀ ਕੀਤੀ। ਇਸ ਤੋਂ ਬਾਅਦ ਉਨ੍ਹਾਂ ਨੇ ਮੁੱਖ ਮੰਤਰੀ ਦੇ ਸਥਾਨਕ ਦਫ਼ਤਰ ਦੇ ਇੰਚਾਰਜ ਕੈਲਾਸ਼ ਸੈਣੀ ਨਾਲ ਮੁਲਾਕਾਤ ਕਰ ਕੇ ਉਨ੍ਹਾਂ ਨੂੰ ਆਪਣਾ ਮੰਗ ਪੱਤਰ ਸੌਂਪਿਆ। ਮੰਗ ਪੱਤਰ ਵਿੱਚ ਪਲਾਟ ਧਾਰਕਾਂ ਨੇ ਕਿਹਾ ਕਿ ਲਾਡਵਾ ਵਿਧਾਨ ਸਭਾ ਹਲਕੇ ਦੀ ਉਮਰੀ ਗ੍ਰਾਮ ਪੰਚਾਇਤ ਅਧੀਨ ਨੈਸ਼ਨਲ ਹਾਈਵੇ ਸੈਕਟਰ-32 ਵਿੱਚ ਬਣੀ ਫਲਾਵਰ ਸਿਟੀ ਦਾ ਮਾਮਲਾ ਹਰਿਆਣਾ ਸਰਕਾਰ ਦੇ ਰੇਰਾ ਨਿਯਮਾਂ ਅਨੁਸਾਰ ਹੈ। ਉਨ੍ਹਾਂ ਨੇ ਮੁੱਖ ਮੰਤਰੀ ਅਤੇ ਸਥਾਨਕ ਵਿਧਾਇਕ ਨਾਇਬ ਸਿੰਘ ਸੈਣੀ ਤੋਂ ਇਸ ਮਾਮਲੇ ਵਿੱਚ ਦਖ਼ਲ ਦੇਣ ਦੀ ਮੰਗ ਕੀਤੀ।

ਪਲਾਟ ਧਾਰਕਾਂ ਨੇ ਕੈਲਾਸ਼ ਸੈਣੀ ਨੂੰ ਦੱਸਿਆ ਕਿ ਫਲਾਵਰ ਸਿਟੀ ਵਿੱਚ ਛੇ ਮਹੀਨਿਆਂ ਤੋਂ ਡੀ ਬਲਾਕ ਵਿੱਚ ਪਲਾਟਾਂ ਦੀ ਜ਼ਮੀਨ ਲਗਭਗ 10 ਤੋਂ 20 ਫ਼ੀਸਦੀ ਘੱਟ ਦਿੱਤੀ ਜਾ ਰਹੀ ਹੈ। ਪਲਾਟ ਧਾਰਕਾਂ ਨੇ ਦੋਸ਼ ਲਗਾਇਆ ਕਿ ਫਲਾਵਰ ਸਿਟੀ ਦੇ ਨਕਸ਼ੇ ਵਿੱਚ ਵੱਡਾ ਪਲਾਟ ਦਿਖਾ ਕੇ ਪੈਸੇ ਲੈਣ ਤੋਂ ਬਾਅਦ ਘੱਟ ਜ਼ਮੀਨ ਵਾਲਾ ਪਲਾਟ ਦੇਣ ਦਾ ਮਾਮਲਾ ਬਣਦਾ ਹੈ। ਪੁਸ਼ਕਰ ਨੇ ਦੱਸਿਆ ਕਿ ਕਈ ਪਲਾਟ ਧਾਰਕਾਂ, ਜਿਨ੍ਹਾਂ ਵਿੱਚ ਸਰਕਾਰੀ ਅਤੇ ਗੈਰ-ਸਰਕਾਰੀ ਕਰਮਚਾਰੀ ਵੀ ਸ਼ਾਮਲ ਹਨ, ਨੇ ਪੂਰੇ ਪਲਾਟ ਦੀ ਜ਼ਮੀਨ ਦੇ ਆਧਾਰ 'ਤੇ ਪਲਾਟ ਖਰੀਦਣ ਅਤੇ ਮਕਾਨ ਬਣਾਉਣ ਲਈ ਸਰਕਾਰੀ ਤੇ ਗੈਰ-ਸਰਕਾਰੀ ਬੈਂਕਾਂ ਤੋਂ ਕਰਜ਼ਾ ਲਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਹੁਣ ਫਲਾਵਰ ਸਿਟੀ ਪ੍ਰਬੰਧਨ ਵੱਲੋਂ ਘੱਟ ਜ਼ਮੀਨ ਦਾ ਮਾਲਕੀ ਹੱਕ ਦੇਣਾ ਪਲਾਟ ਧਾਰਕਾਂ ਅਤੇ ਬੈਂਕਾਂ ਵਿਚਕਾਰ ਵੀ ਗੰਭੀਰ ਵਿਵਾਦ ਪੈਦਾ ਕਰ ਸਕਦਾ ਹੈ। ਲੋਕਾਂ ਨੇ ਮੰਗ ਕੀਤੀ ਕਿਪੁਸ਼ਕਰ, ਜਸਮੇਰ ਸਿੰਘ, ਦੀਪਕ, ਗੁਲਜ਼ਾਰ, ਓਮ ਪ੍ਰਕਾਸ਼, ਸੰਜੀਵ ਚੌਹਾਨ, ਜਗਮਾਲ ਸਿੰਘ ਚੰਦੇਲ ਅਤੇ ਰਾਜਿੰਦਰ ਕੰਬੋਜ ਆਦਿ ਨੇ ਫਲਾਵਰ ਸਿਟੀ ਦਫ਼ਤਰ ਵਿੱਚ ਜ਼ੋਰਦਾਰ ਪ੍ਰਦਰਸ਼ਨ ਕੀਤਾ ਅਤੇ ਪ੍ਰਬੰਧਨ ਖ਼ਿਲਾਫ਼ ਨਾਅਰੇਬਾਜ਼ੀ ਕੀਤੀ। ਇਸ ਤੋਂ ਬਾਅਦ ਉਨ੍ਹਾਂ ਨੇ ਮੁੱਖ ਮੰਤਰੀ ਦੇ ਸਥਾਨਕ ਦਫ਼ਤਰ ਮਾਮਲਾ ਦਰਜ ਕਰ ਕੇ ਉੱਚ ਪੱਧਰੀ ਜਾਂਚ ਕਰਵਾਈ ਜਾਵੇ।

# ਹੁਣ ਕੱਪੜੇ ਵੀ ਹੋਣਗੇ ਮਹਿੰਗੇ? ਟੈਕਸਟਾਈਲ ਇੰਡਸਟਰੀ ਨੇ ਕਪਾਹ ਨੂੰ ਲੈ ਕੇ ਸਰਕਾਰ ਤੋਂ ਮੰਗੀ ਮਦਦ !

ਕੌਮੀ ਪਤ੍ਰਿਕਾ

ਨਵੀਂ ਦਿੱਲੀ 20 ਸਤੰਬਰ। ਟੈਕਸਟਾਈਲ ਇੰਡਸਟਰੀ ਦੀ ਮੰਗ 'ਤੇ ਕੇਂਦਰ ਸਰਕਾਰ ਨੇ ਜੂਨ ਤੋਂ 31 ਅਕਤੂਬਰ ਤੱਕ ਲਈ ਕਪਾਹ (ਕਪਾਹ/ਕਪਾਸ) ਦੇ ਡਿਊਟੀ-ਫ?ਰੀ ਇੰਪੋਰਟ (ਮੁਫ਼ਤ ਦਰਾਮਦ) ਦੀ ਇਜਾਜ਼ਤ ਦਿੱਤੀ ਸੀ। ਇਸ ਦਾ ਉਦੇਸ਼ ਕੱਪੜਾ ਉਦਯੋਗ ਅਤੇ ਇਸ ਨਾਲ ਜੁੜੇ ਲੋਕਾਂ ਨੂੰ ਰਾਹਤ ਦੇਣ, ਕਪਾਹ ਦੀ ਉਪਲਬਧਤਾ ਵਧਾਉਣ ਅਤੇ ਘਰੇਲੂ ਕੀਮਤਾਂ ਨੂੰ ਕੰਟਰੋਲ 'ਚ ਰੱਖਣ ਲਈ ਕਪਾਹ ਦੇ ਦਰਾਮਦ 'ਤੇ ਲੱਗਣ ਵਾਲੀ ਚੁੰਗੀ/ਡਿਊਟੀ ਨੂੰ ਹਟਾਉਣਾ ਸੀ। ਹੁਣ ਇੰਡਸਟਰੀ ਨੇ ਇਸ ਛੋਟ ਨੂੰ ਅਗਲੇ 6 ਮਹੀਨਿਆਂ ਲਈ ਹੋਰ ਵਧਾਏ ਜਾਣ ਦੀ ਮੰਗ ਕੀਤੀ ਹੈ। ਮੀਡੀਆ ਰਿਪੋਰਟਾਂ ਮੁਤਾਬਕ ਸਾਲ 2026 'ਚ ਕਪਾਹ ਦੀਆਂ ਕੀਮਤਾਂ 'ਚ ਕਰੀਬ 20% ਦਾ ਵਾਧਾ ਹੋਇਆ ਹੈ, ਜਦੋਂ ਕਿ ਸੂਤੀ ਧਾਗੇ ਦੀਆਂ ਕੀਮਤਾਂ 'ਚ ਇਸ ਤੋਂ ਵੀ ਜ਼ਿਆਦਾ ਵਾਧਾ ਹੋਇਆ ਹੈ। ਹਾਲਾਂਕਿ, ਕਪਾਹ ਉਤਪਾਦਕ ਕਿਸਾਨਾਂ ਨੂੰ ਚਿੰਤਾ ਹੈ ਕਿ ਜੇਕਰ ਡਿਊਟੀ-ਫ?ਰੀ ਦਰਾਮਦ ਦੀ ਮਿਆਦ ਵਧਾਈ ਗਈ ਤਾਂ ਅਕਤੂਬਰ 'ਚ ਕਪਾਹ ਦੀ ਨਵੀਂ ਫ਼ਸਲ ਆਉਣ ਦੌਰਾਨ ਘਰੇਲੂ ਬਾਜ਼ਾਰ 'ਚ ਕੀਮਤਾਂ 'ਤੇ ਦਬਾਅ ਪੈ ਸਕਦਾ ਹੈ। ਭਾਰਤ ਤੋਂ ਨਿਟਡ ਕੱਪੜਿਆਂ ਦੇ ਪ੍ਰਮੁੱਖ ਬਰਾਮਦ ਕੇਂਦਰ ਤਿਰੁਪੁਰ ਦੀ ਨੁਮਾਇੰਦਗੀ ਕਰਨ ਵਾਲੇ 'ਤਿਰੂਪੁਰ ਐਕਸਪੋਰਟਰਜ਼



ਐਸੋਸੀਏਸ਼ਨ' ਦੇ ਪ੍ਰਧਾਨ ਕੇ.ਐੱਮ. ਸੁਬਰਾਮਣੀਅਨ ਨੇ ਮੀਡੀਆ ਨੂੰ ਦੱਸਿਆ, ਅਸੀਂ ਕੇਂਦਰ ਸਰਕਾਰ ਤੋਂ ਕੱਚੀ ਕਪਾਹ ਦੇ ਡਿਊਟੀ-ਫ?ਰੀ ਦਰਾਮਦ ਦੀ ਮਿਆਦ ਛੇ ਮਹੀਨੇ ਵਧਾਉਣ ਦੀ ਬੇਨਤੀ ਕੀਤੀ ਹੈ, ਕਿਉਂਕਿ ਸਾਲ 2026 'ਚ ਸੂਤੀ ਧਾਗੇ ਦੀਆਂ ਕੀਮਤਾਂ 'ਚ 60% ਦਾ ਵਾਧਾ ਹੋਇਆ ਹੈ। ਇਸ ਨਾਲ ਕੱਪੜਾ ਨਿਰਯਾਤਕਾਂ ਦੀਆਂ ਚੁਣੌਤੀਆਂ ਹੋਰ ਵਧ ਗਈਆਂ ਹਨ। ਪਿਛਲੇ ਛੇ ਮਹੀਨਿਆਂ 'ਚ ਕਪਾਹ ਦੀਆਂ ਕੀਮਤਾਂ 'ਚ ਲਗਪਗ 24% ਦਾ ਵਾਧਾ ਹੋਇਆ ਹੈ। ਇਸ ਦੀ ਇੱਕ ਵੱਡੀ ਵਜ?ਹਾ ਘਰੇਲੂ ਉਤਪਾਦਨ 'ਚ ਗਿਰਾਵਟ ਹੈ। ਸਾਲ 2025-26 'ਚ ਭਾਰਤ ਦਾ ਕਪਾਹ ਉਤਪਾਦਨ 2.35% ਘੱਟ ਕੇ 170 ਕਿਲੋਗ੍ਰਾਮ ਦੀਆਂ 290 ਲੱਖ ਗੰਢਾਂ ਰਹਿ ਗਿਆ। ਦੇਸ਼ 'ਚ ਕਪਾਹ ਦਾ ਉਤਪਾਦਨ ਪਿਛਲੇ ਛੇ ਸਾਲਾਂ ਤੋਂ ਲਗਾਤਾਰ ਘੱਟ ਰਿਹਾ ਹੈ ਅਤੇ ਸਾਲ 2021-22 ਦੀ ਤੁਲਨਾ 'ਚ ਇਸ 'ਚ 17% ਤੋਂ ਵੱਧ ਦੀ ਕਮੀ ਆ ਚੁੱਕੀ ਹੈ। ਭਾਰਤੀ ਕੱਪੜਾ ਉਦਯੋਗ ਨੂੰ ਮੁਕਾਬਲੇਬਾਜ਼ ਦਰਾਂ 'ਚ ਕੱਚਾ ਮਾਲ ਉਪਲਬਧ ਕਰਵਾਉਣ ਦੇ ਉਦੇਸ਼ ਨਾਲ ਸਰਕਾਰ ਨੇ ਜੂਨ ਤੋਂ 31 ਅਕਤੂਬਰ ਤੱਕ ਕੱਚੀ ਕਪਾਹ 'ਤੇ ਲੱਗਣ ਵਾਲੀ 11% ਦਰਾਮਦ ਡਿਊਟੀ ਨੂੰ ਮਾਫ਼ ਕਰ ਦਿੱਤਾ ਸੀ। ਸੁਬਰਾਮਣੀਅਨ ਨੇ ਕਿਹਾ, ਕੱਪੜਿਆਂ ਦੀ ਕੱਚੇ ਮਾਲ ਦੀ ਲਾਗਤ 'ਚ ਸੂਤੀ ਧਾਗੇ ਦੀ ਹਿੱਸੇਦਾਰੀ ਲਗਪਗ 60% ਹੁੰਦੀ ਹੈ। ਕੀਮਤਾਂ 'ਚ ਵਾਧੇ ਦੇ ਨਾਲ-ਨਾਲ ਸਾਨੂੰ ਧਾਗੇ ਦੀ ਘਾਟ ਦਾ ਵੀ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਅੱਗੇ ਕਿਹਾ ਕਿ ਅਕਤੂਬਰ ਤੋਂ ਸ਼ੁਰੂ ਹੋਣ ਵਾਲੇ ਨਵੇਂ ਕਪਾਹ ਮਾਰਕੀਟਿੰਗ ਸਾਲ 'ਚ ਉਤਪਾਦਨ ਨੂੰ ਲੈ ਕੇ ਵੀ ਚਿੰਤਾਵਾਂ ਬਣੀਆਂ ਹੋਈਆਂ ਹਨ। ਖੰਡੇਸ਼ ਜਿਨਿੰਗ ਐਂਡ ਪ੍ਰੈਸਿੰਗ ਐਸੋਸੀਏਸ਼ਨ ਦੇ ਪ੍ਰਧਾਨ ਪ੍ਰਦੀਪ ਜੈਨ ਨੇ ਕਿਹਾ ਕਿ ਵਿਦਰਭ, ਮਰਾਠਵਾੜਾ, ਤੇਲੰਗਾਨਾ ਅਤੇ ਗੁਜਰਾਤ ਦੇ ਕੁਝ ਹਿੱਸਿਆਂ ਵਰਗੇ ਪ੍ਰਮੁੱਖ ਕਪਾਹ ਉਤਪਾਦਕ ਖੇਤਰਾਂ 'ਚ ਬਾਰਿਸ਼ ਦੀ ਸਥਿਤੀ ਚੰਗੀ ਨਹੀਂ ਹੈ। ਖਾਦ, ਬੀਜ ਅਤੇ ਹੋਰ ਖੇਤੀ ਲਾਗਤਾਂ 'ਚ ਵਾਧੇ ਦੇ ਵਿਚਕਾਰ ਕਿਸਾਨ ਇਸ ਗੱਲ ਨੂੰ ਲੈ ਕੇ ਚਿੰਤਤ ਹਨ ਕਿ ਜੇਕਰ ਫ਼ਸਲ ਦੀ ਵਾਢੀ ਅਤੇ ਬਾਜ਼ਾਰ 'ਚ ਨਵੀਂ ਆਮਦ ਦੌਰਾਨ ਡਿਊਟੀ-ਫ?ਰੀ ਦਰਾਮਦ ਜਾਰੀ ਰਿਹਾ ਤਾਂ ਘਰੇਲੂ ਕੀਮਤਾਂ 'ਤੇ ਦਬਾਅ ਪੈ ਸਕਦਾ ਹੈ। ਹਾਲਾਂਕਿ, ਪ੍ਰਦੀਪ ਜੈਨ ਦਾ ਮੰਨਣਾ ਹੈ ਕਿ ਮੌਜੂਦਾ ਗਲੋਬਲ ਕੀਮਤਾਂ ਨੂੰ ਦੇਖਦੇ ਹੋਏ ਇੰਪੋਰਟਿਡ (ਦਰਾਮਦ ਕੀਤੀ) ਕਪਾਹ ਘਰੇਲੂ ਕਪਾਹ ਦੀ ਤੁਲਨਾ 'ਚ ਬਹੁਤ ਸਸਤੀ ਨਹੀਂ ਹੋਵੇਗੀ। ਉਨ੍ਹਾਂ ਕਿਹਾ, ਮੌਜੂਦਾ ਅੰਤਰਰਾਸ਼ਟਰੀ ਕਪਾਹ ਕੀਮਤਾਂ ਨੂੰ ਦੇਖਦਿਆਂ ਦਰਾਮਦ ਕੀਤੀ ਕਪਾਹ ਦੇ ਘਰੇਲੂ ਕਪਾਹ ਤੋਂ ਬਹੁਤ ਸਸਤੀ ਹੋਣ ਦੀ ਸੰਭਾਵਨਾ ਨਹੀਂ ਹੈ। ਘਰੇਲੂ ਕਪਾਹ ਦੀਆਂ ਕੀਮਤਾਂ ਮੌਜੂਦਾ ?9,000 ਪ੍ਰਤੀ ਕੁਇੰਟਲ ਦੇ ਪੱਧਰ ਤੋਂ ਹੇਠਾਂ ਜਾਣ ਦੀ ਸੰਭਾਵਨਾ ਘੱਟ ਹੈ। ਇਸ ਨਾਲ ਉਦਯੋਗ ਲਈ ਕਪਾਹ ਦੀ ਉਪਲਬਧਤਾ ਵਧਾਉਣ 'ਚ ਮਦਦ ਮਿਲੇਗੀ। ਭਾਰਤੀ ਕੱਪੜਾ ਅਤੇ ਗਾਰਮੈਂਟ ਨਿਰਯਾਤਕ ਬ੍ਰਿਟੇਨ ਨਾਲ ਹੋਏ ਮੁਫ਼ਤ ਵਪਾਰ ਸਮਝੌਤੇ ਦਾ ਲਾਹਾ ਲੈਣ ਅਤੇ ਨਵੇਂ ਨਿਰਯਾਤ ਬਾਜ਼ਾਰਾਂ 'ਚ ਆਪਣੀ ਹਿੱਸੇਦਾਰੀ ਵਧਾਉਣ ਦੀ ਕੋਸ਼ਿਸ਼ ਕਰ ਰਹੇ ਹਨ। ਉੱਥੇ ਹੀ, ਅਮਰੀਕਾ ਨਾਲ ਟੈਰਿਫ ਵਾਰ ਕਾਰਨ ਭਾਰਤੀ ਨਿਰਯਾਤ 'ਤੇ ਪਏ ਪ੍ਰਭਾਵ ਤੋਂ ਬਾਅਦ ਟੈਕਸਟਾਈਲ ਇੰਡਸਟਰੀ ਨਵੇਂ ਮੌਕਿਆਂ ਦੀ ਭਾਲ 'ਚ ਜੁਟੀ ਹੈ।

# ਪਿਆਜ਼ ਤੋਂ ਬਾਅਦ ਹੁਣ ਦੁੱਗਣੇ ਹੋਏ ਲਸਣ ਦੇ ਭਾਅ, ਅਦਰਕ ਨੇ ਵੀ ਲਾਈ ਦੌੜ !

ਨਵੀਂ ਦਿੱਲੀ 20 ਸਤੰਬਰ। ਦੇਸ਼ ਦੇ ਕਈ ਰਾਜਾਂ ਵਿੱਚ ਜ਼ਰੂਰੀ ਖਾਣ-ਪੀਣ ਦੀਆਂ ਵਸਤੂਆਂ ਦੀਆਂ ਕੀਮਤਾਂ ਤੇਜ਼ੀ ਨਾਲ ਵਧ ਰਹੀਆਂ ਹਨ। ਇਨ੍ਹੀਂ ਦਿਨੀਂ ਚੀਨੀ (ਖੰਡ), ਟਮਾਟਰ ਅਤੇ ਪਿਆਜ਼ ਵਰਗੀਆਂ ਰੋਜ਼ਾਨਾ ਵਰਤੋਂ ਵਿੱਚ ਆਉਣ ਵਾਲੀਆਂ ਚੀਜ਼ਾਂ ਦੇ ਭਾਅ ਉੱਚੇ ਬਣੇ ਹੋਏ ਹਨ। ਪਿਆਜ਼ ਦੀਆਂ ਕੀਮਤਾਂ 'ਚ ਵੱਡੇ ਉਛਾਲ ਦੇ ਵਿਚਕਾਰ ਲਸਣ ਦੇ ਭਾਅ ਵੀ ਵਧਣ ਲੱਗੇ ਹਨ। ਪਿਛਲੇ ਕੁਝ ਹਫ਼ਤਿਆਂ ਵਿੱਚ ਹੀ ਲਸਣ ਦੇ ਮੰਡੀ ਭਾਅ ਲਗਪਗ ਦੁੱਗਣੇ ਹੋ ਗਏ ਹਨ, ਜਿਸ ਨਾਲ ਆਮ ਉਪਭੋਗਤਾ (ਗ੍ਰਾਹਕ) 'ਤੇ ਇੱਕ ਹੋਰ ਜ਼ਰੂਰੀ ਵਸਤੂ ਦੀਆਂ ਕੀਮਤਾਂ ਦਾ ਦਬਾਅ ਵਧੇਗਾ। ਹਰ ਘਰ ਦੀ ਰਸੋਈ ਵਿੱਚ ਲਗਭਗ ਹਰ ਰੋਜ਼ ਵਰਤੇ ਜਾਣ ਵਾਲੇ ਅਦਰਕ ਅਤੇ ਲਸਣ ਦੀਆਂ ਕੀਮਤਾਂ ਵਿੱਚ ਤੇਜ਼ੀ ਨਾਲ ਵਾਧਾ ਹੋਇਆ ਹੈ। ਮੀਡੀਆ ਰਿਪੋਰਟਾਂ ਮੁਤਾਬਕ ਇਨ੍ਹਾਂ ਦੋਵਾਂ ਦੀਆਂ ਕੀਮਤਾਂ ਪਿਛਲੇ ਕੁਝ ਹਫ਼ਤਿਆਂ ਵਿੱਚ ਦੁੱਗਣੀਆਂ ਹੋ ਕੇ ?200 ਪ੍ਰਤੀ ਕਿੱਲੋ ਤੋਂ ਵਧ ਕੇ ?400 ਪ੍ਰਤੀ ਕਿੱਲੋ ਤੱਕ ਹੋ ਗਈਆਂ ਹਨ। ਅਦਰਕ ਦੀ ਕੀਮਤ ਹੁਣ ਔਸਤਨ ?300 ਪ੍ਰਤੀ ਕਿੱਲੋ ਹੈ, ਜਦਕਿ ਅਗਸਤ ਵਿੱਚ ਇਹ ?150 ਪ੍ਰਤੀ ਕਿੱਲੋ ਦੇ ਆਸ-ਪਾਸ ਵਿਕ ਰਿਹਾ ਸੀ। ਕੁਝ ਦਿਨ ਪਹਿਲਾਂ ?150 ਤੋਂ ?170 ਪ੍ਰਤੀ ਕਿੱਲੋ ਵਿਕਣ ਵਾਲੇ ਲਸਣ ਦੀ ਕੀਮਤ ਅਚਾਨਕ 350 ਪ੍ਰਤੀ ਕਿੱਲੋ ਦੇ ਆਸ-ਪਾਸ ਪਹੁੰਚ ਗਈ ਹੈ। ਹੁਣ ਸਭ ਤੋਂ ਵੱਡਾ ਸਵਾਲ ਇਹ ਹੈ ਕਿ



ਆਖ਼ਰ ਇਸ ਦੇ ਭਾਅ ਇੰਨੇ ਹਾਈ (ਉੱਚੇ) ਕਿਵੇਂ ਹੋ ਗਏ? ਮੀਡੀਆ ਰਿਪੋਰਟਾਂ ਅਨੁਸਾਰ ਕਈ ਮੁੱਖ ਇਲਾਕਿਆਂ ਵਿੱਚ ਬਾਰਿਸ਼ ਹੋਣ ਕਾਰਨ ਮੰਡੀਆਂ ਵਿੱਚ ਲਸਣ ਦੀ ਆਮਦ ਘੱਟ ਹੋਣ ਨਾਲ ਇਸ ਦੀ ਕੀਮਤ ਵਧੀ ਹੈ। ਇਸ ਤੋਂ ਇਲਾਵਾ ਬਾਰਿਸ਼ ਦੇ ਚੱਲਦਿਆਂ ਕਈ ਮੰਡੀਆਂ ਵਿੱਚ ਪਹੁੰਚਣ ਤੋਂ ਪਹਿਲਾਂ ਹੀ ਇਸ ਦੀ ਗੁਣਵੱਤਾ (ਕੁਆਲਿਟੀ) ਖ਼ਰਾਬ ਹੋ ਰਹੀ ਹੈ, ਜਿਸ ਨਾਲ ਦੁਕਾਨਦਾਰਾਂ ਦੀ ਲਾਗਤ 'ਤੇ ਬੁਰਾ ਅਸਰ ਪੈ ਰਿਹਾ ਹੈ। ਇਸ ਲਈ ਵੀ ਕੀਮਤਾਂ ਵਧੀਆਂ ਹਨ। ਇਹੋ ਹਾਲ ਅਦਰਕ ਦਾ ਵੀ ਹੈ। ਹਾਲ ਹੀ ਵਿੱਚ ਸਭ ਤੋਂ ਤੇਜ਼ ਵਾਧਾ ਪਿਆਜ਼ ਦੀਆਂ ਕੀਮਤਾਂ ਵਿੱਚ ਦੇਖਣ ਨੂੰ ਮਿਲਿਆ ਸੀ। ਕਈ ਫ਼ੁਟਕਲ (ਚਿਲਡਰਨ) ਬਾਜ਼ਾਰਾਂ ਵਿੱਚ ਇਹ ਅਜੇ ਵੀ ?70 ਪ੍ਰਤੀ ਕਿੱਲੋ ਤੋਂ ਵੱਧ ਵਿਕ ਰਿਹਾ ਹੈ। ਇਸ ਤੋਂ ਇਲਾਵਾ ਟਮਾਟਰ ਦੀ ਗੱਲ ਕਰੀਏ ਤਾਂ ਔਸਤਨ ?40 ਪ੍ਰਤੀ ਕਿੱਲੋ ਮਿਲ ਰਿਹਾ ਹੈ। ਹਾਲਾਂਕਿ ਸਰਕਾਰ ਲਗਾਤਾਰ ਕੀਮਤਾਂ ਨੂੰ ਕੰਟਰੋਲ ਕਰਨ ਦਾ ਯਤਨ ਕਰ ਰਹੀ ਹੈ, ਹੁਣ ਨਵੀਂ ਖਰੀਫ਼ ਫ਼ਸਲ ਦੀ ਆਮਦ ਤੋਂ ਬਾਅਦ ਪਿਆਜ਼ ਦੀਆਂ ਕੀਮਤਾਂ ਵਿੱਚ ਕਮੀ ਦਿਸਣ ਦੀ ਸੰਭਾਵਨਾ ਜਤਾਈ ਜਾ ਰਹੀ ਹੈ। ਅਕਤੂਬਰ ਮਹੀਨੇ ਤੋਂ ਖਰੀਫ਼ ਪਿਆਜ਼ ਦੀ ਪੁਟਾਈ (ਵਾਢੀ) ਦਾ ਸਮਾਂ ਸ਼ੁਰੂ ਹੋ ਜਾਂਦਾ ਹੈ।

# ਰਾਜਸਥਾਨ ਤੋਂ ਚੰਡੀਗੜ੍ਹ ਲਿਆਂਦੇ 500 ਰੁਪਏ ਦੇ ਨਕਲੀ ਨੋਟ, ਪਤੀ-ਪਤਨੀ ਸਮੇਤ 4 ਗ੍ਰਿਫ਼ਤਾਰ

ਚੰਡੀਗੜ੍ਹ 20 ਸਤੰਬਰ। ਚੰਡੀਗੜ੍ਹ ਇੰਟੈਲੀਜੈਂਸ ਬਿਊਰੋ (92) ਦੀ ਜਾਣਕਾਰੀ 'ਤੇ ਕਾਰਵਾਈ ਕਰਦਿਆਂ ਕ੍ਰਾਈਮ ਬ੍ਰਾਂਚ ਨੇ 220 ਸਤੰਬਰ ਨੂੰ ਦੋ ਨੌਜਵਾਨਾਂ ਨੂੰ ਗ੍ਰਿਫ਼ਤਾਰ ਕੀਤਾ। ਇਹ ਦੋਸ਼ੀ ਰਾਜਸਥਾਨ ਦੇ ਝਾਲਾਵਾੜ ਤੋਂ ਚੰਡੀਗੜ੍ਹ ਕੋਰੀਅਰ ਰਾਹੀਂ 500 ਰੁਪਏ ਦੇ ਨਕਲੀ ਨੋਟ ਭੇਜ ਰਹੇ ਸਨ। ਇਨ੍ਹਾਂ ਤੋਂ ਲਗਭਗ 10.19 ਲੱਖ ਰੁਪਏ ਦੀ ਨਕਲੀ ਕਰੰਸੀ ਬਰਾਮਦ ਕੀਤੀ ਗਈ। ਜਾਂਚ ਦੌਰਾਨ ਮਿਲੀ ਜਾਣਕਾਰੀ ਦੇ ਆਧਾਰ 'ਤੇ, ਕ੍ਰਾਈਮ ਬ੍ਰਾਂਚ ਨੇ ਝਾਲਾਵਾੜ ਵਿੱਚ ਕਿਰਾਏ 'ਤੇ ਰਹਿਣ ਵਾਲੇ ਇੱਕ ਪਤੀ-ਪਤਨੀ ਨੂੰ ਵੀ ਗ੍ਰਿਫ਼ਤਾਰ ਕੀਤਾ, ਜੋ ਚੰਡੀਗੜ੍ਹ ਨੂੰ ਨਕਲੀ ਨੋਟਾਂ ਦੀ ਕੋਰੀਅਰਿੰਗ ਕਰ ਰਹੇ ਸਨ। ਜੋੜੇ ਤੋਂ 12.20 ਲੱਖ ਰੁਪਏ ਦੀ ਨਕਲੀ ਕਰੰਸੀ ਬਰਾਮਦ ਕੀਤੀ ਗਈ। ਇਸ ਤੋਂ ਇਲਾਵਾ ਮੁਲਜ਼ਮਾਂ ਕੋਲੋਂ ਇਕ ਲੈਪਟਾਪ, ਕਲਰ ਪ੍ਰਿੰਟਰ, ਕਟਰ, ਕਾਗਜ਼, ਸਿਆਹੀ ਅਤੇ ਵੱਡੀ ਗਿਣਤੀ ਵਿੱਚ ਸਕ੍ਰੀਨ ਫਰੇਮ ਈਮੇਜ ਵੀ ਬਰਾਮਦ ਕੀਤੀਆਂ ਗਈਆਂ ਹਨ। ਚਾਰਾਂ ਨੂੰ ਪੁਲਸ ਰਿਮਾਂਡ 'ਤੇ ਪੁੱਛਗਿੱਛ ਕੀਤੀ ਜਾ ਰਹੀ ਹੈ। ਆਈਬੀ ਤੋਂ ਮਿਲੀ ਜਾਣਕਾਰੀ 'ਤੇ ਕਾਰਵਾਈ ਕਰਦਿਆਂ, ਕ੍ਰਾਈਮ ਬ੍ਰਾਂਚ ਨੇ ਚਾਰ ਦਿਨ ਪਹਿਲਾਂ ਗੌਰਵ ਅਤੇ ਵਿਕਰਮ ਨੂੰ ਗ੍ਰਿਫ਼ਤਾਰ ਕੀਤਾ ਸੀ। ਇਨ੍ਹਾਂ ਵਿੱਚੋਂ ਇੱਕ ਹਿਮਾਚਲ ਪ੍ਰਦੇਸ਼ ਦਾ ਹੈ ਅਤੇ ਦੂਜਾ ਲੁਧਿਆਣਾ ਦਾ ਹੈ। ਇਨ੍ਹਾਂ ਤੋਂ ਹੈਕਟਰ ਅਤੇ ਆਲਟੋ ਦੀਆਂ 10 ਗੱਡੀਆਂ ਬਰਾਮਦ ਕੀਤੀਆਂ ਗਈਆਂ ਸਨ। ਕ੍ਰਾਈਮ ਬ੍ਰਾਂਚ ਨੇ ਗੌਰਵ ਤੋਂ 500-500 ਰੁਪਏ ਦੇ 1646 ਨਕਲੀ ਨੋਟ (8.32 ਲੱਖ ਰੁਪਏ) ਅਤੇ ਵਿਕਰਮ ਤੋਂ 500-500 ਰੁਪਏ ਦੇ 392 ਨਕਲੀ ਨੋਟ (1.96 ਲੱਖ ਰੁਪਏ) ਬਰਾਮਦ ਕੀਤੇ। ਕ੍ਰਾਈਮ ਬ੍ਰਾਂਚ ਨੇ ਦੋਵਾਂ ਨੂੰ ਜ਼ਿਲ੍ਹਾ ਅਦਾਲਤ ਵਿੱਚ ਪੇਸ਼ ਕੀਤਾ ਅਤੇ 14 ਦਿਨਾਂ ਦਾ ਰਿਮਾਂਡ ਮੰਗਿਆ ਸੀ, ਪਰ ਅਦਾਲਤ ਨੇ 6 ਦਿਨਾਂ ਦਾ ਰਿਮਾਂਡ ਦਿੱਤਾ। ਰਿਮਾਂਡ 'ਤੇ ਪੁੱਛਗਿੱਛ ਦੌਰਾਨ, ਉਨ੍ਹਾਂ ਦੀ ਜਾਣਕਾਰੀ 'ਤੇ, ਕ੍ਰਾਈਮ ਬ੍ਰਾਂਚ ਦੀ ਟੀਮ ਨੇ ਝਾਲਾਵਾੜ ਤੋਂ ਜਤਿੰਦਰ ਸ਼ਰਮਾ ਅਤੇ ਉਨ੍ਹਾਂ ਦੀ ਪਤਨੀ ਰਜਨੀ ਨੂੰ ਗ੍ਰਿਫ਼ਤਾਰ ਕੀਤਾ। ਉਨ੍ਹਾਂ ਤੋਂ 500 ਰੁਪਏ ਦੇ ਨਕਲੀ ਨੋਟ ਬਰਾਮਦ ਕੀਤੇ ਗਏ, ਜਿਨ੍ਹਾਂ ਦੀ ਕੁੱਲ ਕੀਮਤ ਲਗਭਗ 12.20 ਲੱਖ ਰੁਪਏ ਹੈ। ਸੂਤਰਾਂ ਅਨੁਸਾਰ, ਇਸ 'ਚ ਹੋਰ ਵੀ ਕਈ ਲੋਕ ਸ਼ਾਮਲ ਹੋ ਸਕਦੇ ਹਨ ਤੇ ਕ੍ਰਾਈਮ ਬ੍ਰਾਂਚ ਦੀ ਟੀਮ ਇਨ੍ਹਾਂ ਦੀ ਭਾਲ ਕਰ ਰਹੀ ਹੈ।

## ਟਰਾਇਲ ਦੇ ਬਹਾਨੇ ਕਾਰ ਲੈ ਕੇ ਫਰਾਰ ਹੋਏ 2 ਨੌਜਵਾਨ ਕਾਬੂ

ਪਠਾਨਕੋਟ 20 ਸਤੰਬਰ। ਫੇਸਬੁੱਕ 'ਤੇ ਕਾਰ ਵੇਚਣ ਦਾ ਇਸ਼ਤਿਹਾਰ ਪਾਉਣਾ ਇਕ ਵਿਅਕਤੀ ਨੂੰ ਉਸ ਸਮੇਂ ਮਹਿੰਗਾ ਪੈ ਗਿਆ, ਜਦੋਂ ਦੋ ਨੌਜਵਾਨ ਟਰਾਇਲ ਲੈਣ ਦੇ ਬਹਾਨੇ ਕਾਰ ਲੈ ਕੇ ਫਰਾਰ ਹੋ ਗਏ। ਹਾਲਾਂਕਿ, ਸ਼ਿਕਾਇਤ ਮਿਲਦੇ ਹੀ ਪੁਲਸ ਨੇ ਤੁਰੰਤ ਕਾਰਵਾਈ ਕਰਦਿਆਂ ਦੋਵਾਂ ਮੁਲਜ਼ਮਾਂ ਨੂੰ ਕਾਰ ਸਮੇਤ ਕਾਬੂ ਕਰ ਲਿਆ ਹੈ। ਜਾਣਕਾਰੀ ਦਿੰਦਿਆਂ ਡੀ. ਐੱਸ. ਪੀ. ਸੁਖਜਿੰਦਰ ਸਿੰਘ ਥਾਪਰ ਨੇ ਦੱਸਿਆ ਕਿ ਕਾਰ ਮਾਲਕ ਦੀ ਸ਼ਿਕਾਇਤ 'ਤੇ ਥਾਣਾ ਸਦਰ ਇੰਚਾਰਜ ਇੰਸਪੈਕਟਰ ਵਿਕਰਮ ਮਾਨ ਅਤੇ ਸੀ. ਆਈ. ਏ. ਇੰਚਾਰਜ ਇੰਸਪੈਕਟਰ ਮਨਦੀਪ ਸਲਗੋਤਰਾ ਦੀ ਅਗਵਾਈ ਹੇਠ ਪੁਲਸ ਟੀਮ ਨੇ ਕਾਰਵਾਈ ਕਰਦਿਆਂ ਦੋਵਾਂ ਮੁਲਜ਼ਮਾਂ ਨੂੰ ਕਾਰ ਸਮੇਤ ਗ੍ਰਿਫ਼ਤਾਰ ਕੀਤਾ, ਜਿਨ੍ਹਾਂ ਦੀ ਪਛਾਣ ਪ੍ਰੀਤਪਾਲ ਸਿੰਘ ਅਤੇ ਸੁਖਦੀਪ ਸਿੰਘ ਵਾਸੀ ਧਾਰੀਵਾਲ ਵਜੋਂ ਹੋਈ ਹੈ। ਉਨ੍ਹਾਂ ਦੱਸਿਆ ਕਿ ਦੋਵਾਂ ਮੁਲਜ਼ਮਾਂ ਨੇ ਫੇਸਬੁੱਕ 'ਤੇ ਇਸ਼ਤਿਹਾਰ ਦੇਖ ਕੇ ਕਾਰ ਮਾਲਕ ਨਾਲ ਸੰਪਰਕ ਕੀਤਾ ਸੀ। ਪੁਲਸ ਵੱਲੋਂ ਫੜੇ ਗਏ ਮੁਲਜ਼ਮਾਂ ਤੋਂ ਪੁੱਛਗਿੱਛ ਕੀਤੀ ਜਾ ਰਹੀ ਹੈ ਅਤੇ ਅਗਲੀ ਕਾਨੂੰਨੀ ਕਾਰਵਾਈ ਅਮਲ 'ਚ ਲਿਆਂਦੀ ਜਾ ਰਹੀ ਹੈ।

# ਪਤਨੀ ਦਾ ਸਿਰ ਵੱਢ ਕੇ ਫਰਿੱਜ 'ਚ ਰੱਖਣ ਵਾਲੇ ਦੋਸ਼ੀ ਦੀ ਮੌਤ, ਪੁਲਿਸ ਦੀ ਗੱਡੀ ਤੋਂ ਛਾਲ ਮਾਰ ਕੇ ਦਿੱਤੀ ਜਾਨ

ਕੌਮੀ ਪਤ੍ਰਿਕਾ

ਦਿਸਪੁਰ 20 ਸਤੰਬਰ। ਆਪਣੀ ਪਤਨੀ ਰੀਆ ਤਾਲੁਕਦਾਰ ਦਾ ਬੇਰਹਿਮੀ ਨਾਲ ਕਤਲ ਕਰਨ ਵਾਲੇ ਰਾਮਾਨੁਜ ਗੋਸਵਾਮੀ ਦੀ ਸੋਮਵਾਰ ਤੜਕੇ ਮੌਤ ਹੋ ਗਈ। ਪੁਲਿਸ ਸਰੋਤਾਂ ਅਨੁਸਾਰ, ਰਾਮਾਨੁਜ ਨੂੰ ਜਦੋਂ ਮੈਡੀਕਲ ਜਾਂਚ ਲਈ ਗੁਵਾਹਾਟੀ ਮੈਡੀਕਲ ਕਾਲਜ ਅਤੇ ਹਸਪਤਾਲ ਲਿਜਾਇਆ ਜਾ ਰਿਹਾ ਸੀ, ਉਦੋਂ ਹੀ ਉਸ ਨੇ ਨਰਕਾਸੁਰ ਪਹਾੜੀ ਦੇ ਨੇੜੇ ਚਲਦੀ ਪੁਲਿਸ ਗੱਡੀ ਤੋਂ ਛਾਲ ਮਾਰ ਦਿੱਤੀ। ਇਸ ਘਟਨਾ ਵਿੱਚ ਉਸ ਦੇ ਸਿਰ 'ਚ ਗੰਭੀਰ ਸੱਟ ਲੱਗੀ, ਜਿਸ ਨਾਲ ਉਸ ਦੀ ਮੌਤ ਹੋ ਗਈ। ਜਿਕਰਯੋਗ ਹੈ ਕਿ ਐਤਵਾਰ ਨੂੰ ਉਸ ਦਾ ਸੱਤ ਦਿਨਾਂ ਦਾ ਪੁਲਿਸ ਰਿਮਾਂਡ ਖ਼ਤਮ ਹੋ ਗਿਆ ਸੀ ਅਤੇ ਸੋਮਵਾਰ ਨੂੰ ਉਸ ਨੂੰ ਅਦਾਲਤ ਵਿੱਚ ਪੇਸ਼ ਕੀਤਾ ਜਾਣਾ ਸੀ। ਰਾਮਾਨੁਜ ਅਤੇ ਰੀਆ ਦਾ ਵਿਆਹ ਪਿਛਲੇ ਸਾਲ 22 ਸਤੰਬਰ ਨੂੰ ਹੋਇਆ ਸੀ। 3 ਸਤੰਬਰ ਦੀ ਸਵੇਰ ਦੋਵਾਂ ਵਿਚਾਲੇ ਰੀਆ ਦੇ ਕਥਿਤ ਐਕਸਟਰਾ ਮੈਰੀਟਲ ਅਫੇਅਰ (ਗ਼ੈਰ-ਮੈਰਿਜ ਸੰਬੰਧਾਂ) ਨੂੰ ਲੈ ਕੇ ਤਿੱਖੀ ਬਹਿਸ ਹੋਈ ਸੀ।



ਵਿਵਾਦ ਇੰਨਾ ਵਧ ਗਿਆ ਕਿ ਰਾਮਾਨੁਜ ਨੇ ਆਪਾ ਖੋਹ ਦਿੱਤਾ ਅਤੇ ਰੀਆ ਦਾ ਕਤਲ ਕਰ ਕੇ ਉਸ ਦਾ ਸਿਰ ਧੜ ਨਾਲੋਂ ਵੱਖ ਕਰ ਦਿੱਤਾ। ਜ਼ੁਲਮ ਦੀਆਂ ਸਾਰੀਆਂ ਹੱਦਾਂ ਪਾਰ ਕਰਦਿਆਂ ਉਸ ਨੇ ਆਪਣੀ ਪਤਨੀ ਦੇ ਵੱਢੇ ਹੋਏ ਸਿਰ ਨੂੰ ਫਰਿੱਜ ਦੇ ਅੰਦਰ ਰੱਖ ਦਿੱਤਾ ਸੀ। ਰਾਮਾਨੁਜ ਪੇਸ਼ੇ ਤੋਂ ਇੱਕ ਕੈਬ ਡਰਾਈਵਰ ਸੀ ਅਤੇ ਇਹ ਜੋੜਾ ਗੁਵਾਹਾਟੀ ਦੇ ਬੇਲਟੋਲਾ ਸਥਿਤ ਬਸ਼ਿਸ਼ਠਪੁਰ ਇਲਾਕੇ ਦੇ ਇੱਕ ਫਲੈਟ 'ਚ ਰਹਿ ਰਿਹਾ ਸੀ। ਇਸ ਕਰੂਰ ਕਤਲਕਾਂਡ ਦੇ ਤਿੰਨ ਦਿਨ ਬਾਅਦ 6 ਸਤੰਬਰ ਦੀ ਰਾਤ ਨੂੰ ਰਾਮਾਨੁਜ ਨੇ ਖ਼ੁਦ ਪੁਲਿਸ ਅੱਗੇ ਸਰੈਂਡਰ ਕਰ ਦਿੱਤਾ, ਜਿਸ ਤੋਂ ਬਾਅਦ ਉਸ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ। ਉਸੇ ਰਾਤ ਪੁਲਿਸ ਨੇ ਫਲੈਟ 'ਚ ਜਾ ਕੇ ਔਰਤ ਦਾ ਧੜ ਅਤੇ ਵੱਢਿਆ ਹੋਇਆ ਸਿਰ ਵੀ ਬਰਾਮਦ ਕਰ ਲਿਆ ਸੀ। ਪੁਲਿਸ ਹਿਰਾਸਤ ਦੌਰਾਨ 8 ਸਤੰਬਰ ਨੂੰ ਜਦੋਂ ਰਾਮਾਨੁਜ ਨੂੰ ਮੈਡੀਕਲ ਜਾਂਚ ਲਈ ਲਿਜਾਇਆ ਜਾ ਰਿਹਾ ਸੀ, ਤਦ ਉਸ ਨੇ ਮੀਡੀਆ ਸਾਹਮਣੇ ਬੇਹੱਦ ਹੈਰਾਨ ਕਰਨ ਵਾਲਾ ਬਿਆਨ ਦਿੱਤਾ ਸੀ। ਉਸ ਨੇ ਬੇਖੌਫ਼ ਹੋ ਕੇ ਕਿਹਾ ਸੀ ਕਿ ਉਸ ਨੂੰ ਆਪਣੇ ਕੀਤੇ 'ਤੇ ਕੋਈ ਪਛਤਾਵਾ ਨਹੀਂ ਹੈ ਅਤੇ ਉਹ ਇਸ ਲਈ ਮਾਫ਼ੀ ਨਹੀਂ ਮੰਗੇਗਾ। ਇੰਨਾ ਹੀ ਨਹੀਂ, ਉਸ ਨੇ ਖੁੱਲ੍ਹੇਆਮ ਧਮਕੀ ਦਿੱਤੀ ਸੀ ਕਿ ਜੇਕਰ ਉਹ ਜੇਲ੍ਹ ਤੋਂ ਬਾਹਰ ਆਇਆ ਤਾਂ ਉਸ 'ਸ਼ੂਗਰ ਡੈਡੀ' ਨੂੰ ਵੀ ਜਾਨੋਂ ਮਾਰ ਦੇਵੇਗਾ। ਸਰੋਤਾਂ ਦੀ ਮੰਨੀਏ ਤਾਂ ਰਾਮਾਨੁਜ ਨੂੰ ਨਸ਼ੇ ਦੀ ਵੀ ਲਤ ਸੀ ਅਤੇ ਗੁਵਾਹਾਟੀ ਦੇ ਬਾਹਰੀ ਇਲਾਕੇ 'ਚ ਸਥਿਤ ਇੱਕ ਨਸ਼ਾ ਛੁਡਾਊ ਕੇਂਦਰ 'ਚ ਉਸ ਦਾ ਕਈ ਵਾਰ ਇਲਾਜ ਵੀ ਚੱਲਿਆ ਸੀ।

# ਹੁਣ ਪ੍ਰਾਈਵੇਟ ਸਕੂਲ ਖੋਲ੍ਹਣਾ ਹੋਇਆ ਆਸਾਨ, ਖੇਡ ਮੈਦਾਨ ਦੇ ਮਾਪਦੰਡ ਵੀ ਬਦਲੇ; ਦਸਤਾਵੇਜ਼ਾਂ ਦਾ ਵੀ ਘਟੇਗਾ ਬੋਝ

ਕੌਮੀ ਪਤ੍ਰਿਕਾ

ਸ਼ਿਮਲਾ 20 ਸਤੰਬਰ। ਹਿਮਾਚਲ ਪ੍ਰਦੇਸ਼ ਦੀਆਂ ਮੁਸ਼ਕਲ ਭੂਗੋਲਿਕ ਸਥਿਤੀਆਂ ਅਤੇ ਜ਼ਮੀਨ ਦੀ ਸੀਮਤ ਉਪਲਬਧਤਾ ਨੂੰ ਦੇਖਦੇ ਹੋਏ ਸੂਬਾ ਸਰਕਾਰ ਨੇ ਪ੍ਰਾਈਵੇਟ ਸਕੂਲ ਖੋਲ੍ਹਣ ਦੀ ਪ੍ਰਕਿਰਿਆ ਆਸਾਨ ਕਰ ਦਿੱਤੀ ਹੈ। ਸਿੱਖਿਆ ਵਿਭਾਗ ਨੇ ਪ੍ਰਾਈਵੇਟ ਸਕੂਲਾਂ ਲਈ ਖੇਡ ਮੈਦਾਨ ਦੇ ਘੱਟੋ-ਘੱਟ ਖੇਤਰਫਲ ਦੇ ਮਾਪਦੰਡਾਂ ਵਿੱਚ ਸੋਧ ਕੀਤੀ ਹੈ। ਨਵੀਂ ਵਿਵਸਥਾ ਤੁਰੰਤ ਪ੍ਰਭਾਵ ਨਾਲ ਲਾਗੂ ਕਰ ਦਿੱਤੀ ਗਈ ਹੈ। ਇਸ ਨਾਲ ਖਾਸ ਕਰਕੇ ਪਹਾੜੀ ਇਲਾਕਿਆਂ ਵਿੱਚ ਸਕੂਲ ਖੋਲ੍ਹਣ ਦੇ ਇੱਛੁਕ ਪ੍ਰਬੰਧਕਾਂ ਨੂੰ ਰਾਹਤ ਮਿਲਣ ਦੀ ਉਮੀਦ ਹੈ। ਹੁਣ ਪ੍ਰੀ-ਪ੍ਰਾਇਮਰੀ ਤੋਂ ਪੰਜਵੀਂ ਜਮਾਤ ਤੱਕ ਦੇ ਸਕੂਲ ਲਈ 500 ਵਰਗ ਮੀਟਰ, ਅੱਠਵੀਂ ਅਤੇ ਦਸਵੀਂ ਜਮਾਤ ਤੱਕ ਦੇ ਸਕੂਲ ਲਈ 800 ਵਰਗ ਮੀਟਰ ਅਤੇ ਬਾਰ੍ਹਵੀਂ ਜਮਾਤ ਤੱਕ ਦੇ ਸਕੂਲ ਲਈ 1000 ਵਰਗ ਮੀਟਰ ਖੇਡ ਮੈਦਾਨ ਲਾਜ਼ਮੀ ਹੋਵੇਗਾ। ਇਹ ਮਾਪਦੰਡ ਪਹਿਲਾਂ ਦੇ ਮੁਕਾਬਲੇ ਅੱਧੇ ਕਰ ਦਿੱਤੇ ਗਏ ਹਨ। ਸਕੂਲ ਸਿੱਖਿਆ ਡਾਇਰੈਕਟਰ ਆਸ਼ੀਸ਼ ਕੋਹਲੀ ਨੇ ਇਸ ਸਬੰਧੀ ਸਾਰੇ ਜ਼ਿਲ੍ਹਿਆਂ ਦੇ ਉਪ-ਨਿਰਦੇਸ਼ਕਾਂ ਨੂੰ ਨਿਰਦੇਸ਼ ਜਾਰੀ ਕੀਤੇ ਹਨ। ਵਿਭਾਗ ਨੇ ਆਰਟੀਈ ਐਕਟ, 2009 ਤਹਿਤ ਸਕੂਲਾਂ ਦੀ ਰਜਿਸਟ?ਰੇਸ਼ਨ, ਨਵੀਨੀਕਰਨ ਅਤੇ ਪ੍ਰਾਈਵੇਟ ਸਕੂਲਾਂ ਵਿੱਚ ਨੌਵੀਂ ਤੋਂ ਬਾਰ੍ਹਵੀਂ ਜਮਾਤ ਸ਼ੁਰੂ ਕਰਨ ਨਾਲ ਸਬੰਧਤ ਨਿਰਦੇਸ਼ਾਂ ਦੀ ਸਮੀਖਿਆ ਤੋਂ ਬਾਅਦ ਇਹ ਬਦਲਾਅ ਕੀਤਾ ਹੈ। ਸਕੂਲ ਖੋਲ੍ਹਣ ਦੇ ਪ੍ਰਸਤਾਵ ਦੇ ਨਾਲ ਖੇਡ ਮੈਦਾਨ ਦਾ ਪੂਰਾ ਵੇਰਵਾ ਦੇਣਾ ਲਾਜ਼ਮੀ ਹੋਵੇਗਾ। ਜ਼ਮੀਨ ਮਾਲਕ ਨਾਲ ਕੀਤੇ ਮੂਲ



ਕਿਰਾਇਆ ਸਮਝੌਤੇ ਦੀ ਕਾਪੀ ਵਿੱਚ ਖਸਰਾ ਨੰਬਰ ਅਤੇ ਮੈਦਾਨ ਦੀ ਲੰਬਾਈ-ਚੌੜਾਈ ਦਰਜ ਹੋਣੀ ਚਾਹੀਦੀ ਹੈ। ਜੇ ਸਕੂਲ ਕੋਲ ਆਪਣਾ ਖੇਡ ਮੈਦਾਨ ਨਹੀਂ ਹੈ ਤਾਂ ਨੇੜਲੇ ਸਰਕਾਰੀ, ਨਗਰ ਨਿਗਮ ਜਾਂ ਪੰਚਾਇਤ ਦੇ ਖੇਡ ਮੈਦਾਨ ਦੀ ਵਰਤੋਂ ਕੀਤੀ ਜਾ ਸਕੇਗੀ। ਇਸ ਲਈ ਸਬੰਧਤ ਅਥਾਰਟੀ ਜਾਂ ਜ਼ਮੀਨ ਮਾਲਕ ਨਾਲ ਕਿਰਾਏ ਜਾਂ ਸਾਂਝੀ ਵਰਤੋਂ ਦਾ ਸਮਝੌਤਾ ਪੇਸ਼ ਕਰਨਾ ਹੋਵੇਗਾ। ਸਰਕਾਰ ਪ੍ਰਾਈਵੇਟ ਸਕੂਲਾਂ ਦੀ ਰਜਿਸਟ?ਰੇਸ਼ਨ ਵਿੱਚ ਬੇਲੋੜੇ ਦਸਤਾਵੇਜ਼ਾਂ ਦਾ ਬੋਝ ਵੀ ਘਟਾ ਚੁੱਕੀ ਹੈ। ਆਰਟੀਈ ਐਕਟ, ਹਿਮਾਚਲ ਪ੍ਰਦੇਸ਼ ਆਰਟੀਈ ਨਿਯਮ, 2025 ਅਤੇ ਸਬੰਧਤ ਕਾਨੂੰਨਾਂ ਤਹਿਤ ਲਾਜ਼ਮੀ ਦਸਤਾਵੇਜ਼ ਹੀ ਜਮ?ਹਾਂ ਕਰਵਾਉਣੇ ਹੋਣਗੇ। ਇਨ੍ਹਾਂ ਵਿੱਚ ਫਾਇਰ ਸੇਫਟੀ, ਬਿਲਡਿੰਗ ਸੇਫਟੀ ਸਰਟੀਫਿਕੇਟ, ਸੋਸਾਇਟੀ ਜਾਂ ਟਰੱਸਟ ਰਜਿਸਟ?ਰੇਸ਼ਨ, ਰਜਿਸਟਰਡ ਲੀਜ਼ ਐਗਰੀਮੈਂਟ ਅਤੇ ਖੇਡ ਮੈਦਾਨ ਨਾਲ ਸਬੰਧਤ ਸਰਟੀਫਿਕੇਟ ਸ਼ਾਮਲ ਹਨ। ਗੈਰ-ਲਾਜ਼ਮੀ ਦਸਤਾਵੇਜ਼ਾਂ ਦੀ ਥਾਂ ਸਵੈ-ਪ੍ਰਮਾਣਿਤ ਘੋਸ਼ਣਾ ਜਾਂ ਹਲਫ਼ਨਾਮਾ ਦਿੱਤਾ ਜਾ ਸਕੇਗਾ। ਗਲਤ ਜਾਣਕਾਰੀ ਦੇਣ ਜਾਂ ਤੱਥ ਛੁਪਾਉਣ ਦੀ ਸੂਰਤ ਵਿੱਚ ਕਾਨੂੰਨੀ ਕਾਰਵਾਈ ਕੀਤੀ ਜਾ ਸਕਦੀ ਹੈ ਅਤੇ ਸਕੂਲ ਦੀ ਰਜਿਸਟ?ਰੇਸ਼ਨ ਵੀ ਰੱਦ ਕੀਤੀ ਜਾ ਸਕਦੀ ਹੈ। ਸੂਬੇ ਵਿੱਚ ਇਸ ਸਮੇਂ 1162 ਪ੍ਰਾਈਵੇਟ ਸਕੂਲ ਹਿਮਾਚਲ ਪ੍ਰਦੇਸ਼ ਸਕੂਲ ਸਿੱਖਿਆ ਬੋਰਡ ਨਾਲ ਸਬੰਧਤ ਹਨ। ਇਨ੍ਹਾਂ ਵਿੱਚੋਂ ਪੰਜ ਸਕੂਲਾਂ ਨੇ ਸੀਬੀਐੱਸਈ ਨਾਲ ਸਬੰਧਤਾ ਲਈ ਬੋਰਡ ਤੋਂ ਐੱਨਓਸੀ ਲਈ ਹੈ। ਸਕੂਲਾਂ ਦੀ ਸਬੰਧਤਾ ਹਰ ਸਾਲ ਨਵੀਨੀਕਰਨ ਕੀਤੀ ਜਾਂਦੀ ਹੈ। ਦਸਤਾਵੇਜ਼ਾਂ ਦੀ ਜਾਂਚ ਤੋਂ ਬਾਅਦ ਮੌਕੇ 'ਤੇ ਵੀ ਤਸਦੀਕ ਕੀਤੀ ਜਾਂਦੀ ਹੈ।

# ਪੰਜਾਬ 'ਚ ਵੱਡੀ ਵਾਰਦਾਤ ! ਪਿਓ-ਪੁੱਤ ਨੂੰ ਸ਼ਰੇਆਮ ਮਾਰੀਆਂ ਗੋਲੀਆਂ

ਲੁਧਿਆਣਾ 20 ਸਤੰਬਰ। ਲੁਧਿਆਣਾ ਵਿਖੇ ਕੁੱਤੇ ਨੂੰ ਲੈ ਕੇ ਸ਼ੁਰੂ ਹੋਇਆ ਵਿਵਾਦ ਖ਼ੂਨੀ ਸੰਘਰਸ਼ ਵਿਚ ਬਦਲ ਗਿਆ। ਇਕ ਨੌਜਵਾਨ ਨੇ ਕੇਕ ਲੈਣ ਗਈ ਕੁੜੀ ਨਾਲ ਬਦਸਲੂਕੀ ਕੀਤੀ। ਇੰਨਾ ਹੀ ਨਹੀਂ ਮੌਕੇ ਉਤੇ ਪਹੁੰਚੇ ਪਿਤਾ-ਪੁੱਤਰ 'ਤੇ ਅੰਨੇਵ?ਾਹ ਗੋਲ?ੀਆਂ ਚਲਾ ਦਿੱਤੀਆਂ। ਪੀੜਤ ਮੁਤਾਬਕ ਦੋਸ਼ੀਆਂ ਨੇ ਕਰੀਬ 6 ਰਾਊਂਡ ਫਾਇਰ ਕੀਤੇ। ਦਹਿਸ਼ਤ ਫੈਲਾਉਣ ਲਈ ਪਹਿਲਾਂ ਹਵਾ ਵਿੱਚ ਦੋ ਗੋਲ?ੀਆਂ ਅਤੇ ਫਿਰ ਪਿਤਾ ਅਤੇ ਪੁੱਤਰ ਨੂੰ ਨਿਸ਼ਾਨਾ ਬਣਾਉਂਦੇ ਹੋਏ ਚਾਰ ਗੋਲ?ੀਆਂ ਚਲਾਈਆਂ, ਜਿਸ ਨਾਲ ਉਹ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਏ। ਲਹੂ-ਲੁਹਾਨ ਹਾਲਤ ਵਿਚ ਦੋਵਾਂ ਨੂੰ ਤੁਰੰਤ ਹਸਪਤਾਲ ਲਿਜਾਇਆ ਗਿਆ, ਜਿੱਥੇ ਪਿਤਾ ਦੀ ਲੱਤ 'ਚ ਗੋਲ?ੀ ਲੱਗਣ ਨਾਲ ਉਨ੍ਹਾਂ ਦੀ ਹਾਲਤ ਗੰਭੀਰ ਬਣੀ ਹੋਈ ਹੈ। ਹਸਪਤਾਲ 'ਚ ਇਲਾਜ ਅਧੀਨ ਜ਼ਖ਼ਮੀ ਵੰਸ਼ (22) ਨੇ ਦੱਸਿਆ ਕਿ ਬੁੱਧਵਾਰ ਨੂੰ ਉਨ੍ਹਾਂ ਦੇ ਪਿਤਾ ਪ੍ਰਿੰਸ ਦਾ ਜਨਮ ਦਿਨ ਸੀ। ਘਰ 'ਚ ਖ਼ੁਸ਼ੀ ਦਾ ਮਾਹੌਲ ਸੀ ਅਤੇ ਉਸ ਦੀ ਭੈਣ ਆਪਣੇ ਪਿਤਾ ਲਈ ਜਨਮ ਦਿਨ ਦਾ ਕੇਕ ਖ਼ਰੀਦਣ ਸਿਵਲ ਸਿਟੀ ਖੇਤਰ ਗਈ ਹੋਈ ਸੀ। ਇਕ ਨੌਜਵਾਨ ਆਪਣੇ ਪਾਲਤੂ ਕੁੱਤੇ ਨੂੰ ਬਾਜ਼ਾਰ 'ਚ ਘੁੰਮਾ ਰਿਹਾ ਸੀ। ਸਾਵਧਾਨੀ ਵਜੋਂ ਭੈਣ ਨੇ ਅਚਾਨਕ ਪੁੱਛਿਆ, ਕੀ ਕੁੱਤਾ ਵੱਢਦਾ ਤਾਂ ਨਹੀਂ? ਇੰਨੀ ਜਿਹੀ ਗੱਲ ਸੁਣ ਕੇ ਦੋਸ਼ੀ ਨੌਜਵਾਨ ਤੈਸ਼ ਵਿਚ ਆ ਗਿਆ ਅਤੇ ਉਸ ਨੇ ਸ਼ਰੇਆਮ ਕੁੜੀ ਨੂੰ ਗਾਲਾਂ ਕੱਢਣ ਦੇ ਨਾਲ-ਨਾਲ ਬਦਸਲੂਕੀ ਕਰਨੀ ਸ਼ੁਰੂ ਕਰ ਦਿੱਤੀ। ਡਰੀ ਹੋਈ ਕੁੜੀ ਨੇ ਤੁਰੰਤ ਪਿਤਾ ਅਤੇ ਭਰਾ ਵੰਸ਼ ਨੂੰ ਬੁਲਾਇਆ। ਜਦੋਂ ਪਿਤਾ ਅਤੇ ਪੁੱਤਰ ਮੌਕੇ 'ਤੇ ਪਹੁੰਚੇ ਅਤੇ ਦੋਸ਼ੀ ਨੌਜਵਾਨ ਤੋਂ ਪੁੱਛਿਆ ਕਿ ਉਸ ਨੇ ਲੜਕੀ ਨਾਲ ਬਦਸਲੂਕੀ ਕਿਉਂ ਕੀਤੀ ਤਾਂ ਦੋਸ਼ੀ ਨੇ ਗਾਲ੍ਹਾਂ ਕੱਢਣ ਦੇ ਨਾਲ-ਨਾਲ ਲੜਾਈ-ਝਗੜਾ ਸ਼ੁਰੂ ਕਰ ਦਿੱਤਾ। ਮਾਮਲਾ ਵੱਧਦਾ ਵੇਖ ਦੇ ਦੋਸ਼ੀ ਨੇੜੇ ਹੀ ਸਥਿਤ ਆਪਣੇ ਘਰੋਂ ਬੰਦੂਕ ਲੈ ਆਇਆ। ਉਸ ਨੇ ਮੌਕੇ ਉਤੇ ਪਹੁੰਚਦੇ ਹੀ ਬਿਨਾਂ ਕਿਸੇ ਖ਼ੌਫ਼ ਅੰਨ੍ਹੇਵਾਹ ਗੋਲ?ੀਆਂ ਚਲਾ ਦਿੱਤੀਆਂ। ਇਸ ਦੌਰਾਨ ਪਿਤਾ ਪ੍ਰਿੰਸ ਅਤੇ ਪੁੱਤਰ ਵੰਸ਼ ਦੋਵਾਂ ਨੂੰ ਖੱਬੀ ਲੱਤ ਵਿਚ ਗੋਲ?ੀ ਲੱਗੀ। ਵੰਸ਼ ਦੀ ਲੱਤ ਵਿਚੋਂ ਗੋਲ?ੀ ਆਰ-ਪਾਰ ਨਿਕਲ ਗਈ ਜਦਕਿ ਬਚਾਅ ਦੌਰਾਨ ਉਸ ਦੀ ਬਾਂਹ 'ਤੇ ਵੀ ਗੰਭੀਰ ਸੱਟ ਲੱਗੀ, ਜਿੱਥੇ ਡਾਕਟਰਾਂ ਨੇ ਉਸ ਨੂੰ ਕਰੀਬ 9 ਟਾਂਕੇ ਲਗਾਏ ਹਨ। ਉਥੇ ਹੀ ਪਿਤਾ ਪ੍ਰਿੰਸ ਦੀ ਹਾਲਤ ਗੰਭੀਰ ਬਣੀ ਹੋਈ ਹੈ ਕਿਉਂਕਿ ਗੋਲ?ੀ ਉਨ੍ਹਾਂ ਦੀ ਲੱਤ ਦੀ ਹੱਡੀ ਅਤੇ ਮਾਸ ਵਿਚਕਾਰ ਫਸ ਗਈ ਹੈ। ਇੰਨੀ ਵੱਡੀ ਵਾਰਦਾਤ ਅਤੇ ਸ਼ਰੇਆਮ 6 ਰਾਊਂਡ ਗੋਲ?ੀਆਂ ਚੱਲਣ ਦੇ ਬਾਅਦ ਪੁਲਸ ਦਾ ਲਾਪਰਵਾਹੀ ਵਾਲਾ ਰਵੱਈਆ ਸਾਹਮਣੇ ਆਇਆ ਹੈ। ਜਦੋਂ ਹੈਬੋਵਾਲ ਪੁਲਸ ਥਾਣੇ ਦੇ ਐੱਸ. ਐੱਚ. ਓ. ਜਸਬੀਰ ਸਿੰਘ ਨਾਲ ਸੰਪਰਕ ਕੀਤਾ ਗਿਆ ਤਾਂ ਉਨ੍ਹਾਂ ਨੇ ਇਕ ਅਜੀਬ ਬਿਆਨ ਦਿੱਤਾ, ਜਿਸ 'ਚ ਕਿਹਾ ਗਿਆ ਕਿ ਇਹ ਮਾਮਲਾ ਉਨ੍ਹਾਂ ਦੇ ਧਿਆਨ 'ਚ ਆਇਆ ਹੈ ਅਤੇ ਜਾਂਚ ਚੱਲ ਰਹੀ ਹੈ ਪਰ ਉਨ੍ਹਾਂ ਨੂੰ ਗੋਲ?ੀਬਾਰੀ ਬਾਰੇ ਕੋਈ ਅਧਿਕਾਰਤ ਜਾਣਕਾਰੀ ਨਹੀਂ ਹੈ।

## ਵਿਜੀਲੈਂਸ ਬਿਊਰੋ ਦੀ ਵੱਡੀ ਕਾਰਵਾਈ

ਚੰਡੀਗੜ੍ਹ 20 ਸਤੰਬਰ। ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਵਿੱਢੀ ਮੁਹਿੰਮ ਦੌਰਾਨ ਪੰਜਾਬ ਵਿਜੀਲੈਂਸ ਬਿਊਰੋ ਨੇ ਅਗਸਤ ਮਹੀਨੇ ਵਿੱਚ 6 ਵੱਖ-ਵੱਖ ਮਾਮਲਿਆਂ ਵਿੱਚ ਸੱਤ ਸਰਕਾਰੀ ਮੁਲਾਜ਼ਮਾਂ ਅਤੇ ਇੱਕ ਪ੍ਰਾਈਵੇਟ ਵਿਅਕਤੀ ਨੂੰ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਅੱਜ ਇੱਥੇ ਸਟੇਟ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਬਿਊਰੋ ਵੱਲੋਂ ਇਸ ਸਮੇਂ ਦੌਰਾਨ ਹਰ ਖੇਤਰ ਵਿੱਚ ਸਰਕਾਰੀ ਮੁਲਾਜ਼ਮਾਂ ਅਤੇ ਹੋਰਨਾਂ ਵਿੱਚੋਂ ਭ੍ਰਿਸ਼ਟਾਚਾਰ ਨੂੰ ਖ਼ਤਮ ਕਰਨ ਲਈ ਵਿਆਪਕ ਯਤਨ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਬਿਊਰੋ ਵੱਲੋਂ ਪਿਛਲੇ ਮਹੀਨੇ ਦੌਰਾਨ ਵੱਖ-ਵੱਖ ਸਮਰੱਥ ਅਦਾਲਤਾਂ ਵਿੱਚ ਵਿਜੀਲੈਂਸ ਨਾਲ ਸਬੰਧਤ 13 ਕੇਸਾਂ ਦੇ ਚਲਾਨ ਪੇਸ਼ ਕੀਤੇ ਗਏ। ਇਸ ਤੋਂ ਇਲਾਵਾ, ਭ੍ਰਿਸ਼ਟਾਚਾਰ ਦੇ ਮਾਮਲਿਆਂ ਦੀ ਡੂੰਘਾਈ ਨਾਲ ਜਾਂਚ ਕਰਨ ਵਾਸਤੇ 3 ਵਿਜੀਲੈਂਸ ਤਫ਼ਤੀਸ਼ਾਂ ਵੀ ਦਰਜ ਕੀਤੀਆਂ ਗਈਆਂ ਹਨ। ਉਨ੍ਹਾਂ ਅੱਗੇ ਦੱਸਿਆ ਕਿ 23 ਮੁਲਜ਼ਮਾਂ ਵਿਰੁੱਧ 10 ਅਪਰਾਧਿਕ ਮਾਮਲੇ ਵੀ ਦਰਜ ਕੀਤੇ ਗਏ ਹਨ ਜਿਨ੍ਹਾਂ ਵਿੱਚ 17 ਸਰਕਾਰੀ ਮੁਲਾਜ਼ਮ ਸ਼ਾਮਲ ਹਨ। ਹੋਰ ਜਾਣਕਾਰੀ ਦਿੰਦਿਆਂ ਉਨ੍ਹਾਂ ਦੱਸਿਆ ਕਿ ਪਿਛਲੇ ਮਹੀਨੇ ਬਿਊਰੋ ਵੱਲੋਂ ਦਾਇਰ ਅਤੇ ਪੈਰਵੀ ਕੀਤੇ ਗਏ ਰਿਸ਼ਵਤਖੋਰੀ ਦੇ ਚਾਰ ਮਾਮਲਿਆਂ 'ਤੇ ਵੱਖ-ਵੱਖ ਸਮਰੱਥ ਅਦਾਲਤਾਂ ਵੱਲੋਂ ਫੈਸਲੇ ਸੁਣਾਏ ਗਏ ਅਤੇ ਇਨ੍ਹਾਂ ਮਾਮਲਿਆਂ ਵਿੱਚ ਅੱਠ ਵਿਅਕਤੀਆਂ ਨੂੰ ਦੋਸ਼ੀ ਕਰਾਰ ਦਿੱਤਾ ਗਿਆ ਅਤੇ ਉਨ੍ਹਾਂ ਨੂੰ 4 ਤੋਂ 5 ਸਾਲ ਦੀ ਕੈਦ ਅਤੇ 8,000 ਰੁਪਏ ਤੋਂ ਲੈ ਕੇ 1,00,000 ਰੁਪਏ ਤੱਕ ਦੇ ਜੁਰਮਾਨੇ ਦੀ ਸਜ਼ਾ ਸੁਣਾਈ ਗਈ।

# ਸਾਵਧਾਨ ! ਹਰ ਚਮਕਦੀ ਸਬਜ਼ੀ ਤਾਜ਼ੀ ਨਹੀਂ, ਖ਼ਤਰਨਾਕ ਕੈਮੀਕਲ ਨਾਲ ਹਰੀਆਂ ਬਣਾਈਆਂ ਜਾ ਰਹੀਆਂ ਬੇਹੀ ਸਬਜ਼ੀਆਂ

ਕੌਮੀ ਪਤ੍ਰਿਕਾ

ਮੁਜ਼ੱਫਰਪੁਰ 20 ਸਤੰਬਰ। ਸ਼ਹਿਰ ਦੇ ਬਾਜ਼ਾਰਾਂ 'ਚ ਜੇਕਰ ਤੁਸੀਂ ਵੀ ਹਰੀਆਂ, ਚਮਕਦਾਰ ਅਤੇ ਬੇਹੱਦ ਤਾਜ਼ੀ ਨਜ਼ਰ ਆਉਣ ਵਾਲੀਆਂ ਸਬਜ਼ੀਆਂ ਦੇਖ ਕੇ ਉਨ੍ਹਾਂ ਨੂੰ ਸਿਹਤ ਲਈ ਚੰਗੀ ਸਮਝ ਕੇ ਖ਼ਰੀਦ ਰਹੇ ਹੋ ਤਾਂ ਸਾਵਧਾਨ ਹੋ ਜਾਓ। ਦੇਖਣ ਵਿੱਚ ਆਕਰਸ਼ਕ ਲੱਗਣ ਵਾਲੀਆਂ ਇਹ ਸਬਜ਼ੀਆਂ ਤੁਹਾਡੀ ਸਿਹਤ ਲਈ ਬੇਹੱਦ ਖ਼ਤਰਨਾਕ ਸਾਬਤ ਹੋ ਸਕਦੀਆਂ ਹਨ। ਅਸਲ ਵਿੱਚ, ਮੁਜ਼ੱਫਰਪੁਰ ਦੇ ਸ਼ਹਿਰੀ ਬਾਜ਼ਾਰਾਂ 'ਚ ਖ਼ਰਾਬ ਅਤੇ ਬਾਸੀ ਹੋ ਚੁੱਕੀਆਂ ਸਬਜ਼ੀਆਂ ਨੂੰ ਰਸਾਇਣਾਂ (ਕੈਮੀਕਲ) ਦੇ ਜ਼ਰੀਏ ਦੁਬਾਰਾ ਤਾਜ਼ਾ ਅਤੇ ਚਮਕੀਲਾ ਬਣਾ ਕੇ ਵੇਚਣ ਦਾ ਇੱਕ ਕਥਿਤ ਗੋਰਖਧੰਦਾ ਸਾਹਮਣੇ ਆਇਆ ਹੈ। ਇਸ ਮਿਲਾਵਟਖੋਰੀ ਦੇ ਖੇਡ ਨਾਲ ਜੁੜੀ ਇੱਕ ਤਸਵੀਰ ਇਨ੍ਹੀਂ ਦਿਨੀਂ ਇੰਟਰਨੈੱਟ ਮੀਡੀਆ 'ਤੇ ਤੇਜ਼ੀ ਨਾਲ ਵਾਇਰਲ ਹੋ ਰਹੀ ਹੈ, ਜਿਸ ਨੇ ਸ਼ਹਿਰ ਦੇ ਖਪਤਕਾਰਾਂ ਦੇ ਨਾਲ-ਨਾਲ ਖ਼ੁਰਾਕ ਸੁਰੱਖਿਆ ਵਿਭਾਗ ਦੀ ਕਾਰਜਪ੍ਰਣਾਲੀ 'ਤੇ ਵੀ ਗੰਭੀਰ ਸਵਾਲ ਖੜ੍ਹੇ ਕਰ ਦਿੱਤੇ ਹਨ। ਚਰਚਾਵਾਂ ਅਤੇ ਦੋਸ਼ਾਂ ਮੁਤਾਬਕ, ਮੁਨਾਫ਼ਾਖੋਰਾਂ ਦੁਆਰਾ ਖ਼ਰਾਬ ਹੋ ਚੁੱਕੀਆਂ ਸਬਜ਼ੀਆਂ ਨੂੰ ਇੱਕ ਖ਼ਾਸ ਕੈਮੀਕਲਯੁਕਤ ਘੋਲ ਵਿੱਚ ਪਾਇਆ ਜਾ ਰਿਹਾ ਹੈ। ਇਸ ਰਸਾਇਣਕ ਪ੍ਰਕਿਰਿਆ ਤੋਂ ਬਾਅਦ ਬਾਸੀ ਸਬਜ਼ੀਆਂ ਵੀ ਚੰਦ ਮਿੰਟਾਂ ਵਿੱਚ ਬਿਲਕੁਲ ਤਾਜ਼ੀ ਅਤੇ ਆਕਰਸ਼ਕ ਦਿਸਣ ਲੱਗਦੀਆਂ ਹਨ। ਇਸ ਤੋਂ ਬਾਅਦ ਇਨ੍ਹਾਂ ਕੈਮੀਕਲ ਯੁਕਤ ਸਬਜ਼ੀਆਂ ਨੂੰ ਬਾਜ਼ਾਰਾਂ 'ਚ ਲਿਆ ਕੇ ਆਮ ਗਾਹਕਾਂ ਨੂੰ ਉੱਚੇ ਭਾਅ 'ਤੇ ਵੇਚਿਆ ਜਾ ਰਿਹਾ ਹੈ। ਬਾਜ਼ਾਰ ਦੀ ਇਸ ਕਥਿਤ ਚਲਾਕੀ ਤੋਂ ਆਮ ਖਪਤਕਾਰ ਪੂਰੀ ਤਰ੍ਹਾਂ ਬੇਖ਼ਬਰ ਹੈ। ਉਹ ਜਿਸ ਸਬਜ਼ੀ ਨੂੰ ਉਸ ਦੀ ਤਾਜ਼ਗੀ ਦੇਖ ਕੇ ਖ਼ਰੀਦ ਰਿਹਾ ਹੈ, ਉਸ ਦੀ ਅਸਲ ਸਥਿਤੀ ਬੇਹੱਦ ਮਾੜੀ ਅਤੇ ਜ਼ਹਿਰੀਲੀ ਹੈ। ਡਾਕਟਰਾਂ ਦੇ ਅਨੁਸਾਰ, ਸਬਜ਼ੀਆਂ ਨੂੰ ਹਰਾ ਅਤੇ ਚਮਕਦਾਰ ਬਣਾਉਣ ਲਈ ਆਮ ਤੌਰ 'ਤੇ ਮੈਲਾਕਾਈਟ ਗ੍ਰੀਨ ਅਤੇ ਕਾਪਰ ਸਲਫੇਟ ਵਰਗੇ ਘਾਤਕ ਰਸਾਇਣਾਂ ਦੀ ਧੜੱਲੇ ਨਾਲ ਵਰਤੋਂ ਕੀਤੀ ਜਾਂਦੀ ਹੈ। ਮੈਲਾਕਾਈਟ ਗ੍ਰੀਨ ਇੱਕ ਉਦਯੋਗਿਕ ਰੰਗ ਹੈ, ਜਿਸ ਦੀ ਲਗਾਤਾਰ ਵਰਤੋਂ ਨਾਲ ਕੈਂਸਰ ਵਰਗੀ ਜਾਨਲੇਵਾ ਬੀਮਾਰੀ ਦਾ ਖ਼ਤਰਾ ਵਧ ਜਾਂਦਾ ਹੈ। ਉੱਥੇ ਹੀ, ਕਾਪਰ ਸਲਫੇਟ ਦੀ ਮਿਲਾਵਟ ਨਾਲ ਪੇਟ 'ਚ ਗੰਭੀਰ ਇਨਫੈਕਸ਼ਨ, ਉਲਟੀ, ਲਿਵਰ ਅਤੇ ਕਿਡਨੀ ਨੂੰ ਪੱਕੇ ਤੌਰ 'ਤੇ ਨੁਕਸਾਨ ਪਹੁੰਚ ਸਕਦਾ ਹੈ। ਹਾਲਾਂਕਿ, ਮੁਜ਼ੱਫਰਪੁਰ ਦੇ ਬਾਜ਼ਾਰਾਂ 'ਚ ਇਸ ਵੇਲੇ ਕਿਸ ਸਟੀਕ ਕੈਮੀਕਲ ਦੀ ਵਰਤੋਂ ਹੋ ਰਹੀ ਹੈ, ਇਸ ਦੀ ਅਧਿਕਾਰਤ ਪੁਸ਼ਟੀ ਵਿਗਿਆਨਕ ਅਤੇ ਪ੍ਰਯੋਗਸ਼ਾਲਾ (ਲੈਬ) ਜਾਂਚ ਤੋਂ ਬਾਅਦ ਹੀ ਸੰਭਵ ਹੋ ਸਕੇਗੀ। ਇੰਟਰਨੈੱਟ ਮੀਡੀਆ 'ਤੇ ਇਸ ਤਸਵੀਰ ਦੇ ਵਾਇਰਲ ਹੋਣ



ਤੋਂ ਬਾਅਦ ਖਪਤਕਾਰਾਂ 'ਚ ਭਾਰੀ ਰੋਸ ਹੈ। ਸਥਾਨਕ ਨਾਗਰਿਕਾਂ ਦਾ ਕਹਿਣਾ ਹੈ ਕਿ ਇਹ ਖ਼ੁਰਾਕ ਸੁਰੱਖਿਆ ਦੇ ਨਾਲ-ਨਾਲ ਆਮ ਲੋਕਾਂ ਦੀ ਜ਼ਿੰਦਗੀ ਨਾਲ ਖਿਲਵਾੜ ਦਾ ਬੇਹੱਦ ਗੰਭੀਰ ਮਾਮਲਾ ਹੈ। ਇਸ ਪੂਰੇ ਕਥਿਤ ਸਿੰਡੀਕੇਟ ਨੇ ਜ਼ਿਲ੍ਹਾ ਖ਼ੁਰਾਕ ਸੁਰੱਖਿਆ ਵਿਭਾਗ ਦੀ ਸੁਸਤ ਕਾਰਜਪ੍ਰਣਾਲੀ ਅਤੇ ਨਿਗਰਾਨੀ ਵਿਵਸਥਾ ਦੀ ਪੋਲ ਖੋਲ੍ਹ ਕੇ ਰੱਖ ਦਿੱਤੀ ਹੈ। ਸਵਾਲ ਉੱਠ ਰਹੇ ਹਨ ਕਿ ਆਖ਼ਰ ਸ਼ਹਿਰ ਦੇ ਮੁੱਖ ਬਾਜ਼ਾਰਾਂ 'ਚ ਸ਼ਰੇਆਮ ਖਪਤਕਾਰਾਂ ਦੀ ਸਿਹਤ ਨਾਲ ਇੰਨਾ ਵੱਡਾ ਧੋਖਾ ਕਿਵੇਂ ਹੋ ਰਿਹਾ ਹੈ ਅਤੇ ਵਿਭਾਗ ਦੀ ਟੀਮ ਹੁਣ ਤੱਕ ਮੂਕਦਰਸ਼ਕ ਕਿਉਂ ਬਣੀ ਹੋਈ ਹੈ? ਇਸ ਸੰਵੇਦਨਸ਼ੀਲ ਮਾਮਲੇ ਦੇ ਸਾਹਮਣੇ ਆਉਣ ਤੋਂ ਬਾਅਦ ਸਮਾਜ ਸੇਵੀਆਂ ਅਤੇ ਨਾਗਰਿਕਾਂ ਨੇ ਜ਼ਿਲ੍ਹਾ ਪ੍ਰਸ਼ਾਸਨ ਅਤੇ ਸਬੰਧਤ ਵਿਭਾਗ ਤੋਂ ਬਾਜ਼ਾਰਾਂ ਵਿੱਚ ਤੁਰੰਤ ਅਚਾਨਕ ਛਾਪੇਮਾਰੀ ਕਰਨ ਦੀ ਮੰਗ ਕੀਤੀ ਹੈ। ਲੋਕਾਂ ਦਾ ਕਹਿਣਾ ਹੈ ਕਿ ਸ਼ੱਕੀ ਸਬਜ਼ੀਆਂ ਦੇ ਸੈਂਪਲ ਇਕੱਠੇ ਕਰਕੇ ਉਨ੍ਹਾਂ ਨੂੰ ਤੁਰੰਤ ਪ੍ਰਯੋਗਸ਼ਾਲਾ ਭੇਜਿਆ ਜਾਵੇ ਅਤੇ ਇਸ ਗੋਰਖਧੰਦੇ ਵਿੱਚ ਸ਼ਾਮਲ ਦੋਸ਼ੀਆਂ ਖ਼?ਲਾਫ਼ ਸਖ਼ਤ ਤੋਂ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ, ਤਾਂ ਜੋ ਖ਼ੁਰਾਕ ਸੁਰੱਖਿਆ ਨਿਯਮਾਂ ਦਾ ਮਜ਼ਾਕ ਉਡਾਉਣ ਵਾਲਿਆਂ ਨੂੰ ਕਰੜਾ ਸਬਕ ਮਿਲ ਸਕੇ। ਅਸਾਧਾਰਨ ਚਮਕ: ਜੇਕਰ ਕੋਈ ਸਬਜ਼ੀ ਜ਼ਰੂਰਤ ਤੋਂ ਜ਼ਿਆਦਾ ਚਮਕਦਾਰ ਜਾਂ ਗੂੜ੍ਹੀ ਹਰੀ ਦਿਸ ਰਹੀ ਹੈ, ਤਾਂ ਉਸ 'ਤੇ ਸ਼ੱਕ ਕਰੋ। ਕੁਦਰਤੀ ਸਬਜ਼ੀਆਂ ਹਮੇਸ਼ਾ ਬਿਲਕੁਲ ਪਰਫੈਕਟ ਨਹੀਂ ਦਿਸਦੀਆਂ। ਰੂੰ (ਕਾਟਨ) ਟੈਸਟ: ਹਰੀ ਮਿਰਚ, ਪਰਵਲ ਜਾਂ ਭਿੰਡੀ ਵਰਗੀਆਂ ਸਬਜ਼ੀਆਂ ਨੂੰ ਘਰ ਲਿਆ ਕੇ ਥੋੜ੍ਹੇ ਜਿਹੇ ਗਿੱਲੇ ਰੂੰ ਨਾਲ ਰਗੜੋ। ਜੇਕਰ ਰੂੰ 'ਤੇ ਹਰਾ ਰੰਗ ਉੱਤਰ ਆਉਂਦਾ ਹੈ ਤਾਂ ਸਮਝੋ ਕਿ ਉਸ 'ਤੇ ਪਾਬੰਦੀਸ਼ੁਦਾ ਕੈਮੀਕਲ ਦਾ ਲੇਪ ਲਗਾਇਆ ਗਿਆ ਹੈ। ਪਾਣੀ ਦਾ ਰੰਗ ਬਦਲਣਾ: ਸਬਜ਼ੀਆਂ ਨੂੰ ਪਕਾਉਣ ਤੋਂ ਪਹਿਲਾਂ ਘੱਟੋ-ਘੱਟ 15 ਤੋਂ 20 ਮਿੰਟ ਲਈ ਕੋਸੇ ਲੂਣ ਵਾਲੇ ਪਾਣੀ ਜਾਂ ਸਿਰਕੇ (ਵਿਨੇਗਰ) ਵਾਲੇ ਪਾਣੀ ਵਿੱਚ ਭਿਓਂ ਕੇ ਰੱਖੋ। ਜੇਕਰ ਪਾਣੀ ਦਾ ਰੰਗ ਬਦਲਣ ਲੱਗੇ, ਤਾਂ ਉਸ ਦੀ ਵਰਤੋਂ ਕਰਨ ਤੋਂ ਬਚੋ।